ਸ਼ੁੱਕਰਵਾਰ, 22 ਅਗਸਤ, 2025
7 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 81

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 22 AUGUST, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪਾਰਟੀ ਕਾਂਗਰਸ ਦੇ ਪ੍ਰਚਾਰ ਲਈ ਭਕਨਾ, ਹੁਸੈਨੀਵਾਲਾ ਤੇ ਸੁਨਾਮ ਤੋਂ ਜਥੇ ਰਵਾਨਾ

## ਪਾਰਟੀ ਕਾਂਗਰਸ ਫਾਸ਼ੀਵਾਦ ਦੇ ਵਿਰੁੱਧ ਤੇ ਰੁਜ਼ਗਾਰ ਲਈ ਸੰਘਰਸ਼ ਦੀ ਰੂਪ-ਰੇਖਾ ਉਲੀਕੇਗੀ : ਬਰਾੜ, ਮਾੜੀਮੇਘਾ



**ਭਕਨਾ/ਖਾਸਾ** : ਸੀ ਪੀ ਆਈ ਦੀ ਕੌਮੀ ਕਾਂਗਰਸ, ਜਿਹੜੀ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਹੀ ਹੈ, ਦੇ ਪ੍ਰਚਾਰ ਲਈ ਗਦਰ ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ, ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਸਥਾਨ ਹੁਸੈਨੀਵਾਲਾ ਅਤੇ ਸ਼ਹੀਦ ਊਧਮ ਸਿੰਘ ਦੇ ਜਨਮ ਸਥਾਨ ਸੁਨਾਮ ਤੋਂ ਜਥੇ ਚੱਲ ਰਹੇ ਹਨ। ਭਕਨਾ ਸਮਾਗਮ ਦੀ ਪ੍ਰਧਾਨਗੀ ਲਖਬੀਰ ਸਿੰਘ ਨਿਜ਼ਾਮਪੁਰਾ ਤੇ ਦਵਿੰਦਰ ਸੋਹਲ ਨੇ ਕੀਤੀ।ਭਕਨੇ ਵਾਲੇ ਜਥੇ ਨੂੰ ਰਵਾਨਾ ਕਰਨ ਵਾਸਤੇ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਪਹੁੰਚੇ। ਉਨ੍ਹਾ ਸੰਬੋਧਨ ਦੌਰਾਨ ਕਿਹਾ ਕਿ ਇਹ ਕੌਮੀ ਕਾਂਗਰਸ ਕਮਿਊਨਿਸਟਾਂ ਲਈ ਰਾਹ-ਦਸੇਰਾ ਹੋਵੇਗੀ।ਕਾਂਗਰਸ ਉਸ ਸਮੇਂ ਹੋ ਰਹੀ ਹੈ, ਜਦੋਂ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਕਦਮ-ਦਰ-ਕਦਮ ਫਾਸ਼ੀਵਾਦੀ ਨੀਤੀ ਵੱਲ ਵਧਦੀ ਜਾ ਰਹੀ ਹੈ।ਕੇਂਦਰ ਸਰਕਾਰ ਦੀ ਆਲੋਚਨਾ ਕਰਨ ਵਾਲੇ ਬੁੱਧੀਜੀਵੀਆਂ, ਕਾਲਮ ਨਵੀਸਾਂ ਅਤੇ ਚੈਨਲ ਅਪਰੇਟ ਕਰਨ ਵਾਲਿਆਂ ਨੂੰ ਬਿਨਾਂ ਕਿਸੇ ਕੇਸਾਂ ਤੋਂ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ ਅਤੇ ਇਹ ਵਰਤਾਰਾ ਅੱਗੇ ਵੀ ਜਾਰੀ ਹੈ।ਹਿੰਦੁਸਤਾਨ ਦੇ ਜਲ, ਜੰਗਲ, ਜ਼ਮੀਨ ਅਤੇ ਕੁਦਰਤੀ ਖਣਿਜ ਪਦਾਰਥ ਧੜਾਧੜ ਕਾਰਪੋਰੇਟ ਘਰਾਣਿਆਂ ਨੂੰ ਵੇਚੇ ਜਾ ਰਹੇ ਹਨ।ਟਰੰਪ ਨੇ ਟਰੇਡ ਵਾਰ ਰਾਹੀਂ ਭਾਰਤ ਨਾਲ ਵਪਾਰ 'ਤੇ ਟੈਰਿਫ (ਟੈਕਸ) 'ਚ ਅੰਤਾਂ ਦਾ ਵਧਾ ਦਿੱਤਾ ਹੈ, ਜਿਸ ਨਾਲ ਵਪਾਰ ਔਖਾ ਹੋ ਜਾਵੇਗਾ।ਕੌਮੀ ਕਾਂਗਰਸ ਉਕਤ ਮਸਲਿਆਂ ਦੇ ਹੱਲ ਅਤੇ ਸਰਮਾਏਦਾਰੀ ਵੱਲੋਂ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪੈਦਾ ਕੀਤੇ ਹਾਲਾਤ ਦੇ ਵਿਰੋਧ ਲਈ ਸੰਘਰਸ਼ ਦੀ ਰੂਪ-ਰੇਖਾ ਉਲੀਕੇਗੀ। ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਲਿਫਾਫੇਬਾਜ਼ ਹੈ ਅਤੇ ਆਨੇ-ਬਹਾਨੇ ਪੰਜਾਬ ਦੀ ਕਿਸਾਨੀ ਨੂੰ ਤਬਾਹ ਕਰਨਾ ਚਾਹੁੰਦੀ ਹੈ।ਲੈਂਡ ਪੂਲਿੰਗ ਦਾ ਫੈਸਲਾ ਭਾਵੇਂ ਵਾਪਸ ਲੈ ਲਿਆ ਹੈ, ਪਰ ਸਰਕਾਰ ਦੀ ਨੀਯਤ ਕਿਸਾਨਾਂ ਦੀ ਜ਼ਮੀਨ ਅਕਵਾਇਰ ਕਰਕੇ ਕਾਰਪੋਰੇਟਾਂ ਰਾਹੀਂ ਕਾਲੋਨੀਆਂ ਉਸਾਰਨ ਵਾਲੀ ਹੀ ਹੈ।ਆਮ ਆਦਮੀ ਪਾਰਟੀ ਨੇ ਔਰਤਾਂ ਨੂੰ ਗੁੰਮਰਾਹ ਕਰਕੇ ਵੋਟਾਂ ਲੈ ਲਈਆਂ, ਪਰ ਹੁਣ ਤੱਕ ਉਨ੍ਹਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਨਹੀਂ ਦਿੱਤਾ ਗਿਆ। ਮਜ਼ਦੂਰਾਂ ਦੀ ਹਾਲਤ ਵੀ ਬਦ ਤੋਂ ਬਦਤਰ ਹੈ, ਉਨ੍ਹਾਂ ਨੂੰ ਦੋ ਟਾਈਮ ਰੋਟੀ ਖਾਣੀ ਮੁਸ਼ਕਲ ਹੋਈ ਪਈ ਹੈ।

ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਹਿੰਦੁਸਤਾਨ ਵਿੱਚ ਬੇਰੁਜ਼ਗਾਰੀ ਦੇ ਕਾਰਨ ਸਾਡੀ ਜਵਾਨੀ ਨਾਲ ਜੋ ਵਿਦੇਸ਼ਾਂ ਵਿੱਚ ਵਾਪਰ ਰਿਹਾ ਹੈ, ਉਹ ਦੇਸ਼ ਦਾ ਸਾਰਾ ਆਵਾਮ ਜਾਣਦਾ ਹੈ।ਸਾਡੇ ਕੁੜੀਆਂ, ਮੁੰਡੇ ਵਿਦੇਸ਼ਾਂ ਵਿੱਚ ਉਥੋਂ ਦੇ ਮੂਲ ਨਿਵਾਸੀਆਂ ਦੇ ਭਾਂਡੇ ਮਾਂਜ ਕੇ ਜ਼ਿੰਦਗੀ ਬਤੀਤ ਕਰ ਰਹੇ ਹਨ। ਟਰੰਪ ਨੇ ਤਾਂ ਹਿੰਦ ਦੇ ਮੁੰਡਿਆਂ ਨਾਲ ਜੱਗੋਂ ਵੱਖਰਾ ਹੀ ਕਰ ਦਿੱਤਾ ਹੈ।ਮੁੰਡਿਆਂ ਨੂੰ ਬੇੜੀਆਂ ਵਿੱਚ ਨੂੜ ਕੇ ਜਹਾਜ਼ ਵਿੱਚ ਏਧਰ ਛੱਡਿਆ ਗਿਆ, ਪਰ ਭਾਜਪਾ ਸਰਕਾਰ ਨੇ ਇਹ ਵਰਤਾਰਾ ਅਣਦੇਖਿਆ ਹੀ ਕਰ ਛੱਡਿਆ ਹੈ। ਕੌਮੀ ਕਾਂਗਰਸ ਵਿੱਚ ਰੁਜ਼ਗਾਰ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਤੇਜ਼ ਕਰਨ ਦੀ ਰੂਪ-ਰੇਖਾ ਉਲੀਕੀ ਜਾਵੇਗੀ।ਮਾੜੀਮੇਘਾ ਨੇ ਕਿਹਾ ਕਿ ਇਹ ਜਥਾ ਅੱਗੇ ਝਬਾਲ, ਤਰਨ ਤਾਰਨ ਅਤੇ ਖਡੂਰ ਸਾਹਿਬ ਇਲਾਕਿਆਂ ਵਿੱਚ ਪ੍ਰੋਗਰਾਮ ਕਰੇਗਾ।

ਸੀ ਪੀ ਆਈ ਦੇ ਸੀਨੀਅਰ ਆਗੂ ਹਰਭਜਨ ਸਿੰਘ ਨੇ ਇਨਕਲਾਬੀ ਅਸ਼ੀਰਵਾਦ ਦੇ ਕੇ ਜਥਾ ਤੋਰਿਆ।ਇਸ ਮੌਕੇ • ਬਾਕੀ ਸਫਾ 2 'ਤੇ

## ਸੀ ਪੀ ਆਈ ਦਾ ਇਤਿਹਾਸ ਸ਼ਾਨਾਮੱਤਾ ਤੇ ਪ੍ਰਾਪਤੀਆਂ ਭਰਿਆ : ਜਗਰੂਪ, ਸੋਹਲ



**ਹੁਸੈਨੀਵਾਲਾ (ਪਰਮਜੀਤ ਢਾਬਾਂ)**

21 ਸਤੰਬਰ ਤੋਂ 25 ਸਤੰਬਰ 2025 ਵਿੱਚ ਚੰਡੀਗੜ੍ਹ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੇ ਹੋ ਰਹੇ 25ਵੇਂ ਮਹਾਂ ਸੰਮੇਲਨ ਦੀਆਂ ਤਿਆਰੀਆਂ ਵਜੋਂ ਵੀਰਵਾਰ ਇੱਥੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਸਮਾਰਕ ਹੁਸੈਨੀਵਾਲਾ ਤੋਂ ਸੈਂਕੜੇ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਦਾ ਸ਼ਹੀਦਾਂ ਨੂੰ ਨਤਮਸਤਕ ਹੋ ਕੇ ਇਕ ਵਿਸ਼ੇਸ਼ ਜਥਾ ਮਾਰਚ ਰਵਾਨਾ ਕੀਤਾ ਗਿਆ, ਜੋ 7 ਦਿਨ 6 ਜ਼ਿਲ੍ਹਿਆਂ ਫਿਰੋਜ਼ਪੁਰ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਮੋਗਾ ਅਤੇ ਲੁਧਿਆਣਾ ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ, ਕਸਬਿਆਂ ਅਤੇ ਗਲੀ-ਮੁਹੱਲਿਆਂ ਵਿੱਚ ਮਹਾਂ ਸੰਮੇਲਨ ਦਾ ਸੁਨੇਹਾ ਲੈ ਕੇ, ਆਮ ਲੋਕਾਂ ਅਤੇ ਪਾਰਟੀ ਵਰਕਰਾਂ ਨੂੰ ਜਾਗਰੂਕ ਕਰੇਗਾ। ਇਸ ਜਥੇ ਮਾਰਚ ਦੀ ਅਗਵਾਈ ਸੀ ਪੀ ਆਈ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੱਤਰ ਕਾਮਰੇਡ ਕਸ਼ਮੀਰ ਸਿੰਘ, ਫਾਜ਼ਿਲਕਾ ਦੇ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਮੁਕਤਸਰ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹਰਲਾਭ ਦੁਹੇਵਾਲ ਅਤੇ ਮੋਗਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਭੋਲਾ ਨੇ ਕੀਤੀ। ਇਸ ਜਥਾ ਮਾਰਚ ਵਿੱਚ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਜਗਰੂਪ ਸਿੰਘ, ਕਾਮਰੇਡ ਨਰਿੰਦਰ ਕੌਰ ਸੋਹਲ ਅਤੇ ਕਾਮਰੇਡ ਸੁਖਜਿੰਦਰ ਮਹੇਸਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਜਥੇ ਮਾਰਚ ਨੂੰ ਰਵਾਨਾ ਕਰਨ ਸਮੇਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕੌਮੀ ਆਗੂਆਂ ਕਾਮਰੇਡ ਜਗਰੂਪ ਅਤੇ ਨਰਿੰਦਰ ਕੌਰ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ 100 ਸਾਲਾਂ ਦਾ ਇਤਿਹਾਸ ਬਹੁਤ ਹੀ ਸ਼ਾਨਾਮੱਤਾ ਅਤੇ ਪ੍ਰਾਪਤੀਆਂ ਭਰਿਆ ਹੈ। ਉਹਨਾਂ ਜ਼ਿਕਰ ਕਰਦਿਆਂ ਕਿਹਾ ਕਿ ਦੇਸ਼ ਵਿੱਚ ਗਰੀਬਾਂ ਅਤੇ ਆਮ ਲੋਕਾਂ ਨੂੰ ਮਿਲੀਆਂ ਸਹੂਲਤਾਂ ਅਤੇ ਲੋਕ ਪੱਖੀ ਕਾਨੂੰਨ ਭਾਰਤੀ ਕਮਿਊਨਿਸਟ ਪਾਰਟੀ ਦੀ ਹੀ ਦੇਣ ਹੈ। ਸੀ ਪੀ ਆਈ ਦੀ ਅਗਵਾਈ ਵਿਚ ਹੁਣ ਤੱਕ ਸੈਂਕੜੇ ਸੰਘਰਸ਼ ਲੜੇ ਗਏ ਹਨ ਅਤੇ ਸ਼ਾਨਦਾਰ ਜਿੱਤਾਂ ਪ੍ਰਾਪਤ ਕੀਤੀਆਂ ਗਈਆਂ ਹਨ, ਜਿਸ ਵਿਚ ਤੇਲੰਗਾਨਾ ਕਿਸਾਨ ਸੰਘਰਸ਼, ਨੇਵੀ ਦੀ ਬਗਾਵਤ, ਵਿਦਿਆਰਥੀਆਂ ਦਾ ਸੰਘਰਸ਼ ਆਦਿ ਗਿਣਨਯੋਗ ਹਨ। ਕਾਮਰੇਡ ਆਗੂਆਂ ਨੇ ਅੱਗੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ ਚੰਡੀਗੜ੍ਹ ਵਿੱਚ ਹੋ ਰਿਹਾ 25ਵਾਂ ਮਹਾਂ ਸੰਮੇਲਨ ਦੇਸ਼ • ਬਾਕੀ ਸਫਾ 2 'ਤੇ




## ਅਰਸ਼ੀ ਵੱਲੋਂ ਮੁਹਾਲੀ ਰੈਲੀ 'ਚ ਵੱਡੀ ਗਿਣਤੀ 'ਚ ਪੁੱਜਣ ਦਾ ਸੱਦਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਵੀਰਵਾਰ ਸਵੇਰੇ 9 ਵਜੇ ਸ਼ਹੀਦ ਊਧਮ ਸਿੰਘ ਦੇ ਜੱਦੀ ਘਰ ਵਿਖੇ ਸੀ ਪੀ ਆਈ ਦੇ ਪ੍ਰਮੁੱਖ ਆਗੂਆਂ ਨੇ ਵਿਜ਼ਟਰ ਬੁੱਕ ਵਿੱਚ ਦਸਤਖਤ ਉਪਰੰਤ ਸ਼ਹੀਦ ਊਧਮ ਸਿੰਘ ਦੀ ਲਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਮੁੱਖ ਤੌਰ 'ਤੇ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ, ਸੁਖਦੇਵ ਸ਼ਰਮਾ, ਸੰਪੂਰਨ ਸਿੰਘ ਛਾਜਲੀ, ਨਿਰਮਲ ਸਿੰਘ ਬਟੜਿਆਣਾ ਅਤੇ ਜੀਤ ਸਿੰਘ ਬੰਗਾ ਹਾਜ਼ਰ ਸਨ। ਇਸ ਤੋਂ ਬਾਅਦ ਸਾਥੀ ਸੁਨਾਮ-ਚੀਮਾ ਰੋਡ 'ਤੇ ਬਣੇ ਸ਼ਹੀਦ ਦੀ ਸਮਾਰਕ ਤੋਂ ਤੁਰੇ ਜਾਣ ਵਾਲੇ ਜਥੇ ਵਿੱਚ ਸ਼ਾਮਲ ਹੋ ਗਏ।ਉੱਥੇ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਦੇਵ ਅਰਸ਼ੀ ਨੇ ਦੱਸਿਆ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ 25ਵਾਂ ਮਹਾਂ-ਸੰਮੇਲਨ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਿਹਾ ਹੈ, ਜਿਸ ਸੰਬੰਧੀ 21 ਸਤੰਬਰ ਨੂੰ ਮੁਹਾਲੀ ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਵੱਡੀ ਸ਼ਮੂਲੀਅਤ ਦੀ ਜ਼ਰੂਰਤ ਹੈ। ਉਹਨਾ ਦੱਸਿਆ ਕਿ ਇਹ ਜਥਾ ਸੁਨਾਮ ਤੋਂ ਚੱਲ ਕੇ ਛਾਜਲੀ, ਉਗਰਾਹਾਂ ਤੇ ਜਖੇਪਲ ਰੈਲੀਆਂ ਕਰੇਗਾ। ਇਸ ਤੋਂ ਬਾਅਦ ਇਹ ਜਥਾ ਮਾਨਸਾ ਜ਼ਿਲ੍ਹੇ ਨੂੰ ਸੰਭਾਲ ਦਿੱਤਾ ਜਾਏਗਾ। ਸੁਖਦੇਵ ਸ਼ਰਮਾ ਤੇ ਬਲਦੀਪ ਸਿੰਘ ਨਿਹਾਲਗੜ੍ਹ ਨੇ ਕਿਹਾ ਕਿ ਪਾਰਟੀ ਨੇ 100 ਸਾਲ ਪੂਰੇ ਕਰ ਲਏ ਹਨ। 100 ਸਾਲਾਂ ਵਿੱਚ ਸੀ ਪੀ ਆਈ ਨੇ ਅਨੇਕਾਂ ਘੋਲ ਲੜੇ ਹਨ ਅਤੇ ਸਫਲਤਾ ਹਾਸਲ ਕੀਤੀ ਹੈ। ਉਹਨਾਂ ਜ਼ੋਰ ਦਿੱਤਾ ਕਿ ਪਾਰਟੀ ਸਾਥੀਆਂ ਨੂੰ ਮਾਰਕਸਵਾਦ ਦੀ ਸਿੱਖਿਆ ਹਾਸਲ ਕਰਨ 'ਤੇ ਜ਼ੋਰ ਦੇਣਾ ਚਾਹੀਦਾ ਹੈ। ਹਰਦੇਵ ਸਿੰਘ ਬਖਸ਼ੀਵਾਲਾ, ਸਤਵੰਤ ਸਿੰਘ ਖੰਡੇਬਾਦ ਅਤੇ ਨਿਰਮਲ ਸਿੰਘ ਬਟੜਿਆਣਾ ਨੇ ਕਿਸਾਨੀ ਮਸਲਿਆਂ ਦੀ ਗੱਲ ਕਰਦਿਆਂ ਕਿਹਾ ਕਿ ਕਾਰਪੋਰੇਟ ਕਿਸਾਨੀ ਤੇ ਹੋਰ ਕਿਰਤੀ ਲੋਕਾਂ ਦੀ ਜ਼ਿੰਦਗੀ ਨੂੰ ਤਬਾਹ ਕਰ ਰਿਹਾ ਹੈ।ਕਿਰਤੀਆਂ ਤੋਂ ਉਹਨਾਂ ਦੇ ਕਾਰੋਬਾਰ ਅਤੇ ਕਿਸਾਨਾਂ ਤੋਂ ਜ਼ਮੀਨ ਖੋਹਣ ਲਈ ਪੱਬਾਂ-ਭਾਰ ਹੈ।

ਇਸ ਮੌਕੇ ਡਾਕਟਰ ਮਨਿੰਦਰ ਧਾਲੀਵਾਲ, ਲੀਲੇ ਖਾਨ ਧੂਰੀ, ਨਵਜੀਤ ਸਿੰਘ, ਨੌਜਵਾਨ ਆਗੂ ਗੁਰਮੀਤ ਸਿੰਘ ਘੋੜੇਨਬ, ਬਲਵਿੰਦਰ ਸਿੰਘ ਖੰਡੇਬਾਦ, ਲਵਪ੍ਰੀਤ ਸਿੰਘ ਭੂਟਾਲ, ਸੰਪੂਰਨ ਸਿੰਘ ਛਾਜਲੀ, ਦਰਸ਼ਨ ਸਿੰਘ ਸੰਜੂਮਾ, ਧਰਮ ਸਿੰਘ ਬਾਦਸ਼ਾਹੀ ਆਦਿ ਵੀ ਮੌਜੂਦ ਸਨ। ਇਸ ਜਥੇ ਵਿੱਚ 40 ਦੇ ਕਰੀਬ ਲਾਲ ਝੰਡਿਆਂ ਨਾਲ ਸ਼ਿੰਗਾਰੇ ਮੋਟਰਸਾਈਕਲ ਅਤੇ ਸੱਤ ਗੱਡੀਆਂ ਸ਼ਾਮਿਲ ਸਨ।ਜਥੇ ਵਿੱਚ ਸ਼ਾਮਲ ਸਾਥੀਆਂ ਨੂੰ ਚਾਹ-ਪਾਣੀ ਦਾ ਨਾਸ਼ਤਾ ਦਿੱਤਾ ਗਿਆ। ਇਸ ਉਪਰੰਤ ਜਥਾ ਸੁਨਾਮ ਦੇ ਬਾਜ਼ਾਰਾਂ ਵਿੱਚ ਦੀ ਮਾਰਚ ਕਰਦਾ ਹੋਇਆ ਛਾਜਲੀ ਪਹੁੰਚਿਆ, ਜਿੱਥੇ ਰੋਕ ਐਂਡ ਸਟਾਰਮ ਡਿਸਟਿਲਰੀ ਵਰਕਰ ਯੂਨੀਅਨ ਵੱਲੋਂ ਵਰਕਰਾਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਾਇਆ ਗਿਆ। ਜਗਰੂਪ ਸਿੰਘ, ਕਰਮਜੀਤ ਸਿੰਘ ਅਤੇ ਮਨਦੀਪ ਸਿੰਘ ਦੇ ਨਾਲ ਪਿੰਡ ਦੇ ਅਨੇਕਾਂ ਲੋਕ ਸਨ। ਸਾਥੀ ਅਰਸ਼ੀ ਨੇ ਇਸ ਪਿੰਡ ਦੇ ਇਨਕਲਾਬੀਆਂ ਦਾ ਜ਼ਿਕਰ ਕਰਦੇ ਹੋਏ ਆਪਣੀ ਗੱਲ ਕਹੀ। ਇਸ ਉਪਰੰਤ ਜਥਾ ਚੀਮਾ ਮੰਡੀ ਪਹੁੰਚਿਆ, ਜਿੱਥੇ ਵਿਸ਼ਾਲ ਰੈਲੀ ਕਰਨ ਉਪਰੰਤ ਜਥਾ ਮਾਨਸਾ ਦੇ ਸਾਥੀਆਂ ਨੂੰ ਸੰਭਾਲ ਦਿੱਤਾ ਗਿਆ। ਜਥੇ ਵਿੱਚ ਹੋਰਨਾਂ ਤੋਂ ਇਲਾਵਾ ਹਰਿੰਦਰ ਸਿੰਘ ਪੈਪਸੀ, ਬਿਕਰ ਸਿੰਘ ਪੈਪਸੀ, ਜਗਰੂਪ ਸਿੰਘ ਨੀਲੋਵਾਲ ਤੇ ਹੋਰ ਸਾਥੀ ਸਨ।ਇਹ ਜਥਾ ਮਾਨਸਾ ਜ਼ਿਲ੍ਹੇ ਤੋਂ ਬਠਿੰਡਾ, ਬਰਨਾਲਾ, ਸੰਗਰੂਰ, ਮਾਲੇਰਕੋਟਲਾ, ਪਟਿਆਲਾ ਅਤੇ ਮੁਹਾਲੀ ਦੇ ਇਲਾਕੇ ਵਿੱਚ ਲੋਕਾਂ ਨੂੰ ਚੇਤਨ ਕਰਦਾ ਹੋਇਆ 26 ਅਗਸਤ ਸ਼ਾਮ ਨੂੰ ਮੁਹਾਲੀ ਵਿਖੇ ਰੈਲੀ ਵਾਲੀ ਥਾਂ ਸਬਜ਼ੀ ਮੰਡੀ ਪੁੱਜ ਕੇ ਸਮਾਪਤ ਹੋਵੇਗਾ। ਇਹ ਜਾਣਕਾਰੀ ਸੁਖਦੇਵ ਸ਼ਰਮਾ ਜ਼ਿਲ੍ਹਾ ਸਕੱਤਰ ਸੀ ਪੀ ਆਈ ਜ਼ਿਲ੍ਹਾ ਸੰਗਰੂਰ ਨੇ ਦਿੱਤੀ।

## ਮੁੱਖ ਮੰਤਰੀ 'ਤੇ ਹਮਲੇ ਤੋਂ ਬਾਅਦ ਪੁਲਸ ਕਮਿਸ਼ਨਰ ਬਦਲਿਆ

**ਨਵੀਂ ਦਿੱਲੀ** : ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ 'ਤੇ ਹਮਲੇ ਤੋਂ ਇੱਕ ਦਿਨ ਬਾਅਦ ਸੀਨੀਅਰ ਆਈ ਪੀ ਐੱਸ ਅਧਿਕਾਰੀ ਸਤੀਸ਼ ਗੋਲਚਾ ਨੂੰ ਦਿੱਲੀ ਪੁਲਸ ਦਾ 26ਵਾਂ ਕਮਿਸ਼ਨਰ ਨਿਯੁਕਤ ਕਰ ਦਿੱਤਾ ਗਿਆ ਹੈ। ਉਨ੍ਹਾ ਐੱਸ ਬੀ ਕੇ ਸਿੰਘ ਦੀ ਥਾਂ ਲਈ ਹੈ, ਜਿਨ੍ਹਾ ਸੰਜੇ ਅਰੋੜਾ ਦੀ ਸੇਵਾਮੁਕਤੀ ਤੋਂ ਬਾਅਦ 31 ਜੁਲਾਈ ਨੂੰ ਕਮਿਸ਼ਨਰ ਵਜੋਂ ਵਾਧੂ ਚਾਰਜ ਸੰਭਾਲਿਆ ਸੀ। ਗੋਲਚਾ ਤਿਹਾੜ ਜੇਲ੍ਹ ਦੇ ਡਾਇਰੈਕਟਰ ਜਨਰਲ ਸਨ। ਉਹ ਅਰੁਣਾਚਲ ਪ੍ਰਦੇਸ਼ ਦੇ ਡੀ ਜੀ ਪੀ ਵੀ ਰਹਿ ਚੁੱਕੇ ਹਨ।

## ਕੇਰਲਾ ਯੂਥ ਕਾਂਗਰਸ ਦੇ ਪ੍ਰਧਾਨ ਵੱਲੋਂ ਅਸਤੀਫਾ

**ਪਠਾਨਮਥਿੱਟਾ** : ਕੇਰਲਾ ਤੋਂ ਕਾਂਗਰਸ ਵਿਧਾਇਕ ਰਾਹੁਲ ਮਮਕੂਟਾਥਿਲ ਨੇ ਵੀਰਵਾਰ ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾ ਇੱਥੋਂ ਨੇੜੇ ਅਦੂਰ ਵਿੱਚ ਆਪਣੀ ਰਿਹਾਇਸ਼ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਐਲਾਨ ਕੀਤਾ। ਅਦਾਕਾਰਾ ਰਿਨੀ ਐਨ ਜਾਰਜ ਵੱਲੋਂ ਇੱਕ ਮਸ਼ਹੂਰ ਰਾਜਨੀਤਕ ਪਾਰਟੀ ਦੇ 'ਇੱਕ ਨੌਜਵਾਨ ਨੇਤਾ' ਖਿਲਾਫ ਦੁਰਵਿਹਾਰ ਦਾ ਦੋਸ਼ ਲਗਾਉਣ ਤੋਂ ਬਾਅਦ ਭਾਜਪਾ ਅਤੇ ਸੀ ਪੀ ਆਈ (ਐੱਮ) ਨਾਲ ਸੰਬੰਧਤ ਯੁਵਾ ਸੰਗਠਨ ਮਮਕੂਟਾਥਿਲ ਖਿਲਾਫ ਪ੍ਰਦਰਸ਼ਨ ਕਰ ਰਹੇ ਸਨ ਅਤੇ ਵਿਧਾਇਕ ਵਜੋਂ ਉਨ੍ਹਾ ਦੇ ਅਸਤੀਫੇ ਦੀ ਮੰਗ ਕਰ ਰਹੇ ਸਨ। ਮਮਕੂਟਾਥਿਲ ਨੇ ਕਿਹਾ, 'ਅਦਾਕਾਰਾ ਮੇਰੀ ਦੋਸਤ ਹੈ ਅਤੇ ਮੈਨੂੰ ਨਹੀਂ ਲੱਗਦਾ ਕਿ ਜਿਸ ਵਿਅਕਤੀ ਦਾ ਉਸ ਨੇ ਜ਼ਿਕਰ ਕੀਤਾ ਹੈ, ਉਹ ਮੈਂ ਸੀ। ਉਹ ਮੇਰੀ ਚੰਗੀ ਦੋਸਤ ਹੈ ਅਤੇ ਰਹੇਗੀ। ਮੇਰਾ ਮੰਨਣਾ ਹੈ ਕਿ ਮੈਂ ਹੁਣ ਤੱਕ ਦੇਸ਼ ਦੇ ਕਾਨੂੰਨ ਜਾਂ ਸੰਵਿਧਾਨ ਦੇ ਵਿਰੁੱਧ ਕੁਝ ਨਹੀਂ ਕੀਤਾ।'

## ਆਨਲਾਈਨ ਗੇਮਿੰਗ ਬਾਰੇ ਬਿੱਲ ਰਾਜ ਸਭਾ 'ਚ ਵੀ ਪਾਸ

**ਨਵੀਂ ਦਿੱਲੀ** : ਰਾਜ ਸਭਾ ਵੱਲੋਂ ਵੀਰਵਾਰ ਆਨਲਾਈਨ ਗੇਮਿੰਗ ਨੂੰ ਨਿਯਮਤ ਕਰਨ ਅਤੇ ਵਿੱਦਿਅਕ ਤੇ ਸਮਾਜਿਕ ਆਨਲਾਈਨ ਗੇਮਾਂ ਨੂੰ ਉਤਸ਼ਾਹਤ ਕਰਨ ਵਾਲੇ ਬਿੱਲ ਨੂੰ ਬਿਨਾਂ ਕਿਸੇ ਬਹਿਸ ਦੇ ਮਨਜ਼ੂਰੀ ਦੇਣ ਨਾਲ ਇਸ ਬਿੱਲ ਨੂੰ ਸੰਸਦ ਦੀ ਮਨਜ਼ੂਰੀ ਮਿਲ ਗਈ। ਰਾਜ ਸਭਾ ਵਿੱਚ 'ਆਨਲਾਈਨ ਸਪੋਰਟਸ ਪ੍ਰਮੋਸ਼ਨ ਐਂਡ ਰੈਗੂਲੇਸ਼ਨ ਬਿੱਲ, 2025' ਨੂੰ ਜ਼ੁਬਾਨੀ ਵੋਟ ਨਾਲ ਪਾਸ ਕਰ ਦਿੱਤਾ ਗਿਆ। ਲੋਕ ਸਭਾ ਨੇ ਇਸ ਬਿੱਲ ਨੂੰ ਬੁੱਧਵਾਰ ਹੀ ਪਾਸ ਕਰ ਦਿੱਤਾ ਸੀ।

## ਕ੍ਰਿਕਟ ਟੀਮ ਨੂੰ ਪਾਕਿ ਨਾਲ ਖੇਡਣ ਦੀ ਖੁੱਲ੍ਹ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਭਾਰਤ ਦੀ ਕ੍ਰਿਕਟ ਟੀਮ ਨੂੰ ਏਸ਼ੀਆ ਕੱਪ ਵਿਚ ਪਾਕਿਸਤਾਨ ਨਾਲ ਖੇਡਣ ਦੀ ਇਜਾਜ਼ਤ ਦੇ ਦਿੱਤੀ ਹੈ।

ਸਰਕਾਰ ਨੇ ਕਿਹਾ ਕਿ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਬਾਅਦ ਭਵਿੱਖ ਵਿੱਚ ਦੋਵਾਂ ਦੇਸ਼ਾਂ ਦਰਮਿਆਨ ਕੋਈ ਲੜੀ ਖੇਡੀ ਨਹੀਂ ਜਾਵੇਗੀ, ਪਰ ਉਹ ਏਸ਼ੀਆ ਕੱਪ ਵਿਚ ਪਾਕਿਸਤਾਨ ਨਾਲ ਮੈਚ ਖੇਡਣ ਤੋਂ ਨਹੀਂ ਰੋਕੇਗੀ, ਕਿਉਂਕਿ ਇਸ ਵਿੱਚ ਦੋਵਾਂ ਦੇਸ਼ਾਂ ਤੋਂ ਇਲਾਵਾ ਹੋਰ ਦੇਸ਼ ਵੀ ਮੈਚ ਖੇਡਣਗੇ।

ਜ਼ਿਕਰਯੋਗ ਹੈ ਕਿ ਏਸ਼ੀਆ ਕੱਪ 9 ਸਤੰਬਰ ਤੋਂ ਸ਼ੁਰੂ ਹੋ ਰਿਹਾ ਹੈ ਤੇ ਏਸ਼ੀਆ ਕੱਪ ਵਿੱਚ ਭਾਰਤ ਤੇ ਪਾਕਿਸਤਾਨ ਦਰਮਿਆਨ ਮੈਚ ਖੇਡਿਆ ਜਾਵੇਗਾ। ਸਰਕਾਰ ਨੇ ਸਪੱਸ਼ਟ ਕੀਤਾ ਕਿ ਇਸ ਸੰਬੰਧੀ ਖੇਡ ਨੀਤੀ ਬਣਾਈ ਗਈ ਹੈ, ਜਿਸ ਤਹਿਤ ਭਾਰਤ ਕੌਮਾਂਤਰੀ ਤੇ ਬਹੁਦੇਸ਼ੀ ਟੂਰਨਾਮੈਂਟ ਵਿੱਚ ਖੇਡਣ 'ਤੇ ਕੌਮਾਂਤਰੀ ਖੇਡ ਸੰਸਥਾਵਾਂ ਦੇ ਨਿਯਮਾਂ ਤੇ ਖਿਡਾਰੀਆਂ ਦੇ ਹਿੱਤਾਂ ਅਨੁਸਾਰ ਫੈਸਲਾ ਲੈ ਸਕਦਾ ਹੈ, ਭਾਵੇਂ ਇਹ ਟੂਰਨਾਮੈਂਟ ਦੇਸ਼ ਵਿੱਚ ਖੇਡੇ ਜਾਣ ਜਾਂ ਵਿਦੇਸ਼ ਵਿੱਚ। ਇਸ ਟੂਰਨਾਮੈਂਟ ਵਿੱਚ ਭਾਰਤ ਤੇ ਪਾਕਿਸਤਾਨ ਦਰਮਿਆਨ ਤਿੰਨ ਮੁਕਾਬਲੇ ਹੋ ਸਕਦੇ ਹਨ। ਦੋਵੇਂ ਦੇਸ਼ਾਂ ਦਰਮਿਆਨ ਪਹਿਲਾ ਮੁਕਾਬਲਾ 14 ਸਤੰਬਰ ਨੂੰ ਦੁਬਈ ਇੰਟਰਨੈਸ਼ਨਲ ਸਟੇਡੀਅਮ ਵਿੱਚ ਹੋਵੇਗਾ, ਜਦਕਿ ਦੋਵੇਂ ਟੀਮਾਂ ਵੱਲੋਂ ਬਿਹਤਰ ਪ੍ਰਦਰਸ਼ਨ ਕਰਨ ਤੋਂ ਬਾਅਦ ਅਗਲੇ ਗੇੜ ਦੇ ਮੁਕਾਬਲੇ ਵੀ ਹੋ ਸਕਦੇ ਹਨ।

## ਜਸਟਿਸ ਰੈਡੀ ਵੱਲੋਂ ਕਾਗਜ਼ ਦਾਖਲ

**ਨਵੀਂ ਦਿੱਲੀ** : ਉਪ-ਰਾਸ਼ਟਰਪਤੀ ਦੇ ਅਹੁਦੇ ਲਈ ਆਪੋਜ਼ੀਸ਼ਨ 'ਇੰਡੀਆ' ਗੱਠਜੋੜ ਦੇ ਉਮੀਦਵਾਰ ਬੀ ਸੁਦਰਸ਼ਨ ਰੈਡੀ ਨੇ ਵੀਰਵਾਰ ਨਾਮਜ਼ਦਗੀ ਪੱਤਰ ਦਾਖਲ ਕੀਤੇ। ਰੈਡੀ ਦੇ ਨਾਮਜ਼ਦਗੀ ਪੱਤਰਾਂ ਦੇ ਚਾਰ ਸੈੱਟ ਦਾਖਲ ਕੀਤੇ ਗਏ ਹਨ, ਜਿਨ੍ਹਾਂ 'ਤੇ ਤਜਵੀਜ਼ਕਾਰ ਅਤੇ ਤਾਈਦਕਾਰ ਵਜੋਂ ਕਰੀਬ 160 ਸੰਸਦ ਮੈਂਬਰਾਂ ਨੇ ਦਸਤਖਤ ਕੀਤੇ ਹਨ, ਜਿਨ੍ਹਾਂ ਵਿੱਚ ਕਾਂਗਰਸ ਸੰਸਦੀ ਪਾਰਟੀ ਦੀ ਮੁਖੀ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ, ਡੀ ਐੱਮ ਕੇ ਦੇ ਤਿਰੂਚੀ ਸ਼ਿਵਾ ਸ਼ਾਮਲ ਹਨ। ਨਾਮਜ਼ਦਗੀ ਦਾਖਲ ਕਰਨ ਮੌਕੇ ਸੋਨੀਆ, ਖੜਗੇ, ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ, ਤਿਰੂਚੀ ਸ਼ਿਵਾ ਅਤੇ ਕਈ ਹੋਰ ਵਿਰੋਧੀ ਆਗੂ ਮੌਜੂਦ ਸਨ। ਨਾਮਜ਼ਦਗੀ ਦਾਖਲ ਕਰਨ ਤੋਂ ਪਹਿਲਾਂ ਰੈਡੀ ਨੇ ਕਿਹਾ, "ਮੈਂ ਕੱਲ੍ਹ ਹੀ ਸਪੱਸ਼ਟ ਕਰ ਦਿੱਤਾ ਸੀ ਕਿ ਇਹ ਵਿਚਾਰਧਾਰਾ ਦੀ ਲੜਾਈ ਹੈ। ਮੈਂ ਕਿਸੇ ਸਿਆਸੀ ਪਾਰਟੀ ਨਾਲ ਜੁੜਿਆ ਨਹੀਂ ਹਾਂ, ਇਸ ਲਈ ਮੈਨੂੰ ਵਿਸ਼ਵਾਸ ਹੈ ਕਿ ਹਰ ਕੋਈ ਮੇਰਾ ਸਮਰਥਨ ਕਰੇਗਾ।" ਰੈਡੀ ਸੁਪਰੀਮ ਕੋਰਟ ਦੇ ਜੱਜ ਅਤੇ ਗੋਆ ਦੇ ਲੋਕਾਯੁਕਤ ਰਹੇ ਹਨ। ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੇ ਮਹਾਰਾਸ਼ਟਰ ਦੇ ਰਾਜਪਾਲ ਸੀ ਪੀ ਰਾਧਾਕ੍ਰਿਸ਼ਨਨ ਨੂੰ ਉਮੀਦਵਾਰ ਵਜੋਂ ਮੈਦਾਨ ਵਿੱਚ ਉਤਾਰਿਆ ਹੈ।

## ਇਮਰਾਨ ਦੀ ਅੱਠ ਕੇਸਾਂ 'ਚ ਜ਼ਮਾਨਤ



**ਇਸਲਾਮਾਬਾਦ** : ਪਾਕਿਸਤਾਨ ਦੀ ਸੁਪਰੀਮ ਕੋਰਟ ਨੇ ਹਿੰਸਾ ਨਾਲ ਸੰਬੰਧਤ ਅੱਠ ਮਾਮਲਿਆਂ ਵਿੱਚ ਵੀਰਵਾਰ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ ਟੀ ਆਈ) ਦੇ ਬਾਨੀ ਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀਆਂ ਜ਼ਮਾਨਤ ਪਟੀਸ਼ਨਾਂ ਮਨਜ਼ੂਰ ਕਰ ਲਈਆਂ।

ਚੀਫ ਜਸਟਿਸ ਯਾਹੀਆ ਅਫਰੀਦੀ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਬੈਂਚ ਨੇ ਸੁਣਵਾਈ ਕੀਤੀ। ਬੈਂਚ 'ਚ ਜਸਟਿਸ ਮੁਹੰਮਦ ਸ਼ਫੀ ਸਿੱਦੀਕੀ ਅਤੇ ਜਸਟਿਸ ਮੀਆਂਗੁਲ ਹਸਨ ਔਰੰਗਜ਼ੇਬ ਵੀ ਸ਼ਾਮਲ ਸਨ। ਇਸ ਰਾਹਤ ਦੇ ਬਾਵਜੂਦ ਇਮਰਾਨ ਦੀ ਜਲਦੀ ਰਿਹਾਈ ਦੀ ਸੰਭਾਵਨਾ ਨਹੀਂ ਹੈ। ਇਮਰਾਨ 2023 ਤੋਂ ਜੇਲ੍ਹ ਵਿੱਚ ਹਨ ਅਤੇ ਸਰਕਾਰੀ ਤੋਹਫਿਆਂ ਨਾਲ ਸੰਬੰਧਤ ਇੱਕ ਮਾਮਲੇ ਵਿੱਚ ਸਜ਼ਾ ਕੱਟ ਰਹੇ ਹਨ। ਇਸ ਤੋਂ ਇਲਾਵਾ ਉਹ 190 ਮਿਲੀਅਨ ਪੌਂਡ ਦੇ ਮਾਮਲੇ ਵਿੱਚ ਵੀ ਸਜ਼ਾ ਕੱਟ ਰਹੇ ਹਨ। ਦੰਗਿਆਂ ਨਾਲ ਸੰਬੰਧਤ ਕਈ ਹੋਰ ਮਾਮਲੇ ਅਜੇ ਵੀ ਉਨ੍ਹਾਂ ਦੇ ਵਿਰੁੱਧ ਵਿਚਾਰ ਅਧੀਨ ਹਨ। ਪੀ ਟੀ ਆਈ ਨੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਇਮਰਾਨ ਖਾਨ ਦੀ ਜਿੱਤ ਕਿਹਾ ਹੈ। ਇਮਰਾਨ ਖਾਨ ਨੂੰ ਹਿਰਾਸਤ ਵਿਚ ਲੈਣ ਤੋਂ ਬਾਅਦ ਉਨ੍ਹਾ ਦੇ ਸਮਰਥਕਾਂ ਨੇ 9 ਮਈ, 2023 ਨੂੰ ਭੰਨਤੋੜ ਕੀਤੀ ਸੀ।

ਪੀ ਟੀ ਆਈ ਨੇ ਕਿਹਾ ਹੈ ਕਿ ਹੁਣ ਖਾਨ ਦੇ ਜੇਲ੍ਹ ਤੋਂ ਬਾਹਰ ਆਉਣ ਲਈ ਸਿਰਫ ਇੱਕ ਹੋਰ ਕੇਸ (ਅਲ ਕਾਦਿਰ ਕੇਸ) ਲਈ ਜ਼ਮਾਨਤ ਦੀ ਲੋੜ ਹੈ। ਜ਼ਿਕਰਯੋਗ ਹੈ ਕਿ ਇਮਰਾਨ ਖਾਨ 2023 ਤੋਂ ਜੇਲ੍ਹਬੰਦ ਹਨ।

## ਪਰਮਜੀਤ ਕੌਰ ਖਾਲੜਾ ਚੋਣ ਨਹੀਂ ਲੜੇਗੀ



ਪਰਮਜੀਤ ਕੌਰ, ਅੰਮ੍ਰਿਤ ਕੌਰ

**ਚੰਡੀਗੜ੍ਹ** : ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵੱਲੋਂ ਤਰਨ ਤਾਰਨ ਅਸੈਂਬਲੀ ਹਲਕੇ ਦੀ ਉਪ ਚੋਣ ਲਈ ਪਰਮਜੀਤ ਕੌਰ ਖਾਲੜਾ ਨੂੰ 'ਵਾਰਿਸ ਪੰਜਾਬ ਦੇ' ਪਾਰਟੀ ਦਾ ਵੀਰਵਾਰ ਉਮੀਦਵਾਰ ਐਲਾਨੇ ਜਾਣ ਦੇ ਕੁਝ ਘੰਟਿਆਂ ਬਾਅਦ ਹੀ ਖਾਲੜਾ ਮਿਸ਼ਨ ਆਰਗੇਨਾਈਜ਼ੇਸ਼ਨ ਨੇ ਕਿਹਾ ਕਿ ਬੀਬੀ ਖਾਲੜਾ ਚੋਣ ਨਹੀਂ ਲੜਨਗੇ। ਜਥੇਬੰਦੀ ਦੇ ਬੁਲਾਰੇ ਐਡਵੋਕੇਟ ਜਗਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਬੀਬੀ ਖਾਲੜਾ ਚੋਣ ਮੁਕਾਬਲੇ ਵਿੱਚ ਨਹੀਂ ਕੁੱਦਣਗੇ। ਬੀਬੀ ਖਾਲੜਾ ਨੇ ਲੋਕ ਸਭਾ ਚੋਣਾਂ ਦੌਰਾਨ ਖਡੂਰ ਸਾਹਿਬ ਤੋਂ ਪੰਜਾਬ ਏਕਤਾ ਪਾਰਟੀ ਦੀ ਉਮੀਦਵਾਰ ਵਜੋਂ ਚੋਣ ਲੜ ਕੇ ਦੋ ਲੱਖ ਤੋਂ ਵੱਧ ਵੋਟਾਂ ਹਾਸਲ ਕੀਤੀਆਂ ਸਨ। ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੇ ਦੇਹਾਂਤ ਕਾਰਨ ਤਰਨ ਤਾਰਨ ਦੀ ਸੀਟ ਖਾਲੀ ਹੋਈ ਹੈ। ਇਸੇ ਦੌਰਾਨ ਇੰਦਰਾ ਗਾਂਧੀ ਦਾ ਕਤਲ ਕਰਨ ਵਾਲੇ ਬੇਅੰਤ ਸਿੰਘ ਦੀ ਧੀ ਅਤੇ ਫਰੀਦਕੋਟ ਤੋਂ ਐੱਮ ਪੀ ਸਰਬਜੀਤ ਸਿੰਘ ਖਾਲਸਾ ਦੀ ਭੈਣ ਅੰਮ੍ਰਿਤ ਕੌਰ ਮਲੋਆ ਨੇ ਤਰਨ ਤਾਰਨ ਹਲਕੇ ਦੀ ਉਪ ਚੋਣ ਆਜ਼ਾਦ ਉਮੀਦਵਾਰ ਵਜੋਂ ਲੜਨ ਦਾ ਐਲਾਨ ਕਰ ਦਿੱਤਾ ਹੈ।

## ਆਪੋਜ਼ੀਸ਼ਨ ਸ਼ਾਸਤ ਰਾਜ ਮਾਲੀਏ ਦੇ ਹੋਣ ਵਾਲੇ ਨੁਕਸਾਨ ਬਾਰੇ ਫਿਕਰਮੰਦ

**ਨਵੀਂ ਦਿੱਲੀ** : ਵੱਖ-ਵੱਖ ਰਾਜਾਂ ਦੇ ਮੰਤਰੀਆਂ ਦੇ ਸਮੂਹ ਨੇ ਵੀਰਵਾਰ ਜੀ ਐੱਸ ਟੀ ਦਰਾਂ ਵਿੱਚ ਕਟੌਤੀ ਰਾਹੀਂ ਕੇਂਦਰ ਦੀ ਅਸਿੱਧੇ ਟੈਕਸ ਪ੍ਰਣਾਲੀ ਵਿੱਚ ਵਿਆਪਕ ਸੁਧਾਰਾਂ ਨੂੰ ਸਿਧਾਂਤਕ ਤੌਰ 'ਤੇ ਮਨਜ਼ੂਰੀ ਦੇ ਦਿੱਤੀ ਪਰ ਕੁਝ ਵਿਰੋਧੀ ਧਿਰ ਸ਼ਾਸਤ ਰਾਜ ਇਸ ਕਦਮ ਕਾਰਨ ਹੋਣ ਵਾਲੇ ਮਾਲੀਏ ਦੇ ਨੁਕਸਾਨ ਅਤੇ ਇਸ ਦੀ ਭਰਪਾਈ ਬਾਰੇ ਫਿਕਰਮੰਦ ਹਨ। ਬਿਹਾਰ ਦੇ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਦੀ ਅਗਵਾਈ ਵਾਲੇ ਮੰਤਰੀ ਸਮੂਹ ਨੇ ਜੀ ਐੱਸ ਟੀ ਅਧੀਨ ਸਲੈਬਾਂ ਦੀ ਗਿਣਤੀ ਚਾਰ (5, 12, 18 ਅਤੇ 28 ਫੀਸਦੀ) ਤੋਂ ਘਟਾ ਕੇ ਦੋ (5 ਅਤੇ 18 ਫੀਸਦੀ) ਕਰਨ ਦੇ ਕੇਂਦਰ ਦੇ ਪ੍ਰਸਤਾਵ 'ਤੇ ਚਰਚਾ ਕੀਤੀ। ਕੇਂਦਰ ਨੇ ਪੰਜ-ਸੱਤ ਚੋਣਵੀਆਂ ਵਸਤੂਆਂ 'ਤੇ 40 ਫੀਸਦੀ ਦੀ ਦਰ ਨਾਲ ਜੀ ਐੱਸ ਟੀ ਲਗਾਉਣ ਦਾ ਵੀ ਪ੍ਰਸਤਾਵ ਰੱਖਿਆ ਹੈ।

ਮੰਤਰੀ ਸਮੂਹ ਦਰਾਂ ਅਤੇ ਸਲੈਬਾਂ ਵਿੱਚ ਬਦਲਾਅ ਦੇ ਹੱਕ ਵਿੱਚ ਹੈ, ਜੇ ਇਹ ਆਮ ਆਦਮੀ ਲਈ ਲਾਭਦਾਇਕ ਹੈ, ਪਰ ਕੁਝ ਮੈਂਬਰ ਚਾਹੁੰਦੇ ਸਨ ਕਿ ਵਿਸ਼ੇਸ਼ 40 ਫੀਸਦੀ ਟੈਕਸ ਤੋਂ ਇਲਾਵਾ ਮਹਿੰਗੀਆਂ ਕਾਰਾਂ • ਬਾਕੀ ਸਫਾ 2 'ਤੇ

## ਅਸਾਮ 'ਚ 18 ਤੋਂ ਉੱਪਰ ਵਾਲਿਆਂ ਦਾ ਆਧਾਰ ਕਾਰਡ ਨਹੀਂ ਬਣੇਗਾ

**ਗੁਹਾਟੀ** : ਮੁੱਖ ਮੰਤਰੀ ਹੇਮੰਤਾ ਬਿਸਵਾ ਸਰਮਾ ਨੇ ਕਿਹਾ ਹੈ ਕਿ ਅਸਾਮ ਵਿੱਚ ਅਠਾਰਾਂ ਸਾਲ ਤੋਂ ਉਤੇ ਵਾਲਿਆਂ ਦਾ ਨਵਾਂ ਆਧਾਰ ਕਾਰਡ ਨਹੀਂ ਬਣੇਗਾ। ਇਹ ਫੈਸਲਾ ਗੈਰਕਾਨੂੰਨੀ ਪਰਵਾਸ ਰੋਕਣ ਲਈ ਕੀਤਾ ਗਿਆ ਹੈ।

ਉਨ੍ਹਾਂ ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਦੱਸਿਆ ਕਿ ਜੇ ਕਿਸੇ ਦਾ ਹਾਲੇ ਤੱਕ ਆਧਾਰ ਕਾਰਡ ਨਹੀਂ ਬਣਿਆ ਹੈ ਤਾਂ 18 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਸਿਰਫ ਇੱਕ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ। ਹਾਲਾਂਕਿ, 18 ਸਾਲ ਤੋਂ ਵੱਧ ਉਮਰ ਦੇ ਕਬੀਲਿਆਂ, ਅਨੁਸੂਚਤ ਜਾਤੀਆਂ ਅਤੇ ਅਨੁਸੂਚਤ ਜਨ ਜਾਤੀਆਂ ਦੇ ਲੋਕ ਅਗਲੇ ਇੱਕ ਸਾਲ ਤੱਕ ਆਧਾਰ ਕਾਰਡ ਬਣਾ ਸਕਣਗੇ।

## ਬਰੈਂਪਟਨ 'ਚ ਪੰਜਾਬੀ ਨੌਜਵਾਨ ਦੀ ਹੱਤਿਆ



**ਬਰੈਂਪਟਨ** : ਕੈਨੇਡਾ ਦੇ ਸ਼ਹਿਰ ਬਰੈਂਪਟਨ ਵਿੱਚ ਅਣਪਛਾਤਿਆਂ ਨੇ ਘਰ ਵਿਚ ਦਾਖਲ ਹੋ ਕੇ ਨੌਜਵਾਨ ਸੋਨੂੰ ਚੱਠਾ ਦੀ ਹੱਤਿਆ ਕਰ ਦਿੱਤੀ ਤੇ ਇੱਕ ਹੋਰ ਨੂੰ ਗੰਭੀਰ ਜ਼ਖਮੀ ਕਰ ਦਿੱਤਾ। ਜ਼ਖਮੀ ਵੀ ਭਾਰਤੀ ਮੂਲ ਦਾ ਹੈ, ਪਰ ਉਸ ਦੇ ਨਾਂਅ ਦੀ ਪੁਲਸ ਨੇ ਅਜੇ ਪੁਸ਼ਟੀ ਨਹੀਂ ਕੀਤੀ। ਉਧਰ, ਘਟਨਾ ਤੋਂ ਕੁਝ ਘੰਟੇ ਬਾਅਦ ਬਿਸ਼ਨੋਈ ਗਰੁੱਪ ਵੱਲੋਂ ਹੱਤਿਆ ਦੀ ਜ਼ਿੰਮੇਵਾਰੀ ਲੈਣ ਦਾ ਦਾਅਵਾ ਕੀਤਾ ਗਿਆ ਹੈ। ਪੀਲ ਪੁਲਸ ਦੇ ਬੁਲਾਰੇ ਸਾਰਾਹ ਪੈਟਨ ਨੇ ਦੱਸਿਆ ਕਿ ਦੇਰ ਰਾਤ ਕੈਸਲਮੋਰ ਸੜਕ 'ਤੇ ਹੰਬਰਵੈਸਟ ਪਾਰਕਵੇਅ ਕੋਲ ਇੱਕ ਘਰ 'ਚ ਗੋਲੀਬਾਰੀ ਹੋਣ ਦੀ ਸੂਚਨਾ ਮਿਲੀ ਸੀ। ਪੁਲਸ ਮੌਕੇ 'ਤੇ ਪਹੁੰਚੀ ਤਾਂ ਦੋ ਵਿਅਕਤੀ ਗੋਲੀਆਂ ਦੇ ਜ਼ਖਮਾਂ ਕਾਰਨ ਤੜਪ ਰਹੇ ਸਨ। ਇਨ੍ਹਾਂ ਵਿੱਚੋਂ ਇੱਕ ਦੀ ਉੱਥੇ ਹੀ ਮੌਤ ਹੋ ਗਈ। ਦੂਜੇ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਪੁਲਸ ਮੁਤਾਬਕ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗੋਲੀਬਾਰੀ ਮਿੱਥ ਕੇ ਕੀਤੀ ਗਈ, ਜੋ ਦੋ ਧਿਰਾਂ ਦੀ ਆਪਸੀ ਰੰਜਿਸ਼ ਜਾਪਦੀ ਹੈ।

## ਅੱਜ-ਨਾਮਾ

ਪਾਰਲੀਮੈਂਟ ਵਿੱਚ ਰੇੜਕਾ ਪਿਆ ਰਹਿੰਦਾ,
ਚੜ੍ਹਦਾ ਕਾਰਜ ਨਾ ਸਿਰੇ ਆ ਕੋਈ ਮੀਆਂ।
ਸੁਖਾਵੀਂ ਬਹਿਸ ਦਾ ਵਕਤ ਨਾ ਰਿਹਾ ਜਾਪੇ,
ਦੂਸ਼ਣਬਾਜ਼ੀ ਜਿਹੀ ਜਾਂਦੀ ਆ ਹੋਈ ਮੀਆਂ।
ਲੋਕਤੰਤਰ ਨਹੀਂ ਕਿਸੇ ਥਾਂ ਨਜ਼ਰ ਆਉਂਦਾ,
ਉਹਨੂੰ ਮਿਲਦੀ ਨਹੀਂ ਜਾਪਦੀ ਢੋਈ ਮੀਆਂ।
ਜਿਹੜਾ ਦੂਜੇ ਦੀ ਇੱਜ਼ਤ ਨੂੰ ਹੱਥ ਪਾਉਂਦਾ,
ਆਪਣੀ ਲੱਥੀ ਤਾਂ ਜਾਵੇ ਫਿਰ ਰੋਈ ਮੀਆਂ।
ਅੱਜਕੱਲ੍ਹ ਕੋਈ ਵੀ ਵਿੰਹਦਾ ਨਾ ਕਾਰਵਾਈ,
ਮੁਸ਼ਕਲ ਸੁਣਨ ਜਦ ਹੋਈ ਹੈ ਖੱਪ ਮੀਆਂ।
ਕੋਈ ਵੀ ਬੋਲਦਾ, ਦੋਸ਼ ਰਿਹਾ ਥੱਪ ਮੀਆਂ,
ਜਾਂ ਉਹ ਪੇਸ਼ ਕਰਦਾ ਲੱਗਦਾ ਗੱਪ ਮੀਆਂ।

-ਤੀਸ ਮਾਰ ਖਾਂ

## ਜੈਸ਼ੰਕਰ ਤੇ ਲਾਵਰੋਵ ਵੱਲੋਂ ਦੁਵੱਲੇ ਸੰਬੰਧ ਹੋਰ ਮਜ਼ਬੂਤ ਕਰਨ 'ਤੇ ਵਿਚਾਰਾਂ



**ਮਾਸਕੋ** : ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਦੁਵੱਲੇ ਸਬੰਧਾਂ 'ਤੇ ਚਰਚਾ ਕਰਨ ਅਤੇ ਸਾਲ ਦੇ ਅਖੀਰ 'ਚ ਹੋਣ ਵਾਲੇ ਸਾਲਾਨਾ ਸਿਖਰ ਸੰਮੇਲਨ ਦੀ ਤਿਆਰੀ ਲਈ ਵੀਰਵਾਰ ਇੱਥੇ ਆਪਣੇ ਰੂਸੀ ਹਮਰੁਤਬਾ ਸਰਗੇਈ ਲਾਵਰੋਵ ਨਾਲ ਮੁਲਾਕਾਤ ਕੀਤੀ।

ਜੈਸ਼ੰਕਰ ਨੇ ਕਿਹਾ, 'ਅੱਜ ਦੀ ਮੀਟਿੰਗ ਨੇ ਸਾਨੂੰ ਨਾ ਸਿਰਫ ਆਪਣੇ ਸਿਆਸੀ ਸੰਬੰਧਾਂ 'ਤੇ ਚਰਚਾ ਕਰਨ ਦਾ, ਬਲਕਿ ਸਾਡੇ ਦੁਵੱਲੇ ਸੰਬੰਧਾਂ ਦੀ ਸਮੀਖਿਆ ਕਰਨ ਦਾ ਵੀ ਮੌਕਾ ਦਿੱਤਾ ਹੈ। ਇਸ ਲਈ ਮੈਂ ਸਿਆਸਤ, ਵਪਾਰ, ਆਰਥਕ ਨਿਵੇਸ਼, ਰੱਖਿਆ, ਵਿਗਿਆਨ ਅਤੇ ਤਕਨਾਲੋਜੀ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਅਤੇ ਲੋਕਾਂ ਦੇ ਆਪਸੀ ਸੰਬੰਧ ਮਜ਼ਬੂਤ ਹੋਣ ਦੀ ਉਮੀਦ ਕਰਦਾ ਹਾਂ।'

ਉਨ੍ਹਾ ਕਿਹਾ, 'ਸਾਡੇ ਨੇਤਾ ਪਿਛਲੇ ਸਾਲ ਜੁਲਾਈ 'ਚ 22ਵੇਂ ਸਾਲਾਨਾ ਸਿਖਰ ਸੰਮੇਲਨ ਲਈ ਮਿਲੇ ਸਨ ਅਤੇ ਇਸ ਤੋਂ ਬਾਅਦ ਕਜ਼ਾਨ 'ਚ ਮਿਲੇ ਸਨ। ਹੁਣ ਅਸੀਂ ਸਾਲ ਦੇ ਅਖੀਰ 'ਚ ਹੋਣ ਵਾਲੇ ਸਾਲਾਨਾ ਸਿਖਰ ਸੰਮੇਲਨ ਦੀ ਤਿਆਰੀ ਕਰ ਰਹੇ ਹਾਂ। ਉਨ੍ਹਾਂ ਹਮੇਸ਼ਾ ਸਾਡੀ ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਅੱਗੇ ਵਧਾਉਣ ਲਈ ਸਾਡਾ ਮਾਰਗ-ਦਰਸ਼ਨ ਕੀਤਾ ਹੈ।'

ਜੈਸ਼ੰਕਰ ਦੀ ਇਹ ਮੁਲਾਕਾਤ ਅਜਿਹੇ ਸਮੇਂ ਹੋਈ ਹੈ, ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਭਾਰਤੀ ਸਾਮਾਨ 'ਤੇ ਟੈਰਿਫ ਨੂੰ ਦੁੱਗਣਾ ਕਰਕੇ ਕੁੱਲ 50 ਫੀਸਦੀ ਕਰਨ ਤੋਂ ਬਾਅਦ ਭਾਰਤ-ਅਮਰੀਕਾ ਸੰਬੰਧ ਤਣਾਅਪੂਰਨ ਹੋ ਗਏ ਹਨ। ਇਸ ਟੈਰਿਫ ਵਿੱਚ ਰੂਸੀ ਕੱਚੇ ਤੇਲ ਦੀ ਖਰੀਦ 'ਤੇ 25 ਫੀਸਦੀ ਵਾਧੂ ਡਿਊਟੀ ਵੀ ਸ਼ਾਮਲ ਹੈ।

## ਸਿਪਾਹੀ 'ਤੇ ਤਸ਼ੱਦਦ ਕਰਨ ਦੇ ਦੋਸ਼ 'ਚ ਡੀ ਐੱਸ ਪੀ ਸਣੇ 6 ਗ੍ਰਿਫਤਾਰ

**ਸ੍ਰੀਨਗਰ** : ਸੀ ਬੀ ਆਈ ਨੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜੰਮੂ ਤੇ ਕਸ਼ਮੀਰ ਪੁਲਸ ਦੇ ਡਿਪਟੀ ਸੁਪਰਡੈਂਟ ਸਮੇਤ ਛੇ ਅਧਿਕਾਰੀਆਂ ਨੂੰ ਗ੍ਰਿਫਤਾਰ ਕੀਤਾ ਹੈ। ਅਦਾਲਤ ਨੇ 2023 ਵਿੱਚ ਜੰਮੂ-ਕਸ਼ਮੀਰ ਪੁਲਸ ਵੱਲੋਂ ਇੱਕ ਕਾਂਸਟੇਬਲ ਨੂੰ ਕਥਿਤ ਗੈਰਕਾਨੂੰਨੀ ਹਿਰਾਸਤ ਵਿਚ ਰੱਖਣ ਤੇ ਤਸੀਹੇ ਦੇਣ ਦੇ ਮਾਮਲੇ ਦੀ ਸੀ ਬੀ ਆਈ ਜਾਂਚ ਦੇ ਹੁਕਮ ਦਿੱਤੇ ਸਨ। ਇਸ ਕਾਂਸਟੇਬਲ 'ਤੇ ਇੰਨਾ ਤਸ਼ੱਦਦ ਢਾਹਿਆ ਗਿਆ ਕਿ ਉਸ ਨੂੰ ਪੂਰੀ ਤਰ੍ਹਾਂ ਨਕਾਰਾ ਬਣਾ ਦਿੱਤਾ ਗਿਆ ਸੀ। ਸੀ ਬੀ ਆਈ ਵੱਲੋਂ ਗ੍ਰਿਫਤਾਰ ਕੀਤੇ ਗਏ ਲੋਕਾਂ ਵਿੱਚ ਡੀ ਐੱਸ ਪੀ ਐਜਾਜ਼ ਅਹਿਮਦ ਨਾਇਕੋ, ਸਬ-ਇੰਸਪੈਕਟਰ ਰਿਆਜ਼ ਅਹਿਮਦ ਅਤੇ ਚਾਰ ਹੋਰ ਸ਼ਾਮਲ ਹਨ।

ਸੁਪਰੀਮ ਕੋਰਟ ਦੇ ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ 21 ਜੁਲਾਈ ਨੂੰ ਸੀ ਬੀ ਆਈ ਨੂੰ ਸੱਤ ਦਿਨਾਂ ਅੰਦਰ ਕੇਸ ਦਰਜ ਕਰਨ ਤੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਇੱਕ ਮਹੀਨੇ ਦੇ ਅੰਦਰ ਗ੍ਰਿਫਤਾਰ ਕਰਨ ਦਾ ਹੁਕਮ ਦਿੱਤਾ ਸੀ। ਸੁਪਰੀਮ ਕੋਰਟ ਨੇ ਤਸ਼ੱਦਦ ਦਾ ਸ਼ਿਕਾਰ ਪੁਲਸ ਮੁਲਾਜ਼ਮ ਖੁਰਸ਼ੀਦ ਅਹਿਮਦ ਚੌਹਾਨ ਨੂੰ 50 ਲੱਖ ਰੁਪਏ ਮੁਆਵਜ਼ੇ ਵਜੋਂ ਦੇਣ ਦਾ ਹੁਕਮ ਵੀ ਦਿੱਤਾ ਸੀ। ਚੌਹਾਨ ਨੇ ਦੋਸ਼ ਲਗਾਇਆ ਸੀ ਕਿ ਫਰਵਰੀ 2023 ਵਿੱਚ ਨਸ਼ੀਲੇ ਪਦਾਰਥਾਂ ਦੀ ਜਾਂਚ ਲਈ ਬੁਲਾਏ ਜਾਣ ਤੋਂ ਬਾਅਦ ਉਸ ਨੂੰ ਗੈਰ-ਕਾਨੂੰਨੀ ਹਿਰਾਸਤ ਵਿੱਚ ਰੱਖਿਆ ਗਿਆ ਸੀ ਅਤੇ ਤਸੀਹੇ ਦਿੱਤੇ ਗਏ ਸਨ। ਉਸ ਦੀ ਪਤਨੀ ਵੱਲੋਂ ਹਿਰਾਸਤ ਵਿੱਚ ਤਸ਼ੱਦਦ ਖਿਲਾਫ ਐੱਫ ਆਈ ਆਰ ਦਰਜ ਕਰਨ ਦੀਆਂ ਕੋਸ਼ਿਸ਼ਾਂ ਸਫਲ ਨਹੀਂ ਹੋਈਆਂ, ਜਦੋਂ ਕਿ ਪੁਲਸ ਨੇ ਕਥਿਤ ਤੌਰ 'ਤੇ ਖੁਦਕੁਸ਼ੀ ਦੀ ਕੋਸ਼ਿਸ਼ ਲਈ ਉਸ ਦੇ ਵਿਰੁੱਧ ਹੀ ਕੇਸ ਦਰਜ ਕੀਤਾ। ਹਾਈ ਕੋਰਟ ਨੇ ਐੱਫ ਆਈ ਆਰ ਰੱਦ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਉਸ ਨੂੰ ਸਿਖਰਲੀ ਅਦਾਲਤ ਜਾਣਾ ਪਿਆ। ਮਾਮਲਾ ਹੁਣ 17 ਨਵੰਬਰ ਨੂੰ ਸਟੇਟਸ ਰਿਪੋਰਟ ਪ੍ਰਾਪਤ ਕਰਨ ਲਈ ਸੁਪਰੀਮ ਕੋਰਟ ਵਿੱਚ ਮੁੜ ਸੂਚੀਬੱਧ ਹੈ।

CMYK

## ਗੁਰੂਕੁਲ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਧੂਰੀ (ਸੁਖਦੇਵ ਧੂਰੀ)**-ਗੁਰੂਕੁਲ ਕਾਨਵੈਂਟ ਸਕੂਲ ਧੂਰੀ ਵਿੱਚ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਰੰਗਿਆ ਹੋਇਆ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਦੀਆਂ ਵਿਦਿਆਰਥਣਾਂ ਤੇ ਅਧਿਆਪਕਾਵਾਂ ਨੇ ਰੰਗ-ਬਰੰਗੇ ਪੰਜਾਬੀ ਪਹਿਰਾਵੇ ਪਾ ਕੇ ਸਮਾਗਮ ਨੂੰ ਰੌਣਕਾਂ ਨਾਲ ਭਰ ਦਿੱਤਾ।ਸਕੂਲ ਦੇ ਵਿਹੜੇ ਨੂੰ ਤੀਆਂ ਦੇ ਤਿਉਹਾਰ ਅਨੁਸਾਰ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ।ਵਿਦਿਆਰਥਣਾਂ ਵੱਲੋਂ ਗਿੱਧੇ, ਬੋਲੀਆਂ, ਲੋਕ-ਗੀਤ ਤੇ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਮੌਕੇ ਨੂੰ ਖਾਸ ਰੰਗ ਦਿੱਤਾ ਗਿਆ।ਝੂਲਿਆਂ ਤੇ ਪੀਂਘਾਂ ਝੂਲਦੇ ਬੱਚਿਆਂ ਦੀ ਖੁਸ਼ੀ ਦੇਖਣ ਵਾਲੀ ਸੀ।ਇਸ ਮੌਕੇ ਪ੍ਰਿੰਸੀਪਲ ਕਮਲੇਸ਼ ਬਖ਼ਸ਼ੀ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਦੀ ਪਹਿਚਾਣ ਹੀ ਸਾਡੇ ਲੋਕਧਾਰਾ ਦੇ ਮਹਾਨ ਤਿਉਹਾਰ ਹਨ ਤੇ ਇਨ੍ਹਾਂ ਦੇ ਮਨਾਉਣ ਨਾਲ ਬੱਚੇ ਆਪਣੇ ਰੀਤਾਂ-ਰੀਵਾਜਾਂ ਨਾਲ ਜੁੜੇ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਐਸੇ ਤਿਉਹਾਰ ਵਿਦਿਆਰਥੀਆਂ ਵਿੱਚ ਭਾਈਚਾਰੇ, ਖੁਸ਼ੀ ਤੇ ਆਪਸੀ ਪਿਆਰ ਦੀ ਭਾਵਨਾ ਪੈਦਾ ਕਰਦੇ ਹਨ।ਸਾਰੇ ਸਟਾਫ਼ ਤੇ ਵਿਦਿਆਰਥਣਾਂ ਨੇ ਪ੍ਰਿੰਸੀਪਲ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਅਗਵਾਈ ਹੇਠ ਸਕੂਲ ਵਿੱਚ ਐਸੇ ਪ੍ਰੋਗਰਾਮ ਨਿਯਮਿਤ ਤੌਰ 'ਤੇ ਕਰਵਾਏ ਜਾਂਦੇ ਹਨ।

## ਸਹੌਰ ਵਿਖੇ ਕਾਂਗਰਸ ਪਾਰਟੀ ਦੀ ਅਹਿਮ ਮੀਟਿੰਗ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਸਹੌਰ 'ਚ ਕਾਂਗਰਸ ਪਾਰਟੀ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਦੀ ਅਗਵਾਈ ਹੇਠ ਹੋਈ।ਇਸ ਮੌਕੇ ਬਲਾਕ ਪ੍ਰਧਾਨ ਸ਼ੰਮੀ ਠੁੱਲੀਵਾਲ ਨੇ ਕਿਹਾ ਕਿ ਪਾਰਟੀ ਹਾਈ ਕਮਾਨ ਦੇ ਹੁਕਮਾਂ, ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੈਂਬਰ ਪਾਰਲੀਮੈਂਟ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਰਹਿਨੁਮਾਈ ਹੇਠ ਹਲਕਾ ਮਹਿਲ ਕਲਾਂ ਦੇ ਪਿੰਡਾਂ 'ਚ ਕਾਂਗਰਸ ਪਾਰਟੀ ਦੀ ਸਥਿਤੀ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਬਦਲਾਅ ਦੇ ਨਾਅਰੇ ਹੇਠ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕ ਕਾਫੀ ਖਫ਼ਾ ਹਨ ਕਿਉਂਕਿ ਵਾਅਦਿਆਂ ਤੋਂ ਭੱਜ ਜਾਣ ਕਾਰਨ ਸੂਬੇ ਦਾ ਹਰ ਵਰਗ ਦੁਖੀ ਹੈ।ਉਨ੍ਹਾਂ ਕਿਹਾ ਕਿ ਲੋਕ ਹੁਣ ਮੁੜ ਕਾਂਗਰਸ ਪਾਰਟੀ ਦੇ ਲੋਕ-ਪੱਖੀ ਕੰਮਾਂ ਨੂੰ ਯਾਦ ਕਰ ਰਹੇ ਹਨ।ਉਨ੍ਹਾਂ ਸਪੱਸ਼ਟ ਕਿਹਾ ਕਿ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਕਾਂਗਰਸ ਪਾਰਟੀ ਦੀ ਸ਼ਾਨਦਾਰ ਜਿੱਤ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਦੀ ਜਿੱਤ ਸੂਬੇ ਅੰਦਰ ਕਾਂਗਰਸ ਦੀ ਅਗਵਾਈ ਵਾਲੀ ਸਰਕਾਰ ਬਣਾਉਣ ਦਾ ਮੁੱਢ ਬੰਨ੍ਹੇਗੀ।ਇਸ ਮੌਕੇ ਸਾਬਕਾ ਚੇਅਰਮੈਨ ਬਾਬੂ ਰੋਸ਼ਨ ਲਾਲ ਬਾਂਸਲ, ਐਡਵੋਕੇਟ ਜਸਵੀਰ ਸਿੰਘ ਖੇੜੀ, ਡਾ. ਬਲਵੰਤ ਰਾਏ ਸ਼ਰਮਾ, ਸਰਨੈਲ ਸਿੰਘ ਠੁੱਲੀਵਾਲ, ਬੱਗਾ ਸਿੰਘ ਮਹਿਲ ਕਲਾਂ, ਡਾ. ਅਮਰਜੀਤ ਸਿੰਘ ਨੇ ਕਿਹਾ ਕਿ ਹਰ ਵਰਗ ਦੇ ਲੋਕਾਂ ਨੂੰ ਕਾਂਗਰਸ ਪਾਰਟੀ ਦੇ ਮੁੱਖ ਧੁਰੇ ਨਾਲ ਜੋੜਨ ਲਈ ਪਿੰਡ ਪੱਧਰ 'ਤੇ ਸੰਪਰਕ ਮੀਟਿੰਗਾਂ ਦੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨੂੰ ਹਰ ਵਰਗ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

## ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਬੀ ਸੀ ਏ ਫਾਈਨਲ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ ਸੀ ਏ ਭਾਗ-ਤੀਜਾ (ਸਮੈਸਟਰ-ਛੇਵਾਂ) ਦੇ ਨਤੀਜੇ 'ਚ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ 'ਚ ਗੁਰਿੰਦਰਪ੍ਰੀਤ ਕੌਰ (81.33%) ਨੇ ਪਹਿਲਾ, ਨਿਰਮਲ ਕੌਰ (80.8 %) ਨੇ ਦੂਜਾ ਤੇ ਗਗਨਦੀਪ ਕੌਰ (78.3%) ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਨਤੀਜਾ ਲਗਭਗ ਪੂਰੇ ਫੀਸਦੀ ਰਿਹਾ, ਜਿਸ ਵਿੱਚ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ 'ਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਪ੍ਰੋ. ਮੋਨਿਕਾ ਗਰਗ, ਪ੍ਰੋ. ਰਮਨਦੀਪ ਕੌਰ, ਪ੍ਰੋ. ਅਵਨੀਤ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਨਵਦੀਪ ਸ਼ਰਮਾ, ਪ੍ਰੋ. ਜਗਪ੍ਰੀਤ ਕੌਰ, ਪ੍ਰੋ. ਨਵਜੋਤ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਅਕਾਸਦੀਪ ਸਿੰਘ, ਪ੍ਰੋ. ਜਸਕਰਨ ਸਿੰਘ ਤੇ ਪ੍ਰੋ. ਕੁਲਦੀਪ ਸਿੰਘ ਆਦਿ ਸਟਾਫ਼ ਮੈਂਬਰ ਮੌਜੂਦ ਸਨ।

## ਸੜਕ ਵਿਚਕਾਰ ਖੜੀ ਕੀਤੀ ਪਾਇਪ ਲਾਇਨ ਬਣੀ ਰਾਹਗੀਰਾਂ ਤੇ ਸਕੂਲੀ ਵਿਦਿਆਰਥੀਆਂ ਲਈ ਮੁਸ਼ਕਲ



**ਭੀਖੀ (ਧਰਮਵੀਰ ਸ਼ਰਮਾ)**-ਪੰਡਤਾਂ ਵਾਲੇ ਛੱਪੜ ਵਿਚੋਂ ਮੀਂਹ ਦੇ ਪਾਣੀ ਦੀ ਨਿਕਾਸੀ ਲਈ ਨਗਰ ਪੰਚਾਇਤ ਵੱਲੋਂ ਸੀਵਰੇਜ ਵਿੱਚ ਹੰਗਾਮੀ ਹਾਲਾਤਾਂ ਲਈ ਪਾਈ ਪਾਇਪ ਲੋਕਾਂ ਲਈ ਦਿੱਕਤ ਦਾ ਸਬੱਬ ਬਣ ਰਹੀ ਹੈ। ਪਿਛਲੇ ਕਈ ਦਿਨਾਂ ਤੋਂ ਸੜਕ ਦੇ ਵਿਚਾਲੇ ਸਾਢੇ ਪੰਜ ਫੁੱਟ ਤੋਂ ਉੱਚਾ ਖੜਾ ਕੀਤਾ ਪਲਾਸਟਿਕ ਪਾਇਪ ਦਾ ਅਰਲਾਕੋਟ ਜਿਥੇ ਆਂਢ-ਗੁਆਂਢ ਨੂੰ ਭਾਰੀ ਪ੍ਰੇਸ਼ਾਨ ਹੈ, ਉਥੇ ਇਥੋਂ ਗੁਜਰਨ ਵਾਲੇ ਵਹੀਕਲਾਂ ਖਾਸ ਕਰਕੇ ਸਕੂਲੀ ਵਿਦਿਆਰਥੀਆਂ ਨੂੰ ਸੱਮਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਪਿਛਲੇ 15 ਦਿਨਾਂ ਤੋਂ ਇਸ ਸੜਕ ਤੋਂ ਕੋਈ ਸਕੂਲ ਬੱਸ ਨਹੀ ਲੰਘ ਰਹੀ। ਇਸ ਆਬਾਦੀ ਦੇ ਬੱਚਿਆਂ ਨੂੰ ਕਾਫੀ ਦੂਰ ਤੋਂ ਤੁਰ ਕੇ ਹੀ ਘਰ ਆਉਣਾ-ਜਾਣਾ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਨਗਰ ਪੰਚਾਇਤ ਵੱਲੋਂ ਪਤਾ ਨਹੀ ਇੱਕ-ਦੋ ਦਿਨ ਇਸ ਪਾਇਪ ਰਾਹੀਂ ਪਾਣੀ ਕੱਢਿਆ ਹੈ ਵੀ ਜਾਂ ਨਹੀਂ, ਪਰ ਸੜਕ ਦੇ ਵਿਚਾਲੇ ਪਾਇਪਲਾਇਨ ਖੜੀ ਕਰਕੇ ਲੋਕਾਂ ਦਾ ਇਥੋਂ ਲੰਘਣਾ ਮੁਸ਼ਕਲ ਕਰ ਦਿੱਤਾ ਹੈ। ਰਾਤ ਸਮੇਂ ਕਈ ਦੁਪਹੀਆ ਵਾਹਨਾਂ ਵਾਲੇ ਡਿੱਗਦੇ-ਡਿੱਗਦੇ ਬਚਦੇ ਹਨ। ਉਨਾਂ ਨਗਰ ਪੰਚਾਇਤ ਤੋਂ ਮੰਗ ਕਰਦਿਆਂ ਕਿਹਾ ਕਿ ਜੇਕਰ ਕੋਈ ਕੰਮ ਸਿਰੇ ਨਹੀਂ ਲਾਉਣਾ ਹੁੰਦਾ ਤਾਂ ਕੰਮ ਸ਼ੁਰੂ ਹੀ ਨਾ ਕੀਤਾ ਜਾਵੇ। ਪਾਇਪਲਾਇਨ ਪਾਉਣ ਨਾਲ ਗੁਰਦੁਆਰਾ ਚੌਕ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ ਤੇ ਇਥੋਂ ਲੰਘਣਾ ਵੀ ਖਤਰੇ ਤੋਂ ਖਾਲੀ ਨਹੀ। ਉਧਰ ਨਗਰ ਪੰਚਾਇਤ ਦੇ ਭਾਗ ਅਫ਼ਸਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਮੀਂਹ ਦਾ ਪਾਣੀ ਕੱਢਣ ਲਈ ਪਾਇਪ ਹੰਗਾਮੀ ਹਾਲਾਤਾਂ ਵਿੱਚ ਪਾਈ ਗਈ ਸੀ ਅਤੇ ਹੁਣ ਇਸ ਕੰਮ ਲਈ 36 ਲੱਖ ਰੁਪਏ ਦਾ ਟੈਂਡਰ ਲਾਇਆ ਜਾਵੇਗਾ ਅਤੇ ਆਰਜ਼ੀ ਪਾਇਪ ਨੂੰ ਜਲਦੀ ਹੀ ਕੱਢ ਦਿੱਤਾ ਜਾਵੇਗਾ।

## 35 ਬੱਸਾਂ ਦਾ ਕਾਫ਼ਲਾ ਹੋਵੇਗਾ ਰਵਾਨਾ ਸਮਰਾਲੇ ਵੱਲ



ਚੀਮਾ ਮੰਡੀ (ਰਵਿੰਦਰ ਚੀਮਾ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਸੁਨਾਮ ਦੀ ਮੀਟਿੰਗ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ ਦੀ ਅਗਵਾਈ ਹੇਠ ਹੋਈ। ਆਗੂਆਂ ਨੇ ਕਿਹਾ ਕਿ 24 ਅਗਸਤ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਸਮਰਾਲੇ ਦੀ ਦਾਨਾ ਮੰਡੀ ਵਿੱਚ ਜੇਤੂ ਰੈਲੀ ਕੀਤੀ ਜਾ ਰਹੀ ਹੈ। ਇਹ ਜੇਤੂ ਰੈਲੀ ਲੈਂਡ ਪੂਲਿੰਗ ਪਾਲਿਸੀ ਨੂੰ ਲੈ ਕੇ ਕੀਤੀ ਜਾ ਰਹੀ ਹੈ। ਬੇਸ਼ੱਕ ਪੰਜਾਬ ਸਰਕਾਰ ਨੇ ਇਹ ਨੀਤੀ ਵਾਪਸ ਲੈ ਲਈ ਹੈ, ਪਰ ਕਾਰਪੋਰੇਟ ਘਰਾਣੇ ਦਾ ਕੋਬਰਾ ਸੱਪ ਅਜੇ ਵੀ ਮਰਿਆ ਨਹੀਂ, ਜ਼ਖ਼ਮੀ ਹੋਇਆ ਹੈ। ਕਾਰਪੋਰੇਟ ਘਰਾਣਿਆਂ ਦੀਆਂ ਨੀਤੀਆਂ ਨੂੰ ਵਾਪਸ ਕਰਾਉਣ ਲਈ ਅਗਲੇ ਸੰਘਰਸ਼ ਤੇਜ਼ ਕਰਨੇ ਹੋਣਗੇ ਇਸ ਮੌਕੇ ਬਲਾਕ ਆਗੂ ਰਾਮ ਸ਼ਰਨ ਸਿੰਘ ਉਗਰਾਹਾਂ, ਬਲਾਕ ਪ੍ਰੈਸ ਸਕੱਤਰ ਸੁਖਪਾਲ ਮਾਣਕ ਕਣਕਵਾਲ, ਗੁਰਤੇਜ ਮੈਦੇਵਾਸ ਤੇ ਸਮੂਹ ਪਿੰਡ ਇਕਾਈਆਂ ਹਾਜ਼ਰ ਸਨ। ਚਾਹ ਦੀ ਸੇਵਾ ਉਗਰਾਹਾਂ ਪਿੰਡ ਇਕਾਈ ਨੇ ਕੀਤੀ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਚੋਣ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਜਰਗੜੀ ਦੀ ਚੋਣ ਬਲਾਕ ਸਕੱਤਰ ਜਸਵੀਰ ਸਿੰਘ ਅਸਗਰੀਪੁਰ ਦੀ ਨਿਗਰਾਨ ਹੇਠ ਹੋਈ, ਜਿਸ ਵਿੱਚ ਜ਼ਿਲ੍ਹਾ ਆਗੂ ਸੁਦਾਗਰ ਸਿੰਘ ਘੁਡਾਣੀ ਤੇ ਹਰਜੀਤ ਸਿੰਘ ਘਲੋਟੀ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਮੀਟਿੰਗ 'ਚ ਯੂਨੀਅਨ ਦੇ ਵਿਧਾਨ ਬਾਰੇ ਵਿਆਖਿਆ ਕਰਕੇ ਪਿੰਡ ਇਕਾਈ ਜਰਗੜੀ ਦੀ ਚੋਣ ਕੀਤੀ ਗਈ, ਜਿਸ ਵਿੱਚ ਅਵਤਾਰ ਸਿੰਘ ਤਾਰੀ ਪ੍ਰਧਾਨ, ਮੀਤ ਪ੍ਰਧਾਨ ਅਜਮੇਰ ਸਿੰਘ, ਸਕੱਤਰ ਹਾਕਮ ਸਿੰਘ, ਸਹਾਇਕ ਸਕੱਤਰ ਚਰਨਜੀਤ ਸਿੰਘ, ਨਛੱਤਰ ਸਿੰਘ ਖ਼ਜ਼ਾਨਚੀ ਤੇ ਦਰਸ਼ਨ ਸਿੰਘ, ਗੁਰਮੇਲ ਸਿੰਘ, ਹਰਮਿੰਦਰ ਸਿੰਘ, ਹਰਪਾਲ ਸਿੰਘ, ਹਰਜੀਤ ਸਿੰਘ, ਹਰਦੇਵ ਸਿੰਘ, ਨਛੱਤਰ ਸਿੰਘ ਤੇ ਸਿੰਕਦਰ ਸਿੰਘ ਮੈਂਬਰ ਚੁਣੇ ਗਏ। ਮੀਟਿੰਗ 'ਚ ਲੈਂਡ ਪੂਲਿੰਗ ਨੀਤੀ ਰੱਦ ਕਰਾਉਣ ਲਈ ਲੋਕਾਂ ਦੇ ਭਰਵੇਂ ਸੰਘਰਸ਼ ਦੀ ਸ਼ਲਾਘਾ ਕਰਦਿਆਂ ਆਗੂਆਂ ਕਿਹਾ ਕਿ ਐਸਕੇਐਮ ਵੱਲੋਂ ਲੈਂਡ ਪੂਲਿੰਗ ਨੀਤੀ ਰੱਦ ਕਰਾਉਣ ਲਈ ਜੇਤੂ ਰੈਲੀ ਜੋ 24 ਅਗਸਤ ਨੂੰ ਸਮਰਾਲੇ ਵਿਖੇ ਹੋ ਰਹੀ ਵਿੱਚ ਵੱਡੀ ਗਿਣਤੀ 'ਚ ਆਪਣੇ-ਆਪਣੇ ਪਿੰਡਾਂ 'ਚੋਂ ਵਹੀਕਲ ਲੈ ਕੇ ਜਾਣ।

## ਹਾਈਵੇਅ ਤੇ ਸਰਵਿਸ ਰੋਡ 'ਤੇ ਖੜ੍ਹਾ ਪਾਣੀ ਲੋਕਾਂ ਲਈ ਬਣਿਆ ਮੁਸੀਬਤ

■ ਦੋ ਦਿਨਾਂ 'ਚ ਪਾਣੀ ਨਾ ਕੱਢਿਆ ਤਾਂ ਦਿਆਂਗੇ ਧਰਨਾ : ਪਿੰਡ ਵਾਸੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਕੇਂਦਰ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਅਰਬਾਂ ਰੁਪਏ ਖਰਚ ਕੇ ਰਾਸ਼ਟਰੀ ਤੇ ਰਾਜ ਮਾਰਗਾਂ ਦਾ ਨਿਰਮਾਣ ਕੀਤਾ ਜਾਂਦਾ ਹੈ, ਪਰ ਘਟੀਆ ਦਰਜੇ ਦਾ ਨਿਰਮਾਣ ਕਰਨ ਵਾਲੀਆਂ ਕੰਪਨੀਆਂ ਪ੍ਰਸ਼ਾਸਨਕ ਅਧਿਕਾਰੀਆਂ ਦੇ ਭ੍ਰਿਸ਼ਟਾਚਾਰ ਕਾਰਨ ਅਜਿਹਾ ਨਿਰਮਾਣ ਕਰਦੀਆਂ ਹਨ ਕਿ ਲੋਕ ਪਹਿਲਾਂ ਨਾਲੋਂ ਵੀ ਦੁਖੀ ਹੋ ਜਾਂਦੇ ਹਨ, ਜਿਸ ਦੀ ਮਿਸਾਲ ਪਿੰਡ ਗੋਬਿੰਦਪੁਰਾ ਪੈਂਦ ਕੋਲ ਵੇਖਣ ਨੂੰ ਮਿਲਦੀ ਹੈ, ਜਿੱਥੇ ਦਿੱਲੀ-ਸੰਗਰੂਰ ਰਾਸ਼ਟਰੀ ਰਾਜ ਮਾਰਗ ਅਤੇ ਨਾਲ ਲੱਗਦਾ ਸਰਵਿਸ ਰੋਡ ਪਿਛਲੇ ਇੱਕ ਹਫਤੇ ਤੋਂ ਪਾਣੀ ਨਾਲ ਭਰਿਆ ਪਿਆ ਹੈ ਅਤੇ ਲੋਕਾਂ ਦਾ ਲੰਘਣਾ ਮੁਹਾਲ ਹੋ ਗਿਆ ਹੈ।

ਇਸ ਤੋਂ ਗੁਸਾਏ ਪਿੰਡ ਵਾਸੀਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਦੋ ਦਿਨਾਂ ਤੱਕ ਪਾਣੀ ਨਹੀਂ ਕੱਢਿਆ ਜਾਂਦਾ ਤਾਂ ਸੜਕ 'ਤੇ ਧਰਨਾ ਲਗਾਇਆ ਜਾਵੇਗਾ। ਸਮਾਜ ਸੇਵੀ ਗੁਰਵਿੰਦਰ ਸਿੰਘ ਢਿੱਲੋਂ, ਸਰਦਾਰਾ ਸਿੰਘ ਢਿੱਲੋਂ, ਪ੍ਰਗਟ ਸਿੰਘ, ਘਨੱਈਆ ਰਾਮ, ਰਿਪੂ ਸਿੰਘ, ਸਰਪੰਚ ਮਿੱਟੂ ਰਾਮ, ਕੁਲਦੀਪ ਸਿੰਘ ਆਦਿ ਨੇ ਦੱਸਿਆ ਕਿ ਦਿੱਲੀ-ਸੰਗਰੂਰ ਨੈਸ਼ਨਲ ਹਾਈਵੇ ਦੇ ਟੋਲ ਪਲਾਜ਼ਾ ਤੋਂ ਮਹਿਜ਼ ਅੱਠ ਸੌ ਮੀਟਰ ਦੂਰ ਗੋਬਿੰਦਪੁਰਾ ਪੈਂਦ ਨੂੰ ਹਾਈਵੇ ਨਾਲ ਜੋੜਨ ਵਾਲਾ ਸਰਵਿਸ ਰੋਡ ਤੇ ਮੁੱਖ ਸੜਕ ਪਿਛਲੇ ਇਕ ਹਫਤੇ ਤੋਂ ਬਰਸਾਤੀ ਪਾਣੀ ਨਾਲ ਭਰਿਆ ਪਿਆ ਹੈ।ਹਾਈਵੇਅ 'ਤੇ ਤੇਜ਼ ਰਫਤਾਰ ਗੱਡੀਆਂ ਪਾਣੀ ਵਿੱਚ ਪਲਟਣ ਤੋਂ ਬਚਾਉਣ ਲਈ ਇੱਕ ਬੈਰੀਕੇਟ ਖੜ੍ਹਾ ਕਰ ਦਿੱਤਾ ਗਿਆ ਹੈ।

ਉਲਟਾ ਸੜਕ 'ਤੇ ਖੜ੍ਹੇ ਪਾਣੀ ਨੂੰ ਕਿਸੇ ਸਰਕਾਰੀ ਅਧਿਕਾਰੀ ਵੱਲੋਂ ਕਢਵਾਉਣ ਦਾ ਕੋਈ ਉਪਰਾਲਾ ਨਹੀਂ ਕੀਤਾ ਗਿਆ ਹੈ।ਸੜਕ 'ਤੇ ਖੜ੍ਹੇ ਪਾਣੀ ਕਾਰਨ ਉਨ੍ਹਾਂ ਦੇ ਬੱਚਿਆਂ ਨੂੰ ਪਾਤੜਾਂ ਤੇ ਪਟਿਆਲਾ ਦੇ ਸਕੂਲਾਂ ਵਿੱਚ ਜਾਣ ਵੇਲੇ ਬਹੁਤ ਦਿਕਤਾਂ ਆਉਂਦੀਆਂ ਹਨ। ਕਈ ਵਾਰ ਤੇਜ਼ ਰਫ਼ਤਾਰ ਗੱਡੀਆਂ ਲੰਘਣ ਵੇਲੇ ਉਨ੍ਹਾਂ ਦੀਆਂ ਕਿਤਾਬਾਂ ਤੇ ਕੱਪੜੇ ਪਾਣੀ ਨਾਲ ਖਰਾਬ ਹੋ ਜਾਂਦੇ ਹਨ, ਜਿਸ ਕਾਰਨ ਉਨ੍ਹਾਂ ਤੋਂ ਸਕੂਲ ਨਹੀਂ ਜਾ ਹੁੰਦਾ।ਸਰਵਿਸ ਰੋਡ ਦੇ ਨਾਲ ਲਗਦਾ ਡਿਵਾਈਡਰ ਘਾਹ ਫੂਸ ਤੇ ਜੰਗਲੀ ਝਾੜੀਆਂ ਨਾਲ ਬੰਦ ਹੋਇਆ ਪਿਆ ਹੈ।ਪਿੰਡ ਵਾਸੀਆਂ ਵੱਲੋਂ ਸਰਕਾਰ ਤੋਂ ਅਨੋਖੀ ਮੰਗ ਵੀ ਕੀਤੀ ਗਈ ਕਿ ਜੇਕਰ ਪਾਣੀ ਕੱਢਣ ਦਾ ਪ੍ਰਬੰਧ ਨਹੀਂ ਹੁੰਦਾ ਤਾਂ ਸਾਨੂੰ ਬੇੜੀ ਹੀ ਦੇ ਦਿੱਤੀ ਜਾਵੇ ਤਾਂ ਕਿ ਅਸੀਂ ਬੇੜੀ ਰਾਹੀਂ ਆਪਣੇ ਬੱਚਿਆਂ ਨੂੰ ਸਕੂਲ ਪੁੱਜਦੇ ਕਰ ਸਕੀਏ।ਉਨ੍ਹਾਂ ਪਾਣੀ ਦਾ ਪ੍ਰਬੰਧ ਨਾ ਕਰਨ ਦੀ ਸੂਰਤ ਵਿੱਚ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਹੱਲ ਨਹੀਂ ਹੁੰਦਾ ਤਾਂ ਉਨ੍ਹਾਂ ਨੂੰ ਮਜਬੂਰਨ ਸੜਕ 'ਤੇ ਧਰਨਾ ਲਗਾਉਣਾ ਪਵੇਗਾ, ਜਿਸ ਦਾ ਜ਼ਿਮੇਵਾਰ ਪੰਜਾਬ ਸਰਕਾਰ ਦਾ ਪਾਤੜਾਂ ਪ੍ਰਸ਼ਾਸਨ ਹੋਵੇਗਾ।

## ਪੰਜਾਬ ਸਰਕਾਰ ਵੱਲੋਂ ਮੰਡੀ ਲੇਬਰ ਰੇਟ ਵਿੱਚ 10 ਫ਼ੀਸਦੀ ਵਾਧਾ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਜ਼ਦੂਰ ਭਲਾਈ ਵੱਲ ਇੱਕ ਹੋਰ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੰਡੀ ਲੇਬਰ ਰੇਟ ਵਿੱਚ 10 ਫ਼ੀਸਦੀ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ।ਇਹ ਫੈਸਲਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਪ੍ਰਧਾਨਗੀ ਹੇਠ ਹੋਈ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਦੌਰਾਨ ਲਿਆ ਗਿਆ।ਜ਼ਿਕਰਯੋਗ ਹੈ ਕਿ ਝੋਨੇ ਦਾ ਮੰਡੀ ਲੇਬਰ ਰੇਟ 17.50 ਰੁਪਏ ਤੋਂ ਵਧਾ ਕੇ 19.26 ਰੁਪਏ ਪ੍ਰਤੀ ਬੈਗ (37.5 ਕਿਲੋਗ੍ਰਾਮ) ਕਰ ਦਿੱਤਾ ਗਿਆ ਹੈ, ਜਿਸ ਨਾਲ ਪ੍ਰਤੀ ਬੈਗ 1.76 ਰੁਪਏ ਦਾ ਵਾਧਾ ਹੋਇਆ ਹੈ।ਬਰਸਟ ਨੇ ਕਿਹਾ ਕਿ ਮੰਡੀ ਲੇਬਰ ਰੇਟ ਵਿੱਚ 10 ਫ਼ੀਸਦੀ ਵਾਧਾ ਮਜ਼ਦੂਰ ਯੂਨੀਅਨਾਂ ਦੀ ਮੰਗ ਨੂੰ ਮੁੱਖ ਰੱਖਦਿਆਂ ਕੀਤਾ ਗਿਆ ਹੈ, ਜੋ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਜ਼ਦੂਰ ਭਲਾਈ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਸੋਧੀਆਂ ਦਰਾਂ ਮਜ਼ਦੂਰਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਤਿ ਲੋੜੀਂਦੀ ਰਾਹਤ ਪ੍ਰਦਾਨ ਕਰਨ ਤੋਂ ਇਲਾਵਾ ਨਿਰਪੱਖ ਕਿਰਤ ਅਭਿਆਸਾਂ ਨੂੰ ਉਤਸ਼ਾਹਤ ਕਰਨਗੀਆਂ ਅਤੇ ਖੇਤੀਬਾੜੀ ਸਪਲਾਈ ਲੜੀ ਵਿੱਚ ਸ਼ਾਮਲ ਲੋਕਾਂ ਦੇ ਜੀਵਨ ਵਿੱਚ ਸੁਧਾਰ ਲਿਆਉਣਗੀਆਂ।

## ਬੇਟੀ ਪ੍ਰਨੀਤ ਕੌਰ ਢੀਂਡਸਾ ਦੀ ਯਾਦ 'ਚ 350 ਫਲਦਾਰ ਬੂਟੇ ਵੰਡੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਛੀਨੀਵਾਲ ਕਲਾਂ ਵਿਖੇ ਹੋਣਹਾਰ ਧੀ ਪ੍ਰਨੀਤ ਕੌਰ ਢੀਂਡਸਾ ਸਪੁੱਤਰੀ ਕਾਂਗਰਸੀ ਆਗੂ ਨਿਰਭੈ ਸਿੰਘ ਢੀਂਡਸਾ, ਸਰਪੰਚ ਸੁਖਦੀਪ ਕੌਰ ਛੀਨੀਵਾਲ ਕਲਾਂ ਦੀ ਅੰਤਿਮ ਅਰਦਾਸ ਮੌਕੇ ਸਮਾਜ ਸੇਵਕ ਪਿਆਰਾ ਸਿੰਘ ਮਾਹਮਦਪੁਰ ਨੇ 350 ਫ਼ਲਦਾਰ ਬੂਟੇ ਵੰਡ ਕੇ ਵਾਤਾਵਰਣ ਦੀ ਸੰਭਾਲ ਲਈ ਅਹਿਮ ਯੋਗਦਾਨ ਪਾਇਆ।ਇਸ ਮੌਕੇ ਵੱਖ ਵੱਖ ਆਗੂਆਂ ਨੇ ਇਸ ਸਮਾਜ ਸੇਵੀ ਕਾਰਜ ਦੀ ਸ਼ਲਾਘਾ ਕਰਦਿਆਂ ਇਸ ਤੋਂ ਸੇਧ ਲੈ ਕੇ ਨੌਜਵਾਨ ਵਰਗ ਨੂੰ ਅੱਗੇ ਆਉਣ ਦੀ ਅਪੀਲ ਕੀਤੀ।ਪਿਆਰਾ ਸਿੰਘ ਇੰਸਾਂ ਮਾਹਮਦਪੁਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਮੁਹਿੰਮ ਚਲਾਈ ਜਾ ਰਹੀ ਹੈ।ਇਸ ਬੂਟੇ ਵੰਡਣ ਦੀ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਸੇਵਾ ਖੂਬ ਨਿਭਾਈ ਗਈ।ਸਾਰੀ ਸੰਗਤ ਨੇ ਬਹੁਤ ਹੀ ਸਤਿਕਾਰ ਨਾਲ ਫ਼ਲਦਾਰ ਬੂਟੇ ਲਏ ਤੇ ਪ੍ਰਨੀਤ ਕੌਰ ਦੀ ਯਾਦ ਵਿੱਚ ਲਾਉਣ ਦਾ ਪ੍ਰਣ ਵੀ ਕੀਤਾ ਗਿਆ।ਪ੍ਰਬੰਧਕਾਂ ਨੇ ਮੁਫ਼ਤ ਫ਼ਲਦਾਰ ਬੂਟੇ ਵੰਡਣ ਤੇ ਸਮਾਜ ਸੇਵੀ ਪਿਆਰਾ ਸਿੰਘ ਇੰਸਾਂ ਮਾਹਮਦਪੁਰ ਦਾ ਉਚੇਚਾ ਧੰਨਵਾਦ ਕੀਤਾ।

## ਦੇਸ਼ ਭਗਤ 'ਵਰਸਿਟੀ ਵਿਖੇ ਦੀਕਸ਼ਾਰੰਭ ਇੰਡਕਸ਼ਨ ਪ੍ਰੋਗਰਾਮ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਆਪਣੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਸਟੂਡੈਂਟ ਇੰਡਕਸ਼ਨ ਪ੍ਰੋਗਰਾਮ ਦੀਕਸ਼ਾਰੰਭ ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ, ਜਿਸ ਦਾ ਉਦੇਸ਼ ਡੀਬੀਯੂ ਪਰਿਵਾਰ ਵਿੱਚ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨਾ ਤੇ ਉਨ੍ਹਾਂ ਨੂੰ ਅਮੀਰ ਅਕਾਦਮਿਕ ਯਾਤਰਾ ਲਈ ਤਿਆਰ ਕਰਨਾ ਹੈ।ਇਹ ਪ੍ਰੋਗਰਾਮ ਪ੍ਰੇਰਨਾਦਾਇਕ ਭਾਸ਼ਣਾਂ, ਦਿਲਚਸਪ ਸੈਸ਼ਨਾਂ ਤੇ ਜੀਵੰਤ ਸੱਭਿਆਚਾਰਕ ਪ੍ਰਦਰਸ਼ਨਾਂ ਨਾਲ ਇਕ ਸ਼ਾਨਦਾਰ ਸਫਲਤਾ ਸਾਬਿਤ ਹੋਇਆ।ਇਸ ਪ੍ਰੋਗਰਾਮ ਦੌਰਾਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਡਾ. ਤਜਿੰਦਰ ਕੌਰ ਪ੍ਰੋ-ਚਾਂਸਲਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰੋਗਰਾਮ ਦੇ ਉਦਘਾਟਨੀ ਸੈਸ਼ਨ ਦੀ ਸ਼ੁਰੂਆਤ ਰਜਿਸਟਰਾਰ ਡਾ. ਸੁਰਿੰਦਰ ਪਾਲ ਕਪੂਰ ਦੇ ਨਿੱਘੇ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਤੇ ਉੱਤਮਤਾ ਪ੍ਰਾਪਤ ਕਰਨ ਲਈ ਉਤਸ਼ਾਹਤ ਕੀਤਾ ਗਿਆ।ਇਸ ਮੌਕੇ ਪ੍ਰਸਿੱਧ ਮਾਹਰ ਬੁਲਾਰੇ ਤੇ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਪੰਕਜ ਠੱਕਰ ਨੇ ਆਪਣੇ ਉੱਤਮ ਵਿਚਾਰ ਵਾਲੇ ਸੈਸ਼ਨ ਨਾਲ ਇਕੱਠ ਨੂੰ ਊਰਜਾਵਾਨ ਬਣਾਇਆ, ਜਿਸ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਬਾਰੇ ਪ੍ਰੇਰਿਤ ਤੇ ਉਤਸ਼ਾਹਤ ਕੀਤਾ।ਸ਼ਾਮ ਦੇ ਇੱਕ ਖਾਸ ਆਕਰਸ਼ਣ ਵਿੱਚ ਪ੍ਰੈਜ਼ੀਡੈਂਟ ਦੇ ਓਐਸਡੀ, ਅਮਿਤ ਕੁਕਰੇਜਾ ਨੇ ਪ੍ਰਸਿੱਧ ਗਾਇਕ ਕਮਲਜੀਤ ਸਿੰਘ ਨਾਲ ਲਾਈਵ ਪ੍ਰਦਰਸ਼ਨ ਕੀਤਾ, ਜਿਸ ਨਾਲ ਜਸ਼ਨ ਵਿੱਚ ਇੱਕ ਸੁਰੀਲਾ ਅਹਿਸਾਸ ਸ਼ਾਮਲ ਹੋਇਆ।ਇਹ ਦੀਕਸ਼ਾਰੰਭ ਪ੍ਰੋਗਰਾਮ ਡੀਬੀਯੂ ਦੀ ਨਵੇਂ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਵਿੱਚ ਜੋੜਨ, ਉਨ੍ਹਾਂ ਨੂੰ ਜ਼ਰੂਰੀ ਹੁਨਰਾਂ ਨਾਲ ਲੈਸ ਕਰਨ ਤੇ ਉਨ੍ਹਾਂ ਦੀ ਭਵਿੱਖੀ ਸਫਲਤਾ ਲਈ ਇੱਕ ਮਜ਼ਬੂਤ ਨੀਂਹ ਰੱਖਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਮੁਫ਼ਤ ਮੈਗਾ ਸਿਹਤ ਜਾਂਚ ਕੈਂਪ ਦੀਆਂ ਤਿਆਰੀਆਂ ਮੁਕੰਮਲ : ਗਰਗ/ਬਜਾਜ

*31 ਨੂੰ ਸ੍ਰੀ ਸਨਾਤਨ ਧਰਮ ਚੈਰੀਟੇਬਲ ਹਸਪਤਾਲ ਵਿਖੇ ਲੱਗੇਗਾ ਕੈਂਪ*

**ਧੂਰੀ (ਮਨੋਹਰ ਸਿੰਘ ਸੱਗੂ)**-ਧੂਰੀ ਵਿਕਾਸ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਤੇ ਉੱਪ-ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ 'ਚ ਮੰਚ ਵੱਲੋਂ 31 ਅਗਸਤ ਨੂੰ ਸ੍ਰੀ ਸਨਾਤਨ ਧਰਮ ਚੈਰੀਟੇਬਲ ਹਸਪਤਾਲ ਧੂਰੀ ਵਿਖੇ ਲਗਾਏ ਜਾਣ ਵਾਲੇ ਮੁਫ਼ਤ ਮੈਗਾ ਸਿਹਤ ਜਾਂਚ ਕੈਂਪ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਮੀਟਿੰਗ ਉਪਰੰਤ ਮੰਚ ਦੇ ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਂਪ ਸਬੰਧੀ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਤੇ 31 ਅਗਸਤ ਨੂੰ ਸਵੇਰੇ 10 ਵਜੇ ਸ਼ੁਰੂ ਹੋਣ ਵਾਲੇ ਇਸ ਕੈਂਪ 'ਚ ਹੱਡੀਆਂ ਦੇ ਮਾਹਰ ਡਾ: ਅਕਾਸ਼ਦੀਪ ਸਿੰਘ, ਸਰਜਨ ਡਾ: ਰੁਪਿੰਦਰ ਗਰਗ, ਛਾਤੀ ਤੇ ਟੀ ਬੀ ਰੋਗਾਂ ਦੀ ਮਾਹਰ ਡਾ: ਏ ਤਾਇਲ, ਅੱਖਾਂ ਦੇ ਮਾਹਰ ਡਾ: ਅਮਨਦੀਪ ਗਰਗ, ਮੈਡੀਸ਼ਨ ਵਿਭਾਗ ਦੇ ਡਾ: ਯਸ਼ਪਾਲ ਗੋਇਲ, ਔਰਤ ਰੋਗਾਂ ਦੀ ਮਾਹਰ ਡਾ: ਆਸਥਾ ਗਰਗ, ਦੰਦਾਂ ਦੇ ਰੋਗਾਂ ਦੀ ਮਾਹਰ ਡਾ: ਦੀਕਸ਼ਾ ਗਰਗ ਤੇ ਚਮੜੀ ਰੋਗਾਂ ਦੀ ਮਾਹਰ ਡਾ: ਮਨਪ੍ਰੀਤ ਕੌਰ ਆਪਣੀ ਟੀਮ ਸਹਿਤ ਮਰੀਜ਼ਾਂ ਦੀ ਜਾਂਚ ਕਰਨਗੇ ਤੇ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ।ਪ੍ਰਧਾਨ ਅਮਨ ਗਰਗ ਨੇ ਕਿਹਾ ਕਿ ਕੈਂਪ ਦਾ ਮਕਸਦ ਲੋਕਾਂ 'ਚ ਆਪਣੀ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਗਰੀਬ ਤੇ ਲੋੜਮੰਦਾਂ ਨੂੰ ਇਲਾਜ ਸਹੂਲਤ ਮੁਹੱਈਆ ਕਰਵਾਉਣਾ ਹੈ। ਚੇਅਰਮੈਨ ਜੱਗੀ ਢੀਂਡਸਾ ਨੇ ਲੋਕਾਂ ਨੂੰ ਕੈਂਪ ਦਾ ਲਾਹਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਮੈਗਾ ਸਿਹਤ ਜਾਂਚ ਕੈਂਪ ਧੂਰੀ ਸ਼ਹਿਰ ਤੇ ਨੇੜਲੇ ਇਲਾਕਿਆਂ ਦੇ ਮਰੀਜ਼ਾਂ ਨੂੰ ਸਿਹਤ ਜਾਂਚ ਕਰਵਾਉਣ ਦਾ ਵਧੀਆ ਉਦਮ ਸਾਬਿਤ ਹੋਵੇਗਾ।ਮੀਟਿੰਗ 'ਚ ਸੰਦੀਪ ਬਾਂਸਲ, ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਸੁਰਿੰਦਰਪਾਲ ਸਿੰਘ ਨੀਟਾ, ਸੰਜੀਵ ਗਰਗ ਤੇ ਮੋਹਿਤ ਜਿੰਦਲ ਆਦਿ ਮੌਜੂਦ ਸਨ।

## ਟੀ ਐੱਸ ਯੂ ਆਗੂਆਂ ਨੇ ਵਿਧਾਇਕ ਨੂੰ ਦਿੱਤਾ ਮੰਗ ਪੱਤਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ ਰਜਿ. 49 ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਦੀ ਅਗਵਾਈ ਵਿੱਚ ਵਫਦ ਵੱਲੋਂ ਹਲਕਾ ਭੁੱਚੋ ਦੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੂੰ ਮੁਲਾਜ਼ਮਾਂ ਦੀਆਂ ਭਖਦੀਆਂ ਮੰਗਾਂ ਦਾ ਨਿਪਟਾਰਾ ਕਰਵਾਉਣ ਲਈ ਮੰਗ ਪੱਤਰ ਦਿੱਤਾ ਗਿਆ। ਜਥੇਬੰਦੀ ਦੇ ਮੀਤ ਪ੍ਰਧਾਨ ਜਗਦੀਪ ਸਿੰਘ ਹੰਸ, ਪ੍ਰਚਾਰ ਸਕੱਤਰ ਪਿਆਰਾ ਸਿੰਘ ਤੇ ਅਮਰਜੀਤ ਸਿੰਘ ਸਬ ਫਾਇਰ ਅਫਸਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਥਰਮਲ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਵਾਉਣ ਲਈ ਬਿਜਲੀ ਮੰਤਰੀ ਪੰਜਾਬ ਸੰਜੀਵ ਅਰੋੜਾ ਨਾਲ ਮੀਟਿੰਗ ਕਰਵਾਈ ਜਾਵੇ। ਮੰਗ ਪੱਤਰ ਅਨੁਸਾਰ 17/07/2020 ਤੋਂ ਭਰਤੀ ਹੋਏ ਮੁਲਾਜ਼ਮਾਂ ਨੂੰ ਛੇਵਾਂ ਪੇ ਕਮਿਸ਼ਨ ਲਾਗੂ ਕਰਨ, 2005 ਤੋਂ ਸੇਵਾ ਨਿਭਾ ਰਹੇ ਵਰਕਚਾਰਜ ਕਾਮਿਆਂ ਨੂੰ ਰੈਗੂਲਰ ਕਰਨ ਉਪਰੰਤ ਛੇਵਾਂ ਪੇ ਕਮਿਸ਼ਨ ਲਾਗੂ ਕਰਨ, ਤਰੱਕੀ ਰਾਹੀਂ ਤੇ ਸਿੱਧੀ ਭਰਤੀ ਰਾਹੀ ਆਏ ਟੀ ਜੀ 2, ਜੇ. ਪੀ. ਏ. ਈ. ਜੀ. ਦਾ ਸਕੇਲ ਬਰਾਬਰ ਕਰਨ, ਥਰਮਲ ਕੈਟਾਗਰੀਆਂ ਨੂੰ ਜੇ ਈ ਦੇ ਬਰਾਬਰ ਸ਼ੁਰੂਆਤੀ ਸਕੇਲ 19260 ਦੇਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਥਰਮਲ ਪਲਾਂਟਾਂ ਅੰਦਰ ਪਿਛਲੇ ਕਈ ਸਾਲਾਂ ਤੋਂ ਸੈਂਕੜੇ ਪੋਸਟਾਂ ਖਾਲੀ ਪਈਆਂ ਹਨ, ਸਿੱਧੀ ਭਰਤੀ ਦੀਆਂ ਖਾਲੀ ਪੋਸਟਾਂ ਜਲਦੀ ਭਰੀਆਂ ਜਾਣ, ਥਰਮਲ ਪਲਾਂਟ ਲਹਿਰਾ ਮੁਹੱਬਤ ਤੇ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਰੂਪਨਗਰ ਵਿੱਚ ਫਾਇਰ ਤੇ ਸੇਫਟੀ ਸੈੱਲ ਵਿੱਚ ਕੰਮ ਕਰਦੇ ਕਰਮਚਾਰੀਆਂ ਨੂੰ ਉਤਪਾਦਨ ਭੱਤਾ 60% ਤੋਂ ਵਧਾ ਕੇ 100% ਕਰਨ ਆਦਿ ਮੰਗਾਂ ਸਬੰਧੀ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਮੰਗਾਂ ਬਾਰੇ ਬਿਜਲੀ ਮੰਤਰੀ ਪੰਜਾਬ ਨਾਲ ਜਥੇਬੰਦੀ ਦੀ ਮੀਟਿੰਗ ਕਰਵਾ ਕੇ ਹੱਲ ਕਰਵਾਇਆ ਜਾਵੇਗਾ।

## ਵੋਟ ਚੋਰੀ ਲੋਕਤੰਤਰ ਦੇ ਖਿਲਾਫ਼ : ਜਗਰੂਪ ਸਿੰਘ ਜੂਪਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਜਗਰੂਪ ਸਿੰਘ ਜੂਪਾ ਵਾਇਸ ਪ੍ਰਧਾਨ ਯੂਥ ਕਾਂਗਰਸ ਨੇ ਕਿਹਾ ਕਿ ਅਸੀਂ ਵੋਟ ਚੋਰੀ ਦੇ ਖ਼ਿਲਾਫ਼ ਹਾਂ, ਇਹ ਲੋਕਤੰਤਰ ਦੇ ਖ਼ਿਲਾਫ਼ ਹੈ, ਦੇਸ ਦੇ ਲੋਕਾਂ ਬਹੁਤ ਵੱਡਾ ਧੋਖਾ ਕੀਤਾ ਹੈ। ਬੀ.ਜੇ.ਪੀ ਦਾ ਚਿਹਰਾ ਲੋਕਾਂ ਸਾਹਮਣੇ ਆ ਚੁੱਕਾ ਹੈ। ਮੈਂ ਦੇਸ ਦੇ ਲੋਕਾਂ ਨੂੰ ਬੇਨਤੀ ਕਰਦਾ ਹਾਂ ਵੱਧ ਤੋਂ ਵੱਧ ਰਾਹੁਲ ਗਾਂਧੀ ਦਾ ਸਾਥ ਦੇਈਏ ਤੇ ਸਮੁੱਚੀ ਕਾਂਗਰਸ ਪਾਰਟੀ ਵੋਟ ਚੋਰੀ ਖ਼ਿਲਾਫ਼ ਸੰਘਰਸ਼ ਸ਼ੁਰੂ ਕਰੀਏ।

## ਪੰਨੀਵਾਲਾ ਫੱਤਾ ਮਨਰੇਗਾ ਵਰਕਰ ਯੂਨੀਅਨ ਵੱਲੋਂ ਪ੍ਰਭਾਵਸ਼ਾਲੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਪੰਨੀ ਵਾਲਾ ਫੱਤਾ 'ਚ ਮਨਰੇਗਾ ਵਰਕਰ ਯੂਨੀਅਨ ਵੱਲੋਂ ਨਰੇਗਾ ਮਜ਼ਦੂਰਾਂ ਨਾਲ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ 'ਚ ਨਰੇਗਾ ਮਜ਼ਦੂਰਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਸ਼ਾਮਲ ਹੋਈਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਨਰੇਗਾ ਵਰਕਰ ਯੂਨੀਅਨ ਦੇ ਸੂਬਾ ਆਗੂ ਜਸਵਿੰਦਰ ਸਿੰਘ ਵੱਟੂ ਤੇ ਆਰ.ਐਮ.ਪੀ.ਆਈ ਦੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਸੰਬੋਧਨ ਕੀਤਾ। ਨਰੇਗਾ ਵਰਕਰ ਯੂਨੀਅਨ ਦੀ ਪਿੰਡ ਦੀ ਇਕਾਈ ਬਣਾਈ ਗਈ, ਜਿਸ ਵਿੱਚ 11 ਮੈਂਬਰੀ ਕਮੇਟੀ ਦੇ ਅਹੁਦੇਦਾਰ ਬਣਾਏ ਗਏ, ਜਿਸ ਦੇ ਪ੍ਰਧਾਨ ਸੁਖਦੇਵ ਸਿੰਘ ਸਾਬਕਾ ਮੈਂਬਰ, ਮੀਤ ਪ੍ਰਧਾਨ ਰਮਨਦੀਪ ਕੌਰ ਤੇ ਸੈਕਟਰੀ ਕੁਲਵੰਤ ਸਿੰਘ ਚੁਣੇ ਗਏ। ਮੀਤ ਸੈਕਟਰੀ ਬੇਅੰਤ ਕੌਰ, ਕੈਸ਼ੀਅਰ ਗੁਰਮੀਤ ਸਿੰਘ, ਵਾਈਸ ਕੈਸ਼ੀਅਰ ਰਾਜਵੀਰ ਕੌਰ, ਜ਼ਿਲ੍ਹਾ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਧੂੜੀਆ, ਕਮੇਟੀ ਮੈਂਬਰ ਮੰਦਰ ਸਿੰਘ, ਬਾਬੂ ਸਿੰਘ, ਸਰਬਜੀਤ ਕੌਰ, ਏਕਮ ਸਿੰਘ ਕਮੇਟੀ ਮੈਂਬਰ ਚੁਣੇ ਗਏ।

## ਸ਼ਹੀਦ ਹਰਮਿੰਦਰ ਸਿੰਘ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ

■ ਮੋਹਿੰਦਰ ਭਗਤ ਨੇ ਸਰਕਾਰ ਵੱਲੋਂ ਐਲਾਨੀ 1 ਕਰੋੜ ਦੀ ਵਿੱਤੀ ਸਹਾਇਤਾ ਦੇ ਹਿੱਸੇ ਵਜੋਂ ਪਰਿਵਾਰ ਨੂੰ 6 ਲੱਖ ਦਾ ਚੈੱਕ ਸੌਂਪਿਆ ■ ਸ਼ਹੀਦ ਦੇ ਭਰਾ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ, ਪਿੰਡ 'ਚ ਬਣੇਗੀ ਯਾਦਗਾਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀਨਗਰ ਦੇ ਕੁਲਗਾਮ ਜ਼ਿਲ੍ਹੇ ਵਿੱਚ ਸ਼ਹੀਦ ਹੋਏ ਭਾਰਤੀ ਫ਼ੌਜ ਦੇ ਜਾਂਬਾਜ ਸਿਪਾਹੀ ਸਵ. ਹਰਮਿੰਦਰ ਸਿੰਘ ਨਮਿੱਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਪਿੰਡ ਬਦੀਨਪੁਰ ਵਿਖੇ ਹੋਈ, ਜਿਸ ਵਿੱਚ ਪੰਜਾਬ ਸਰਕਾਰ ਦੀ ਤਰਫੋਂ ਪੰਜਾਬ ਦੇ ਸੁਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਤੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਵਿਸ਼ੇਸ਼ ਤੌਰ 'ਤੇ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚੇ।ਇਸ ਮੌਕੇ ਉਨ੍ਹਾਂ ਸ਼ਹੀਦ ਹਰਮਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸ਼ਹੀਦ ਦੀ ਬਹਾਦਰੀ ਨੂੰ ਸਲਾਮ ਕੀਤਾ ਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਜਿੱਥੇ ਸ਼ਹੀਦਾਂ ਦੀ ਕੁਰਬਾਨੀ ਨੂੰ ਸਿਜਦਾ ਕਰਦੀ ਹੈ, ਓਥੇ ਨਾਲ ਸ਼ਹੀਦਾਂ ਦੇ ਪਰਿਵਾਰਾਂ ਦੀ ਆਰਥਿਕ ਮਦਦ ਲਈ ਵੀ ਵਚਨਬੱਧ ਹੈ। ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦ ਹਰਮਿੰਦਰ ਸਿੰਘ ਦੇ ਪਰਿਵਾਰ ਲਈ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ ਅੱਜ ਪਰਿਵਾਰ ਨੂੰ 6 ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ ਹੈ ਤੇ ਦਸਤਾਵੇਜ਼ੀ ਪ੍ਰਕਿਰਿਆ ਪੂਰੀ ਹੋਣ ਮਗਰੋਂ ਪੰਜਾਬ ਸਰਕਾਰ ਵੱਲੋਂ ਜਲਦੀ ਹੀ ਪਰਿਵਾਰ ਨੂੰ ਬਾਕੀ ਦੇ 94 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਵੀ ਪ੍ਰਦਾਨ ਕਰ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਸ਼ਹੀਦ ਦੇ ਭਰਾ ਨੂੰ ਸਰਕਾਰੀ ਨੌਕਰੀ ਵੀ ਦਿੱਤੀ ਜਾਵੇਗੀ ਤਾਂ ਕਿ ਭਵਿੱਖ ਵਿੱਚ ਵੀ ਇਹ ਪਰਿਵਾਰ ਵਿੱਤੀ ਤੌਰ 'ਤੇ ਸੁਰੱਖਿਅਤ ਰਹੇ। ਇਸ ਮੌਕੇ ਕੈਬਨਿਟ ਮੰਤਰੀ ਨੇ ਸ਼ਹੀਦ ਦੇ ਪਿਤਾ ਸਮੇਤ ਹੋਰ ਪਰਿਵਾਰਕ ਮੈਂਬਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਤੇ ਸਰਕਾਰ ਦੀ ਤਰਫੋਂ ਭਰੋਸਾ ਦਿਵਾਇਆ ਕਿ ਸਰਕਾਰ ਹਰ ਸੁੱਖ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਡੱਟ ਕੇ ਖੜ੍ਹੀ ਹੈ।

ਇਸ ਮੌਕੇ ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਪਰਿਵਾਰ ਦੀ ਤਰਫੋਂ ਸੰਗਤਾਂ ਦਾ ਧੰਨਵਾਦ ਕੀਤਾ।ਉਨ੍ਹਾਂ ਸ਼ਹੀਦ ਹਰਮਿੰਦਰ ਸਿੰਘ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ ਤੇ ਪਰਿਵਾਰ ਨੂੰ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦਿਵਾਇਆ।ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ, ਜ਼ਿਲ੍ਹਾ ਪੁਲਸ ਮੁਖੀ ਸ਼ੁਭਮ ਅਗਰਵਾਲ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅਜੇ ਸਿੰਘ ਲਿਬੜਾ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਵਿਭਾਗ ਬਲਜਿੰਦਰ ਸਿੰਘ ਵਿਰਕ, ਪ੍ਰਧਾਨ ਨਗਰ ਕੌਂਸਲ ਹਰਪ੍ਰੀਤ ਸਿੰਘ ਪ੍ਰਿੰਸ ਸਮੇਤ ਵੱਡੀ ਗਿਣਤੀ ਵਿੱਚ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਪ੍ਰਸ਼ਾਸਨਕ, ਪੁਲਸ ਤੇ ਫ਼ੌਜ ਦੇ ਅਧਿਕਾਰੀਆਂ, ਪਿੰਡਾਂ ਤੇ ਸ਼ਹਿਰਾਂ ਦੇ ਪਤਵੰਤਿਆਂ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## ...ਸ.ਫਾ 1 ਦੇ ਬਾਕੀ

### ਪਾਰਟੀ ਕਾਂਗਰਸ ਦੇ ਪ੍ਰਚਾਰ...

ਸੀ ਪੀ ਆਈ ਦੀ ਸੂਬਾ ਸਕੱਤਰੇਤ ਮੈਂਬਰ ਦੇਵੀ ਕੁਮਾਰੀ, ਪੰਜਾਬ ਇਸਤਰੀ ਸਭਾ ਦੀ ਸੂਬਾਈ ਪ੍ਰਧਾਨ ਰਜਿੰਦਰਪਾਲ ਕੌਰ, ਸੀ ਪੀ ਆਈ ਦੇ ਸੀਨੀਅਰ ਆਗੂ ਸੁਖਚੈਨ ਸਿੰਘ, ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਬਲਵਿੰਦਰ ਸਿੰਘ ਦੁਧਾਲਾ ਤੇ ਬਲਕਾਰ ਸਿੰਘ ਵਲਟੋਹਾ, ਬਲਕਾਰ ਸਿੰਘ ਦੁਧਾਲਾ, ਮਹਿੰਦਰਪਾਲ ਸਿੰਘ ਤੇ ਰੁਪਿੰਦਰ ਕੌਰ ਮਾੜੀਮੇਘਾ ਵੀ ਮੌਜੂਦ ਸਨ।

### ਸੀ ਪੀ ਆਈ ਦਾ ਇਤਿਹਾਸ...

ਵਿੱਚ ਲਾਲ ਝੰਡੇ ਦੀ ਸ਼ਾਖ ਨੂੰ ਹੋਰ ਉੱਚਾ ਚੁੱਕੇਗਾ। ਕਾਮਰੇਡ ਆਗੂਆਂ ਨੇ ਅਪੀਲ ਕਰਦਿਆਂ ਕਿਹਾ ਕਿ ਮਹਾਂ ਸੰਮੇਲਨ ਦੇ ਪਹਿਲੇ ਦਿਨ ਮੋਹਾਲੀ ਵਿੱਚ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਹਰ ਇਕ ਨੂੰ ਸ਼ਾਮਲ ਹੋਣਾ ਚਾਹੀਦਾ ਹੈ। ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸਾਥੀ ਸੁਖਜਿੰਦਰ ਮਹੇਸਰੀ ਨੇ ਕਿਹਾ ਕਿ ਸੀ ਪੀ ਆਈ ਦਾ ਮਹਾਂ ਸੰਮੇਲਨ ਪੰਜਾਬ ਵਿੱਚ ਉਦੋਂ ਹੋ ਰਿਹਾ ਹੈ, ਜਦੋਂ ਪੰਜਾਬ ਸਮੇਤ ਦੇਸ਼ ਵਿੱਚ ਬੇਰੁਜ਼ਗਾਰੀ ਸਾਰੀਆਂ ਹੱਦਾਂ-ਬੰਨੇ ਟੱਪ ਚੁੱਕੀ ਹੈ ਅਤੇ ਦੇਸ਼ ਦੇ ਹਾਕਮ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਵਿੱਚ ਪੂਰੀ ਤਰ੍ਹਾਂ ਨਾਕਾਮ ਹਨ ਅਤੇ ਜਾਣਬੁੱਝ ਕੇ ਨੌਜਵਾਨਾਂ ਨੂੰ ਗੁੰਮਰਾਹ ਕਰ ਰਹੇ ਹਨ, ਉਦੋਂ ਇਹ ਮਹਾਂ ਸੰਮੇਲਨ ਦੇਸ਼ ਵਿੱਚੋਂ ਬੇਰੁਜ਼ਗਾਰੀ ਨੂੰ ਖ਼ਤਮ ਕਰਨ ਵਾਲੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਨੂੰ ਦੇਸ਼ ਦੀ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਦਾ ਸੱਦਾ ਦੇਵੇਗਾ। ਇਹ ਮਹਾਂ ਸੰਮੇਲਨ ਸਿੱਖਿਆ, ਸਿਹਤ, ਪਾਣੀ ਅਤੇ ਵਾਤਾਵਰਨ ਸੰਭਾਲ ਦੀ ਪ੍ਰਾਪਤੀ, ਖੇਡਾਂ ਨੂੰ ਉਤਸ਼ਾਹਤ ਕਰਨ ਅਤੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵੀ ਆਵਾਜ਼ ਬੁਲੰਦ ਕਰੇਗਾ। ਇਸ ਮੌਕੇ ਵੱਖ-ਵੱਖ ਜ਼ਿਲ੍ਹਿਆਂ ਦੇ ਸਕੱਤਰ ਕਾਮਰੇਡ ਕਸ਼ਮੀਰ ਸਿੰਘ ਫਿਰੋਜ਼ਪੁਰ, ਕਾਮਰੇਡ ਹੰਸ ਰਾਜ ਗੋਲਡਨ ਫਾਜ਼ਿਲਕਾ, ਕਾਮਰੇਡ ਕੁਲਦੀਪ ਭੋਲਾ ਮੋਗਾ ਅਤੇ ਕਾਮਰੇਡ ਹਰਲਾਭ ਦੁਹੇਵਾਲ ਮੁਕਤਸਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਵਿੱਚ ਅਤੇ ਪੰਜਾਬ ਵਿੱਚ ਲੋਕਾਂ ਦੀਆਂ ਰੋਜ਼ਮਰ੍ਹਾ ਮੁਸ਼ਕਲਾਂ ਲਗਾਤਾਰ ਵਧਦੀਆਂ ਜਾ ਰਹੀਆਂ ਹਨ ਅਤੇ ਸਮੇਂ ਦੀਆਂ ਸਰਕਾਰਾਂ ਨੇ ਸਰਮਾਏਦਾਰੀ ਧਿਰ ਦੇ ਹਿੱਤ ਦੇ ਕਾਨੂੰਨ ਬਣਾ ਕੇ ਲੋਕ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਉਹਨਾਂ ਅੱਗੇ ਕਿਹਾ ਕਿ ਇਹਨਾਂ ਹਾਲਤਾਂ ਵਿੱਚ ਸਿਰਫ ਤੇ ਸਿਰਫ ਭਾਰਤੀ ਕਮਿਊਨਿਸਟ ਪਾਰਟੀ ਨੇ ਹੀ ਲੋਕ ਪੱਖੀ ਸੰਘਰਸ਼ ਲੜੇ, ਜਿੱਤੇ ਅਤੇ ਲੜ ਰਹੀ ਹੈ। ਉਹਨਾਂ ਇਹ ਵੀ ਕਿਹਾ ਕਿ ਅੱਜ ਦੇਸ਼ ਅਤੇ ਪੰਜਾਬ ਦੇ ਲੋਕ ਹੁਣ ਜਾਗ ਚੁੱਕੇ ਹਨ ਅਤੇ ਇਹਨਾਂ ਸਰਮਾਏਦਾਰੀ ਪਾਰਟੀਆਂ ਦੀਆਂ ਨੀਤੀਆਂ ਬਾਰੇ ਜਾਣ ਚੁੱਕੇ ਹਨ ਅਤੇ ਹੁਣ ਲਾਲ ਝੰਡੇ ਤੋਂ ਉਮੀਦ ਲਾ ਲਾਲ ਝੰਡਾ ਚੁੱਕ ਰਹੇ ਅਤੇ ਹੁਣ ਉਹ ਦਿਨ ਦੂਰ ਨਹੀਂ ਜਦੋਂ ਲਾਲ ਝੰਡਾ ਆਮ ਲੋਕਾਂ ਲਈ ਲੋਕਾਂ ਦਾ ਰਾਜ ਸਥਾਪਤ ਕਰੇਗਾ। ਇਸ ਜਥਾ ਮਾਰਚ ਮੌਕੇ ਹੋਰਨਾਂ ਤੋਂ ਇਲਾਵਾ ਜੀਤ ਕੁਮਾਰ ਚੌਹਾਣਾ, ਪਰਮਜੀਤ ਢਾਬਾਂ, ਬਲਵੰਤ ਚੌਹਾਣਾ, ਕਾਮਰੇਡ ਰਸ਼ਪਾਲ ਸਿੰਘ, ਕਾਮਰੇਡ ਗੁਰਦਿੱਤ ਸਿੰਘ, ਕਾਮਰੇਡ ਸੁਖਦੇਵ ਭੋਲਾ, ਕਾਮਰੇਡ ਸਿਕੰਦਰ ਸਿੰਘ, ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ, ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ, ਗੁਰਨਾਮ ਸਿੰਘ ਰਾਓ ਕੇ, ਰਾਜ ਕੁਮਾਰ ਬਹਾਦਰ ਕੇ, ਭਾਰਤੀ ਕਮਿਊਨਿਸਟ ਪਾਰਟੀ ਦੇ ਕੰਟਰੋਲ ਕਮਿਸ਼ਨ ਮੈਂਬਰ ਅਤੇ ਬਲਾਕ ਨਿਹਾਲ ਸਿੰਘ ਵਾਲਾ ਦੇ ਸਕੱਤਰ, ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਸਿੰਘ ਭੋਲਾ, ਬਲਾਕ ਮੋਗਾ-2 ਦੇ ਸਕੱਤਰ ਕਾਮਰੇਡ ਸ਼ੇਰ ਸਿੰਘ ਸਰਪੰਚ, ਸੂਰਤ ਸਿੰਘ ਧਰਮਕੋਟ, ਗੁਰਮੇਲ ਸਿੰਘ ਦੋਦਾ, ਚੰਬਾ ਸਿੰਘ, ਬੋਹੜ ਸਿੰਘ, ਮਹਿੰਦਰ ਸਿੰਘ ਧੂੜਕੋਟ, ਸੁਖਦੇਵ ਸਿੰਘ ਭੋਲਾ, ਜਗਸੀਰ ਸਿੰਘ ਖੋਸਾ, ਗੁਰਦਿੱਤ ਸਿੰਘ ਦੀਨਾ, ਸਿਕੰਦਰ ਸਿੰਘ ਮਧੇਕੇ, ਸਤਵੰਤ ਸਿੰਘ ਖੋਟੇ ਅਤੇ ਡਾ. ਇੰਦਰਵੀਰ ਗਿੱਲ, ਸਵਰਾਜ ਖੋਸਾ ਵੀ ਹਾਜ਼ਰ ਸਨ।

### ਆਪੋਜ਼ੀਸ਼ਨ ਸ਼ਾਸਤ...

ਵਰਗੀਆਂ ਲਗਜ਼ਰੀ ਵਸਤੂਆਂ 'ਤੇ ਇੱਕ ਵਾਧੂ ਟੈਕਸ ਲਗਾਇਆ ਜਾਵੇ। ਛੇ ਮੈਂਬਰੀ ਮੰਤਰੀ ਸਮੂਹ ਦੀਆਂ ਸਿਫ਼ਾਰਸ਼ਾਂ ਉੱਚ-ਪੱਧਰੀ ਜੀ ਐੱਸ ਟੀ ਕੌਂਸਲ ਨੂੰ ਭੇਜੀਆਂ ਜਾਣਗੀਆਂ, ਜੋ ਸੁਧਾਰਾਂ 'ਤੇ ਅੰਤਮ ਫੈਸਲਾ ਲਵੇਗੀ। ਮੰਤਰੀ ਸਮੂਹ ਵਿੱਚ ਭਾਜਪਾ ਸ਼ਾਸਤ ਰਾਜਾਂ ਬਿਹਾਰ, ਯੂ ਪੀ ਅਤੇ ਰਾਜਸਥਾਨ ਤੋਂ ਤਿੰਨ-ਤਿੰਨ ਮੈਂਬਰ ਅਤੇ ਵਿਰੋਧੀ ਧਿਰ ਸ਼ਾਸਤ ਰਾਜਾਂ ਕਰਨਾਟਕ (ਕਾਂਗਰਸ), ਕੇਰਲਾ (ਖੱਬੇ-ਪੱਖੀ ਮੋਰਚਾ) ਅਤੇ ਪੱਛਮੀ ਬੰਗਾਲ (ਤ੍ਰਿਣਮੂਲ ਕਾਂਗਰਸ) ਤੋਂ ਬਰਾਬਰ ਮੈਂਬਰ ਸ਼ਾਮਲ ਹਨ।

## ਹੜ੍ਹ ਪੀੜਤਾਂ ਨਾਲ ਹਰ ਤਰ੍ਹਾਂ ਦੀ ਸਹਾਇਤਾ ਲਈ ਖੜੀ ਹੈ ਪੰਜਾਬ ਸਰਕਾਰ : ਬਰਿੰਦਰ ਗੋਇਲ

- *ਟੈਂਡੀ ਵਾਲਾ, ਧੀਰਾ ਘਾਰਾ ਤੇ ਗਜ਼ਨੀਵਾਲਾ ਦਾ ਕੀਤਾ ਦੌਰਾ*
- *ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਸੈਕਟਰਾਂ 'ਚ ਵੰਡ ਕੇ ਕੀਤੇ ਜਾ ਰਹੇ ਰਾਹਤ ਕਾਰਜ*



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਰਿਆਵਾਂ ਵਿਚ ਪਾਣੀ ਦੇ ਵਧੇ ਪੱਧਰ ਕਾਰਨ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕੰਮਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤੇ ਪੰਜਾਬ ਸਰਕਾਰ ਲੋਕਾਂ ਦੇ ਫਸਲਾਂ ਤੇ ਹੋਰ ਹੋਏ ਨੁਕਸਾਨ ਦੀ ਪੂਰੀ ਭਰਪਾਈ ਕਰੇਗੀ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਫਿਰੋਜ਼ਪੁਰ ਦੇ ਪਿੰਡਾਂ ਟੇਂਡੀ ਵਾਲਾ, ਗਜ਼ਨੀ ਵਾਲਾ ਤੇ ਧੀਰਾ ਘਾਰਾਂ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਮੌਕੇ ਇਹ ਗੱਲ ਕਹੀ। ਇਸ ਮੌਕੇ ਵਿਧਾਇਕ ਹਲਕਾ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਹਲਕਾ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ, ਵਿਧਾਇਕ ਗੁਰੂ ਹਰਸਹਾਏ ਫੌਜ਼ਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਿਤ ਖੇਤਰਾਂ ਅੰਦਰ ਰਾਹਤ ਕਾਰਜਾਂ ਦੀ ਨਿਗਰਾਨੀ ਲਈ 8 ਕੈਬਨਿਟ ਮੰਤਰੀਆਂ ਦੀ ਡਿਊਟੀ ਲਗਾਈ ਗਈ ਹੈ, ਜੋ ਵੱਖ ਵੱਖ ਜ਼ਿਲ੍ਹਿਆਂ ਦਾ ਦੌਰਾ ਕਰਕੇ ਪ੍ਰਭਾਵਿਤ ਪਿੰਡਾਂ ਦੇ ਨਿਵਾਸੀਆਂ ਤੱਕ ਸਿੱਧੀ ਪਹੁੰਚ ਕਰ ਰਹੇ ਹਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੋਈ ਹੜ੍ਹ ਪ੍ਰਭਾਵਿਤ ਪਿੰਡ ਨਾ ਰਹਿ ਜਾਵੇ ਇਸ ਦੇ ਲਈ ਸੈਕਟਰਾਂ ਵਿੱਚ ਵੰਡ ਕਰਕੇ ਅਧਿਕਾਰੀਆਂ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਸਭ ਤੋਂ ਅਹਿਮ ਪਹਿਲ ਹੜ੍ਹ ਪ੍ਰਭਾਵਿਤਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਨਾਲ ਨਾਲ ਸਿਹਤ ਸੰਭਾਲ, ਰਾਸ਼ਨ ਮੁਹੱਈਆ ਕਰਵਾਉਣਾ ਤੇ ਪਸ਼ੂ ਧਨ ਦੀ ਸੰਭਾਲ ਹੈ। ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਪੀੜਤ ਪਰਿਵਾਰਾਂ ਨਾਲ ਗੱਲਬਾਤ ਵੀ ਕੀਤੀ ਗਈ ਤੇ ਦਰਪੇਸ਼ ਮੁਸ਼ਕਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਮੌਕੇ 'ਤੇ ਲੋੜਵੰਦਾਂ ਤੱਕ ਹਰ ਸੰਭਵ ਸਹਾਇਤਾ ਪਹੁੰਚਾਉਣ ਦੇ ਹੁਕਮ ਦਿੱਤੇ।

ਹੜ੍ਹ ਪ੍ਰਭਾਵਿਤਾਂ ਨਾਲ ਗੱਲਬਾਤ ਦੌਰਾਨ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਥਿਤੀ ਉਪਰ 24 ਘੰਟੇ ਨਿਗਰਾਨੀ ਰੱਖੀ ਜਾ ਰਹੀ ਹੈ। ਹੜ੍ਹ ਰੋਕੂ ਕਾਰਜਾਂ ਬਾਰੇ ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਹੜ੍ਹ ਰੋਕੂ ਕਾਰਜਾਂ ਉੱਪਰ ਪੰਜਾਬ ਸਰਕਾਰ ਵੱਲੋਂ 276 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਗੋਇਲ ਵੱਲੋਂ ਹੁਸੈਨੀਵਾਲਾ ਹੈੱਡ ਵਿਖੇ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ, ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ, ਮੁੱਖ ਇੰਜੀਨੀਅਰ ਡਰੇਨੇਜ਼ ਹਰਦੀਪ ਸਿੰਘ ਮੈਂਦੀਰੱਤਾ, ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ਤੇ ਜ਼ਰੂਰੀ ਦਿਸ਼ਾ ਨਿਰਦੇਸ਼ ਵੀ ਦਿੱਤੇ ਗਏ। ਇਸ ਮੌਕੇ ਐੱਸ ਡੀ ਐੱਮ ਗੁਰਮੀਤ ਸਿੰਘ, ਐੱਸ ਡੀ ਐੱਮ ਗੁਰੂ ਹਰਸਹਾਏ ਉਦੇਦੀਪ ਸਿੰਘ ਸਿੱਧੂ, ਆਰਟੀਏ ਅਮਨਦੀਪ, ਐੱਸਈ ਰਾਜਨ ਢੀਂਗਰਾ, ਸੰਦੀਪ ਗੋਇਲ, ਅਮਨਦੀਪ ਕੌਰ ਗੋਸਲ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ।

## 'ਲਾਈਫ ਏਕ ਉਮੀਦ' ਨੇ ਆਜ਼ਾਦੀ ਦਿਹਾੜੇ ਮੌਕੇ ਪੌਦੇ ਲਾਏ



**ਜਲੰਧਰ (ਨ ਜ਼ ਸ)**-ਲਾਈਫ ਏਕ ਉਮੀਦ ਸੰਸਥਾ ਵੱਲੋਂ ਆਜ਼ਾਦੀ ਦਿਹਾੜੇ ਮੌਕੇ ਪੌਦੇ ਲਗਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ। ਇਸ ਤਹਿਤ ਸੰਸਥਾ ਦੇ ਵਾਈਸ ਪ੍ਰਧਾਨ ਡਾ. ਰਾਜ ਕਮਲ ਸਿੱਧੂ ਅਤੇ ਸੰਸਥਾ ਦੇ ਮੈਂਬਰ ਸਾਹਿਬਾਨਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਏ ਗਏ ਅਤੇ ਵੰਡੇ ਗਏ। ਡਾ. ਸਿੱਧੂ ਨੇ ਪਿਆਰ ਭਰਿਆ ਸੁਨੇਹਾ ਦਿੱਤਾ ਕਿ ਆਓ ਅਸੀ ਸਾਰੇ ਆਪਣੇ ਆਲੇ ਦੁਆਲੇ ਪੌਦੇ ਲਾਈਏ ਅਤੇ ਦੂਸ਼ਿਤ ਵਾਤਾਵਰਣ ਨੂੰ ਖਤਮ ਕਰੀਏ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਰੋਗ ਮੁਕਤ ਪ੍ਰਦੂਸ਼ਣ ਰਹਿਤ ਲੰਬਾ ਜੀਵਨ ਜੀਅ ਸਕੀਏ। ਜ਼ਿਕਰਯੋਗ ਹੈ ਕਿ ਸੰਸਥਾ ਵੱਲੋਂ ਸਮੇਂ-ਸਮੇਂ 'ਤੇ ਮੈਡੀਕਲ ਕੈਂਪ ਤੇ ਗਰੀਬਾਂ ਦੀ ਮਦਦ ਲਈ ਹੋਰ ਵੀ ਉਪਰਾਲੇ ਕੀਤੇ ਜਾਂਦੇ ਹਨ।

## ਮੰਤਰੀ ਵੱਲੋਂ ਹੜ੍ਹ ਪ੍ਰਭਾਵਤ ਪਿੰਡਾਂ ਗਜਨੀਵਾਲਾ, ਟੈਂਡੀ ਵਾਲਾ, ਪਿੰਡ ਧੀਰਾ ਘਾਰਾ ਦਾ ਦੌਰਾ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਰਿਆਵਾਂ ਵਿੱਚ ਪਾਣੀ ਦੇ ਵਧੇ ਪੱਧਰ ਕਾਰਨ ਪ੍ਰਭਾਵਤ ਖੇਤਰਾਂ ਵਿੱਚ ਰਾਹਤ ਕੰਮਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤੇ ਪੰਜਾਬ ਸਰਕਾਰ ਲੋਕਾਂ ਦੀਆਂ ਫ਼ਸਲਾਂ ਤੇ ਹੋਰ ਹੋਏ ਨੁਕਸਾਨ ਦੀ ਪੂਰੀ ਭਰਪਾਈ ਕਰੇਗੀ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਫ਼ਿਰੋਜ਼ਪੁਰ ਦੇ ਪਿੰਡਾਂ ਟੇਂਡੀ ਵਾਲਾ, ਗਜ਼ਨੀ ਵਾਲਾ ਤੇ ਧੀਰਾ ਘਾਰਾਂ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਪ੍ਰਭਾਵਤ ਖੇਤਰਾਂ ਦਾ ਦੌਰਾ ਕਰਨ ਮੌਕੇ ਇਹ ਗੱਲ ਕਹੀ। ਇਸ ਮੌਕੇ ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਹਲਕਾ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਤ ਖੇਤਰਾਂ ਅੰਦਰ ਰਾਹਤ ਕਾਰਜਾਂ ਦੀ ਨਿਗਰਾਨੀ ਲਈ 8 ਕੈਬਨਿਟ ਮੰਤਰੀਆਂ ਦੀ ਡਿਊਟੀ ਲਾਈ ਗਈ ਹੈ, ਜੋ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰਕੇ ਪ੍ਰਭਾਵਿਤ ਪਿੰਡਾਂ ਦੇ ਨਿਵਾਸੀਆਂ ਤੱਕ ਸਿੱਧੀ ਪਹੁੰਚ ਕਰ ਰਹੇ ਹਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੋਈ ਹੜ੍ਹ ਪ੍ਰਭਾਵਤ ਪਿੰਡ ਨਾ ਰਹਿ ਜਾਵੇ। ਇਸ ਲਈ ਸੈਕਟਰਾਂ ਵਿੱਚ ਵੰਡ ਕਰਕੇ ਅਧਿਕਾਰੀਆਂ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਸਭ ਤੋਂ ਅਹਿਮ ਪਹਿਲ ਹੜ੍ਹ ਪ੍ਰਭਾਵਤਾਂ ਨੂੰ ਸੁਰੱਖਿਅਤ ਥਾਵਾਂ 'ਤੇ ਪੁਚਾਉਣ ਦੇ ਨਾਲ-ਨਾਲ ਸਿਹਤ ਸੰਭਾਲ, ਰਾਸ਼ਨ ਮੁਹੱਈਆ ਕਰਾਉਣਾ ਅਤੇ ਪਸ਼ੂ ਧਨ ਦੀ ਸੰਭਾਲ ਹੈ। ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਪੀੜਤ ਪਰਵਾਰਾਂ ਨਾਲ ਗੱਲਬਾਤ ਵੀ ਕੀਤੀ ਗਈ ਤੇ ਦਰਪੇਸ਼ ਮੁਸ਼ਕਲਾਂ ਸੁਣੀਆਂ ਤੇ ਅਧਿਕਾਰੀਆਂ ਨੂੰ ਮੌਕੇ 'ਤੇ ਲੋੜਵੰਦਾਂ ਤੱਕ ਹਰ ਸੰਭਵ ਸਹਾਇਤਾ ਪੁਚਾਉਣ ਦੇ ਹੁਕਮ ਦਿੱਤੇ।

## ਜਗਦੀਪ ਸਿੰਘ ਚੀਮਾ ਦਾ ਕੀਤਾ ਸਨਮਾਨ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਗੋਪਾਲੋ ਵਿਖੇ ਜਗਦੀਪ ਸਿੰਘ ਚੀਮਾ ਦਾ ਕੌਮੀ ਜਨਰਲ ਸਕੱਤਰ ਬਣਨ 'ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਮਹਾਂਪੁਰਖਾਂ ਦੇ ਆਸ਼ੀਰਵਾਦ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਮੀਤ ਸਿੰਘ ਸੋਨੂੰ ਚੀਮਾ, ਬਾਬਾ ਗੁਰਬਚਨ ਸਿੰਘ ਗੁਪਾਲੋ, ਜਗਦੀਸ਼ ਸਿੰਘ ਲੂਲੋਂ ਸਰਪੰਚ, ਸੁਖਵਿੰਦਰ ਸਿੰਘ ਜ਼ੈਲਦਾਰ, ਤਰਨਜੀਤ ਸਿੰਘ ਤਰਨੀ ਬਸੀ ਪਠਾਣਾਂ, ਸਵਰਨ ਸਿੰਘ ਗੁਪਾਲੋ, ਸੁਖਵਿੰਦਰ ਸਿੰਘ ਲੰਬੜਦਾਰ, ਜਗਤ ਸਿੰਘ, ਪ੍ਰੀਤਮ ਸਿੰਘ, ਕੁਲਦੀਪ ਸਿੰਘ, ਬਲਵੀਰ ਸਿੰਘ ਰਾਜਾ ਲੰਬੜਦਾਰ ਗੁਰਮੇਲ ਸਿੰਘ ਕੋਟਲਾ, ਰਜਿੰਦਰ ਸਿੰਘ ਕੋਟਲਾ, ਚਰਨਜੀਤ ਸਿੰਘ ਕੋਟਲਾ, ਅਮਰਜੀਤ ਸਿੰਘ ਮਾਰਵਾ, ਪਰਮਿੰਦਰ ਸਿੰਘ ਮਾਰਵਾ ਬਿੱਲੂ, ਕਮਲਜੀਤ ਸਿੰਘ ਚੀਮਾ ਸਰਪੰਚ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬੇਰੁਜ਼ਗਾਰ ਸਾਂਝਾ ਮੋਰਚਾ ਜ਼ਿਲ੍ਹਾ ਤਰਨਤਾਰਨ ਦੀ ਭਿੱਖੀਵਿੰਡ ਵਿਖੇ ਮੀਟਿੰਗ

**● ਮਾਸਟਰ ਕੇਡਰ ਅਤੇ ਲੈਕਚਰਾਰ ਦੀ ਨਵੀਂ ਭਰਤੀ ਛੇਤੀ ਤੋਂ ਛੇਤੀ ਕਰਨ ਦੀ ਕੀਤੀ ਮੰਗ**



**ਵਲਟੋਹਾ (ਗੁਰਮੀਤ ਸਿੰਘ ਵਲਟੋਹਾ)**- ਬੇਰੁਜ਼ਗਾਰ ਸਾਂਝਾ ਮੋਰਚਾ ਜ਼ਿਲ੍ਹਾ ਤਰਨਤਾਰਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਜੰਦ ਸਿੰਘ ਬੱਲਿਆਂਵਾਲਾ ਦੀ ਅਗਵਾਈ ਹੇਠ ਭਿੱਖੀਵਿੰਡ ਵਿਖੇ ਹੋਈ। ਮੀਟਿੰਗ ਵਿੱਚ ਬੇਰੁਜ਼ਗਾਰ ਆਗੂਆਂ ਦੱਸਿਆ ਕਿ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਮਿਆਰੀ ਸੁਧਾਰ ਦਾ ਵਾਅਦਾ ਕਰਨ ਅਤੇ ਸੱਤਾ ਹਾਸਲ ਕਰਨ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਕਰੀਬ ਤਿੰਨ ਸਾਲਾਂ ਦੇ ਆਪਣੇ ਸ਼ਾਸਨ ਕਾਲ ਸਮੇਂ ਮਾਸਟਰ ਕੇਡਰ ਅਤੇ ਲੈਕਚਰਾਰ ਦੀ ਇੱਕ ਵੀ ਨਵੀਂ ਭਰਤੀ ਜਾਰੀ ਨਹੀਂ ਕੀਤੀ।ਉਨ੍ਹਾਂ ਦੱਸਿਆ ਕਿ ਬੇਰੁਜ਼ਗਾਰਾਂ ਵੱਲੋਂ ਲਗਾਤਾਰ ਧਰਨੇ ਮੁਜ਼ਾਹਰੇ ਕੀਤੇ ਜਾ ਰਹੇ ਹਨ ਪਰ ਸਰਕਾਰ ਲਗਾਤਾਰ ਲਾਰੇ ਲੱਪਿਆਂ ਵਿੱਚ ਸਮਾਂ ਲੰਘਾ ਰਹੀ ਹੈ।ਆਗੂਆਂ ਵੱਲੋਂ ਮਾਸਟਰ ਕੇਡਰ ਦੀ ਭਰਤੀ ਲਈ ਬੇਤੁਕੀ 55% ਸ਼ਰਤ ਰੱਦ ਕਰਨ, ਮੁਜ਼ਗਾਰ ਲਈ ਉਮਰ ਹੱਦ ਵਿੱਚ ਛੋਟ ਅਤੇ ਲੈਕਚਰਾਰ ਅਤੇ ਮਾਸਟਰ ਕੇਡਰ ਲਈ ਵੱਧ ਤੋਂ ਵੱਧ ਭਰਤੀ ਦਾ ਇਸ਼ਤਿਹਾਰ ਜਾਰੀ ਕਰਨ ਲਈ ਕਿਹਾ। ਬੇਰੁਜ਼ਗਾਰਾਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਬੇਰੁਜ਼ਗਾਰਾਂ ਦੀਆਂ ਮੰਗਾਂ ਅਜੇ ਵੀ ਨਾ ਮੰਨੀਆਂ ਜਾ ਲਾਰੇ-ਲੱਪੇ ਲਾਉਣੇ ਜਾਰੀ ਰੱਖੇ ਤਾਂ ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਉਤੇ ਉਮਰ ਹੱਦ ਛੋਟ ਦੇ ਕੇ ਭਰਤੀ ਕਰਨ, ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ 55 ਪ੍ਰਤੀਸ਼ਤ ਲਾਜ਼ਮੀ ਅੰਕਾਂ ਦੀ ਸ਼ਰਤ ਰੱਦ ਕਰਵਾਉਣ, ਲੈਕਚਰਾਰ ਦੀਆਂ ਰੱਦ ਕੀਤੀਆਂ 343 ਪੋਸਟਾਂ ਵਿੱਚ ਬਾਕੀ ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਜੋੜ ਕੇ ਉਮਰ ਹੱਦ ਛੋਟ ਸਮੇਤ ਇਸ਼ਤਿਹਾਰ ਜਾਰੀ ਕਰਵਾਉਣ ਦੀਆਂ ਮੰਗਾਂ ਲਈ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ। ਜੇਕਰ ਸਰਕਾਰ ਲਗਾਤਾਰ ਲਾਰੇ ਲੱਪਿਆਂ ਵਿੱਚ ਸਮਾਂ ਟਪਾਉਂਦੀ ਹੈ ਅਤੇ ਪੋਸਟਾਂ ਦਾ ਇਸ਼ਤਿਹਾਰ ਜਾਰੀ ਨਹੀਂ ਕਰਦੀ ਤਾਂ ਤਰਨਤਾਰਨ ਦੀ ਜ਼ਿਮਨੀ ਚੋਣ ਸਮੇਂ ਸਰਕਾਰ ਦਾ ਜ਼ਬਰਦਸਤ ਘਿਰਾਓ ਕੀਤਾ ਜਾਵੇਗਾ।ਇਸ ਸਮੇਂ ਮੀਟਿੰਗ ਵਿੱਚ ਕਰਨਬੀਰ ਸਿੰਘ ਖਜਾਨਚੀ, ਪ੍ਰੈਸ ਸਕੱਤਰ ਦੇਵਰਾਜ ਸਿੰਘ ਦਿਆਲਪੁਰਾ, ਮੀਡੀਆ ਸਲਾਹਕਾਰ ਗੁਰਪ੍ਰੀਤ ਸਿੰਘ ਬਾਗੜੀਆ, ਸਕੱਤਰ ਸਤਨਾਮ ਸਿੰਘ ਪੱਟੀ ਤੋਂ ਇਲਾਵਾ ਜਗਰੂਪ ਸਿੰਘ, ਜਤਿੰਦਰ ਕੌਰ, ਇੰਦਰਜੀਤ ਸਿੰਘ, ਜਸਗੁਰਪ੍ਰੀਤ ਸਿੰਘ, ਮਨਦੀਪ ਕੌਰ, ਅਮਨਦੀਪ ਕੌਰ ਅਤੇ ਗੁਰਲਾਲ ਸਿੰਘ ਆਦਿ ਹਾਜ਼ਰ ਸਨ।

# ਜੀਐੱਨਡੀਯੂ ਵੱਲੋਂ ਸੈਂਟਰ ਆਫ ਐਕਸੀਲੈਂਸ ਇਨ ਅਰਬਨ ਪਲੈਨਿੰਗ ਐਂਡ ਡਿਜ਼ਾਈਨ ਨਾਲ ਸਮਝੌਤਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀਐੱਨਡੀਯੂ) ਨੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਅਗਵਾਈ ਹੇਠ ਸਕੂਲ ਆਫ ਪਲੈਨਿੰਗ ਐਂਡ ਆਰਕੀਟੈਕਚਰ, ਨਵੀਂ ਦਿੱਲੀ (ਐੱਸਪੀਏ-ਡੀ) ਦੇ ਸੈਂਟਰ ਆਫ ਐਕਸੀਲੈਂਸ ਇਨ ਅਰਬਨ ਪਲੈਨਿੰਗ ਐਂਡ ਡਿਜ਼ਾਈਨ (ਸੀਓਈ-ਯੂਪੀਡੀ) ਨਾਲ ਤਿੰਨ ਸਾਲਾਂ ਦੇ ਸਮਝੌਤੇ (ਐਮਓਯੂ) 'ਤੇ ਹਸਤਾਖਰ ਕੀਤੇ ਹਨ।ਇਹ ਸਮਝੌਤਾ ਪੰਜਾਬ ਅਤੇ ਦੇਸ਼ ਦੇ ਸਮਾਜਿਕ-ਆਰਥਿਕ ਵਿਕਾਸ ਲਈ ਵਾਈਸ ਚਾਂਸਲਰ ਦੇ ਦੂਰਦਰਸ਼ੀ ਨਜ਼ਰੀਏ ਨੂੰ ਦਰਸਾਉਂਦਾ ਹੈ, ਜਿਸ ਵਿੱਚ ਪਲੈਨਿੰਗ ਅਤੇ ਡਿਜ਼ਾਈਨ ਦੇ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਹੈ।ਐੱਸਪੀਏ-ਡੀ, ਨੂੰ ਸੰਸਦ ਦੇ ਐੱਸਪੀਏ ਐਕਟ 2014, ਸਿੱਖਿਆ ਮੰਤਰਾਲੇ, ਭਾਰਤ ਸਰਕਾਰ ਅਧੀਨ ਰਾਸ਼ਟਰੀ ਮਹੱਤਵ ਦਾ ਸੰਸਥਾਨ ਮੰਨਿਆ ਜਾਂਦਾ ਹੈ।ਇਸ ਨੂੰ ਸ਼ਹਿਰੀ ਅਤੇ ਸੰਘਣੀ ਵਸੋਂ ਮੰਤਰਾਲੇ (ਐੱਮਓਐੱਚਯੂਏ) ਵੱਲੋਂ 'ਸੈਂਟਰ ਆਫ ਐਕਸੀਲੈਂਸ ਇਨ ਅਰਬਨ ਪਲੈਨਿੰਗ ਐਂਡ ਡਿਜ਼ਾਈਨ' ਦਾ ਦਰਜਾ ਦਿੱਤਾ ਗਿਆ ਹੈ।ਕੇਂਦਰੀ ਬਜਟ 2022-23 ਅਨੁਸਾਰ, ਹਰੇਕ ਸੀਓਈ.-ਯੂਪੀਡੀ ਨੂੰ ਸ਼ਹਿਰੀ ਪਲੈਨਿੰਗ ਅਤੇ ਡਿਜ਼ਾਈਨ ਵਿੱਚ ਭਾਰਤ-ਵਿਸ਼ੇਸ਼ ਗਿਆਨ ਵਿਕਸਿਤ ਕਰਨ ਅਤੇ ਸਟਰੈਟਿਜਿਕ ਸਿਖਲਾਈ ਪ੍ਰਦਾਨ ਕਰਨ ਲਈ 250 ਕਰੋੜ ਰੁਪਏ ਦੀ ਐਂਡੋਮੈਂਟ ਫੰਡ ਪ੍ਰਦਾਨ ਕੀਤਾ ਜਾਵੇਗਾ। ਇਸ ਸਮਝੌਤੇ 'ਤੇ ਜੀਐੱਨਡੀਯੂ ਦੇ ਰਜਿਸਟਰਾਰ ਪ੍ਰੋ. ਕੇ. ਐੱਸ ਚਾਹਲ ਅਤੇ ਐੱਸਪੀਏ-ਡੀ ਦੇ ਡਾਇਰੈਕਟਰ ਤੇ ਸੀਓਈ-ਯੂਪੀਡੀ ਦੇ ਟੀਮ ਲੀਡਰ ਪ੍ਰੋ.



ਵੀਰੇਂਦਰ ਕੁਮਾਰ ਪਾਲ ਨੇ ਹਸਤਾਖਰ ਕੀਤੇ। ਇਸ ਮੌਕੇ 'ਤੇ ਪ੍ਰੋ. ਹਰਵਿੰਦਰ ਸਿੰਘ ਸੈਣੀ, ਡੀਨ ਅਕਾਦਮਿਕ ਮਾਮਲੇ, ਪ੍ਰੋ. ਨਵਦੀਪ ਸਿੰਘ ਸੋਢੀ, ਕੋਆਰਡੀਨੇਟਰ ਯੂਨੀਵਰਸਿਟੀ-ਇੰਡਸਟਰੀ ਲਿੰਕੇਜ ਪ੍ਰੋਗਰਾਮ, ਅਤੇ ਡਾ. ਰਵਾਲ ਸਿੰਘ ਔਲਖ, ਸਹਾਇਕ ਪ੍ਰੋਫੈਸਰ, ਡਿਪਾਰਟਮੈਂਟ ਆਫ ਆਰਕੀਟੈਕਚਰ, ਜੀ. ਐੱਨ. ਡੀ. ਯੂ. ਹਾਜ਼ਰ ਸਨ।

# ਏਜੀਸੀ ਵਿਖੇ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ: ਊਰਜਾ ਸਥਿਰਤਾ ਤੇ ਜਲਵਾਯੂ ਕਾਰਵਾਈ 'ਚ ਨਵੀਨਤਾ 'ਤੇ ਹੋਈ ਚਰਚਾ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਅੰਮ੍ਰਿਤਸਰ ਗਰੁੱਪ ਆਫ ਕਾਲਜਿਜ਼ (ਏਜੀਸੀ) ਵਿਖੇ ਮੈਨੇਜਮੈਂਟ ਸਟੱਡੀਜ਼ ਵਿਭਾਗ ਵੱਲੋਂ 21 ਅਤੇ 22 ਅਗਸਤ ਨੂੰ ਭਵਿੱਖ ਨੂੰ ਸਸ਼ਕਤ ਬਣਾਉਣਾ: ਊਰਜਾ ਸਥਿਰਤਾ ਅਤੇ ਜਲਵਾਯੂ ਕਾਰਵਾਈ ਵਿੱਚ ਨਵੀਨਤਾ ਵਿਸ਼ੇ 'ਤੇ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਸੈਮੀਨਾਰ ਜੋ ਕਿ ਵਾਣੀ ਸਕੀਮ ਅਧੀਨ ਏਆਈਸੀਟੀਈ ਦੁਆਰਾ ਸਪਾਂਸਰ ਕੀਤਾ ਗਿਆ ਹੈ, ਖੇਤਰੀ ਭਾਸ਼ਾਵਾਂ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਦਾ ਮਕਸਦ ਵਿਕਸਿਤ ਭਾਰਤ 2047 ਵਿਜ਼ਨ ਅਨੁਸਾਰ ਸਮਾਵੇਸ਼ੀ ਗਿਆਨ ਸਾਂਝੇਦਾਰੀ ਨੂੰ ਪ੍ਰੋਤਸਾਹਿਤ ਕਰਨਾ ਹੈ।ਏਜੀਸੀ ਦੇ ਚੇਅਰਮੈਨ ਐਡਵੋਕੇਟ ਅਮਿਤ ਸ਼ਰਮਾ ਨੇ ਨੌਜਵਾਨ ਪੀੜ੍ਹੀ ਨੂੰ ਸਸ਼ਕਤ ਬਣਾਉਣ ਅਤੇ ਟਿਕਾਊ ਭਵਿੱਖ ਦੀ ਨਿਰਮਾਣ ਪ੍ਰਕਿਰਿਆ ਵਿੱਚ ਹਰੇਕ ਹਿੱਸੇਦਾਰ ਦੀ ਭਾਗੀਦਾਰੀ ਨੂੰ ਮਹੱਤਵਪੂਰਨ ਕਰਾਰ ਦਿੱਤਾ। ਮੈਨੇਜਿੰਗ ਡਾਇਰੈਕਟਰ ਡਾ. ਰਜਨੀਸ਼ ਅਰੋੜਾ ਨੇ ਵਾਤਾਵਰਣ ਸੰਭਾਲ ਪ੍ਰਤੀ ਸੰਸਥਾ ਦੀ ਅਟੱਲ ਵਚਨਬੱਧਤਾ ਨੂੰ ਉਜਾਗਰ ਕੀਤਾ, ਜਦਕਿ ਪ੍ਰਿੰਸੀਪਲ ਡਾ. ਗੌਰਵ ਤੇਜਪਾਲ ਨੇ ਜਲਵਾਯੂ ਚੁਣੌਤੀਆਂ ਦਾ ਸਾਮ੍ਹਣਾ ਕਰਨ ਲਈ ਅੰਤਰ-ਅਨੁਸ਼ਾਸਨੀ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਸੈਮੀਨਾਰ ਵਿੱਚ ਦੇਸ਼ ਭਰ ਤੋਂ ਉੱਚ ਪੱਧਰੀ ਸਿੱਖਿਆ ਸ਼ਾਸਤਰੀ, ਖੋਜਕਰਤਾ, ਨੀਤੀ ਨਿਰਮਾਤਾ, ਵਿਦਿਆਰਥੀ ਅਤੇ ਉਦਯੋਗ ਜਗਤ ਦੇ ਮਾਹਰ ਇਕੱਠੇ ਹੋਣਗੇ, ਜਿਨ੍ਹਾਂ ਵਿੱਚ ਆਈਆਈਐੱਮ., ਐੱਨਆਈਟੀ., ਆਈਕੇਜੀ-ਪੀਟੀਯੂ., ਜੀਐੱਨਡੀਯੂ ਅਤੇ ਪੰਜਾਬੀ ਯੂਨੀਵਰਸਿਟੀ ਵਰਗੀਆਂ ਪ੍ਰਮੁੱਖ ਸੰਸਥਾਵਾਂ ਨਾਲ ਸੰਬੰਧਿਤ ਮਾਹਿਰ ਸ਼ਾਮਲ ਸਨ। ਸੈਮੀਨਾਰ ਦਾ ਮੁੱਖ ਉਦੇਸ਼ ਜਲਵਾਯੂ ਲਚਕਤਾ ਅਤੇ ਟਿਕਾਊ ਊਰਜਾ ਹੱਲਾਂ ਲਈ ਪ੍ਰਭਾਵਸ਼ਾਲੀ ਸੰਵਾਦ ਅਤੇ ਕਾਰਗਰ ਰਣਨੀਤੀਆਂ ਤਿਆਰ ਕਰਨਾ ਹੈ।ਏਜੀਸੀ ਨੇ ਉਨ੍ਹਾਂ ਸਾਰੇ ਵਿਦਿਆਰਥੀਆਂ, ਵਿਦਵਾਨਾਂ ਅਤੇ ਪੇਸ਼ੇਵਰਾਂ ਨੂੰ ਭਾਗੀਦਾਰੀ ਦਾ ਸੱਦਾ ਦਿੱਤਾ ਹੈ, ਜੋ ਊਰਜਾ ਖੇਤਰ ਅਤੇ ਜਲਵਾਯੂ ਕਾਰਵਾਈ ਵਿੱਚ ਨਵੀਨਤਾ ਨੂੰ ਅੱਗੇ ਵਧਾਉਣ ਲਈ ਪ੍ਰਤੀਬੱਧ ਹਨ।

# ਸਮਰਾਲਾ ਕਾਨਫਰੰਸ ਦੀਆਂ ਤਿਆਰੀਆਂ ਨੂੰ ਲੈ ਕੇ ਐੱਸਕੇਐੱਮ ਨੇ ਕੀਤੀ ਅਹਿਮ ਮੀਟਿੰਗ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਿਤ ਜਥੇਬੰਦੀਆਂ ਦੀ ਇੱਕ ਮੀਟਿੰਗ ਚੇਤਨਪੁਰਾ ਵਿਖੇ ਕਿਸਾਨ ਆਗੂ ਕੁਲਵੰਤ ਸਿੰਘ ਚੇਤਨਪੁਰਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਸਮੇਂ ਕੁਲਵੰਤ ਸਿੰਘ ਮੱਲੂ ਨੰਗਲ ਵਿਸੇਸ ਰੂਪ ਵਿੱਚ ਸਾਮਿਲ ਹੋਏ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ। ਮੀਟਿੰਗ ਸਮੇਂ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਸੀ ਨੂੰ ਵਾਪਸ ਲੈਣ ਤੇ 24 ਅਗਸਤ ਨੂੰ ਸਮਰਾਲਾ ਵਿਖੇ ਕੀਤੀ ਜਾਣ ਵਾਲੀ ਵਿਸਾਲ ਕਾਨਫਰੰਸ ਸਬੰਧੀ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਮੱਲੂ ਨੰਗਲ ਨੇ ਦੱਸਿਆ ਕਿ ਕੇਂਦਰ ਵਿੱਚ ਰਾਜ ਕਰਦੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਬੀਜੇਪੀ ਸਰਕਾਰ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਘੱਟ ਗਿਣਤੀਆਂ ਲਈ ਖਤਰਾ ਬਣੀ ਹੋਈ ਹੈ। ਬੀਜੇਪੀ ਸਰਕਾਰ ਦੀਆਂ ਨੀਤੀਆਂ ਆਮ ਲੋਕਾਂ ਨੂੰ ਵੀ ਫਿੱਟ ਨਹੀਂ ਬੈਠ ਰਹੀਆਂ। ਉਨ੍ਹਾਂ ਕਿਹਾ ਕਿ ਬੀਜੇਪੀ ਹਮੇਸ਼ਾ ਲਈ ਜਿੱਤ ਦਾ ਪ੍ਰਚਮ ਲਹਿਰਾਉਣ ਲਈ ਤਰ੍ਹਾਂ ਤਰ੍ਹਾਂ ਦੇ ਹੱਥ ਕੰਡੇ ਵਰਤ ਰਹੀ ਹੈ। ਬਿਹਾਰ ਵਿੱਚ ਵਿਧਾਨ ਸਭਾ ਚੋਣ ਜਿੱਤਣ ਲਈ ਪਾਰਟੀ ਵਿਰੋਧੀ 60 ਲੱਖ ਦੇ ਕਰੀਬ ਵੋਟਾਂ ਕੱਟ ਦਿੱਤੀਆਂ ਗਈਆਂ ਹਨ ਅਤੇ ਅਜਿਹਾ ਹੀ ਉਹ ਪੱਛਮੀ ਬੰਗਾਲ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਵੇਖਦਿਆਂ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਬੀਜੇਪੀ ਦਾ ਸੂਪੜਾ ਸਾਫ ਕਰਨ ਲਈ ਸਾਰੀਆਂ ਪਾਰਟੀਆਂ ਨੂੰ ਏਕਾ ਕਰਨ ਦੀ ਲੋੜ ਹੈ। ਉਨ੍ਹਾਂ ਇਕੱਤਰ ਕਿਸਾਨਾਂ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਨੂੰ ਸਮਰਾਲਾ ਵਿਖੇ ਕੀਤੀ ਜਾਣ ਵਾਲੀ ਗਿਣਤੀ ਵਿੱਚ ਵੱਧ ਤੋਂ ਵੱਧ ਸ਼ਾਮਿਲ ਹੋਣ ਦੀ ਬੇਨਤੀ ਕੀਤੀ। ਕਾਮਰੇਡ ਟਹਿਲ ਸਿੰਘ ਚੇਤਨਪੁਰਾ ਵੱਲੋਂ ਇਸ ਸਮੇਂ 23 ਅਗਸਤ ਨੂੰ ਕਾਮਰੇਡ ਸੋਹਣ ਸਿੰਘ ਜੋਸ ਦੀ ਯਾਦਗਾਰ ਤੋਂ ਰਵਾਨਾ ਕੀਤੇ ਜਾਣ ਵਾਲੇ ਜੱਥਾ ਮਾਰਚ ਸਮੇਂ ਸਵੇਰੇ 8 ਵਜੇ ਤੱਕ ਵੱਧ ਤੋਂ ਵੱਧ ਗਿਣਤੀ ਵਿੱਚ ਕਾਮਰੇਡ ਜੋਸ ਦੀ ਯਾਦਗਾਰ ਵਿਖੇ ਪਹੁੰਚਣ ਦੀ ਅਪੀਲ ਕੀਤੀ ਤਾਂ ਜੋ ਰਵਾਨਾ ਕੀਤੇ ਜਾਣ ਵਾਲੇ ਜਥੇ ਦੀ ਹੌਸਲਾ ਅਫਜ਼ਾਈ ਹੋ ਸਕੇ। ਹੋਰਨਾਂ ਤੋਂ ਇਲਾਵਾ ਇਸ ਸਮੇਂ ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਬਾਬਾ ਦਲੇਰ ਸਿੰਘ, ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟੂ, ਸੁਖਦੇਵ ਸਿੰਘ ਫੌਜੀ, ਜੋਗਾ ਸਿੰਘ ਸੰਤੂ ਨੰਗਲ, ਅਮਰਜੀਤ ਸਿੰਘ ਗਿੱਲ, ਸਰਬਿੰਦਰ ਸਿੰਘ, ਦਲਜੀਤ ਸਿੰਘ, ਅਮਨਦੀਪ ਸਿੰਘ, ਅਜੀਤ ਸਿੰਘ, ਕੁਲਵੰਤ ਸਿੰਘ ਅਤੇ ਡਾ: ਗੁਰਿੰਦਰ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਵੱਲੋਂ ਹਲਕੇ ਦੇ ਸਰਬਪੱਖੀ ਵਿਕਾਸ ਲਈ ਨਿਰੰਤਰ ਕੰਮ ਕੀਤੇ ਜਾ ਰਹੇ : ਅੰਮ੍ਰਿਤ ਕਲਸੀ



**ਬਟਾਲਾ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਵਲੋਂ ਜਿਥੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਪਹਿਲ ਦਾ ਆਧਾਰ 'ਤੇ ਨਿਪਟਾਰਾ ਕੀਤਾ ਜਾ ਰਿਹਾ ਹੈ, ਉਸਦੇ ਨਾਲ ਪਾਰਟੀ ਦੀ ਚੜ੍ਹਦੀ ਕਲਾ ਲਈ ਵੀ ਉਨ੍ਹਾਂ ਵਲੋਂ ਕੀਤੀ ਜਾ ਰਹੀ ਅਣਥੱਕ ਮਿਹਨਤ ਰੰਗ ਲਿਆ ਰਹੀ ਹੈ।ਇਹ ਪ੍ਰਗਟਾਵਾ ਕਰਦਿਆਂ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਅਰਵਿੰਦ ਕੇਜਰੀਵਾਲ ਦੀ ਪਹਿਲੀ ਗਰੰਟੀ ਮੁਫ਼ਤ ਤੇ 24 ਘੰਟੇ ਬਿਜਲੀ ਦੇ ਨਾਲ ਸਭ ਤੋਂ ਵੱਧ ਲੋਕਾਂ ਨੂੰ ਜੋੜਨ ਵਾਲੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਪਹਿਲੇ ਨੰਬਰ 'ਤੇ ਰਹੇ ਹਨ, ਜਿਨ੍ਹਾਂ ਵੱਲੋਂ ਸੂਬੇ ਭਰ ਵਿੱਚੋਂ ਮੋਹਰੀ ਰਹਿ ਕੇ ਇਸ ਗਰੰਟੀ ਨਾਲ ਲੋਕਾਂ ਨੂੰ ਜੋੜਿਆ ਗਿਆ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਲਗਾਤਾਰ ਆਪ ਪਾਰਟੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕਹਿੱਤ ਵਿੱਚ ਲਏ ਗਏ ਫੈਸਲਿਆਂ ਨੂੰ ਹੇਠਲੇ ਪੱਧਰ ਤੱਕ ਪ੍ਰਚਾਰਨ ਤੇ ਪਸਾਰਨ ਲਈ ਮਿਹਨਤ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਉਨ੍ਹਾਂ ਵੱਲੋਂ ਲੋਕਾਂ ਨਾਲ ਮਿਲ ਕੇ ਉਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਜਾ ਰਹੀਆਂ ਹਨ ਅਤੇ ਵਿਧਾਇਕ ਕਲਸੀ ਦੇ ਧਿਆਨ ਵਿੱਚ ਲਿਆ ਕੇ ਮੁਸ਼ਕਿਲਾਂ ਦਾ ਹੱਲ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਹਲਕੇ ਦੇ ਸਰਬਪੱਖੀ ਵਿਕਾਸ ਲਈ ਨਿਰੰਤਰ ਕੰਮ ਕੀਤੇ ਜਾ ਰਹੇ ਹਨ ਅਤੇ ਵਿਆਹ ਪੁਰਬ ਸਮਾਗਮ ਦੇ ਸਬੰਧ ਵਿੱਚ ਦੇਸ਼-ਵਿਦੇਸ਼ ਤੋਂ ਬਟਾਲਾ ਦੀ ਧਰਤੀ 'ਤੇ ਪਹੁੰਚਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਸ਼ਹਿਰ ਸਾਫ਼-ਸਫਾਈ ਰੱਖਣ ਲਈ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ।ਸ਼ਹਿਰ ਅੰਦਰ ਸੀਵਰੇਜ ਦੀ ਸਫਾਈ ਦਾ ਕੰਮ ਚੱਲ ਰਿਹਾ ਹੈ।ਸ਼ਹਿਰ ਨੂੰ ਖੂਬਸੂਰਤ ਦਿੱਖ ਦੇਣ ਲਈ ਰੰਗ ਬਿਰੰਗੀਆਂ ਲਾਈਟਾਂ ਦੇ ਨਾਲ ਰੰਗ ਰੋਗਨ ਕਰਵਾਇਆ ਜਾ ਰਿਹਾ ਹੈ।ਉਨਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਵਿਆਹ ਪੁਰਬ ਸਮਾਗਮ ਸਫਲਤਾਪੂਰਵਕ ਨੇਪਰੇ ਚਾੜ੍ਹੇ ਜਾਣਗੇ।ਇਸ ਮੌਕੇ ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਐੱਮ. ਸੀ. ਬਲਵਿੰਦਰ ਸਿੰਘ ਮਿੰਟਾ, ਅਵਤਾਰ ਸਿੰਘ ਕਲਸੀ, ਗੁਰਜੀਤ ਸਿੰਘ ਸੁੰਦਰ ਨਗਰ, ਬਲਜੀਤ ਸਿੰਘ ਨਿੱਕੂ, ਦਵਿੰਦਰ ਸਿੰਘ, ਕੁਲਦੀਪ ਸਿੰਘ, ਕੁਨਾਲ ਸ਼ਰਮਾ ਅਤੇ ਰਣਬੀਰ ਸਿੰਘ ਰਾਣਾ ਆਦਿ ਮੌਜੂਦ ਸਨ।

# ਨਿਊ ਲਾਈਫ ਪਬਲਿਕ ਸਕੂਲ 'ਚ ਜਨਮ ਅਸ਼ਟਮੀ ਮਨਾਈ



**ਚੋਹਲਾ ਸਾਹਿਬ (ਰਮਨ ਚੱਢਾ)**- ਨਿਊ ਲਾਈਫ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਅਤੇ ਆਜ਼ਾਦੀ ਦਾ ਦਿਹਾੜਾ ਮਨਾਇਆ ਗਿਆ।ਉਤਸਵ ਦਾ ਆਗਾਜ਼ ਸਵੇਰ ਦੀ ਪ੍ਰਾਰਥਨਾ ਸਭਾ ਵਿਚ ਹੋਇਆ ਜਿਸ ਵਿੱਚ ਛੋਟੇ-ਛੋਟੇ ਬੱਚੇ ਸ਼੍ਰੀ ਕ੍ਰਿਸ਼ਨ ਅਤੇ ਰਾਧਾ ਦੀਆਂ ਪੌਸ਼ਾਕਾਂ ਵਿਚ ਹਾਜ਼ਰ ਹੋਏ।ਇਸ ਦੇ ਨਾਲ ਹੀ ਮੈਡਮ ਸਰੋਜ ਬਾਲਾ ਦੀ ਅਗਵਾਈ ਵਿੱਚ ਆਜ਼ਾਦੀ ਦਿਹਾੜਾ ਪੂਰੇ ਜ਼ੋਰ-ਸ਼ੋਰ ਨਾਲ ਮਨਾਇਆ ਗਿਆ।ਸਭ ਤੋਂ ਪਹਿਲਾਂ ਮੁੱਖ ਮਹਿਮਾਨ ਮੈਡਮ ਸਰੋਜ ਬਾਲਾ ਨੇ ਰਾਸ਼ਟਰੀ ਤਿਰੰਗਾ ਲਹਿਰਾਇਆ।ਉਪਰੰਤ ਰਾਸ਼ਟਰੀ ਗਾਣ ਹੋਇਆ।ਇਸ ਮੌਕੇ ਸਕੂਲ ਦੇ ਵਿਦਿਆਰਥੀ ਅਤੇ ਪੂਰਾ ਸਟਾਫ਼ ਹਾਜ਼ਰ ਸੀ।

# ਡਾਕਖ਼ਾਨਾ ਚੌਕ ਤੋਂ ਲਾਇਬ੍ਰੇਰੀ ਚੌਕ ਤੱਕ ਸੜਕ ਦੀ ਹਾਲਤ ਖਸਤਾ, ਰਾਹਗੀਰ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਦੇ ਡਾਕਖਾਨਾ ਚੌਕ ਤੋਂ ਲਾਇਬ੍ਰੇਰੀ ਚੌਕ 'ਤੇ ਪੁਰਾਣੇ ਸਿਵਲ ਹਸਪਤਾਲ ਦੇ ਸਾਹਮਣੇ ਸੜਕ ਦੀ ਹਾਲਤ ਖਸਤਾ ਹੋਣ ਕਾਰਨ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਦੱਸਣਯੋਗ ਹੈ ਕਿ ਇਸ ਸੜਕ 'ਤੇ ਕਾਫੀ ਭੀੜ ਰਹਿੰਦੀ ਹੈ ਕਿਉਂਕਿ ਇੱਸ ਸੜਕ 'ਤੇ ਸਰਕਾਰੀ ਪੁਰਾਣਾ ਹਸਪਤਾਲ ਤੋਂ ਇਲਾਵਾ ਮੈਡੀਕਲ ਸਟੋਰ ਅਤੇ ਹੋਰ ਕਾਫੀ ਦੁਕਾਨਾਂ ਹਨ ਜਿੱਥੋਂ ਅਕਸਰ ਹੀ ਲੋਕ ਦਵਾਈਆਂ ਅਤੇ ਹੋਰ ਸਾਮਾਨ ਵੀ ਖਰੀਦੋ ਫਰੋਖਤ ਕਰਨ ਲਈ ਆਉਂਦੇ ਹਨ। ਗੱਲਬਾਤ ਕਰਦਿਆਂ ਲੋਕਾਂ ਨੇ ਦੱਸਿਆ ਕਿ ਸੜਕ ਉਤੋਂ ਬਜਰੀ ਉੱਖੜ ਚੁੱਕੀ ਹੈ ਅਤੇ ਸੜਕ ਵਿਚਕਾਰ ਟੋਏ ਪੈ ਚੁੱਕੇ ਹਨ। ਉਨ੍ਹਾਂ ਕਿਹਾ ਦੋ ਪਹੀਆ ਵਾਹਨ ਚਾਲਕ ਅਕਸਰ ਹੀ ਇਨ੍ਹਾਂ ਟੋਇਆ ਵਿੱਚ ਡਿੱਗ ਕੇ ਸੱਟਾਂ ਆਦਿ ਲਗਵਾ ਬੈਠਦੇ ਹਨ। ਲੋਕਾਂ ਨੇ ਦੱਸਿਆ ਕਿ ਜਦੋਂ ਮੀਂਹ ਪੈਂਦਾ ਹੈ ਤਾਂ ਮੀਂਹ ਨਾਲ ਇਹ ਟੋਏ ਭਰ ਜਾਂਦੇ ਹਨ ਅਤੇ ਟੋਇਆ ਵਿੱਚੋਂ ਲੰਘਣਾ ਹੋਰ ਵੀ ਔਖਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਇਸ ਸੜਕ ਰਾਹੀਂ ਰੋਜ਼ਾਨਾ ਕਈ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਅਧਿਕਾਰੀ ਗੁਜ਼ਰਦੇ ਹਨ ਪਰ ਫਿਰ ਵੀ ਇਸ ਦੀ ਖਸਤਾ ਹਾਲਤ ਵੱਲ ਕੋਈ ਵੀ ਗੌਰ ਨਹੀਂ ਕੀਤੀ ਜਾ ਰਿਹਾ। ਉਨ੍ਹਾਂ ਕਿਹਾ ਇਸੇ ਤਰ੍ਹਾਂ ਸ਼ਹਿਰ ਦੀਆਂ ਬਾਕੀ ਸੜਕਾਂ ਵਿਚਕਾਰ ਜਿਵੇਂ ਮੱਛੀ ਮਾਰਕੀਟ ਚੌਕ, ਪੁਰਾਣੇ ਬੀ.ਓ.ਆਈ. ਬੈਂਕ ਨਜ਼ਦੀਕ, ਸ਼ਿਵ ਮੰਦਿਰ ਬਹਿਰਾਮਪੁਰ ਰੋਡ ਤੋਂ ਇਲਾਵਾ ਕਈ ਥਾਵਾਂ 'ਤੇ ਸੜਕ ਦਾ ਕੁਝ ਹਿੱਸਾ ਲੰਬੇ ਸਮੇਂ ਟੁਟਾ ਪਿਆ ਹੈ ਪਰ ਇਨ੍ਹਾਂ ਦੀ ਮੁਰੰਮਤ ਨਹੀਂ ਹੋ ਰਹੀ। ਲੋਕਾਂ ਨੇ ਸੰਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਦੇ ਲਾਈਬਰੇਰੀ ਚੌਕ ਤੋਂ ਡਾਕਖਾਨਾ ਚੌਕ ਤੱਕ ਖਸਤਾ ਹਾਲਤ ਸੜਕ ਦੀ ਮੁਰੰਮਤ ਕਰਨ ਤੋਂ ਇਲਾਵਾ ਸ਼ਹਿਰ ਅੰਦਰ ਬਾਕੀ ਮੁਰੰਮਤ ਹੋਣ ਵਾਲੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇ ਤਾਂ ਜੋ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਆ ਰਹੀ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

# ਪੀਰ ਬਾਬਾ ਕੜਬੀ ਸ਼ਾਹ ਦੀ ਮਜ਼ਾਰ 'ਤੇ ਮੇਲਾ ਭਲਕੇ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪਿੰਡ ਚੇਤਨਪੁਰਾ ਅਤੇ ਮੱਝੂਪੁਰਾ ਦੇ ਦਰਮਿਆਨ ਸਥਿਤ ਪੀਰ ਬਾਬਾ ਕੜਬੀ ਸ਼ਾਹ ਦੇ ਮਜ਼ਾਰ ਤੇ ਸੱਭਿਆਚਾਰਕ ਮੇਲਾ 23 ਅਗਸਤ ਨੂੰ ਕਰਵਾਇਆ ਜਾ ਰਿਹਾ ਹੈ। ਇਸ ਵਾਰੀ ਇਸ ਸਮੇਂ ਤੇ 1 ਤੋਂ 4 ਵਜੇ ਕਰਵਾਏ ਜਾਣ ਵਾਲੇ ਸੱਭਿਆਚਾਰਕ ਪ੍ਰੋਗਰਾਮ ਸਮੇਂ ਪੰਜਾਬ ਦੀ ਸੁੱਪਰਹਿੱਟ ਦੋਗਾਣਾ ਜੋੜੀ ਸ਼ਰੀਫ ਦਿਲਦਾਰ, ਜਸਪ੍ਰੀਤ ਜੱਸੀ ਅਤੇ ਰੁਖਸਾਨਾ ਖਾਨ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਇਸ ਤੋਂ ਇਲਾਵਾ ਕਬੱਡੀ ਮੈਚ ਅਤੇ ਕੁਸ਼ਤੀਆਂ ਵੀ ਕਰਵਾਈਆਂ ਜਾਣਗੀਆਂ। ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੋਵਾਂ ਪਿੰਡਾਂ ਦੇ ਵਸਨੀਕਾਂ ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਮੇਲੇ ਨੂੰ ਚਾਰ ਚੰਨ ਲਾਉਣ ਵਿੱਚ ਐੱਨਆਰਆਈ ਵੀਰਾਂ ਦਾ ਬਹੁਤ ਸਹਿਯੋਗ ਹੈ। ਮੇਲੇ ਸਬੰਧੀ ਪ੍ਰਬੰਧਕਾਂ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

# ਜ਼ਿਲ੍ਹਾ ਪੱਧਰੀ ਖੇਡਾਂ ਦੇ ਅੰਡਰ-14 ਦੇ ਕ੍ਰਿਕਟ ਮੁਕਾਬਲਿਆਂ 'ਚ ਜਿੱਤ ਦਰਜ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- 69ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਜ਼ਿਲਾ ਸਪੋਰਟਸ ਕੋਆਰਡੀਨੇਟਰ ਤਰਨ ਤਾਰਨ ਜੁਗਰਾਜ ਸਿੰਘ ਦੀ ਅਗਵਾਈ ਵਿੱਚ ਸ਼ੁਰੂ ਹੋਈਆ ਜਿਸ ਵਿਚ ਕ੍ਰਿਕਟ ਅੰਡਰ -14 ਦੇ ਮੁਕਾਬਲੇ ਮਹਾਰਾਜਾ ਰਣਜੀਤ ਸਿੰਘ ਪਬਲਿਕ ਸਕੂਲ ਦੀ ਖੇਡ ਗਰਾਊਂਡ ਵਿੱਚ ਕਰਵਾਏ ਗਏ ਜਿਸ ਵਿਚ ਜੋਨ ਗੋਇੰਦਵਾਲ ਸਾਹਿਬ ਵੱਲੋਂ ਭਾਗ ਲੈਂਦੇ ਹੋਏ ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀਆ ਨੇ ਇਨ੍ਹਾਂ ਮੁਕਾਬਲਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਜ਼ੋਨ ਦੇ ਹੋਏ ਸਖਤ ਮੁਕਾਬਲਿਆ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਅਤੇ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਦੂਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ।ਸਕੂਲ ਪ੍ਰਿੰਸੀਪਲ ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆ ਅਰਮਾਨਦੀਪ ਸਿੰਘ, ਅਮਨਦੀਪ ਸਿੰਘ, ਅਨੁਦੀਪ ਸਿੰਘ, ਹਰਵਿੰਦਰਪਾਲ ਸਿੰਘ, ਉਦੇਪਾਲ ਸਿੰਘ, ਅਮਿਤ, ਸਹਿਜਦੀਪ ਸਿੰਘ, ਚੰਦਨ ਤਲਵਾੜ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀ ਹੁਣ ਰਾਜ ਪੱਧਰੀ ਮੁਕਾਬਲਿਆ ਵਿੱਚ ਭਾਗ ਲੈਣਗੇ।ਇਸ ਮੌਕੇ ਸਕੂਲ ਦੇ ਐੱਮਡੀ ਰਵਿੰਦਰ ਕੁਮਾਰ ਅਤੇ ਪ੍ਰਿੰਸੀਪਲ ਅਨੀਤਾ ਚਤਰਥ ਨੇ ਵਿਦਿਆਰਥੀਆ ਦੀ ਇਸ ਕਾਮਯਾਬੀ ਦਾ ਸਿਹਰਾ ਕੋਚ ਸਹਿਬਾਨ ਤੇਜਿੰਦਰ ਸਿੰਘ, ਜਸਬੀਰ ਸਿੰਘ ਅਤੇ ਸਮੂਹ ਅਧਿਆਪਕ ਸਹਿਬਾਨ ਨੂੰ ਦਿੰਦੇ ਹੋਏ ਵਿਦਿਆਰਥੀਆਂ ਅਤੇ ਕੋਚ ਸਹਿਬਾਨ ਨੂੰ ਰਾਜ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ।ਇਸ ਮੌਕੇ ਸਕੂਲ ਪ੍ਰਬੰਧਕਾ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਸਰਪ੍ਰਸਤ ਮਾਸਟਰ ਮੰਗਤ ਰਾਮ, ਸੰਤੋਸ਼ ਕੁਮਾਰੀ, ਮਮਤਾ ਮੈਡਮ, ਬਲਜੀਤ, ਜਸਬੀਰ ਸਿੰਘ, ਅਰਚਨਾ, ਰਮਨਦੀਪ ਕੌਰ, ਇੰਦੀਪ ਮੈਡਮ, ਰਜਨੀਸ਼ , ਕਿਰਨਦੀਪ ਕੌਰ, ਨਵਨੀਤ, ਅੰਤਰਪ੍ਰੀਤ ਕੌਰ, ਜਸਪ੍ਰੀਤ ਕੌਰ, ਕੰਵਲਪ੍ਰੀਤ ਕੌਰ, ਨਵਜੋਤ, ਡੌਲੀ, ਕੁਲਵਿੰਦਰ, ਮਨਜਿੰਦਰ ਕੌਰ, ਹਰਪ੍ਰੀਤ ਅਤੇ ਮੈਡਮ ਕੋਮਲਦੀਪ ਕੌਰ ਹਾਜ਼ਿਰ ਸਨ।

# ਵਿਦੇਸ਼ ਭੇਜਣ ਦੇ ਨਾਂਅ 'ਤੇ 20 ਲੱਖ ਰੁਪਏ ਦੀ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਜਾਂਚ ਪੜਤਾਲ ਵਿਚ ਪਾਇਆ ਕਿ ਪਰਮਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ, ਸੰਦੀਪ ਕੌਰ ਪੁੱਤਰੀ ਬਲਵਿੰਦਰ ਸਿੰਘ, ਗੁਰਮੀਤ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਤਲਵੰਡੀ ਰਾਜਾ ਦੀਨਾਨਾਥ ਥਾਣਾ ਕਲਾਨੌਰ ਗੁਰਦਾਸਪੁਰ, ਸੋਹਣ ਲਾਲ ਪੁੱਤਰ ਮਹਿੰਗਾ ਸਿੰਘ ਵਾਸੀ ਅਟੱਲਗੜ੍ਹ ਥਾਣਾ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਨੇ ਸ਼ਿਕਾਇਤ ਕਰਤਾ ਦੇ ਲੜਕੇ ਦਿਗਵਿਜੇ ਬਹਿਲ ਨੂੰ ਵਿਦੇਸ਼ ਇਟਲੀ ਭੇਜਣ ਦਾ ਝਾਂਸਾ ਦੇ ਕੇ 10 ਲੱਖ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਥਾਣਾ ਘੁੰਮਣ ਕਲਾਂ ਪੁਲਸ ਨੂੰ ਕੀਤੀ ਸ਼ਿਕਾਇਤ 'ਤੇ ਜਾਂਚ ਪੜਤਾਲ ਵਿਚ ਪੁਲਿਸ ਨੇ ਪਾਇਆ ਕਿ ਦਵਿੰਦਰ ਸਿੰਘ ਉਰਫ ਲਾਡੀ ਪੁੱਤਰ ਅਜੀਤ ਸਿੰਘ ਵਾਸੀ ਸਹਾਰੀ ਨੇ ਸ਼ਿਕਾਇਤ ਕਰਤਾ ਦੀ ਲੜਕੀ ਕਾਮਨੀ ਸ਼ਰਮਾ ਨੂੰ ਆਸਟ੍ਰੇਲੀਆ ਭੇਜਣ ਦਾ ਝਾਂਸਾ ਦੇ ਕੇ 10 ਲੱਖ ਰੁਪਏ ਦੀ ਠੱਗੀ ਮਾਰੀ ਹੈ।

# ਅਕਾਲੀ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ, ਭੈ-ਮੁਕਤ ਤੇ ਖੁਸ਼ਹਾਲ ਬਣਾਉਣ ਦਾ ਸੱਦਾ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਪਿੰਡ ਬਘਿਆੜੀ ਵਿਖੇ ਸਾਬਕਾ ਸਰਪੰਚ ਪਰਮਜੀਤ ਸਿੰਘ ਬਘਿਆੜੀ ਦੇ ਗ੍ਰਹਿ ਵਿਖੇ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਹੋਣ ਵਾਲੀ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਪਿੰਡ ਵਾਸੀਆਂ ਤੇ ਅਕਾਲੀ ਦਲ ਵਰਕਰਾਂ ਨੂੰ ਪੰਜਾਬ ਨੂੰ ਨਸ਼ਾ ਮੁਕਤ, ਭੈ-ਮੁਕਤ ਤੇ ਖੁਸ਼ਹਾਲ ਬਣਾਉਣ ਲਈ ਪਿੰਡ ਵਾਸੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ। ਪਿੰਡ ਵਾਸੀਆਂ ਨੇ ਪ੍ਰਿੰਸੀਪਲ ਰੰਧਾਵਾ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਵਿਧਾਨ ਸਭਾ ਵਿਚ ਭੇਜਣ ਦਾ ਯਕੀਨ ਦਿਵਾਇਆ।ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਰੇਤ ਮਾਫੀਆ, ਭੂ ਮਾਫੀਆ ਨੂੰ ਸਰਕਾਰ ਦੀ ਪੁਸ਼ਤ ਪਨਾਹੀ ਪ੍ਰਾਪਤ ਹੈ।ਇਸ ਮੌਕੇ ਸਾਬਕਾ ਸਰਪੰਚ ਪਰਮਜੀਤ ਸਿੰਘ ਬਘਿਆੜੀ, ਕੈਪਟਨ ਸਿੰਘ, ਮਲਕੀਤ ਸਿੰਘ, ਡਾਕਟਰ ਫੁਲਵਿੰਦਰ ਸਿੰਘ ਟਿੱਪਾ, ਰਾਜਬੀਰ ਸਿੰਘ, ਗੁਰਦੇਵ ਸਿੰਘ, ਸਾਬਕਾ ਸਰਪੰਚ ਗੁਰਦੇਵ ਸਿੰਘ, ਮੁਖ਼ਤਾਰ ਸਿੰਘ, ਜਸਵੰਤ ਸਿੰਘ, ਅਮਰੀਕ ਸਿੰਘ, ਲਹਿਣਾ ਸਿੰਘ, ਮੈਂਬਰ ਮੰਗਾ ਸਿੰਘ, ਅਜੇ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਡਾਕਟਰ ਮਨਜਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਵਿੰਦਰ ਸਿੰਘ ਫੌਜੀ ਮੈਂਜਗਜੀਤ ਸਿੰਘ ਜੱਗਾ, ਸਾਬਕਾ ਮੈਂਬਰ ਦਿਲਬਾਗ ਸਿੰਘ ਤੇ ਪਿੰਡ ਵਾਸੀਆਂ ਵੱਲੋਂ ਪ੍ਰਿੰਸੀਪਲ ਰੰਧਾਵਾ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਹਰਵੰਤ ਸਿੰਘ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਡਾਇਰੈਕਟਰ ਦਲਜੀਤ ਸਿੰਘ ਐਮਾ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ, ਰਾਮ ਸਿੰਘ ਨਾਮਧਾਰੀ, ਸਰਪੰਚ ਸੋਨੂੰ ਬਰਾੜ ਦੋਦੇ, ਪੂਰਨ ਸਿੰਘ ਝਬਾਲ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ ਅਤੇ ਹੈਪੀ ਸਵਰਗਾਪੁਰੀ ਆਦਿ ਹਾਜ਼ਰ ਸਨ।

# ਚੀਫ਼ ਖ਼ਾਲਸਾ ਦੀਵਾਨ ਵਿਖੇ ਕਰਵਾਇਆ ਜੀਵਨ ਜੁਗਤਿ ਸਮਾਗਮ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਜੀਵਨ ਜੁਗਤਿ ਸਮਾਗਮ ਕਰਵਾਇਆ ਗਿਆ। ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ ਵੱਲੋਂ ਸ੍ਰੀ ਦਰਬਾਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਆਰੰਭੀ ਜੀਵਨ ਜੁਗਤਿ ਸਮਾਗਮਾਂ ਦੀ ਲੜੀ ਤਹਿਤ ਸਜਾਏ ਗਏ ਇਸ ਸਮਾਗਮ ਵਿਚ ਗਿਆਨੀ ਪ੍ਰਦੀਪ ਸਿੰਘ ਸੋਹਾਣਾ ਵਾਲੇ, ਭਾਈ ਅਵਤਾਰ ਸਿੰਘ ਰਾਗੀ ਹੁਸ਼ਿਆਰਪੁਰ ਵਾਲੇ, ਪ੍ਰੋ. ਜਤਿੰਦਰ ਸਿੰਘ ਸ਼ਹੀਦ ਸਿੰਘ ਮਿਸ਼ਨਰੀ ਕਾਲਜ, ਭਾਈ ਦਵਿੰਦਰ ਸਿੰਘ, ਜਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀ. ਟੀ. ਰੋਡ ਦੇ ਵਿਦਿਆਰਥੀਆਂ ਦੇ ਕੀਰਤਨੀ ਜਥੇ ਨੇ ਕਥਾ ਕੀਰਤਨ ਤੇ ਗੁਰਮਤਿ ਵਿਚਾਰਾਂ ਸਰਵਣ ਕਰਵਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਵੱਲੋਂ ਜੀਵਨ ਜੁਗਤਿ ਸਮਾਗਮਾਂ ਰਾਹੀਂ ਸੰਸਥਾ ਵੱਲੋਂ ਧਰਮ ਪ੍ਰਚਾਰ ਅਤੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਚੀਫ਼ ਖ਼ਾਲਸਾ ਦੀਵਾਨ ਵੱਲੋਂ ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।ਉਨ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮੁੱਚੀ ਮਾਨਵਤਾ ਦੇ ਕਲਿਆਣ ਲਈ ਸਿਰਜਿਆ ਅਨਮੋਲ ਖਜ਼ਾਨਾ ਦੱਸਿਆ ਅਤੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਉਪਦੇਸ਼ਾਂ ਅਤੇ ਸਿੱਖਿਆਵਾਂ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਤੇਜਿੰਦਰ ਸਿੰਘ ਸਰਦਾਰ ਪਗੜ੍ਹੀ ਹਾਊਸ, ਤਰਲੋਚਨ ਸਿੰਘ, ਹਰਮਨਜੀਤ ਸਿੰਘ, ਏ. ਪੀ. ਐੱਸ. ਮਾਨ, ਇੰਦਰਜੀਤ ਸਿੰਘ ਅੜੀ, ਅੰਡਰ ਸੈਕਟਰੀ ਕੰਵਰਸੁਖਜਿੰਦਰ ਸਿੰਘ ਛੱਤਵਾਲ, ਡਾ. ਜਸਵਿੰਦਰ ਕੌਰ ਮਾਹਲ, ਸ੍ਰੀ ਦਰਬਾਰ ਸਾਹਿਬ ਦੇ ਮੀਤ ਮੈਨੇਜਰ ਬਿਕਰਮਜੀਤ ਸਿੰਘ, ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ ਵੱਲੋਂ ਕਾਰਜਕਾਰੀ ਪ੍ਰਧਾਨ ਭਾਈ ਸਤਿੰਦਰ ਸਿੰਘ ਚਾਵਲਾ, ਭਾਈ ਜਸਬੀਰ ਸਿੰਘ ਬੈਂਕ ਵਾਲੇ, ਭਾਈ ਦਵਿੰਦਰ ਸਿੰਘ, ਗੁਰਬਖਸ਼ ਸਿੰਘ ਬੱਗਾ, ਜਸਬੀਰ ਸਿੰਘ ਅਰੋੜਾ, ਸ਼ਰਨਜੀਤ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦੇਸ਼-ਵਿਦੇਸ਼ 'ਚ ਨਾਂਅ ਰੌਸ਼ਨ ਕਰਨ ਵਾਲਾ ਕਲਾਕਾਰ ਗੁਰਜੰਟ ਸਿੰਘ ਓਠੀ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਪੰਨਵਾਂ ਦਾ ਹੋਣਹਾਰ ਨੌਜਵਾਨ ਗੁਰਜੰਟ ਸਿੰਘ ਓਠੀ ਜੋ ਅੱਜਕੱਲ੍ਹ ਬਰੈਂਪਟਨ ਕੈਨੇਡਾ ਵਿਖੇ ਰਹਿ ਰਿਹਾ ਹੈ। ਇਨ੍ਹੀਂ ਦਿਨੀਂ ਉਸਨੇ ਆਪਣੇ ਮਜਾਹੀਆ ਪੌਡਕਾਸਟਾਂ ਦੇ ਜਰੀਏ ਦੇਸ਼ਾਂ ਵਿਦੇਸ਼ਾਂ ਵਿੱਚ ਧੁੰਮਾਂ ਪਾਈਆਂ ਹੋਈਆਂ ਹਨ। ਬੜੇ ਹੀ ਮੁਹੱਬਤੀ ਤੇ ਮਜ਼ਾਕੀਆ ਸੁਭਾਅ ਵਾਲਾ ਗੁਰਜੰਟ ਆਪਣੇ ਪੌਡਕਾਸਟਾਂ ਰਾਹੀਂ ਪੰਜਾਬੀਆਂ ਦੇ ਦਿਲਾਂ 'ਤੇ ਰਾਜ ਕਰ ਰਿਹਾ ਹੈ। ਉਸਦਾ ਕੋਈ ਵੀ ਪੌਡਕਾਸਟ ਜਾਂ ਕਾਮੇਡੀ ਵੀਡੀਓ ਵੇਖਣਾ ਸ਼ੁਰੂ ਕਰ ਲਵੋ ਤਾਂ ਫਿਰ ਛੱਡਣ ਨੂੰ ਦਿਲ ਨਹੀਂ ਕਰਦਾ ਹੈ। ਅਦਾਰਾ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਨੂੰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕੇ ਉਸਦਾ ਚੈਨਲ ਗੁਰੰਜਟ ਓਠੀ ਐਂਟਰਟੇਨਮੈਂਟ ਹੈ ਜਿਸ ਰਾਹੀਂ ਉਹ ਆਪਣੇ ਚਰਚਿੱਤ ਪੌਡਕਾਸਟ ਪਿੰਡ ਦੀਆਂ ਗੱਲਾਂ ਰਾਹੀਂ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਦਾ ਖੂਬ ਮਨੋਰੰਜਨ ਕਰ ਰਿਹਾ ਹੈ। ਉਸਦੇ ਇਨ੍ਹਾਂ ਪੌਡਕਾਸਟਾਂ ਵਿਚ ਰਣਜੀਤ ਸਿੰਘ ਸ਼ੈਟੀ ਸਾਥੀ ਵਜੋਂ ਉਸਦੇ ਨਾਲ ਹੁੰਦਾ ਹੈ। ਉਹਦੇ ਵੱਲੋਂ ਪਿੰਡਾਂ ਦੇ ਹਾਸਾ ਮਜ਼ਾਕ ਕਰਨ ਵਾਲੇ ਪਾਤਰਾਂ ਨੂੰ ਆਧਾਰ ਬਣਾ ਕੇ ਪੇਸ਼ ਕੀਤੇ ਜਾਂਦੇ ਪੌਡਕਾਸਟਾਂ ਨੂੰ ਬਹੁਤ ਪਸੰਦ ਕੀਤਾ ਜਾ ਰਿਹਾ ਹੈ। ਅੱਜਕੱਲ੍ਹ ਸੋਸ਼ਲ ਮੀਡੀਆ ਦੇ ਮਾਹੌਲ ਵਿੱਚ ਜਿੱਥੇ ਅਸ਼ਲੀਲਤਾ ਤੇ ਦੋ ਅਰਥੀ ਕਮੇਡੀ ਭਾਰੂ ਹੈ ਉੱਥੇ ਗੁਰਜੰਟ ਓਠੀ ਨੇ ਆਪਣੀ ਸਾਫ ਸੁਥਰੀ ਛਵੀ ਬਣਾ ਕੇ ਰੱਖੀ ਹੋਈ ਹੈ। ਗੁਰਜੰਟ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕੇ ਉਸਨੇ ਆਪਣੀ ਸ਼ੁਰੂਆਤ ਪੀਟੀਸੀ ਚੈਨਲ ਦੇ ਕਾਮੇਡੀ ਪ੍ਰੋਗਰਾਮਾਂ ਦੇ ਜ਼ਰੀਏ ਕੀਤੀ ਸੀ ਜਿਸਨੂੰ ਦਰਸ਼ਕਾਂ ਵੱਲੋਂ ਖੂਬ ਸਰਾਹਿਆ ਗਿਆ। ਅੱਜਕੱਲ੍ਹ ਦੀ ਦੌੜ ਭੱਜ ਤੇ ਬੇਹੱਦ ਤਨਾਅ ਵਾਲੀ ਜ਼ਿੰਦਗੀ ਵਿੱਚ ਗੁਰਜੰਟ ਸਿੰਘ ਓਠੀ ਦੀਆਂ ਨਾਨ ਸਟਾਪ ਮਸ਼ਕਰੀਆਂ ਦਿਲੋਂ ਦਿਮਾਗ ਤਰੋਤਾਜ਼ਾ ਕਰ ਦਿੰਦੀਆਂ ਹਨ।

# ਪੀ ਐੱਨ ਬੀ ਡਵੀਜ਼ਨਲ ਦਫ਼ਤਰ ਨੇ 79ਵਾਂ ਆਜ਼ਾਦੀ ਦਿਵਸ ਉਤਸ਼ਾਹ ਅਤੇ ਦੇਸ਼ ਭਗਤੀ ਨਾਲ ਮਨਾਇਆ



**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਨੈਸ਼ਨਲ ਬੈਂਕ ਡਵੀਜ਼ਨਲ ਦਫ਼ਤਰ ਪਠਾਨਕੋਟ ਨੇ 79ਵਾਂ ਆਜ਼ਾਦੀ ਦਿਵਸ ਬੜੇ ਉਤਸ਼ਾਹ, ਏਕਤਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ। ਪ੍ਰੋਗਰਾਮ ਦੀ ਸ਼ੁਰੂਆਤ ਡਵੀਜ਼ਨਲ ਮੁਖੀ ਸੰਜੀਤ ਕੁਮਾਰ ਕੌਂਡਲ ਦੁਆਰਾ ਝੰਡਾ ਲਹਿਰਾਉਣ ਅਤੇ ਰਾਸ਼ਟਰੀ ਗੀਤ ਨਾਲ ਹੋਈ। ਸ਼੍ਰੀ ਕੌਂਡਲ ਨੇ ਆਜ਼ਾਦੀ ਘੁਲਾਟੀਆਂ ਦੇ ਅਣਮੁੱਲੇ ਬਲੀਦਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਰਾਸ਼ਟਰ ਨਿਰਮਾਣ, ਸ਼ਾਨਦਾਰ ਗਾਹਕ ਸੇਵਾ, ਵਿੱਤੀ ਸਮਾਵੇਸ਼ ਅਤੇ ਤਰਜੀਹੀ ਖੇਤਰਾਂ ਵਿੱਚ ਸਹਾਇਤਾ ਲਈ ਪੀਐੱਨਬੀ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਮੌਕੇ ਸ਼ਸ਼ਾਂਕ ਸ਼ੁਕਲਾ ਮੁੱਖ ਪ੍ਰਬੰਧਕ, ਪ੍ਰਦੀਪ ਕੌਰ ਮੁੱਖ ਪ੍ਰਬੰਧਕ, ਰਾਜਨ ਮਲਹੋਤਰਾ ਐੱਲਡੀਐੱਮ ਗੁਰਦਾਸਪੁਰ, ਡਵੀਜ਼ਨਲ ਦਫ਼ਤਰ ਅਧੀਨ ਸ਼ਾਖਾਵਾਂ ਦੇ ਅਧਿਕਾਰੀ ਅਤੇ ਕਰਮਚਾਰੀ, ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਬੈਂਕ ਦੇ ਸੇਵਾਮੁਕਤ ਕਰਮਚਾਰੀ ਮੌਜੂਦ ਸਨ। ਇਸ ਮੌਕੇ ਸੇਵਾਮੁਕਤ ਕਰਮਚਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਬੈਂਕ ਪ੍ਰਤੀ ਉਨ੍ਹਾਂ ਦੇ ਸਾਲਾਂ ਦੇ ਯੋਗਦਾਨ ਤੇ ਸਮਰਪਣ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਦੇਸ਼ ਦੇ ਦੂਰ-ਦੁਰਾਡੇ ਇਲਾਕਿਆਂ ਨੂੰ ਡਿਜੀਟਲ ਬੈਂਕਿੰਗ, ਗਾਹਕ-ਕੇਂਦ੍ਰਿਤ ਸੇਵਾਵਾਂ ਅਤੇ ਬੈਂਕਿੰਗ ਸਹੂਲਤਾਂ ਪ੍ਰਦਾਨ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਇਆ, ਜੋ ਕਿ ਸਵੈ-ਨਿਰਭਰ ਭਾਰਤ ਦੀ ਭਾਵਨਾ ਦੇ ਅਨੁਸਾਰ ਹੈ। ਪ੍ਰੋਗਰਾਮ ਦਾ ਸਮਾਪਨ ਧੰਨਵਾਦ ਅਤੇ ਰਿਫਰੈਸ਼ਮੈਂਟ ਵੰਡ ਨਾਲ ਹੋਇਆ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇਸਰੋ ਨਾਲ ਮਿਲ ਕੇ ਰਾਸ਼ਟਰੀ ਪੁਲਾੜ ਦਿਵਸ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਭਾਰਤੀ ਪੁਲਾੜ ਅਨੁਸੰਧਾਨ ਸੰਗਠਨ (ਇਸਰੋ) ਨੇ ਮੰਗਲਯਾਨ, ਚੰਦਰਯਾਨ-1 ਚੰਦਰਯਾਨ-3, ਆਦਿੱਤਿਆ-ਐੱਲ-1 ਅਤੇ ਸਪੇਡੈਕਸ ਵਰਗੇ ਮੀਲ ਪੱਥਰ ਮਿਸ਼ਨਾਂ ਨਾਲ ਵਿਸ਼ਵ ਪੱਧਰ 'ਤੇ ਭਾਰਤ ਦਾ ਨਾਮ ਰੌਸ਼ਨ ਕੀਤਾ। ਇਸਰੋ ਦੀਆਂ ਇਨ੍ਹਾਂ ਪ੍ਰਾਪਤੀਆਂ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਫਿਜ਼ਿਕਸ ਵਿਭਾਗ ਨੇ ਜ਼ਿਕਰ ਕਰਦਿਆਂ ਇਸਰੋ ਦੇ ਸਹਿਯੋਗ ਨਾਲ ਰਾਸ਼ਟਰੀ ਪੁਲਾੜ ਦਿਵਸ ਦਾ ਸਫਲ ਆਯੋਜਨ ਕੀਤਾ। ਸਮਾਗਮ ਵਿੱਚ ਪੰਜਾਬ ਭਰ ਦੇ ਜੀਐੱਨਡੀਯੂ ਅਤੇ ਸੰਬੰਧਿਤ ਕਾਲਜਾਂ ਦੇ 300 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਸਮਾਗਮ ਵਿੱਚ ਕਵਿਤਾ ਲਿਖਣ, ਕਹਾਣੀ ਲਿਖਣ, ਪੋਸਟਰ ਮੇਕਿੰਗ, ਕੁਇਜ਼ ਅਤੇ ਰੰਗੋਲੀ ਵਰਗੀਆਂ ਪ੍ਰਤੀਯੋਗਤਾਵਾਂ ਦਾ ਆਯੋਜਨ ਹੋਇਆ। ਜਿਨ੍ਹਾਂ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕਤਾ ਅਤੇ ਪੁਲਾੜ ਵਿਗਿਆਨ ਪ੍ਰਤੀ ਜਨੂੰਨ ਪ੍ਰਦਰਸ਼ਿਤ ਕਰਨ ਦਾ ਮੌਕਾ ਦਿੱਤਾ। ਸਮਾਗਮ ਦੀ ਵਿਸ਼ੇਸ਼ਤਾ ਸਪੇਸ ਐਪਲੀਕੇਸ਼ਨ ਸੈਂਟਰ (ਐੱਸਏਸੀ), ਇਸਰੋ ਅਹਿਮਦਾਬਾਦ ਦੇ ਵਿਗਿਆਨੀ ਇੰਜੀਨੀਅਰ ਜੈ ਗੋਪਾਲ ਸਿੰਗਲਾ ਦਾ ਪ੍ਰੇਰਕ ਭਾਸ਼ਣ ਸੀ।ਉਨ੍ਹਾਂ ਨੇ ਮੰਗਲਯਾਨ, ਜਿਸ ਨੇ ਭਾਰਤ ਨੂੰ ਪਹਿਲੀ ਕੋਸ਼ਿਸ਼ ਵਿੱਚ ਮੰਗਲ ਤੱਕ ਪਹੁੰਚਣ ਵਾਲਾ ਪਹਿਲਾ ਏਸ਼ੀਅਨ ਦੇਸ਼ ਬਣਾਇਆ, ਚੰਦਰਯਾਨ-1, ਜਿਸ ਨੇ ਚੰਦਰਮਾ 'ਤੇ ਪਾਣੀ ਦੀ ਖੋਜ ਕੀਤੀ, ਚੰਦਰਯਾਨ-3, ਜਿਸ ਨੇ ਦੱਖਣੀ ਧਰੁਵ 'ਤੇ ਸੌਫਟ ਲੈਂਡਿੰਗ ਕੀਤੀ, ਅਤੇ ਸੂਰਜੀ ਅਧਿਐਨ ਲਈ ਆਦਿਤਿਆ-ਐਲ1 ਵਰਗੇ ਮਿਸ਼ਨਾਂ 'ਤੇ ਚਰਚਾ ਕੀਤੀ। ਸਪੇਡੈਕਸ ਨੇ ਪੁਲਾੜ ਡੌਕਿੰਗ ਵਿੱਚ ਸਫਲਤਾ ਹਾਸਲ ਕਰਕੇ ਭਾਰਤ ਨੂੰ ਚੌਥਾ ਅਜਿਹਾ ਦੇਸ਼ ਬਣਾਇਆ। ਸ੍ਰੀ ਸਿੰਗਲਾ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਖੋਜ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਸ੍ਰੀ ਸਿੰਗਲਾ ਨੇ ਯੂਨੀਵਰਸਿਟੀ ਪਹੁੰਚਣ 'ਤੇ ਉਪ-ਕੁਲਪਤੀ ਡਾ. ਕਰਮਜੀਤ ਸਿੰਘ ਨਾਲ ਵੱਖਰੇ ਤੌਰ 'ਤੇ ਮੁਲਾਕਾਤ ਕੀਤੀਅਤੇ ਉਨ੍ਹਾਂ ਦਾ ਇੱਥੇ ਪੁੱਜਣ ਤੇ ਨਿੱਘਾ ਸਵਾਗਤ ਕੀਤਾ।ਡਾ ਕਰਮਜੀਤ ਸਿੰਘ ਨੇ ਇਸਰੋ ਦੀਆਂ ਪ੍ਰਾਪਤੀਆਂ ਦੀ ਉਚੇਚੇ ਤੌਰ 'ਤੇ ਸ਼ਲਾਘਾ ਕੀਤੀ। ਸ੍ਰੀ ਸਿੰਗਲਾ ਨੇ ਵੀ ਗੱਲਬਾਤ ਦੌਰਾਨ ਪੁਲਾੜ ਵਿਗਿਆਨ ਦੇ ਮਹੱਤਵ 'ਤੇ ਜ਼ੋਰ ਦਿੱਤਾ।ਇਨਾਮ ਵੰਡ ਸਮਾਰੋਹ ਦੀ ਪ੍ਰਧਾਨਗੀ ਡਾ. ਹਰਵਿੰਦਰ ਸਿੰਘ ਸੈਣੀ, ਡੀਨ ਸਟੂਡੈਂਟ ਵੈੱਲਫੇਅਰ ਨੇ ਕੀਤੀ।ਜੇਤੂਆਂ ਨੂੰ ਇਸਰੋ ਵੱਲੋਂ ਸਰਟੀਫਿਕੇਟ ਅਤੇ ਇਨਾਮ ਦਿੱਤੇ ਗਏ।ਇਸ ਉਤਸਵ ਨੇ ਪੁਲਾੜ ਵਿਗਿਆਨ ਪ੍ਰਤੀ ਜਾਗਰੂਕਤਾ ਵਧਾਈ ਅਤੇ ਨੌਜਵਾਨ ਮਨਾਂ ਵਿੱਚ ਵਿਗਿਆਨਕ ਉਤਸੁਕਤਾ ਜਗਾਈ।

# ਲੋੜਵੰਦਾਂ ਦੀ ਸਹਾਇਤਾ ਲਈ ਲੁਧਿਆਣਾ ਨੂੰ ਰਵਾਨਾ ਕੀਤੀ ਡੈੱਡ ਬਾਡੀ ਫਰੀਜ਼ਰਾਂ ਦੀ ਗੱਡੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)** - ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸ਼ੀਅਤ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਦੇਸ਼ ਵਿਦੇਸ਼ ਦੇ ਅੰਦਰ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਤਹਿਤ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਹੋਰ ਉਚਾ ਚੁੱਕਣ ਦੇ ਲਈ ਨੇਕ ਅਤੇ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਨਿਗਮ ਬਟਾਲਾ ਦੇ ਸੀਨੀਅਰ ਕੌਂਸਲਰ ਸੁਖਦੇਵ ਸਿੰਘ ਬਾਜਵਾ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜਿਲਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਤੇ ਟਰੱਸਟ ਦੇ ਜ਼ਿਲ੍ਹਾ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ ਦੇ ਨਾਲ ਮਿਲ ਕੇ ਜ਼ਿਲ੍ਹਾ ਲੁਧਿਆਣਾ ਵਿਖੇ ਪੈਂਦੇਂ ਵੱਖ-ਵੱਖ ਪਿੰਡਾਂ ਦੇ ਲੋੜਵੰਦਾਂ ਦੇ ਲਈ ਡੈਡ ਬਾਡੀ ਫਰੀਜ਼ਰਾਂ ਦੀ ਗੱਡੀ ਨੂੰ ਰਵਾਨਾ ਕਰਦਿਆਂ ਕੀਤਾ। ਕੌਂਸਲਰ ਸੁਖਦੇਵ ਸਿੰਘ ਬਾਜਵਾ ਨੇ ਕਿਹਾ ਕਿ ਸੈਂਕੜੇ ਨੌਜਵਾਨਾਂ ਦੀਆਂ ਜਾਨਾਂ ਬਚਾਉਣ ਵਾਲੇ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਖਰਚ ਕੀਤਾ ਜਾ ਰਿਹਾ ਹੈ। ਜਦਕਿ ਹੱਦਾਂ ਅਤੇ ਸਰਹੱਦਾਂ ਤੋਂ ਉੱਪਰ ਉੱਠ ਕੇ ਦੇਸ਼ ਵਿਦੇਸ਼ ਦੇ ਪੀੜਤ ਲੋਕਾਂ ਦੀ ਸਹਾਇਤਾ ਵੀ ਕੀਤੀ ਜਾ ਰਹੀ ਹੈ। ਕੌਂਸਲਰ ਸੁਖਦੇਵ ਸਿੰਘ ਬਾਜਵਾ ਨੇ ਕਿਹਾ ਕਿ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਅਰਬ ਦੇਸ਼ਾਂ ਦੇ ਵਿੱਚ ਬਹੁਤ ਸਾਰੇ ਨੌਜਵਾਨਾਂ ਨੂੰ ਫਾਂਸੀ ਦੀ ਸਜ਼ਾ ਤੋਂ ਮੁਕਤ ਕਰਵਾਉਂਦਿਆਂ ਕਰੋੜਾਂ ਰੁਪਏ ਦੀ ਬਲੱਡ ਮਨੀ ਦਿੱਤੀ ਗਈ ਹੈ, ਤਾਂ ਜੋ ਨੌਜਵਾਨਾਂ ਦੀਆਂ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕੇ। ਉਨਾਂ ਨੇ ਕਿਹਾ ਕਿ ਇੱਥੇ ਹੀ ਬੱਸ ਨਹੀਂ ਡਾਕਟਰ ਉਬਰਾਏ ਵੱਲੋਂ ਖਾੜੀ ਦੇਸ਼ਾਂ ਦੇ ਵਿੱਚ ਵੱਖ-ਵੱਖ ਹਾਦਸਿਆਂ ਦੌਰਾਨ ਮੌਤ ਦੇ ਮੂੰਹ ਵਿੱਚ ਜਾਣ ਵਾਲੇ ਬਾਦਨਸੀਬ ਨੌਜਵਾਨਾਂ ਦੀਆਂ ਮ੍ਰਿਤਕ ਦੇਹਾਂ ਨੂੰ ਵੀ ਖਾੜੀ ਦੇਸ਼ਾਂ ਤੋਂ ਆਪਣੇ ਦੇਸ਼ ਖਾਸ ਕਰਕੇ ਪੰਜਾਬ ਲਿਆਂਦੀਆਂ ਗਈਆਂ ਹਨ, ਜਦਕਿ ਇਨ੍ਹਾਂ ਪੀੜਿਤ ਪਰਿਵਾਰਾਂ ਦੀ ਸਾਰ ਲੈਂਦੀਆਂ ਡਾਕਟਰ ਉਬਰਾਏ ਵੱਲੋਂ ਪਰਿਵਾਰਾਂ ਦੀਆਂ ਪੈਨਸ਼ਨਾਂ ਵੀ ਲਗਾਈਆਂ ਗਈਆਂ ਹਨ। ਕੌਂਸਲਰ ਸੁਖਦੇਵ ਸਿੰਘ ਬਾਜਵਾ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੀ ਇਕਾਈ ਜ਼ਿਲਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਦੀ ਅਗਵਾਈ ਹੇਠ ਪੂਰੀ ਤਨਦੇਹੀ ਦੇ ਨਾਲ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਲੱਗੀ ਹੋਈ ਹੈ ਤਾਂ ਜੋ ਟਰੱਸਟ ਦੇ ਮਾਧਿਅਮ ਰਾਹੀਂ ਹਰ ਵਰਗ ਨੂੰ ਰਾਹਤ ਦਿੱਤੀ ਜਾ ਸਕੇ।ਇਸ ਮੌਕੇ ਹੋਰ ਵੀ ਮੈਂਬਰ ਹਾਜ਼ਰ ਸਨ।

ਨਵਾਂ ਜ਼ਮਾਨਾ

ਸ਼ੁੱਕਰਵਾਰ, 22 ਅਗਸਤ 2025

# ਯੂਰੀਆ ਦੀ ਬਲੈਕ

ਚੰਗੀ ਵਰਖਾ ਨੇ ਕਿਸਾਨਾਂ ਲਈ ਬਿਹਤਰ ਹਾਲਾਤ ਪੈਦਾ ਕੀਤੇ, ਪਰ ਯੂਰੀਆ ਖਾਦ ਦੀ ਕਮੀ ਨੇ ਉਨ੍ਹਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ। ਲੋੜੀਂਦੀ ਯੂਰੀਆ ਖਾਦ ਨਾ ਮਿਲਣ ਕਾਰਨ ਕਿਸਾਨਾਂ ਨੂੰ ਫਸਲਾਂ ਦੀ ਬਿਜਾਈ ਤੇ ਦੇਖਭਾਲ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯੂ ਪੀ, ਬਿਹਾਰ, ਤਾਮਿਲਨਾਡੂ, ਮਹਾਰਾਸ਼ਟਰ ਤੇ ਕੇਰਲਾ ਵਿੱਚ ਕਿਸਾਨਾਂ ਨੂੰ ਖਾਦ ਵੰਡ ਕੇਂਦਰਾਂ ਦੇ ਬਾਹਰ 8-8 ਘੰਟੇ ਲਾਈਨ 'ਚ ਲੱਗ ਕੇ ਵੀ ਬਿਨਾਂ ਖਾਦ ਦੀ ਬੋਰੀ ਦੇ ਪਰਤਣਾ ਪੈ ਰਿਹਾ ਹੈ। ਇਸ ਨਾਲ ਸਾਉਣੀ ਦੀ ਫਸਲ ਦੀ ਪ੍ਰਭਾਵਤ ਹੋ ਸਕਦੀ ਹੈ। ਕੇਂਦਰ ਸਰਕਾਰ ਦੇ ਅੰਕੜਿਆਂ ਮੁਤਾਬਕ ਅਗਸਤ 2025 ਤੱਕ ਦੇਸ਼ ਵਿੱਚ ਯੂਰੀਆ ਦਾ ਸਟਾਕ ਪਿਛਲੇ ਸਾਲ ਦੀ ਤੁਲਨਾ 'ਚ ਕਾਫੀ ਘੱਟ ਹੈ। ਉਸ ਮੁਤਾਬਕ ਗਲੋਬਲ ਸਪਲਾਈ ਚੇਨ ਵਿੱਚ ਰੁਕਾਵਟ ਤੇ ਐਕਸਪੋਰਟ 'ਚ ਦੇਰੀ ਕਾਰਨ ਅਜਿਹਾ ਹੋਇਆ ਹੈ। ਯੂਰੀਆ, ਜਿਹੜਾ ਨਾਈਟ੍ਰੋਜਨ ਦਾ ਪ੍ਰਮੁੱਖ ਸਰੋਤ ਹੈ, ਝੋਨਾ, ਗੰਨੇ ਤੇ ਮੱਕੀ ਲਈ ਬਹੁਤ ਹੀ ਕੀਮਤੀ ਹੈ। ਰੂਸ-ਯੂਕਰੇਨ ਸੰਕਟ ਨੇ ਵੀ ਸਥਿਤੀ ਵਿਗਾੜੀ ਹੈ। ਇਸ ਦੀ ਕਮੀ ਕਾਰਨ ਕਿਸਾਨਾਂ ਦੀ ਉਤਪਾਦਨ ਲਾਗਤ ਵਧ ਰਹੀ ਹੈ ਅਤੇ ਪੈਦਾਵਾਰ 'ਤੇ ਵੀ ਅਸਰ ਪੈ ਸਕਦਾ ਹੈ। ਚੀਨ ਦੇ ਵਿਦੇਸ਼ ਮੰਤਰੀ ਦੇ ਪਿਛਲੇ ਦਿਨੀਂ ਭਾਰਤ ਦੌਰੇ ਦੌਰਾਨ ਸਰਕਾਰ ਨੇ ਚੀਨ ਤੋਂ ਖਾਦ ਦਰਾਮਦ ਕਰਨ ਦੀ ਗੱਲ ਕਹੀ, ਪਰ ਸਵਾਲ ਤਾਂ ਇਹ ਹੈ ਕਿ ਇਹ ਗੱਲ ਪਹਿਲਾਂ ਕੀਤੀ ਜਾ ਸਕਦੀ ਸੀ, ਹੁਣ ਕਿਉਂ ਚੇਤੇ ਆਇਆ?

ਪੰਜਾਬ ਤੇ ਯੂ ਪੀ ਵਰਗੇ ਪ੍ਰਮੁੱਖ ਖੇਤੀ ਰਾਜਾਂ ਵਿੱਚ ਯੂਰੀਆ ਦੀ ਕਿੱਲਤ ਕਾਰਨ ਕਿਸਾਨ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਮੁਤਾਬਕ ਮੌਨਸੂਨ ਚੰਗਾ ਹੋਣ ਦੇ ਬਾਵਜੂਦ ਖਾਦ ਸਮੇਂ ਸਿਰ ਨਾ ਮਿਲੀ ਤਾਂ ਮਿਹਨਤ ਬੇਕਾਰ ਚਲੇ ਜਾਣੀ ਹੈ। ਖੇਤੀ ਮਾਹਰਾਂ ਦਾ ਕਹਿਣਾ ਹੈ ਕਿ ਯੂਰੀਆ ਦੀ ਕਮੀ ਦੂਰ ਕਰਨ ਲਈ ਸਰਕਾਰ ਨੂੰ ਬਦਲਵੀਆਂ ਖਾਦਾਂ ਦੇ ਇਸਤੇਮਾਲ ਨੂੰ ਬੜ੍ਹਾਵਾ ਦੇਣਾ ਚਾਹੀਦਾ ਹੈ ਤੇ ਲੰਮੀ ਮਿਆਦ ਦੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ, ਤਾਂ ਜੋ ਭਵਿੱਖ ਵਿੱਚ ਅਜਿਹੀ ਸਥਿਤੀ ਤੋਂ ਬਚਿਆ ਜਾ ਸਕੇ। ਸਰਕਾਰ ਭਾਵੇਂ ਸਥਿਤੀ ਨੂੰ ਕੰਟਰੋਲ ਵਿੱਚ ਲਿਆਉਣ ਲਈ ਹਰ ਸੰਭਵ ਕਦਮ ਚੁੱਕਣ ਦੀ ਗੱਲ ਕਹਿ ਰਹੀ ਹੈ, ਪਰ ਕਿਸਾਨਾਂ ਵਿੱਚ ਵਧਦੀ ਬੇਚੈਨੀ ਤੇ ਯੂਰੀਆ ਦੀ ਕਮੀ ਦਾ ਮੁੱਦਾ ਆਉਣ ਵਾਲੇ ਦਿਨਾਂ 'ਚ ਹੋਰ ਗੰਭੀਰ ਹੋ ਸਕਦਾ ਹੈ। ਯੂਰੀਆ ਸਣੇ ਤਮਾਮ ਪ੍ਰੀਮੀਅਮ ਖਾਦਾਂ ਦੀ ਦਰਾਮਦ ਹੋਰਨਾਂ ਦੇਸ਼ਾਂ ਤੋਂ ਹੁੰਦੀ ਹੈ। ਕੇਂਦਰ ਸਰਕਾਰ ਨੇ ਰਾਜਾਂ ਲਈ ਇਸ ਦਾ ਕੋਟਾ ਮਿੱਥਿਆ ਹੋਇਆ ਹੈ। ਵਿਡੰਬਨਾ ਇਹ ਵੀ ਹੈ ਕਿ ਜਦੋਂ ਕਿਸਾਨ ਸਰਕਾਰੀ ਡਿਪੂਆਂ 'ਤੇ ਯੂਰੀਆ ਲੈਣ ਜਾਂਦੇ ਹਨ ਤਾਂ ਮਿਲਦੀ ਨਹੀਂ, ਪਰ ਪ੍ਰਾਈਵੇਟ ਦੁਕਾਨਾਂ ਤੋਂ ਪ੍ਰਤੀ ਬੋਰੀ 800 ਤੋਂ 1000 ਰੁਪਏ ਤੱਕ ਉਹੀ ਖਾਦ ਉਪਲੱਬਧ ਹੈ, ਯਾਨਿ ਖਾਦ ਦੀ ਖੁੱਲ੍ਹੇਆਮ ਬਲੈਕ ਹੋ ਰਹੀ ਹੈ ਅਤੇ ਇਸ 'ਚ ਹਰ ਰਾਜ 'ਚ ਸਰਕਾਰੀ ਅਧਿਕਾਰੀਆਂ ਤੇ ਦੁਕਾਨਦਾਰਾਂ ਦਾ ਗੱਠਜੋੜ ਸਰਗਰਮ ਹੈ।

# ਸਿੱਖਿਆ, ਸਿਹਤ ਅਤੇ ਗ਼ੁਰਬਤ ਦਾ ਕੁਚੱਕਰ



ਡਾ. ਸ਼ਿਆਮ ਸੁੰਦਰ ਦੀਪਤੀ

ਮੁਲਕ ਨੇ ਆਪਣੇ ਲਗਾਤਾਰ ਵਿਕਾਸ ਅਤੇ ਸਮਝ ਤਹਿਤ ਕਿੰਨੇ ਹੀ ਵਿਭਾਗ ਅਤੇ ਮੰਤਰਾਲੇ ਬਣਾਏ। ਸਿੱਖਿਆ ਅਤੇ ਸਿਹਤ ਤਾਂ ਪਹਿਲਾਂ ਹੀ ਨਿਸ਼ਾਨੇ 'ਤੇ ਸਨ। ਆਜ਼ਾਦੀ ਤੋਂ ਪਹਿਲਾਂ ਹੀ ਲੋਕਾਂ ਦੀ ਸਿਹਤ ਅਤੇ ਬਿਮਾਰੀ ਬਾਰੇ ਸਰਵੇਖਣ ਕਰ ਲਿਆ ਸੀ। 1946 ਵਿਚ ਇਸ ਕੰਮ ਲਈ ਬਣੀ ਸਰ ਭੌਰ ਕਮੇਟੀ ਦੀ ਰਿਪੋਰਟ ਸਾਹਮਣੇ ਸੀ। ਦੇਸ਼ ਛੂਤ ਦੀਆਂ ਬਿਮਾਰੀਆਂ ਜਿਵੇਂ ਟੀ ਬੀ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਨਾਲ ਜੂਝ ਰਿਹਾ ਸੀ। ਜਿਥੋਂ ਤੱਕ ਸਿੱਖਿਆ ਦੀ ਗੱਲ ਹੈ, ਉਸ ਵੇਲੇ ਸਿਰਫ 12 ਫੀਸਦੀ ਲੋਕ ਹੀ ਪੜ੍ਹੇ-ਲਿਖੇ ਸੀ। ਇਨ੍ਹਾਂ ਵਿਚੋਂ ਵੀ ਔਰਤਾਂ, ਪਛੜੀਆਂ ਜਾਤੀਆਂ, ਦਲਿਤ ਅਤੇ ਦੂਰ-ਦਰਾਜ ਦੇ ਲੋਕਾਂ ਵਿਚ ਸਿੱਖਿਆ ਦੀ ਹਾਲਤ ਤੁਸੀਂ ਖੁਦ ਸਮਝ ਸਕਦੇ ਹੋ।

ਹੌਲੀ-ਹੌਲੀ ਵੱਖ-ਵੱਖ ਮੰਤਰਾਲਿਆਂ ਦੇ ਮੱਦੇਨਜ਼ਰ ਮਨੁੱਖੀ ਸਰਮਾਏ ਨੂੰ ਸਮਰਪਿਤ ਮੰਤਰਾਲਾ ਬਣਾਇਆ। ਵੈਸੇ ਤਾਂ ਮਨੁੱਖੀ ਸਰੋਤ ਦੇ ਘੇਰੇ ਵਿਚ ਬਹੁਤ ਕੁਝ ਆਉਂਦਾ ਹੈ, ਪਰ ਇਸ ਮੰਤਰਾਲੇ ਦਾ ਮੁੱਖ ਉਦੇਸ਼ ਸਿੱਖਿਆ ਦੇ ਵੱਖ-ਵੱਖ ਪੱਧਰਾਂ 'ਤੇ ਕੰਮ ਕਰਨਾ ਸੀ, ਜਿਵੇਂ ਉਚ ਸਿੱਖਿਆ, ਤਕਨੀਕੀ ਸਿੱਖਿਆ ਤੇ ਇਸੇ ਤਹਿਤ ਮੈਡੀਕਲ ਤੇ ਇੰਜੀਨੀਅਰਿੰਗ ਸਿੱਖਿਆ। ਸਿਹਤ ਨੂੰ ਵੀ ਮਨੁੱਖੀ ਸਰੋਤ ਵਿਚ ਸ਼ਾਮਲ ਕੀਤਾ ਗਿਆ ਕਿਉਂਕਿ ਅਰਥ ਸ਼ਾਸਤਰੀਆਂ ਮੁਤਾਬਿਕ, ਸਿਹਤਮੰਦ ਸ਼ਖ਼ਸ ਅਤੇ ਸਿੱਖਿਅਕ ਮਨੁੱਖ ਵਿਕਾਸ ਲਈ ਵੱਧ ਸਹਾਇਕ ਹੁੰਦਾ ਹੈ ਤੇ ਪੈਦਾਵਾਰ ਵਿਚ ਵੱਧ ਹਿੱਸਾ ਪਾਉਂਦਾ ਹੈ। ਇਸੇ ਤਰ੍ਹਾਂ ਜਦੋਂ ਸਿਹਤ ਦੀ ਗੱਲ ਚੱਲੀ ਤਾਂ ਖੁਰਾਕ ਦੀ ਮਹੱਤਤਾ ਵਿਚਾਰੀ ਗਈ। ਦੇਸ਼ ਦੀ ਖੁਰਾਕ ਸਮਰੱਥਾ ਦੇ ਮੱਦੇਨਜ਼ਰ ਵਿਚਾਰਾਂ ਹੋਈਆਂ ਤਾਂ ਦੇਸ਼ ਦੀ ਅਨਾਜ ਪੈਦਾਵਾਰ ਨੂੰ ਵੀ ਬਰਾਬਰ ਥਾਂ ਮਿਲੀ।

ਦੇਸ਼ ਦੀ ਆਜ਼ਾਦੀ ਮਗਰੋਂ ਪਹਿਲੀ ਵਾਰ-ਵੱਖ ਵੱਖ ਸਮੱਸਿਆਵਾਂ ਮੁਤਾਬਕ ਨੀਤੀਆਂ ਬਣਾਉਣ ਦਾ ਕੰਮ ਸ਼ੁਰੂ ਹੋਇਆ। ਨੀਤੀ ਕਿਸੇ ਵੀ ਤਰ੍ਹਾਂ ਦੇ ਕੰਮ ਕਰਨ ਲਈ ਰੂਪ-ਰੇਖਾ ਹੁੰਦੀ ਹੈ, ਨਕਸ਼ਾ ਹੁੰਦਾ ਹੈ, ਜਿਸ ਦੇ ਤਹਿਤ ਦਿਸ਼ਾ ਤੈਅ ਹੁੰਦੀ ਹੈ, ਮਾਹਰ ਅਤੇ ਹੋਰ ਕਾਮੇ ਆਪਣੀ ਸਮਰੱਥਾ ਮੁਤਾਬਕ ਕਦਮ ਪੁਟਦੇ ਹਨ। ਜਿਥੋਂ ਤੱਕ ਕੰਮ ਕਰਨ ਲਈ ਸਮਰਥਾ ਦੀ ਗੱਲ ਹੈ, ਉਸ ਲਈ ਮੁੱਖ ਤੌਰ 'ਤੇ ਸਰਮਾਏ ਦੀ ਲੋੜ ਹੁੰਦੀ ਹੈ, ਨਾਲ ਹੀ ਕੰਮ ਕਰਨ ਵਾਲੇ ਸਿੱਖਿਅਕਾਂ ਦੀ। ਇਹ ਗੱਲ ਮੰਨਣ ਵਾਲੀ ਹੈ ਕਿ ਜਦੋਂ ਦੇਸ਼ ਆਜ਼ਾਦ ਹੋਇਆ, ਕਈ ਪੱਖਾਂ ਤੋਂ ਪਛੜਿਆ ਹੋਇਆ ਸੀ। ਪੈਸੇ ਦੀ ਗੱਲ ਕਰੀਏ ਤਾਂ ਗਰੀਬੀ ਵੱਡੇ ਪੱਧਰ 'ਤੇ ਦੇਸ਼ ਦੀ ਹੋਣੀ ਸੀ। ਤਕਰੀਬਨ ਅੱਸੀ ਪ੍ਰਤੀਸ਼ਤ ਲੋਕ ਗਰੀਬ ਸਨ। ਜਦੋਂ ਯੋਜਨਾ ਆਯੋਗ (1950) ਬਣਿਆ ਤਾਂ ਇਹ ਅੰਦਾਜ਼ਾ 65 ਫੀਸਦੀ ਸੀ।

ਅੱਜ ਆਜ਼ਾਦੀ ਤੋਂ 76 ਸਾਲ ਬਾਅਦ ਭਾਰਤ ਭਾਵੇਂ ਅਮੀਰ ਦੇਸ਼ਾਂ ਦੀ ਕਤਾਰ ਵਿਚ ਗਿਣਿਆ ਜਾਂਦਾ ਹੈ, ਪਰ ਗਰੀਬੀ ਦੀ ਹਾਲਤ ਵਿਚ ਸੁਧਾਰ ਓਨਾ ਨਹੀਂ ਹੋਇਆ, ਜਿੰਨੇ ਦਾਅਵੇ ਕੀਤੇ ਜਾਂਦੇ ਹਨ। ਹੁਣ ਦੇਸ਼ ਵਿਚ ਅੱਸੀ ਕਰੋੜ ਪਰਵਾਰਾਂ ਨੂੰ ਪੰਜ ਕਿਲੋ ਅਨਾਜ ਹਰ ਮਹੀਨੇ ਮੁਫ਼ਤ ਦੇਣ ਦੀ ਗੱਲ ਕਹੀ ਜਾ ਰਹੀ ਹੈ। ਇਸ ਦਾ ਇਕ ਹੋਰ ਪਾਸਾ ਇਹ ਵੀ ਹੈ ਕਿ ਕੌਮਾਂਤਰੀ ਸੰਸਥਾ ਵੱਲੋਂ ਜਦੋਂ ਖੁਰਾਕ ਨੂੰ ਲੈ ਕੇ ਭੁੱਖਮਰੀ ਦੇ ਅੰਕੜੇ ਪੇਸ਼ ਕੀਤੇ ਜਾਂਦੇ ਹਨ ਤਾਂ ਸਾਡੇ ਦੇਸ਼ (ਜੋ ਦੁਨੀਆ ਦਾ ਪੰਜਵਾਂ ਵੱਡਾ ਅਰਥਚਾਰਾ ਹੈ) ਦਾ ਥਾਂ 112 'ਤੇ ਪਹੁੰਚ ਗਿਆ ਹੈ। ਖੁਰਾਕ ਬਾਰੇ ਜਦੋਂ ਸਿਹਤ ਨਾਲ ਜੋੜ ਕੇ ਜ਼ਿਕਰ ਕੀਤਾ ਜਾਂਦਾ ਹੈ ਤਾਂ ਮੈਡੀਕਲ ਵਿਭਾਗ ਇਹ ਦਾਅਵੇ ਕਰਦਾ ਹੈ ਕਿ ਕੁਪੋਸ਼ਣ ਦੀ ਸਮੱਸਿਆ ਸਾਰੀਆਂ ਬਿਮਾਰੀਆਂ ਦੀ ਬੁਨਿਆਦ ਹੈ। ਜ਼ਿਕਰ ਕਰਨ ਲਈ ਇਹ ਉਦਾਹਰਨ ਕਾਫ਼ੀ ਹੈ ਕਿ ਟੀ ਬੀ ਵਰਗੀ ਜਿਸ ਬਿਮਾਰੀ ਦਾ ਜ਼ਿਕਰ ਭੌਰ ਕਮੇਟੀ ਦੀ ਰਿਪੋਰਟ ਵਿਚ ਆਜ਼ਾਦੀ ਤੋਂ ਪਹਿਲਾਂ ਹੋਇਆ ਹੈ, ਉਹ ਸਮੱਸਿਆ ਅਜੇ ਤੱਕ ਹੈ। ਇਸ ਦਾ ਸਭ ਤੋਂ ਵੱਡਾ ਕਾਰਨ ਕੁਪੋਸ਼ਣ ਹੈ।

ਕੁਪੋਸ਼ਣ ਮਤਲਬ ਖੁਰਾਕ ਦੀ ਘਾਟ ਹੈ ਅਤੇ ਭੁੱਖਮਰੀ ਤੇ ਗਰੀਬੀ ਦਾ ਆਪਸ ਵਿਚ ਗੂੜ੍ਹਾ ਸਬੰਧ ਹੈ। ਟੀ ਬੀ ਭਾਵੇਂ ਜਰਮਾਂ ਨਾਲ ਹੋਣ ਵਾਲੀ ਬਿਮਾਰੀ ਹੈ, ਪਰ ਟੀ ਬੀ ਦੇ ਜਰਮ ਉਸ ਸ਼ਖ਼ਸ 'ਤੇ ਹਮਲਾ ਕਰਦੇ ਹਨ, ਜੋ ਸਰੀਰਕ ਪੱਖੋਂ ਕਮਜ਼ੋਰ ਹੁੰਦਾ ਹੈ।

ਆਜ਼ਾਦੀ ਮਗਰੋਂ ਵਿਆਪਕ ਅਨਪੜ੍ਹਤਾ ਦੇ ਮੱਦੇਨਜ਼ਰ ਦਸ ਸਾਲ ਵਿਚ ਹੀ ਦੇਸ਼ ਨੂੰ ਸਾਖਰ ਕਰਨ ਦਾ ਟੀਚਾ ਮਿਥਿਆ ਗਿਆ। ਤਕਰੀਬਨ 75 ਸਾਲਾਂ ਬਾਅਦ ਦੇਸ਼ ਦੀ ਸਾਖਰਤਾ ਦਰ 74.4 ਫੀਸਦੀ ਹੈ, ਕਹਿਣ ਦਾ ਮਤਲਬ, ਚੌਥਾ ਹਿੱਸਾ ਆਬਾਦੀ ਅਨਪੜ੍ਹ ਹੈ। ਤੁਸੀਂ ਕਹਿ ਲਵੋ ਕਿ ਤਕਰੀਬਨ 90 ਕਰੋੜ ਕੰਪਿਊਟਰ ਬੇਕਾਰ ਪਏ ਹਨ, ਜਿਨ੍ਹਾਂ ਦਾ ਦਿਮਾਗ ਵਰਤੋਂ ਵਿਚ ਨਹੀਂ ਲਿਆਂਦਾ ਜਾ ਰਿਹਾ।

ਲੋਕਤੰਤਰੀ ਦੇਸ਼, ਮਤਲਬ ਲੋਕਾਂ ਲਈ ਕੰਮ ਕਰਨ ਵਾਲੀ ਸਰਕਾਰ ਅਤੇ ਅਰਥ ਸ਼ਾਸਤਰੀਆਂ ਨੇ ਸਿਹਤ ਅਤੇ ਸਿੱਖਿਆ ਨੂੰ ਮਨੁੱਖੀ ਵਸੀਲੇ ਵਜੋਂ ਵਿਕਸਤ ਕਰਨ ਦੀ ਗੱਲ ਨੂੰ ਅੱਖੋਂ-ਪਰੋਖੇ ਕਰ ਕੇ ਸਿੱਖਿਆ ਉਪਰ ਕੁੱਲ ਘਰੇਲੂ ਉਤਪਾਦਨ (ਜੀ ਡੀ ਪੀ) ਦਾ 3.9 ਫੀਸਦੀ ਅਤੇ ਸਿਹਤ ਲਈ ਸਿਰਫ 2.9 ਫੀਸਦੀ ਬਜਟ ਹੀ ਰੱਖਿਆ ਹੈ। ਸਰਕਾਰ ਭਾਵੇਂ ਹਰ ਬਜਟ ਵਿਚ ਦਾਅਵਾ ਕਰਦੀ ਹੈ ਕਿ ਇਸ ਸਾਲ ਬਜਟ ਵਿਚ 10 ਤੋਂ 15 ਫੀਸਦੀ ਵਾਧਾ ਕੀਤਾ ਗਿਆ ਹੈ, ਪਰ ਇਹ ਵਾਧਾ ਮਹਿੰਗਾਈ ਦੇ ਮੱਦੇਨਜ਼ਰ ਹੁੰਦਾ ਹੈ। ਕੁਝ ਹੋਰ ਪੱਖ ਜੋੜ ਕੇ ਲੋਕਾਂ ਨੂੰ ਦਿਖਾਉਣ ਲਈ ਹੁੰਦਾ ਹੈ, ਹਕੀਕਤ ਵਿਚ ਕਿਸੇ ਤਰ੍ਹਾਂ ਦਾ ਵਾਧਾ ਨਹੀਂ ਹੁੰਦਾ।

ਸਿੱਖਿਆ ਨੀਤੀ ਪਹਿਲੀ ਵਾਰੀ 1968 ਵਿਚ ਬਣਾਈ ਗਈ ਤੇ ਫਿਰ 1986 ਵਿਚ। ਇਸ ਨੀਤੀ ਤਹਿਤ ਰਾਜੀਵ ਗਾਂਧੀ ਸਰਕਾਰ ਨੇ ਸਾਖਰਤਾ ਦਰ 100 ਫੀਸਦੀ ਕਰਨ ਦਾ ਟੀਚਾ ਮਿਥਿਆ। ਇਹ ਅਸਲ ਵਿਚ ਆਜ਼ਾਦੀ ਸਮੇਂ ਦਾ ਸੁਫ਼ਨਾ ਸੀ, ਪਰ ਇਹ ਸੁਫ਼ਨਾ ਹੀ ਰਹਿ ਗਿਆ। ਹੁਣ ਮੌਜੂਦਾ ਸਰਕਾਰ ਨੇ ਨਵੀਂ ਸਿੱਖਿਆ ਨੀਤੀ-2020 ਤਹਿਤ ਸਿੱਖਿਆ ਨੂੰ ਪੂਰੀ ਤਰ੍ਹਾਂ ਪ੍ਰਾਈਵੇਟ ਹੱਥਾਂ ਵਿਚ ਦੇਣ ਵਾਲਾ ਰਾਹ ਫੜ ਲਿਆ ਹੈ।

ਦੇਸ਼ ਦੀ ਇਸੇ ਤਰ੍ਹਾਂ ਸਿਹਤ ਸਥਿਤੀ ਨੂੰ ਲੈ ਕੇ ਭਾਵੇਂ ਸਾਡੇ ਕੋਲ ਰਿਪੋਰਟ ਆਜ਼ਾਦੀ ਤੋਂ ਪਹਿਲਾਂ ਸੀ, ਪਰ ਸੰਸਾਰ ਸਿਹਤ ਸੰਸਥਾ ਦੇ ਦਬਾਅ ਹੇਠ ਪਹਿਲੀ ਵਾਰ ਸਿਹਤ ਨੀਤੀ 1983 ਵਿਚ ਬਣਾਈ ਗਈ। ਉਸ ਸਮੇਂ 'ਸਭ ਲਈ ਸਿਹਤ - 2000 ਤੱਕ' ਨਿਸ਼ਾਨੇ ਨਾਲ ਟੀਚੇ ਮਿੱਥੇ ਗਏ। ਫਿਰ 2002 ਅਤੇ ਮੌਜੂਦਾ ਸਰਕਾਰ ਨੇ 2017 ਵਿਚ ਸਿਹਤ ਨੀਤੀ ਵਿਚ ਸੋਧ ਕੀਤੀ। ਅੱਜ ਹਾਲਾਤ ਇਹ ਹਨ ਕਿ ਸਰਕਾਰ ਵਲੋਂ ਗਰੀਬਾਂ ਨੂੰ ਦੇਣ ਲਈ ਸਿਰ ਦਰਦ ਦੀ ਗੋਲੀ ਵੀ ਨਹੀਂ ਹੈ ਤੇ ਅਮੀਰਾਂ ਨੂੰ ਇਲਾਜ ਲਈ ਮਹਿੰਗੇ ਤੋਂ ਮਹਿੰਗਾ ਇਲਾਜ ਮੁਹੱਈਆ ਕਰਨ ਦਾ ਰਾਹ ਖੁੱਲ੍ਹਾ ਹੈ। ਕਹਿਣ ਨੂੰ ਤਾਂ ਭਾਵੇਂ ਸਰਕਾਰ ਨੇ ਸਿਹਤ ਬੀਮਾ ਯੋਜਨਾ ਦਾ ਰਾਹ ਵੀ ਖੋਲ੍ਹਿਆ ਹੈ, ਪਰ ਇਸ ਮੈਦਾਨ ਵਿਚ ਕਿੰਨੀਆਂ ਹੀ ਬੀਮਾ ਕੰਪਨੀਆਂ ਆਪਣੇ ਵਾਰੇ-ਨਿਆਰੇ ਕਰ ਰਹੀਆਂ ਹਨ। ਸਿੱਖਿਆ ਅਤੇ ਸਿਹਤ ਦੀ ਮੌਜੂਦਾ ਤਸਵੀਰ ਦੇਖਦਿਆਂ ਸਾਫ ਦਿਸਣ ਲੱਗਿਆ ਹੈ ਕਿ ਇਹ ਦੋਵੇਂ ਖੇਤਰ ਹੁਣ ਅਮੀਰਾਂ ਲਈ ਰਾਖਵੇਂ ਹਨ; ਗਰੀਬ ਆਦਮੀ ਨੂੰ ਹੌਲੀ-ਹੌਲੀ ਇਸ ਤੋਂ ਬਾਹਰ ਕਰ ਦਿੱਤਾ ਗਿਆ ਹੈ।

ਇਕ ਸਿਹਤਮੰਦ ਅਤੇ ਸਿੱਖਿਅਤ ਸ਼ਖ਼ਸ, ਗਰੀਬ ਅਤੇ ਕਮਜ਼ੋਰ ਬੰਦੇ ਦੇ ਮੁਕਾਬਲੇ ਘੱਟ ਦਿਹਾੜੀ ਵਾਲੇ ਕੰਮ ਲੱਗਿਆ ਹੋਣ ਕਰ ਕੇ ਘੱਟ ਤਨਖਾਹ/ਦਿਹਾੜੀ ਲੈਂਦਾ ਹੈ ਤੇ ਛੁੱਟੀਆਂ ਵੀ ਵੱਧ ਕਰਦਾ ਹੈ, ਕਿਉਂਕਿ ਉਹ ਅਕਸਰ ਬਿਮਾਰੀ ਨਾਲ ਘਿਰਿਆ ਰਹਿੰਦਾ ਹੈ। ਇਸ ਤਰ੍ਹਾਂ ਗਰੀਬੀ ਦੇ ਗੇੜ ਤੋਂ ਬਾਹਰ ਆਉਣ ਤੋਂ ਨਾਕਾਮਯਾਬ ਰਹਿੰਦਾ ਹੈ। ਜਦੋਂ ਸਿਹਤ ਅਤੇ ਸਿੱਖਿਆ ਦੇ ਕੁਚੱਕਰ ਦੀ ਗੱਲ ਆਉਂਦੀ ਹੈ ਤਾਂ ਅਸੀਂ ਜਾਣਿਆ ਹੈ ਕਿ ਪੜ੍ਹਿਆ-ਲਿਖਿਆ ਅਤੇ ਸਿਹਤਮੰਦ ਸ਼ਖ਼ਸ ਵਧੀਆ ਰੁਜ਼ਗਾਰ ਕਰ ਸਕਦਾ ਹੈ ਤੇ ਆਪਣੇ ਆਪ ਨੂੰ ਗਰੀਬੀ ਦੇ ਚੁੰਗਲ ਵਿਚੋਂ ਛੁਡਾ ਸਕਦਾ ਹੈ।

ਦੇਸ਼ ਵਿਚ ਗਰੀਬਾਂ ਅਤੇ ਬੱਚਿਆਂ ਲਈ ਜਿੰਨੀਆਂ ਮਰਜ਼ੀ ਸਕੀਮਾਂ ਹੋਣ, ਪਰ ਸੱਚ ਇਹ ਹੈ ਕਿ ਦੇਸ਼ ਦੀ 40 ਫੀਸਦੀ ਦੌਲਤ ਦੇਸ਼ ਦੇ ਇਕ ਫੀਸਦੀ ਲੋਕਾਂ ਕੋਲ ਹੈ ਜਾਂ ਕਹੀਏ, ਕੁਝ ਕੁ ਪਰਵਾਰਾਂ ਦੇ ਹੱਥਾਂ ਵਿਚ ਹੈ, ਦੂਜੇ ਪਾਸੇ, ਦੇਸ਼ ਦੀ ਕੁੱਲ ਦੌਲਤ ਦਾ ਸਿਰਫ਼ ਇਕ ਫੀਸਦੀ ਹਿੱਸਾ ਪੰਜਾਹ ਫੀਸਦੀ ਲੋਕਾਂ ਕੋਲ ਹੈ। ਇਸ ਗੱਲ ਨੂੰ ਇਸ ਤਰ੍ਹਾਂ ਵੀ ਸਮਝ ਸਕਦੇ ਹਾਂ ਕਿ ਦੇਸ਼ ਦੇ ਸਿਰਫ਼ 10 ਫੀਸਦੀ ਲੋਕ ਹੀ ਹਨ, ਜੋ 25000 ਰੁਪਏ ਮਹੀਨਾ ਜਾਂ ਉਸ ਤੋਂ ਵੱਧ ਕਮਾਉਂਦੇ ਹਨ। ਇਸ ਦੇ ਨਾਲ ਹੀ ਇਕ ਗੱਲ ਇਹ ਵੀ ਸਮਝੀ ਜਾ ਸਕਦੀ ਹੈ ਕਿ ਦੇਸ਼ ਦੇ 4 ਫੀਸਦੀ ਲੋਕ ਹੀ ਸਿਰਫ ਸੱਤਰ ਹਜ਼ਾਰ ਰੁਪਏ ਮਹੀਨਾ ਜਾਂ ਕਹਿ ਲਓ ਅੱਠ ਲੱਖ ਰੁਪਏ ਸਾਲਾਨਾ ਆਪਣੇ ਘਰ ਲੈ ਕੇ ਜਾਂਦੇ ਹਨ ਤੇ ਖੁਸ਼ਹਾਲ ਜੀਵਨ ਬਤੀਤ ਕਰਦੇ ਹਨ।

ਇਸ ਤੋਂ ਇਸ ਨਤੀਜੇ 'ਤੇ ਪਹੁੰਚਿਆ ਜਾ ਸਕਦਾ ਹੈ ਕਿ ਦੇਸ਼ ਦੀ ਨਿਗੂਣੀ ਜਿਹੀ ਆਬਾਦੀ ਹੀ ਖੁਸ਼ਹਾਲ ਜੀਵਨ ਬਤੀਤ ਕਰ ਰਹੀ ਹੈ, ਬਹੁਤ ਵੱਡੀ ਗਿਣਤੀ (ਤਕਰੀਬਨ 90 ਫੀਸਦੀ) ਆਬਾਦੀ ਦਾ ਜੀਵਨ ਬਦਹਾਲੀ ਵਾਲਾ ਹੈ। ਆਪਣਾ ਦੇਸ਼ ਹੁਣ 2030 ਤੱਕ ਮੂਹਰਲੀਆਂ ਦੋ ਵੱਡੀਆਂ ਆਰਥਿਕ ਤਾਕਤਾਂ ਤੋਂ ਬਾਅਦ ਵੱਡੀ ਤਾਕਤ ਹੋਣ ਦੇ ਦਾਅਵੇ ਕਰ ਰਿਹਾ ਹੈ। ਕਹਿਣ ਦਾ ਭਾਵ, ਸਾਡਾ ਮੁਲਕ ਅਮਰੀਕਾ ਤੇ ਜਪਾਨ ਤੋਂ ਬਾਅਦ ਆਪਣੀ ਥਾਂ ਬਣਾ ਰਿਹਾ ਹੈ। ਇਨ੍ਹਾਂ ਦਾਅਵਿਆਂ ਵਿਚ ਕਿੰਨੀ ਸਚਾਈ ਹੈ, ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ, ਪਰ ਕੀ ਇਹ ਸਭ ਮੌਜੂਦਾ ਹਾਲਾਤ ਨਾਲ ਮੇਲ ਖਾਂਦਾ ਹੈ? ਇਹ ਕਿਤੇ ਕੁਝ ਘਰਾਣਿਆਂ ਦੇ ਅਮੀਰ ਤੋਂ ਅਮੀਰ ਹੋਣ ਅਤੇ ਬਾਕੀ ਦੇਸ਼ ਨੂੰ ਗਰੀਬੀ ਦੇ ਕੁਚੱਕਰ ਵਿਚ ਫਸੇ ਰਹਿਣ ਵੱਲ ਤਾਂ ਨਹੀਂ ਧੱਕ ਦੇਵੇਗਾ? ਕਹਿਣ ਦਾ ਮਤਲਬ ਦੇਸ਼ ਤਾਂ ਜ਼ਰੂਰ ਅਮੀਰ ਹੋ ਜਾਵੇਗਾ, ਪਰ ਲੋਕ ਬਦਹਾਲ ਜ਼ਿੰਦਗੀ ਜੀਅ ਰਹੇ ਹੋਣਗੇ!

# ਸੰਪਰਕ : 98158-08506

# ਕਿੱਥੇ ਗੁੰਮ ਹੋ ਗਿਆ ਪਿੱਠੂ ?

ਰਾਜਿੰਦਰ ਸਿੰਘ ਰਾਜਨ

ਅੱਜ ਦੇ ਡਿਜੀਟਲ ਯੁੱਗ ਵਿੱਚ ਜਿੱਥੇ ਬੱਚਿਆਂ ਦੇ ਹੱਥਾਂ ਵਿੱਚ ਸਮਾਰਟ ਫੋਨ, ਟੈਬਲਟ ਤੇ ਲੈਪਟਾਪ ਆ ਗਏ ਹਨ, ਉੱਥੇ ਛੋਟੀਆਂ ਵਿਰਾਸਤੀ ਖੇਡਾਂ, ਜੋ ਕਦੇ ਗਲੀਆਂ ਵਿੱਚ ਰੌਲਾ ਪਾਉਂਦੀਆਂ ਸਨ, ਹੁਣ ਬੀਤੇ ਸਮੇਂ ਦੀ ਯਾਦ ਬਣ ਕੇ ਰਹਿ ਗਈਆਂ ਹਨ। ਜੇਕਰ ਅੱਜ ਦੀ ਨਵੀਂ ਪੀੜ੍ਹੀ ਨੂੰ ਇਹ ਪੁੱਛਿਆ ਜਾਵੇ ਕਿ ਪਿੱਠੂ ਕਿਹੜੀ ਖੇਡ ਹੈ, ਤਾਂ ਉਹ ਹੈਰਾਨ ਹੋ ਕੇ ਆਪਣੀਆਂ ਉਂਗਲਾਂ ਦੰਦਾਂ ਹੇਠ ਰੱਖ ਕੇ ਸੋਚਣ ਲਈ ਮਜਬੂਰ ਹੋ ਜਾਣਗੇ ਅਤੇ ਦੱਸਣਾ ਉਨ੍ਹਾਂ ਦੇ ਵੱਸ ਦੀ ਗੱਲ ਨਹੀਂ ਹੋਵੇਗੀ, ਪਰ ਹਕੀਕਤ ਇਹ ਹੈ ਕਿ ਪਿੱਠੂ ਇੱਕ ਛੋਟੀ ਪਰ ਵਿਰਾਸਤੀ ਲੋਕ-ਖੇਡ ਹੈ, ਜੋ ਨਾ ਸਿਰਫ ਮਨੋਰੰਜਨ ਦਿੰਦੀ ਸੀ, ਸਗੋਂ ਸਰੀਰਕ, ਮਾਨਸਿਕ, ਸਮਾਜਿਕ ਅਤੇ ਭਾਵਨਾਤਮਕ ਵਿਕਾਸ ਦਾ ਸਰੋਤ ਵੀ ਸੀ। ਇਹ ਖੇਡ ਖਾਸ ਕਰਕੇ 12-14 ਸਾਲ ਦੇ ਬੱਚਿਆਂ ਦੀ ਪਸੰਦੀਦਾ ਖੇਡ ਹੈ, ਪਰ ਕਈ ਨੌਜਵਾਨ ਵੀ ਇਸ ਵਿੱਚ ਭਰਪੂਰ ਰੁਚੀ ਲੈਂਦੇ ਸਨ। ਪਿੰਡਾਂ ਦੀਆਂ ਗਲੀਆਂ, ਸਕੂਲਾਂ ਦੀਆਂ ਗਰਾਊਂਡਾਂ ਜਾਂ ਬੋਹੜ ਦੀ ਛਾਂ ਹੇਠ ਇਹ ਪ੍ਰਚੱਲਤ ਖੇਡ ਆਪਣੀ ਵੱਖਰੀ ਅਮਿੱਟ ਛਾਪ ਛੱਡਦੀ ਸੀ, ਪਰ ਅਫਸੋਸ ਕਿ ਅੱਜ ਇਸ ਦਿਲਚਸਪ ਖੇਡ ਦੇ ਨਜ਼ਾਰੇ ਅਲੋਪ ਹੋ ਗਏ ਹਨ।

ਪਿੱਠੂ ਖੇਡਣ ਲਈ ਕਿਸੇ ਮਹਿੰਗੇ ਸਾਜ਼ੋ-ਸਾਮਾਨ ਦੀ ਲੋੜ ਨਹੀਂ ਹੁੰਦੀ। ਸਿਰਫ ਪੰਜ-ਛੇ ਠੀਕਰੀਆਂ ਅਤੇ ਇੱਕ ਖਿੱਦੋ (ਗੇਂਦ) ਹੀ ਕਾਫ਼ੀ ਹੁੰਦੀ ਹੈ। ਪਿੱਠੂ ਖੇਡ ਨੂੰ ਖੇਡਣ ਲਈ ਗੋਲ ਜਾਂ ਚੌਰਸ ਬਿਸਕੁਟ ਦੇ ਆਕਾਰ ਵਰਗੀਆ ਪੰਜ-ਛੇ ਠੀਕਰੀਆਂ ਲਈਆ ਜਾਂਦੀਆਂ ਹਨ। ਉਨ੍ਹਾਂ ਨੂੰ ਇਕ-ਦੂਜੇ ਉਤੇ ਕਤਾਰ ਬਣਾ ਕੇ ਟਿਕਾ ਦਿੱਤਾ ਜਾਂਦਾ ਹੈ। ਇਹਨਾਂ ਠੀਕਰੀਆਂ ਤੋਂ ਕਰੀਬ ਪੰਜ ਫੁੱਟ ਦਾ ਫ਼ਾਸਲਾ ਰੱਖ ਕੇ ਇਕ ਲਾਈਨ ਲਾ ਦਿੱਤੀ ਜਾਂਦੀ ਹੈ। ਇਸ ਤੋਂ ਉਪਰੰਤ ਟਿਕਾਈਆਂ ਗਈਆਂ ਠੀਕਰੀਆਂ ਨੂੰ ਖਿੱਦੋ (ਗੇਂਦ) ਨਾਲ ਨਿਸ਼ਾਨਾ ਲਾ ਕੇ ਡੇਗਣ ਵਾਸਤੇ ਹੱਦ ਮੰਨੀ ਜਾਂਦੀ ਹੈ ਤੇ ਫਿਰ ਵਾਰੀ ਲੈਣ ਵਾਲਾ ਖਿਡਾਰੀ ਇਸ ਲਾਈਨ ਦੇ ਮਗਰ ਖੜ੍ਹਾ ਹੋ ਕੇ ਖਿੱਦੋ ਨਾਲ ਟਿਕਾਈਆਂ ਹੋਈਆਂ ਠੀਕਰੀਆਂ ਨੂੰ ਡੇਗਣ ਦੀ ਕੋਸ਼ਿਸ਼ ਕਰਦਾ ਹੈ ਅਤੇ ਵਿਰੋਧੀ ਧਿਰ ਤੇ ਖਿਡਾਰੀਆਂ ਨੂੰ ਦੂਰ ਜਾਣ ਤੋਂ ਰੋਕਣ ਲਈ ਲਾਈਨ ਦੇ ਪਿੱਛੇ ਕੁਝ ਫਾਸਲੇ ਉੱਤੇ ਖੜਾ ਹੋ ਜਾਂਦਾ ਹੈ। ਜੇਕਰ ਉਹ ਗੇਂਦ ਠੀਕਰੀਆਂ ਨੂੰ ਨਾ ਵਜੇ ਤਾਂ ਵਿਰੋਧੀ ਖਿਡਾਰੀ ਨੂੰ ਗੇਂਦ ਦਾ ਟੱਪਾ ਪੈਣ ਮਗਰੋਂ ਕੈਚ ਨਾ ਕਰ ਸਕੇ ਤਾਂ ਵਾਰੀ ਲੈਣ ਵਾਲਾ ਖਿਡਾਰੀ ਫੇਰ ਗੇਂਦ ਨਾਲ ਟਿਕਾਈਆਂ ਠੀਕਰੀਆਂ 'ਤੇ ਨਿਸ਼ਾਨਾ ਲਗਾਉਂਦਾ ਹੈ, ਫਿਰ ਜੇਕਰ ਠੀਕਰੀਆਂ ਡਿੱਗ ਜਾਣ ਤੇ ਖਿੱਦੋ ਮਾਰਨ ਵਾਲਾ ਖਿਡਾਰੀ ਠੀਕਰੀਆਂ ਨੂੰ ਮੁੜ ਇਕ-ਦੂਜੇ ਤੇ ਰੱਖਣ ਤੋਂ ਪਹਿਲਾਂ-ਪਹਿਲਾਂ ਖਿੱਦੋ ਨਾਲ ਉਸ ਨੂੰ ਨਿਸ਼ਾਨਾ ਬਣਾਉਂਦਾ ਹੈ ਤੇ ਜੇਕਰ ਵਿਰੋਧੀ ਖਿਡਾਰੀ ਬਾਲ ਲੱਗਣ ਤੋਂ ਪਹਿਲਾਂ-ਪਹਿਲਾਂ ਪਹਿਲਾਂ ਠੀਕਰੀਆਂ ਖੜੀਆਂ ਕਰਨ ਵਿੱਚ ਕਾਮਯਾਬ ਹੋ ਜਾਂਦਾ ਹੈ ਤਾਂ ਸਮਝੋ ਕਿ ਉਸ ਦੀ ਇਕ ਵਾਰੀ ਵਿੱਚ ਹੋਰ ਇਜ਼ਾਫਾ ਹੋ ਗਿਆ ਅਤੇ ਜੇਕਰ ਵਿਰੋਧੀ ਖਿਡਾਰੀ ਠੀਕਰੀਆਂ ਇੱਕ-ਦੂਜੇ 'ਤੇ ਰੱਖਣ ਵੇਲ਼ੇ ਖਿਡਾਰੀ 'ਤੇ ਨਿਸ਼ਾਨਾ ਸਾਧ ਦੇਵੇ ਤਾਂ ਉਹ ਵਾਰੀ ਲੈਣ ਦਾ ਹੱਕਦਾਰ ਹੋ ਗਿਆ। ਫਿਰ ਖਿੱਦੋ ਦਾ ਟੱਪਾ ਪੈਣ ਪਿਛੋਂ ਉਸ ਦੇ ਕੈਚ ਕਰਨ 'ਤੇ ਵੀ ਖਿੱਦੋ ਮਾਰਨ ਵਾਲੇ ਦੀ ਵਾਰੀ ਖਤਮ ਹੋ ਜਾਂਦੀ ਹੈ। ਫਿਰ ਇਹ ਖੇਡ ਦੀਆਂ ਵਾਰੀਆਂ ਚਲਦੀਆਂ ਰਹਿੰਦੀਆਂ ਨੇ ਤੇ ਖੇਡ ਨਿਰੰਤਰ ਚਲਦੀ ਰਹਿੰਦੀ ਹੈ।

ਇਸ ਵਿਰਾਸਤੀ ਛੋਟੀ ਖੇਡ ਪਿੱਠੂ ਨੂੰ ਖੇਡਦਿਆਂ ਖਿਡਾਰੀ ਨੂੰ ਪੂਰੀ ਖੇਡ ਵਿੱਚ ਸਭ ਤੋਂ ਵੱਧ ਖੁਸ਼ੀ ਉਸ ਵੇਲੇ ਮਿਲਦੀ ਹੈ, ਜਦੋਂ ਠੀਕਰੀਆਂ ਉੱਤੇ ਸਾਧਿਆ ਨਿਸ਼ਾਨਾ ਲੱਗਦਾ ਹੈ ਅਤੇ ਉਹਨਾਂ ਨੂੰ ਖੇਰੂੰ-ਖੇਰੂੰ ਕਰ ਦਿੱਤਾ ਜਾਂਦਾ ਹੈ। ਇਹ ਪਲ ਖਿਡਾਰੀ ਲਈ ਸਿਰਫ਼ ਨਿਸ਼ਾਨੇ ਦੀ ਸਫਲਤਾ ਨਹੀਂ ਹੁੰਦੀ, ਸਗੋਂ ਉਹਦੇ ਮਨ ਦੇ ਅੰਦਰ ਇੱਕ ਜਿੱਤ ਦੀ ਲਹਿਰ ਦੌੜ ਪੈਂਦੀ ਹੈ। ਜਿਵੇਂ ਕਿਰਕਿਟ ਵਿੱਚ ਬੱਲੇਬਾਜ਼ ਦੀ ਵਿਕਟ ਉਖੇੜਨ 'ਤੇ ਜਸ਼ਨ ਮਨਾਇਆ ਜਾਂਦਾ ਹੈ, ਓਸੇ ਤਰ੍ਹਾਂ ਖਿੱਦੋ ਵਿੱਚ ਠੀਕਰੀਆਂ ਉਡਾਉਣ ਦਾ ਪਲ ਵੀ ਖਿਡਾਰੀ ਲਈ ਸ਼ਾਨਦਾਰ ਕਾਮਯਾਬੀ ਦਾ ਇਜ਼ਹਾਰ ਹੁੰਦਾ ਹੈ। ਦੂਜੀ ਤੇ ਉਸ ਤੋਂ ਵੀ ਵਧੀਕ ਖੁਸ਼ੀ ਉਸ ਸਮੇਂ ਮੌਜੂਦ ਖਿਡਾਰੀ ਦੇ ਚਿਹਰੇ 'ਤੇ ਚਮਕ ਵਾਂਗ ਝਲਕਦੀ ਹੈ, ਜਦੋਂ ਖੇਰੂੰ-ਖੇਰੂੰ ਹੋਈਆਂ ਠੀਕਰੀਆਂ ਨੂੰ ਫੁਰਤੀ ਨਾਲ ਇੱਕ-ਦੂਜੇ ਉੱਤੇ ਰੱਖ ਕੇ ਸਾਰੇ ਟੀਮ ਦੇ ਸਾਥੀ ਇੱਕ ਆਵਾਜ਼ ਹੋ ਕੇ ਜ਼ੋਰਦਾਰ ਨਾਅਰਾ ਲਾਉਂਦੇ ਹਨ ਪਿੱਠੂ ਗਰਮ ਹੈ!। ਇਸ ਨਾਅਰੇ ਦੀ ਗੂੰਜ ਸਿਰਫ਼ ਮੈਦਾਨ ਦੀ ਹਦ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਉਹ ਖਿਡਾਰੀ ਦੇ ਦਿਲ ਦੀ ਧੜਕਣ ਬਣ ਜਾਂਦੀ ਹੈ। ਇਹ ਜਿੱਤ ਦਾ ਐਲਾਨ ਹੁੰਦਾ ਹੈ, ਜਿਵੇਂ ਕਿਸੇ ਜੰਗ ਜਿੱਤਣ ਮਗਰੋਂ ਫ਼ਤਿਹ ਦੀ ਝੰਡੀ ਲਹਿਰਾਈ ਜਾਂਦੀ ਹੋਵੇ।

## ਕਿਵੇਂ ਤਿਆਰ ਕੀਤਾ ਜਾਂਦਾ ਸੀ ਖਿੱਦੋ

ਇੱਕ ਵੇਸਟ ਕੱਪੜਾ ਲੈ ਕੇ, ਉਸ ਵਿੱਚ ਪੁਰਾਣੀਆਂ ਲੀਰਾਂ ਜਾਂ ਰੂੰ ਭਰੋ, ਹੁਣ ਇਸ ਨੂੰ ਹੌਲੀ-ਹੌਲੀ ਗੇਂਦ ਦੇ ਆਕਾਰ ਵਿਚ ਗੋਲ ਕਰਦੇ ਹੋਏ ਇਸ ਤਰ੍ਹਾਂ ਸੂਈ-ਧਾਗੇ ਨਾਲ ਸਿਲਾਈ ਕਰੋ ਕਿ ਅੰਦਰ ਭਰਿਆ ਹੋਇਆ ਗੁੱਦਾ ਕਦੇ ਵੀ ਬਾਹਰ ਨਾ ਨਿਕਲ ਸਕੇ। ਇਹ ਸਿਲਾਈ ਮਜ਼ਬੂਤ ਹੋਣੀ ਚਾਹੀਦੀ ਹੈ। ਜਦੋਂ ਗੇਂਦ ਦਾ ਅਕਾਰ ਸਹੀ ਬਣ ਜਾਵੇ, ਤਾਂ ਉਸ ਦੇ ਬਾਹਰੀ ਹਿੱਸੇ 'ਤੇ ਰਬੜ ਦੀ ਬਰੀਕ ਰੱਸੀ ਜਾਂ ਰੰਗੀਨ ਧਾਗਿਆਂ ਦੇ ਲਪੇਟੇ ਪਾ ਕੇ ਉਸ ਨੂੰ ਹੋਰ ਵੀ ਆਕਰਸ਼ਕ ਬਣਾ ਦਿਓ। ਤੁਸੀਂ ਚਾਹੋ ਤਾਂ ਉੱਤੇ ਤਾਰੇ ਜਾਂ ਹੋਰ ਰਚਨਾਤਮਕ ਡਿਜ਼ਾਈਨ ਵੀ ਬਣਾ ਕੇ ਇਸ ਨੂੰ ਖਾਸ ਲੁਕ ਦੇ ਸਕਦੇ ਹੋ, ਤਾਂ ਜੋ ਜਦੋਂ ਵੀ ਕੋਈ ਬੱਚਾ ਇਹ ਖਿੱਦੋ ਵੇਖੇ, ਉਹਦੀਆਂ ਅੱਖਾਂ ਖਿੜ ਜਾਣ। ਇਸ ਤਰ੍ਹਾਂ ਬਣਾਇਆ ਗਿਆ ਖਿੱਦੋ ਨਾ ਸਿਰਫ਼ ਖੇਡਣ ਲਈ ਸੁਰੱਖਿਅਤ ਹੁੰਦਾ ਹੈ, ਸਗੋਂ ਘਰ ਵਿੱਚ ਉਪਲੱਬਧ ਸਮਾਨ ਨਾਲ ਬਣ ਕੇ ਬੱਚਿਆਂ ਨੂੰ ਆਪਣੇ ਹੱਥੀਂ ਬਣਾਉਣ ਦੀ ਰਚਨਾਤਮਕ ਖੁਸ਼ੀ ਵੀ ਦਿੰਦਾ ਹੈ। ਵੈਸੇ ਵੀ ਬਹੁਤੇ ਬੱਚੇ ਖਿੱਦੋ ਦੀ ਖੇਡ ਨੂੰ ਰਬੜ ਦੇ ਬਾਲ ਨਾਲ ਵੀ ਖੇਡ ਕੇ ਆਪਣਾ ਮਨਪਸੰਦ ਖੇਡ-ਰਸ ਲੈ ਲੈਂਦੇ ਹਨ, ਪਰ ਆਪਣੇ ਬਣਾਏ ਹੋਏ ਖਿੱਦੋ ਨਾਲ ਖੇਡਣ ਦਾ ਮਜ਼ਾ ਹੀ ਕੁਝ ਹੋਰ ਹੁੰਦਾ ਹੈ।

ਪਿੱਠੂ ਖੇਡ ਦਾ ਮੁੱਖ ਮੰਤਵ ਸਿਰਫ਼ ਮਨੋਰੰਜਨ ਤੱਕ ਸੀਮਤ ਨਹੀਂ, ਸਗੋਂ ਇਹ ਬੱਚਿਆਂ ਦੇ ਭਾਵਨਾਤਮਕ, ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਲਈ ਇੱਕ ਬਹੁਤ ਹੀ ਸੌਖਾ, ਪਰ ਅੱਤ ਪ੍ਰਭਾਵਸ਼ਾਲੀ ਮਾਧਿਅਮ ਹੈ। ਇਹ ਖੇਡ ਜਿਥੇ ਤੰਦਰੁਸਤੀ ਅਤੇ ਫੁਰਤੀ ਵਧਾਉਂਦੀ ਹੈ, ਉੱਥੇ ਹੀ ਸੋਚ ਦੀ ਤੀਖਣਤਾ, ਚੁਸਤੀ ਅਤੇ ਚਤੁਰਾਈ ਨੂੰ ਵੀ ਨਿਖਾਰਦੀ ਹੈ। ਪਿੱਠੂ ਖੇਡ ਦੇ ਰਾਹੀਂ ਬੱਚੇ ਸਹਿਯੋਗ, ਟੀਮਵਰਕ ਅਤੇ ਰਣਨੀਤਕ ਸੋਚ ਨੂੰ ਅਪਣਾਉਂਦੇ ਹਨ। ਇਹ ਖੇਡ ਬੱਚਿਆਂ ਨੂੰ ਹਾਰ ਤੇ ਜਿੱਤ ਦੋਵਾਂ ਨੂੰ ਸਹਿਣ ਦੀ ਸਮਰਥਾ, ਧੀਰਜ, ਮਨੋਬਲ ਅਤੇ ਸਪੁਰਦਗੀ ਸਿਖਾਉਂਦੀ ਹੈ। ਇਸ ਦੇ ਨਾਲ-ਨਾਲ ਪਿੱਠੂ ਸਾਂਝੀ ਵਿਰਾਸਤ ਨਾਲ ਜੁੜਾਅ ਦਾ ਇੱਕ ਮਜ਼ਬੂਤ ਪੁਲ ਹੈ, ਜੋ ਬੱਚਿਆਂ ਨੂੰ ਲੋਕ-ਸੰਸਕਾਰ ਅਤੇ ਮਿੱਟੀ ਦੀ ਮਹਿਕ ਨਾਲ ਜੋੜਦੀ ਹੈ।

ਪਠਾਨਕੋਟ ਦੇ ਨਾਲ ਪੈਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਰਾਟ ਸਕੂਲ ਜੰਗਲ ਵਿੱਚ ਪਿੱਠੂ ਖੇਡ ਨੂੰ ਜ਼ਿੰਦਾ ਰੱਖਣ ਲਈ ਸਕੂਲ ਦੇ ਪ੍ਰਿੰਸੀਪਲ ਬਲਵਿੰਦਰ ਸੈਣੀ ਅਤੇ ਸਟੇਟ ਅਵਾਰਡੀ ਲੈਕਚਰਾਰ ਸਿਧਾਰਥ ਚੰਦਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੀ ਸਰਵਾਂਗੀਣ ਵਿਕਾਸ ਵੱਲ ਵਧਦੇ ਕਦਮਾਂ ਦੀ ਇਕ ਮਨਮੋਹਕ ਤਸਵੀਰ ਵੇਖਣ ਨੂੰ ਮਿਲਦੀ ਹੈ। ਸਿਹਤ ਤੇ ਸਰੀਰਕ ਸਿੱਖਿਆ ਨਾਲ ਸੰਬੰਧਤ ਅਧਿਆਪਕ ਦੀ ਆਸਾਮੀ ਲੰਮੇ ਸਮੇਂ ਤੋਂ ਖ਼ਾਲੀ ਹੋਣ ਦੇ ਬਾਵਜੂਦ ਲੈਕਚਰਾਰ ਸਿਧਾਰਥ ਚੰਦਰ ਆਪਣੇ ਸਮਰਪਣ ਅਤੇ ਜ਼ਿੰਮੇਵਾਰੀ ਦੇ ਭਾਵ ਨਾਲ ਵਿਦਿਆਰਥੀਆਂ ਨੂੰ ਰੋਜ਼ਾਨਾ ਮੈਦਾਨ ਵਿੱਚ ਲੈ ਜਾਂਦੇ ਹਨ। ਉਹ ਖੇਡਾਂ ਦੇ ਮੁੱਲ, ਨੈਤਿਕਤਾ ਅਤੇ ਸਰੀਰਕ ਫ਼ੁਰਤੀ ਬਾਰੇ ਨਾ ਸਿਰਫ਼ ਗਿਆਨ ਦਿੰਦੇ ਹਨ, ਬਲਕਿ ਆਪਣੇ ਆਪ ਨੂੰ ਵੀ ਉਨ੍ਹਾਂ ਨਾਲ ਕਦਮ ਮਿਲਾ ਕੇ ਦੌੜਦੇ ਹਨ।

ਸੋ ਇਹ ਵਿਰਾਸਤੀ ਛੋਟੀ ਖੇਡ ਪਿੱਠੂ ਨੂੰ ਜ਼ਿੰਦਾ ਰੱਖਣ ਲਈ ਪੰਜਾਬ ਸਰਕਾਰ, ਸਿੱਖਿਆ ਵਿਭਾਗ, ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਇਹ ਪਹਿਲ-ਕਦਮੀ ਲੈਣੀ ਹੋਵੇਗੀ, ਤਾਂ ਕਿ ਅਸੀਂ ਆਪਣੀ ਵਿਰਾਸਤ ਖੇਡ ਨੂੰ ਬਚਾ ਸਕੀਏ ਅਤੇ ਅਪਣੇ ਬੱਚਿਆਂ ਨੂੰ ਉਹ ਨਿਰੋਏ ਲਹਿਜ਼ੇ, ਉਹ ਹਾਸੇ ਅਤੇ ਉਹ ਮਿੱਠਾ ਬਚਪਨ ਦੇ ਸਕੀਏ, ਜੋ ਅਸੀਂ ਅਨੁਭਵ ਕੀਤਾ ਸੀ।

# ਸੰਪਰਕ: 94174-27656

# ਬੱਚੇ ਦੇ ਚੰਗੇ ਸੰਸਕਾਰਾਂ 'ਚ ਮਾਪਿਆਂ ਤੇ ਅਧਿਆਪਕਾਂ ਦੀ ਅਹਿਮ ਭੂਮਿਕਾ



ਨਰਿੰਦਰ ਸਿੰਘ

ਭਾਰਤ ਵਿੱਚ ਬੱਚਿਆਂ ਦੀ ਹਾਲਤ ਬਹੁਤ ਤਰਸਯੋਗ ਹੈ। ਭਾਰਤ ਦੀ ਸਰਕਾਰ ਦੇ ਕੌਮੀ ਸਰਵੇਖਣ-5 ਅਨੁਸਾਰ ਦੇਸ਼ ਦੇ ਪੰਜ ਸਾਲ ਦੀ ਉਮਰ ਤੋਂ ਹੇਠਾਂ ਦੇ ਤਿੰਨ ਬੱਚਿਆਂ ਵਿੱਚੋਂ ਇਕ ਬੱਚਾ ਜਾਂ ਤਾਂ ਉਮਰ ਮੁਤਾਬਿਕ ਲੋੜੀਂਦੇ ਵਜ਼ਨ ਤੋਂ ਘੱਟ ਵਜ਼ਨ ਵਾਲਾ ਹੈ ਜਾਂ ਘੱਟ ਕਦ ਵਾਲਾ ਹੈ ਅਤੇ ਪੰਜ ਬੱਚਿਆਂ ਵਿੱਚੋਂ ਇਕ ਬੱਚਾ ਲਿੱਸਾ ਹੈ। ਇਸ ਦਾ ਕਾਰਨ ਪੌਸ਼ਟਿਕ ਖ਼ੁਰਾਕ ਦੀ ਕਮੀ ਦੱਸਿਆ ਗਿਆ ਹੈ। ਏਮਜ਼ ਦੇ ਤਾਜ਼ਾ ਅਧਿਐਨ ਅਨੁਸਾਰ ਦੋ ਸਾਲ ਤੋਂ ਹੇਠਾਂ ਦੀ ਉਮਰ ਦੇ 77 ਫ਼ੀਸਦੀ ਬੱਚਿਆਂ ਨੂੰ ਪੌਸ਼ਟਿਕ ਖ਼ੁਰਾਕ ਨਹੀਂ ਮਿਲ ਰਹੀ।

ਵਿਸ਼ਵ ਸਿਹਤ ਸੰਗਠਨ ਅਨੁਸਾਰ ਪੌਸ਼ਟਿਕ ਖ਼ੁਰਾਕ ਦੀ ਕਮੀ ਕਾਰਨ ਅਗਾਂਹ ਜਾ ਕੇ ਬੱਚਿਆਂ ਨੂੰ ਹਾਲਤਾਂ ਨੂੰ ਸਮਝਣ, ਸਿੱਖਿਆ ਹਾਸਲ ਕਰਨ ਅਤੇ ਚੀਜ਼ਾਂ ਯਾਦ ਰੱਖਣ ਵਿੱਚ ਦਿੱਕਤ ਆਉਣ ਲੱਗਦੀ ਹੈ। ਸਭਿਅਕ ਸਮਾਜ ਵਿੱਚ ਇਹ ਮੰਨਿਆ ਜਾਂਦਾ ਹੈ ਕਿ ਜੇਕਰ ਮੁਲਕ ਆਪਣੇ ਬੱਚਿਆਂ ਨੂੰ ਚੰਗੀ ਤਰ੍ਹਾਂ ਨਹੀਂ ਪਾਲਦਾ ਅਤੇ ਉਨ੍ਹਾਂ ਨੂੰ ਚੰਗੀ ਸਿੱਖਿਆ ਤੇ ਸਿਹਤ ਨਹੀਂ ਦੇ ਸਕਦਾ ਤਾਂ ਉਸ ਮੁਲਕ ਦਾ ਭਵਿੱਖ ਕਾਲਾ ਹੋ ਸਕਦਾ ਹੈ।

ਸਾਡੇ ਦੇਸ਼ ਵਿੱਚ ਨਵਜਾਤ ਬਾਲਾਂ ਤੋਂ ਲੈ ਕੇ ਛੋਟੇ ਬੱਚਿਆਂ ਦੀ ਹਾਲਤ ਚੰਗੀ ਨਹੀਂ, ਜਿਸ ਪ੍ਰਤੀ ਸਰਕਾਰ ਨੂੰ ਗੰਭੀਰ ਰੁਖ਼ ਅਖਤਿਆਰ ਕਰਨ ਅਤੇ ਖਾਤਮੇ ਲਈ ਜਲਦ ਉਪਾਅ ਕਰਨ ਦੀ ਜ਼ਰੂਰਤ ਹੈ। ਵਰਤਮਾਨ ਸਮੇਂ ਵਿੱਚ 1.44 ਕਰੋੜ ਦੇ ਕਰੀਬ ਭਾਰਤੀ ਬੱਚੇ ਮੋਟਾਪੇ ਦੇ ਸ਼ਿਕਾਰ ਹਨ। ਇਨ੍ਹਾਂ ਵਿੱਚ ਪਿੰਡਾਂ ਦੇ ਮੁਕਾਬਲੇ ਸ਼ਹਿਰੀ ਬੱਚਿਆਂ ਦੀ ਗਿਣਤੀ ਢਾਈ ਗੁਣਾਂ ਵੱਧ ਹੈ। ਵਿਸ਼ਵ ਸਿਹਤ ਸੰਗਠਨ ਦੇ ਤਾਜ਼ਾ ਅੰਕੜਿਆਂ ਅਨੁਸਾਰ ਸਮੁੱਚੇ ਭਾਰਤ ਵਿੱਚ 5 ਤੋਂ 19 ਸਾਲ ਉਮਰ ਵਰਗ ਦੇ ਬੱਚਿਆਂ ਦੇ ਮੋਟਾਪੇ ਦੀ ਸੰਖਿਆ ਪਿਛਲੇ ਦਹਾਕੇ ਵਿੱਚ ਦੁੱਗਣੀ ਹੋ ਗਈ ਹੈ। ਇੱਕ ਅਨੁਮਾਨ ਲਾਇਆ ਗਿਆ ਹੈ ਕਿ 30 ਤੋਂ 35 ਫ਼ੀਸਦੀ ਸਕੂਲੀ ਬੱਚੇ ਖ਼ਤਰਨਾਕ ਦਿਲ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ, ਜੋ ਬਾਲਗ ਉਮਰ ਵਿੱਚ ਮੌਤ ਦੇ ਸ਼ਿਕਾਰ ਹੋ ਜਾਂਦੇ ਹਨ। ਬੱਚੇ ਭੋਜਨ ਦੀ ਥਾਂ ਪੀਜ਼ੇ, ਬਰਗਰ, ਨੂਡਲ ਖਾਣ ਨੂੰ ਪਹਿਲ ਦਿੰਦੇ ਹਨ। ਅੱਜ ਜ਼ਿਆਦਾਤਰ ਬੱਚੇ ਫਾਸਟ ਫੂਡ ਖਾਣ ਦੇ ਸ਼ੌਕੀਨ ਹਨ। ਬੱਚਾਂ ਵਿੱਚ ਸੰਤੁਲਿਤ ਭੋਜਨ ਦੀ ਗੈਰ-ਮੌਜੂਦਗੀ ਨੇ ਤੰਦਰੁਸਤੀ ਨੂੰ ਹਾਸ਼ੀਏ ਵਿੱਚ ਧੱਕ ਦਿੱਤਾ ਹੈ।

ਮਾਂ-ਬਾਪ ਨੂੰ ਆਪਣੇ ਬੱਚਿਆਂ ਨੂੰ ਪੌਸ਼ਟਿਕ ਖ਼ੁਰਾਕ ਦੇਣੀ ਚਾਹੀਦੀ ਹੈ, ਤਾਂ ਜੋ ਉਨ੍ਹਾਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਸਹੀ ਹੋ ਸਕੇ। ਸੰਤੁਲਿਤ ਖ਼ੁਰਾਕ ਦੇ ਨਾਲ-ਨਾਲ ਬੱਚਿਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਵੀ ਉਤਸ਼ਾਹਤ ਕਰਨਾ ਚਾਹੀਦਾ ਹੈ। ਉਂਜ ਬੱਚੇ ਦੇ ਜਨਮ ਤੋਂ ਹੀ ਖੇਡ ਪ੍ਰਕਿਰਿਆ ਸ਼ੁਰੂ ਹੋ ਜਾਂਦੀ ਹੈ। ਬੱਚਾ ਹੱਥ-ਪੈਰ ਮਾਰਨੇ ਸ਼ੁਰੂ ਕਰ ਦਿੰਦਾ ਹੈ। ਨਿੱਕੇ ਬੱਚੇ ਹੌਲੀ-ਹੌਲੀ ਮੰਜਿਆਂ ਦੀਆਂ ਬਾਹੀਆਂ ਫੜ-ਫੜ ਕੇ ਖੜ੍ਹੇ ਹੋਣਾ ਸਿੱਖਦੇ ਹਨ। ਖੇਡਾਂ ਬੱਚੇ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਵਧਦੀ ਉਮਰ ਦੇ ਬੱਚਿਆਂ ਲਈ ਖੇਡਾਂ ਵੀ ਓਨੀਆਂ ਹੀ ਜ਼ਰੂਰੀ ਹਨ, ਜਿੰਨਾ ਪੜ੍ਹਨਾ। ਘਰਾਂ ਅਤੇ ਸਕੂਲਾਂ ਵਿੱਚ ਮਾਪਿਆਂ ਅਤੇ ਅਧਿਆਪਕਾਂ ਨੂੰ ਸਮੇਂ-ਸਮੇਂ 'ਤੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਦੇ ਰਹਿਣਾ ਚਾਹੀਦਾ ਹੈ।

ਘਰਾਂ ਵਿੱਚ ਮਾਂ-ਬਾਪ ਅਤੇ ਸਕੂਲਾਂ ਅੰਦਰ ਅਧਿਆਪਕਾਂ ਨੂੰ ਸਵੇਰ ਦੀ ਸਭਾ ਵਿੱਚ ਸਮੇਂ-ਸਮੇਂ ਤੇ ਮੋਬਾਇਲ ਦੀ ਸਹੀ ਵਰਤੋਂ ਕਰਨ ਲਈ ਬੱਚਿਆਂ ਨੂੰ ਪ੍ਰੇਰਿਤ ਕਰਦੇ ਰਹਿਣਾ ਚਾਹੀਦਾ ਹੈ। ਹਾਲਾਂਕਿ ਬਹੁਤ ਸਾਰੇ ਬੱਚਿਆਂ ਨੂੰ ਮਾਪਿਆਂ ਵੱਲੋਂ ਕਈ-ਕਈ ਘੰਟੇ ਮੋਬਾਇਲ ਦੀ ਹਰ ਰੋਜ਼ ਵਰਤੋ ਕਰਨ ਦੀ ਖੁੱਲ੍ਹ ਦਿੱਤੀ ਜਾਂਦੀ ਹੈ, ਜੋ ਉਨ੍ਹਾਂ ਦੀ ਮਾਨਸਿਕ ਪ੍ਰੇਸ਼ਾਨੀ ਦਾ ਕਾਰਨ ਬਣ ਜਾਂਦਾ ਹੈ। ਜਿਹੜੇ ਬੱਚੇ ਜ਼ਿਆਦਾ ਮੋਬਾਈਲ ਦੇਖਣਾ ਪਸੰਦ ਕਰਦੇ ਹਨ, ਉਨ੍ਹਾਂ ਦੇ ਸੁਭਾਅ ਅੰਦਰ ਚਿੜਚਿੜਾਪਣ ਆ ਜਾਂਦਾ ਹੈ ਤੇ ਉਹ ਦੂਸਰੇ ਸਾਹਮਣੇ ਗੱਲਬਾਤ ਕਰਨ ਤੋਂ ਕਤਰਾਉਂਦੇ ਰਹਿੰਦੇ ਹਨ।

ਸਮਾਂ ਜੀਵਨ ਦੀ ਸਭ ਤੋਂ ਕੀਮਤੀ ਦੌਲਤ ਹੈ। ਸਮਾਂ ਕਿਸੇ ਦੀ ਉਡੀਕ ਨਹੀਂ ਕਰਦਾ। ਇਹ ਸਦੀਵੀ ਚਾਲ ਚਲਦਾ ਰਹਿੰਦਾ ਹੈ। ਜਿਹੜਾ ਵਿਅਕਤੀ ਇਸ ਦੀ ਗਤੀ ਦੇ ਨਾਲ-ਨਾਲ ਚਲਦਾ ਹੈ, ਉਹ ਜ਼ਿੰਦਗੀ ਵਿਚ ਅੱਗੇ ਵਧਦਾ ਹੈ। ਵਿਦਿਆਰਥੀਆਂ ਲਈ ਸਮੇਂ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ, ਕਿਉਂਕਿ ਉਹ ਆਪਣੇ ਭਵਿੱਖ ਦੀ ਨੀਂਹ ਰੱਖ ਰਿਹਾ ਹੁੰਦਾ ਹੈ। ਜੇਕਰ ਉਹ ਸਮੇਂ ਦੀ ਕਦਰ ਕਰੇ ਤਾਂ ਉਹ ਆਉਣ ਵਾਲੇ ਸਮੇਂ ਵਿੱਚ ਉੱਚੀਆਂ ਪ੍ਰਾਪਤੀਆਂ ਹਾਸਿਲ ਕਰ ਸਕਦਾ ਹੈ। ਦੂਸਰੇ ਪਾਸੇ ਜੇਕਰ ਉਹ ਆਲਸੀ ਹੋਵੇ, ਆਪਣੇ ਅਧਿਐਨ 'ਤੇ ਧਿਆਨ ਨਾ ਦੇਵੇ ਤਾਂ ਭਵਿੱਖ ਵਿੱਚ ਪਛਤਾਵੇ ਤੋਂ ਇਲਾਵਾ ਕੁਝ ਵੀ ਹੱਥ ਨਹੀਂ ਲਗਦਾ। ਵਿਦਿਆਰਥੀ ਜੀਵਨ ਇਕ ਬੀਜ ਵਾਂਗ ਹੁੰਦਾ ਹੈ, ਜੇ ਇਸ ਨੂੰ ਸਮੇਂ ਦੀ ਲੋੜ ਅਨੁਸਾਰ ਪਾਣੀ ਤੇ ਖ਼ਾਦ ਮਿਲੇ ਤਾਂ ਇਹ ਵੱਡੇ ਅਤੇ ਮਜ਼ਬੂਤ ਦਰੱਖਤ ਵਜੋਂ ਤਿਆਰ ਹੋ ਸਕਦਾ ਹੈ, ਪਰ ਜੇਕਰ ਸਮੇਂ ਦੀ ਅਣਦੇਖੀ ਕੀਤੀ ਜਾਵੇ ਤਾਂ ਇਹ ਬੀਜ ਕਦੇ ਵੀ ਵੱਡਾ ਦਰੱਖਤ ਨਹੀਂ ਬਣ ਸਕਦਾ। ਸਮਾਂ ਇਕ ਐਸਾ ਹੀਰਾ ਹੈ, ਜਿਸ ਦੀ ਕਦਰ ਜਿਸ ਨੇ ਕਰ ਲਈ, ਉਹ ਆਪਣੇ ਜੀਵਨ ਵਿੱਚ ਅੱਗੇ ਵੱਧ ਗਿਆ। ਮਾਂ-ਬਾਪ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਕੱਲ੍ਹ ਨਹੀਂ ਅੱਜ ਦੇ ਨਿਯਮ 'ਤੇ ਚਲਦਿਆਂ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਉਤਸ਼ਾਹਤ ਕਰਨ। ਨੈਤਿਕ ਸਿੱਖਿਆ ਵਿਦਿਆਰਥੀ ਨੂੰ ਚੰਗੀ ਸ਼ਖ਼ਸੀਅਤ ਦਾ ਮਾਲਕ ਬਣਾਉਂਦੀ ਹੈ। ਨੈਤਿਕਤਾ ਨਾਲ ਹੀ ਬੱਚਾ ਸਮਾਜ ਵਿੱਚ ਮਾਣ, ਸਤਿਕਾਰ ਅਤੇ ਪਛਾਣ ਪ੍ਰਾਪਤ ਕਰਦਾ ਹੈ। ਬੱਚਿਆਂ ਅੰਦਰ ਇਨ੍ਹਾਂ ਦਾ ਸੰਚਾਰ ਪਰਿਵਾਰ, ਅਧਿਆਪਕ ਤੇ ਸਮਾਜ ਨੂੰ ਕਰਨਾ ਚਾਹੀਦਾ ਹੈ। ਬੱਚੇ ਵਿੱਚ ਦਿਆਲਤਾ, ਨਿਮਰਤਾ, ਇਮਾਨਦਾਰੀ, ਸਮਾਨਤਾ, ਘਰ ਤੋਂ ਸਕੂਲ ਜਾਣ-ਆਉਣ ਵੇਲੇ ਵੱਡਿਆਂ ਦੇ ਪੈਰੀਂ ਹੱਥ ਲਾਉਣਾ ਅਤੇ ਉਨ੍ਹਾਂ ਨੂੰ ਜੱਫੀ ਪਾ ਕੇ ਮਿਲਣਾ ਆਦਿ ਵਰਗੇ ਸੰਸਕਾਰ ਬੱਚਿਆਂ ਨੂੰ ਸਿਖਾਉਣੇ ਚਾਹੀਦੇ ਹਨ। ਸ਼ੁਰੂਆਤੀ ਬਚਪਨ ਦਾ ਸਮਾਂ ਬੱਚੇ ਦੇ ਚਰਿੱਤਰ ਨਿਰਮਾਣ ਅਤੇ ਨੈਤਿਕਤਾ ਨੂੰ ਸਿੱਖਣ ਦਾ ਸਹੀ ਵਕਤ ਹੁੰਦਾ ਹੈ। ਬਚਪਨ ਵਿੱਚ ਦਿੱਤੀ ਸਿੱਖਿਆ ਸਾਰੀ ਉਮਰ ਨਾਲ ਰਹਿੰਦੀ ਤੇ ਕੰਮ ਆਉਂਦੀ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬਚਪਨ ਤੋਂ ਹੀ ਬੱਚੇ ਨੂੰ ਨਿਮਰਤਾ, ਇਮਾਨਦਾਰੀ, ਆਦਰ-ਸਤਿਕਾਰ, ਸਨਮਾਨ ਆਦਿ ਸੰਸਕਾਰ ਦੇਣ। ਸਕੂਲਾਂ ਅੰਦਰ ਅਧਿਆਪਕਾਂ ਨੂੰ ਆਪਣੇ ਵਿਸ਼ਾ ਪੜ੍ਹਾਉਣ ਦੇ ਨਾਲ-ਨਾਲ ਬੱਚਿਆਂ ਨੂੰ ਨੈਤਿਕਤਾ ਦਾ ਗਿਆਨ ਜਾਂ ਸਮਝਾਉਣ ਦੀ ਕੋਸ਼ਿਸ਼ ਜ਼ਰੂਰ ਕਰਨੀ ਚਾਹੀਦੀ ਹੈ।

ਮਾਪਿਆਂ ਅਤੇ ਅਧਿਆਪਕਾਂ ਨੂੰ ਬੱਚਿਆਂ ਨੂੰ ਸਖਤ ਮਿਹਨਤ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ, ਕਿਉਂਕਿ ਸਫਲਤਾ ਪ੍ਰਾਪਤ ਕਰਨ ਲਈ ਮਿਹਨਤ ਦੀ ਲੋੜ ਪੈਂਦੀ ਹੈ। ਸਫਲਤਾ ਦੀ ਅਹਿਮੀਅਤ ਤੇ ਪ੍ਰਾਪਤੀ ਦੇ ਢੰਗ-ਤਰੀਕੇ ਸਿੱਖਣ ਲਈ ਵਿਦਿਆਰਥੀ ਜੀਵਨ ਹੀ ਉੱਤਮ ਹੈ, ਭਾਵੇਂ ਮਨੁੱਖ ਸਾਰੀ ਉਮਰ ਸਿੱਖਦਾ ਰਹਿੰਦਾ ਹੈ, ਪਰ ਵਿਦਿਆਰਥੀ ਜੀਵਨ ਵਿੱਚ ਸਿੱਖਿਆ ਕਦੇ ਵੀ ਵਿਅਰਥ ਨਹੀਂ ਜਾਂਦੀ। ਸਫਲਤਾ ਪ੍ਰਾਪਤ ਕਰਨ ਨਾਲ ਵਿਦਿਆਰਥੀ ਦਾ ਸਵੈ-ਵਿਸ਼ਵਾਸ, ਮਨੋਬਲ ਤੇ ਯੋਗਤਾ ਵਧਦੀ ਹੈ। ਸਫਲਤਾ ਪ੍ਰਾਪਤੀ ਦੀ ਕੁੰਜੀ ਮਿਹਨਤ ਹੁੰਦੀ ਹੈ। ਸਫਲਤਾ ਪ੍ਰਾਪਤੀ ਦਾ ਜਿੰਦਰਾ ਮਿਹਨਤ ਦੀ ਚਾਬੀ ਤੋਂ ਬਗੈਰ ਨਹੀਂ ਖੁੱਲ੍ਹ ਸਕਦਾ। ਸਫਲਤਾ ਕਦੀ ਵੀ ਅਸਮਾਨੋਂ ਨਹੀਂ ਡਿੱਗਦੀ, ਇਹ ਤਾਂ ਲਗਾਤਾਰ ਕੀਤੀ ਗਈ ਸਖ਼ਤ ਮਿਹਨਤ ਦਾ ਹੀ ਨਤੀਜਾ ਹੁੰਦੀ ਹੈ।

ਬੱਚੇ ਦੀ ਕਾਮਯਾਬੀ ਦਾ ਮੂਲ ਮੰਤਰ ਅਨੁਸ਼ਾਸਨ ਹੈ। ਬੱਚੇ ਕਿਸੇ ਵੀ ਦੇਸ਼-ਕੌਮ ਦਾ ਕੀਮਤੀ ਸਰਮਾਇਆ ਹੁੰਦੇ ਹਨ। ਬਚਪਨ ਵਿੱਚ ਮਾਪਿਆਂ ਤੇ ਸਕੂਲੀ ਸਿੱਖਿਆ ਦੌਰਾਨ ਅਧਿਆਪਕਾਂ ਦੇ ਤਰਾਸ਼ੇ ਵਿਦਿਆਰਥੀ ਅਨੁਸ਼ਾਸਨ ਦੇ ਮੁਰੀਦ ਬਣ ਜਾਂਦੇ ਹਨ। ਉਹ ਸਵੈ-ਚੇਤੰਨ ਹੋ ਕੇ ਆਪਣੇ ਭਲੇ-ਬੁਰੇ ਦਾ ਮੁਲਾਂਕਣ ਕਰਨ ਦੇ ਯੋਗ ਬਣ ਜਾਂਦੇ ਹਨ। ਮਾੜੀ ਸੰਗਤ ਤੋਂ ਰਹਿਤ ਹੋ ਕੇ ਉਹ ਆਪਣੇ ਚੰਗੇ ਭਵਿੱਖ ਦਾ ਸਿਰਜਕ ਖ਼ੁਦ ਬਣ ਜਾਂਦੇ ਹਨ। ਵਿਦਿਆਰਥੀ ਉਮਰੇ ਨਿਯਮਤ ਹੋਇਆ ਮਨ ਕੁਠਾਲੀ ਵਿੱਚ ਤਪੇ ਸੋਨੇ ਵਰਗਾ ਬਣ ਜਾਂਦਾ ਹੈ। ਇਸ ਤਰ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਵੱਡੀਆਂ ਪੁਲਾਂਘਾਂ ਪੁੱਟ ਕੇ ਜੇਤੂ ਬਣਨ ਲਈ ਅਨੁਸ਼ਾਸਨ ਦੇ ਪ੍ਰਪੱਕ ਧਾਰਨੀ ਬਣਨਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਸਕੂਲ ਦੇ ਨਾਲ-ਨਾਲ ਸਮਾਜ ਵਿੱਚ ਵਿਚਰਦਿਆਂ ਹਰ ਤਰ੍ਹਾਂ ਦੇ ਅਨੁਸ਼ਾਸਨ ਦੀ ਪਾਲਣਾ ਕਰਨੀ ਚਾਹੀਦੀ ਹੈ। ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਜਾਂ ਔਕੜ ਦੇ ਹੱਲ ਲਈ ਆਪਣੇ ਮਾਤਾ, ਪਿਤਾ ਤੇ ਅਧਿਆਪਕਾਂ ਤੋਂ ਸੇਧ ਲੈਣੀ ਚਾਹੀਦੀ ਹੈ। ਵਿਦਿਆਰਥੀਆਂ ਨੂੰ ਕਦੇ ਵੀ ਹਿੰਸਕ ਬਿਰਤੀ ਵਾਲੇ ਨਹੀਂ ਬਣਨਾ ਚਾਹੀਦਾ, ਸਗੋਂ ਆਪਣੇ ਸਾਥੀਆਂ ਨਾਲ ਮਿੱਤਰਤਾ ਵਾਲਾ ਰਵੱਈਆ ਅਪਣਾਉਣਾ ਚਾਹੀਦਾ ਹੈ।

ਹਰ ਮਾਂ-ਬਾਪ ਆਪਣੇ ਬੱਚਿਆਂ ਦੀ ਜ਼ਿੰਦਗੀ ਨੂੰ ਖ਼ੁਦ ਦੀ ਜ਼ਿੰਦਗੀ ਨਾਲੋਂ ਕਈ ਗੁਣਾਂ ਬਿਹਤਰ ਬਣਾਉਣਾ ਚਾਹੁੰਦਾ ਹੈ। ਮਾਪੇ ਚਾਹੁੰਦੇ ਹਨ ਕਿ ਜ਼ਿੰਦਗੀ ਵਿੱਚ ਜੋ ਮੁਕਾਮ ਉਹ ਖ਼ੁਦ ਨਹੀਂ ਹਾਸਿਲ ਕਰ ਸਕੇ, ਉਸ ਨੂੰ ਉਨ੍ਹਾਂ ਦੇ ਬੱਚੇ ਜ਼ਰੂਰ ਹਾਸਲ ਕਰਨ। ਅਜਿਹਾ ਸੋਚਦਿਆਂ ਕਈ ਵਾਰ ਮਾਪੇ ਬੱਚਿਆਂ ਦੀਆਂ ਪ੍ਰਾਪਤੀਆਂ ਲਈ ਉਨ੍ਹਾਂ 'ਤੇ ਬੇਲੋੜਾ ਦਬਾਅ ਪਾਉਣਾ ਸ਼ੁਰੂ ਕਰ ਦਿੰਦੇ ਹਨ, ਜਿਸ ਕਾਰਨ ਕਈ ਵਾਰ ਬੱਚੇ ਮਾਨਸਿਕ ਤੌਰ 'ਤੇ ਪਰੇਸ਼ਾਨ ਰਹਿਣ ਦੇ ਨਾਲ-ਨਾਲ ਬਾਗੀ ਹੋ ਜਾਂਦੇ ਹਨ। ਮਾਪੇ ਇਹ ਗੱਲ ਭੁੱਲ ਜਾਂਦੇ ਹਨ ਕਿ ਸਾਲਾਨਾ ਪ੍ਰੀਖਿਆਵਾਂ ਅਤੇ ਜਮਾਤ ਵਿੱਚ ਸਮੇਂ-ਸਮੇਂ 'ਤੇ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਵਿੱਚੋਂ ਕੇਵਲ ਇਕ ਬੱਚੇ ਨੇ ਹੀ ਅੱਵਲ ਆਉਣਾ ਹੈ। ਸਾਰੇ ਬੱਚੇ ਆਈ ਏ ਐੱਸ, ਆਈ ਪੀ ਐੱਸ, ਡਾਕਟਰ, ਵਕੀਲ, ਇੰਜੀਨੀਅਰ ਨਹੀਂ ਬਣ ਸਕਦੇ। ਹਰ ਬੱਚਾ ਆਪਣੀ ਸਮੱਰਥਾ ਤੋਂ ਵੱਧ ਕੁਝ ਹਾਸਿਲ ਨਹੀਂ ਕਰ ਸਕਦਾ ਅਤੇ ਨਾ ਹੀ ਆਪਣੀ ਰੁਚੀ ਦੇ ਉਲਟ ਕਿਸੇ ਖੇਤਰ ਵਿੱਚ ਸਫਲਤਾ ਹਾਸਿਲ ਕਰ ਸਕਦਾ ਹੈ।

ਤੰਦਰੁਸਤ ਜੀਵਨ ਸ਼ੈਲੀ ਲਈ ਤਾਜੇ ਫਲ, ਹਰੀਆਂ ਸਬਜ਼ੀਆਂ, ਦਾਲਾਂ ਅਤੇ ਵੱਧ ਤੋਂ ਵੱਧ ਸਾਫ਼ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ। ਖਾਣਾ ਖਾਂਦੇ ਸਮੇਂ ਇਸ ਗੱਲ ਦਾ ਧਿਆਨ ਜ਼ਰੂਰ ਰੱਖਣਾ ਚਾਹੀਦਾ ਹੈ ਕਿ ਅੱਧੀ ਪਲੇਟ ਵਿੱਚ ਸਬਜ਼ੀਆਂ ਅਤੇ ਹਰਾ ਸਲਾਦ, ਇਕ ਚੌਥਾਈ ਹਿੱਸੇ ਵਿੱਚ ਰੋਟੀ ਜਾਂ ਚੌਲ ਹੋਣ। ਭੋਜਨ ਹਰ ਰੋਜ਼ ਸਮੇਂ ਸਿਰ ਖ਼ੁਦ ਆਪ ਖਾਣ ਦੇ ਨਾਲ-ਨਾਲ ਬੱਚਿਆਂ ਨੂੰ ਵੀ ਸਮੇਂ ਸਿਰ ਦੇਣਾ ਚਾਹੀਦਾ ਹੈ ਅਤੇ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਦਿਨ ਵਿੱਚ ਇੱਕ ਵਾਰ ਘੱਟੋ-ਘੱਟ ਡਾਇਨਿੰਗ ਟੇਬਲ 'ਤੇ ਇਕੱਠਿਆਂ ਖਾਣਾ ਖਾਧਾ ਜਾਵੇ। ਬੱਚਿਆਂ ਨੂੰ ਸਵੇਰੇ ਜਲਦੀ ਉਠਣ ਦੀ ਆਦਤ ਪਾਉਣੀ ਚਾਹੀਦੀ ਹੈ। ਮਾਪਿਆਂ ਦਾ ਰਹਿਣ-ਸਹਿਣ ਅਤੇ ਉਨ੍ਹਾਂ ਦਾ ਚਾਲ-ਚਲਨ ਬੱਚੇ ਦੀ ਸ਼ਖ਼ਸੀਅਤ ਉਸਾਰੀ ਉੱਤੇ ਸਭ ਤੋਂ ਵੱਧ ਪ੍ਰਭਾਵ ਪਾਉਂਦਾ ਹੈ।

ਜੇਕਰ ਮਾਪੇ ਕਿਰਤ ਕਰਦੇ, ਵੰਡ ਛਕਦੇ ਹੋਣ ਤਾਂ ਬੱਚਾ ਵੀ ਉਸੇ ਸੋਚ ਦਾ ਧਾਰਨੀ ਬਣ ਜਾਂਦਾ ਹੈ। ਸੱਚ, ਸੰਤੋਖ, ਗਿਆਨ ਦੇ ਆਧਾਰ ਉੱਤੇ ਚੜ੍ਹਦੀ ਕਲਾ ਵਿੱਚ ਰਹਿੰਦਿਆਂ ਆਪਸੀ ਪਿਆਰ ਅਤੇ ਮਿਲਵਰਤਨ ਨਾਲ ਜਿਹੜੇ ਮਾਪੇ ਜੀਵਨ ਜਿਊਂਦੇ ਹਨ, ਉਹ ਆਪਣੇ ਬੱਚਿਆਂ ਲਈ ਆਦਰਸ਼ ਬਣ ਜਾਂਦੇ ਹਨ। ਇਸੇ ਤਰ੍ਹਾਂ ਜਿਹੜੇ ਅਧਿਆਪਕ ਉੱਚੇ ਆਚਰਣ ਵਾਲੇ ਹੁੰਦੇ ਹਨ ਅਤੇ ਬੱਚਿਆਂ ਨੂੰ ਧੀਰਜ ਅਤੇ ਪਿਆਰ ਨਾਲ ਪੜ੍ਹਾਈ ਕਰਵਾਉਂਦੇ ਹਨ, ਉਨ੍ਹਾਂ ਦੇ ਉਤਸ਼ਾਹੀ ਬੋਲ ਹਮੇਸ਼ਾ ਬੱਚਿਆਂ 'ਤੇ ਚੰਗਾ ਪ੍ਰਭਾਵ ਪਾਉਂਦੇ ਹਨ।

# ਸੰਪਰਕ : 98146-62260

CMYK

# ਠੇਕਾ ਮੁਲਾਜ਼ਮਾਂ ਨੇ ਮੀਟਿੰਗ ਰੱਦ ਹੋਣ 'ਤੇ ਸਰਕਾਰ ਦਾ ਫੂਕਿਆ ਪੁਤਲਾ

## 11 ਨੂੰ ਮੁੱਖ ਮੰਤਰੀ ਦੀ ਕੋਠੀ ਦਾ ਘੇਰਾਓ ਕਰਕੇ ਸੂਬਾ ਪੱਧਰੀ ਧਰਨੇ ਦਾ ਕੀਤਾ ਐਲਾਨ



**ਜਲਾਲਾਬਾਦ (ਜੀਤ ਕੁਮਾਰ)**-ਆਮ ਲੋਕਾਂ ਦੀ ਹਤਾਇਸ਼ੀ ਕਹਿਲਾਉਣ ਵਾਲੀ ਵਰਤਮਾਨ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਬਣਾਈ ਕੈਬਨਿਟ ਸਬ-ਕਮੇਟੀ ਵੱਲੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਨਾਲ 20 ਅਗਸਤ 2025 ਨੂੰ ਦਿੱਤੀ ਮੀਟਿੰਗ ਨੂੰ ਰੱਦ ਕਰਨ ਦੇ ਰੋਸ ਵਜੋਂ ਵੀਰਵਾਰ ਨੂੰ ਸਾਰੇ ਪੰਜਾਬ ਵਿੱਚ ਤਹਿਸੀਲ/ਜ਼ਿਲ੍ਹਾ ਪੱਧਰੀ ਪੰਜਾਬ ਸਰਕਾਰ ਦੇ ਪੁਤਲੇ ਫੂਕਣ ਦੇ 'ਮੋਰਚੇ' ਦੇ ਫੈਸਲੇ ਤਹਿਤ ਇਥੇ ਜਲ ਸਪਲਾਈ ਤੇ ਸੈਨੀਟੇਸ਼ਨ ਦੇ ਸਬ ਡਵੀਜ਼ਨ ਦਫਤਰ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਬ੍ਰਾਂਚ ਜਲਾਲਾਬਾਦ ਤੇ ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ। ਇਸ ਦੇ ਪਹਿਲਾਂ ਵੱਡੀ ਗਿਣਤੀ 'ਚ ਇਕੱਠੇ ਹੋਏ ਠੇਕਾ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵਿਰੁੱਧ ਧਰਨਾ ਦਿੱਤਾ ਗਿਆ। ਇਸ ਸਬੰਧੀ ਪ੍ਰੈੱਸ ਨੋਟ ਜਾਰੀ ਕਰਦਿਆਂ ਜਥੇਬੰਦੀ ਦੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਦਫਤਰੀ ਸਟਾਫ ਤੋਂ ਸੁਖਚੈਨ ਸਿੰਘ ਸੋਢੀ, ਛਿੰਦਰ ਸਿੰਘ, ਹਰਜਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਸਾਡੀ ਪਾਰਟੀ ਦੀ ਸਰਕਾਰ ਬਣਨ 'ਤੇ ਹਰੇਕ ਤਰ੍ਹਾਂ ਦੇ ਠੇਕਾ ਮੁਲਾਜ਼ਮਾਂ ਦੇ ਸਥਾਈ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇਗਾ, ਪਰ ਤ੍ਰਾਸਦੀ ਇਹ ਹੈ ਕਿ ਸਾਢੇ 3 ਸਾਲ ਬੀਤ ਜਾਣ ਦੇ ਬਾਅਦ ਵੀ ਪਿਛਲੀਆਂ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਦੀ ਤਰ੍ਹਾਂ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨਾਲ ਨੰਗਾ-ਚਿੱਟਾ ਧੋਖਾ ਕਰ ਰਹੀ ਹੈ। ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਤੇ ਵਿਸ਼ਵ ਵਪਾਰ ਸੰਸਥਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ, ਪੰਚਾਇਤੀਕਰਨ ਤੇ ਸਕਾਡਾ ਸਿਸਟਮ ਲਗਾਉਣ ਵਾਲੀਆਂ ਮਾਰੂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਮੂਹ ਵਿਭਾਗਾਂ 'ਚ ਲਗਾਤਾਰ ਸੇਵਾਵਾਂ ਦੇ ਰਹੇ ਆਊਟਸੋਰਸ/ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ, ਪੰਜਾਬ ਸਰਕਾਰ ਵੱਲੋਂ ਠੇਕਾ ਮੁਲਾਜ਼ਮਾਂ ਦੀਆਂ 'ਮੰਗਾਂ' ਦੇ ਹੱਲ ਕਰਨ ਦੇ ਨਾਂਅ ਹੇਠ ਕੈਬਨਿਟ-ਸਬ-ਕਮੇਟੀ ਦਾ ਗਠਨ ਕੀਤਾ ਗਿਆ, ਇਸ ਸਬ-ਕਮੇਟੀ ਨਾਲ ਵੀ ਮੋਰਚੇ ਨੂੰ ਵਾਰ-ਵਾਰ ਮੀਟਿੰਗਾਂ ਦਾ ਲਿਖਤੀ ਰੂਪ ਵਿੱਚ ਸਮਾਂ ਦੇ ਕੇ ਐਨ ਮੌਕੇ 'ਤੇ ਜ਼ਰੂਰੀ ਰੁਝੇਵਿਆਂ ਦੇ ਬਹਾਨੇ ਹੇਠ ਇਹ ਮੀਟਿੰਗਾਂ ਰੱਦ ਕਰਕੇ ਗੱਲਬਾਤ ਕਰਨ ਤੋਂ ਭੱਜ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਠੇਕਾ ਮੁਲਾਜ਼ਮ ਵਿਰੋਧੀ ਅਪਣਾਏ ਜਾ ਰਹੇ ਰਵੱਈਏ ਕਾਰਨ ਆਪਣੇ ਕੱਚੇ-ਪਿੱਲੇ ਰੁਜ਼ਗਾਰ ਨੂੰ ਬਚਾਉਣ ਤੇ ਆਪਣੇ ਹੱਕਾਂ ਦੀ ਰਾਖੀ ਲਈ ਸਰਕਾਰ ਵੱਲੋਂ ਪੈਦਾ ਕੀਤੀ ਜਾ ਰਹੀ ਮਜਬੂਰੀ ਵੱਸ ਅੱਜ ਇਥੇ ਸਮੂਹ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਰੋਹ ਭਰਪੂਰ ਪ੍ਰਦਰਸ਼ਨ ਕਰਨ ਉਪਰੰਤ ਮੋਰਚੇ ਦੇ ਪਲੇਟਫਾਰਮ ਤੋਂ ਐਲਾਨ ਕੀਤਾ ਕਿ ਆਪਣੇ ਪੱਕੇ ਰੁਜ਼ਗਾਰ ਦੀ ਮੰਗ ਦਾ ਹੱਲ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਕਿ 11 ਸਤੰਬਰ 2025 ਨੂੰ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਸੰਗਰੂਰ ਦਾ ਘੇਰਾਓ ਕਰਕੇ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਹੈ, ਜਿਸ 'ਚ ਜਲ ਸਪਲਾਈ ਵਰਕਰ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਸ਼ਾਮਲ ਹੋਣਗੇ।

ਉਪਰੋਕਤ ਆਗੂਆਂ ਨੇ ਮੰਗ ਕੀਤੀ ਕਿ ਵੱਖ ਵੱਖ ਵਿਭਾਗਾਂ 'ਚ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਪਹਿਲ ਤੇ ਤਜਰਬੇ ਦੇ ਆਧਾਰ 'ਤੇ ਵਿਭਾਗ ਵਿੱਚ ਮਰਜ ਕਰਕੇ ਪੱਕਾ ਕੀਤਾ ਜਾਵੇ, ਜਦੋਂ ਤੱਕ ਇਸ ਪ੍ਰਮੁੱਖ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਵੇਲੇ ਤੱਕ ਘੱਟੋ-ਘੱਟ ਉਜ਼ਰਤ ਦੇ ਕਾਨੂੰਨ 1948 ਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਦੀ 34244 ਰੁਪਏ ਤਨਖਾਹ ਲਾਗੂ ਕੀਤੀ ਜਾਵੇ। ਈ.ਪੀ.ਐੱਫ., ਈ.ਐੱਸ.ਆਈ. ਸਹੂਲਤਾਂ ਲਾਗੂ ਕੀਤੀਆਂ ਜਾਣ। ਕਿਰਤ ਕਾਨੂੰਨ, ਬੋਨਸ ਦਾ ਭੁਗਤਾਨ ਐਕਟ, 1965 ਮੁਤਾਬਿਕ ਆਊਟਸੋਰਸ ਵਰਕਰਾਂ ਨੂੰ 8.33 ਪ੍ਰਤੀਸ਼ਤ ਬੋਨਸ ਤਨਖਾਹ ਦੇ ਨਾਲ ਦਿੱਤਾ ਜਾਵੇ। ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਅਧੀਨ ਚੱਲ ਰਹੀਆਂ ਪੇਂਡੂ ਜਲ ਸਪਲਾਈ ਸਕੀਮਾਂ (ਜਲ ਘਰ) ਦਾ ਜਬਰੀ ਪੰਚਾਇਤੀਕਰਨ/ਨਿੱਜੀਕਰਨ, ਸਕਾਡਾ ਪ੍ਰਣਾਲੀ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਵਾਪਸ ਲਿਆ ਜਾਵੇ। ਪੰਚਾਇਤਾਂ ਨੂੰ ਹੈਂਡ ਓਵਰ ਕੀਤੀਆਂ ਜਲ ਸਪਲਾਈ ਸਕੀਮਾਂ ਮੁੜ ਵਿਭਾਗ ਅਧੀਨ ਕੀਤੀਆਂ ਜਾਣ।

## ਭਲਕੇ ਲਾਇਆ ਜਾਵੇਗਾ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ

**ਚੀਮਾ ਮੰਡੀ (ਰਵਿੰਦਰ ਚੀਮਾ)**

ਐਸਬੀਆਈ ਕਾਰਡ ਵੱਲੋਂ ਵਰਲਡ ਕੈਂਸਰ ਕੇਅਰ ਦੇ ਸਹਿਯੋਗ ਨਾਲ ਪੂਰੇ ਪੰਜਾਬ ਭਰ ਵਿੱਚ ਸੈਂਕੜੇ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ ਲਗਾਤਾਰ ਲਾਏ ਜਾ ਰਹੇ ਹਨ। ਵਰਲਡ ਕੈਂਸਰ ਕੇਅਰ ਦੁਆਰਾ ਡਾਕਟਰ ਕੁਲਵੰਤ ਸਿੰਘ ਧਾਲੀਵਾਲ ਤੇ ਡਾਕਟਰ ਜਗਜੀਤ ਸਿੰਘ ਧੂਰੀ ਦੀ ਯੋਗ ਅਗਵਾਈ ਹੇਠ ਆਪਣਾ ਪੰਜਾਬ ਫਾਊਂਡੇਸਨ ਦੇ ਸਹਿਯੋਗ ਨਾਲ ਗੁਰਦੁਆਰਾ ਜਨਮ ਸਥਾਨ ਚੀਮਾ ਮੰਡੀ ਵਿਖੇ 23 ਅਗਸਤ ਨੂੰ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ ਸਵੇਰੇ 10 ਵਜੇ ਤੋਂ ਸਾਮ 4 ਵਜੇ ਤੱਕ ਲਾਇਆ ਜਾ ਰਿਹਾ ਹੈ। ਬਿਨਾਂ ਕਿਸੇ ਝਿਜਕ ਦੇ ਸਾਰੇ 9:30 ਵਜੇ ਪਹੁੰਚੋ ਅਤੇ ਆਪਣਾ ਨਾਂਅ ਦਰਜ ਕਰੋ। ਕੈਂਪ 'ਚ ਮੁਫ਼ਤ ਕੀਤੀਆਂ ਜਾਣ ਵਾਲੀਆਂ ਮੁੱਖ ਜਾਂਚਾਂ 'ਚ ਸ਼ਾਮਲ ਹਨ ਔਰਤਾਂ ਲਈ ਛਾਤੀ ਦੀ ਜਾਂਚ, ਬੱਚੇਦਾਨੀ ਦੀ ਜਾਂਚ, ਪੁਰਸ਼ਾਂ ਲਈ ਪ੍ਰੋਸਟੇਟ ਦੀ ਜਾਂਚ, ਮੂੰਹ ਗਲੇ ਹੱਡੀਆਂ ਤੇ ਲਹੂ ਸਬੰਧਾਂ ਸਬੰਧੀ ਜਾਂਚਾਂ ਸ਼ੂਗਰ ਬਲੱਡ ਪ੍ਰੈਸ਼ਰ ਦੀ ਜਾਂਚ ਕਿਸੇ ਵੀ ਡਾਕਟਰੀ ਮੁੱਦੇ ਲਈ ਮੁਫ਼ਤ ਦਵਾਈਆਂ ਤੇ ਮਾਰਗਦਰਸ਼ਨ ਪ੍ਰਦਾਨ ਕੀਤਾ ਜਾਵੇਗਾ। ਡਾਕਟਰਾਂ ਦੀ ਇੱਕ ਟੀਮ ਤੁਹਾਡੇ ਸਵਾਲਾਂ ਦਾ ਜਵਾਬ ਦੇਣ ਲਈ ਉਥੇ ਹੋਵੇਗੀ। ਡਾਕਟਰ ਧੂਰੀ ਨੇ ਕਿਹਾ ਸਾਡਾ ਮਕਸਦ ਇਹ ਹੈ ਕਿ ਤੰਦਰੁਸਤ ਲੋਕਾਂ ਦੀ ਜਾਂਚ ਹੋਵੇ ਤਾਂ ਜੁ ਕੈਂਸਰ ਦੇ ਲੱਛਣ ਸ਼ੁਰੂਆਤੀ ਦੌਰ ਵਿੱਚ ਹੀ ਪਛਾਣ ਕੇ ਇਲਾਜ ਆਸਾਨ ਕਰਾਇਆ ਜਾ ਸਕੇ। ਅਕਸਰ ਭਾਰਤ ਵਿੱਚ ਕੈਂਸਰ ਆਖਰੀ ਪੜਾਅ 'ਤੇ ਪਤਾ ਲੱਗਦਾ ਹੈ, ਪਰ ਜੇਕਰ ਅਸੀਂ ਸਮੇਂ ਸਿਰ ਜਾਂਚ ਕਰੀਏ ਤਾਂ ਕੈਂਸਰ ਦਾ ਇਲਾਜ ਪੂਰੀ ਤਰ੍ਹਾਂ ਸੰਭਵ ਹੈ। ਗੁਰਦੁਆਰਾ ਜਨਮ ਅਸਥਾਨ ਦੇ ਮੁੱਖ ਸੇਵਾਦਾਰ ਜਗਜੀਤ ਸਿੰਘ ਕਾਕਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵਧ-ਚੜ੍ਹ ਕੇ ਇਸ ਕੈਂਪ ਵਿੱਚ ਭਾਗ ਲੈਣ ਤਾਂ ਜੁ ਅਸੀਂ ਕੈਂਸਰ ਖਿਲਾਫ ਇਕੱਠੇ ਹੋ ਕੇ ਜੰਗ ਜਿੱਤ ਸਕੀਏ।

# ਥਰਮਲ ਦੇ ਠੇਕਾ ਮੁਲਾਜ਼ਮਾਂ ਨੇ ਫੂਕਿਆ ਸਰਕਾਰ ਦਾ ਪੁਤਲਾ

## 11 ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕਰਕੇ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਕਰਨ ਦੇ ਲਿਖਤੀ ਪੱਤਰ ਜਾਰੀ ਕਰਕੇ ਮੀਟਿੰਗਾਂ ਕਰਨ ਤੋਂ ਭੱਜਣ ਦੇ ਰੋਸ ਵਜੋਂ ਵੀਰਵਾਰ ਸਮੁੱਚੇ ਪੰਜਾਬ ਵਿੱਚ ਪੰਜਾਬ ਸਰਕਾਰ ਦਾ ਪੁਤਲੇ ਫੂਕਣ ਦੇ ਸੰਘਰਸ਼ ਸੱਦੇ ਤਹਿਤ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ ਪਲਾਂਟ ਦੇ ਮੁੱਖ ਗੇਟ 'ਤੇ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। 'ਮੋਰਚੇ' ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਹਰਦੀਪ ਸਿੰਘ ਤੱਗੜ ਤੇ ਲਛਮਣ ਸਿੰਘ ਰਾਮਪੁਰਾ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ' ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖ ਕੇ ਆਪਣਾ ਸਮਾਂ ਲੰਘਾ ਰਹੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਠੇਕੇਦਾਰਾਂ ਤੇ ਕੰਪਨੀਆਂ ਵੱਲੋਂ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀਂ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜਬੂਰ ਕੀਤਾ ਹੋਇਆ ਹੈ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ 'ਆਪ' ਸਰਕਾਰ ਵੱਲੋਂ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਵਿੱਚ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਤੋਂ ਸਾਫ਼ ਜ਼ਾਹਰ ਹੈ ਕਿ ਇਹ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਊਟਸੋਰੋਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ ਨੰਗਾ-ਚਿੱਟਾ ਧੋਖਾ ਕਰ ਰਹੀ ਹੈ। ਮੋਰਚੇ ਦੀ ਸੂਬਾ ਕਮੇਟੀ ਨੂੰ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕੀਤੀ ਜਾ ਰਹੀ, ਜਿਸ ਤੋਂ ਸਿੱਧ ਹੁੰਦਾ ਹੈ ਕਿ ਪੰਜਾਬ ਸਰਕਾਰ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖ ਕੇ ਆਪਣੇ ਕਾਰਜਕਾਲ ਦਾ ਸਮਾਂ ਲੰਘਾ ਰਹੀ ਹੈ, ਜਿਸ ਦੇ ਵਿਰੋਧ ਵਜੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਸਮੁੱਚੇ ਪੰਜਾਬ ਵਿੱਚ ਰੈਲੀਆਂ/ਮੁਜ਼ਾਹਰੇ ਕਰਕੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ ਅਤੇ 11 ਸਤੰਬਰ 2025 ਨੂੰ ਸੰਗਰੂਰ ਵਿਖੇ ਪਰਿਵਾਰਾਂ ਤੇ ਬੱਚਿਆਂ ਸਮੇਤ ਸੂਬਾ ਪੱਧਰੀ ਰੈਲੀ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੀ ਤਿਆਰੀ ਵਜੋਂ ਸਮੁੱਚੇ ਪੰਜਾਬ ਵਿੱਚ ਤਿਆਰੀ ਕਨਵੈਨਸ਼ਨਾਂ ਕਰਵਾਈਆਂ ਜਾ ਰਹੀਆਂ ਹਨ।

## ਕਾਤਰਾਂ

### ਵਾਹਨ ਦੀ ਲਪੇਟ 'ਚ ਆਉਣ ਕਾਰਨ ਔਰਤ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸਰਹਿੰਦ-ਪਟਿਆਲਾ ਮਾਰਗ 'ਤੇ ਸਥਿਤ ਪਿੰਡ ਨੌਲੱਖਾ ਦੇ ਖੇਤਾਂ 'ਚੋਂ ਇੱਕ ਮਹਿਲਾ ਦੀ ਲਾਸ਼ ਮਿਲਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪਰਮਜੀਤ ਸਿੰਘ ਵਾਸੀ ਪਿੰਡ ਨੌਲੱਖਾ ਨੇ ਪੁਲਸ ਨੂੰ ਦਿੱਤੀ ਸੂਚਨਾ ਵਿੱਚ ਦੱਸਿਆ ਕਿ ਦੁਪਹਿਰ ਸਮੇਂ ਉਹ ਜਦੋਂ ਆਪਣੇ ਝੋਨੇ ਵਾਲੇ ਖੇਤਾਂ 'ਚ ਗੇੜਾ ਮਾਰਨ ਗਿਆ ਤਾਂ ਉਸ ਨੇ ਦੇਖਿਆ ਕਿ ਖੇਤ ਕੋਲ ਦਰੱਖਤਾਂ 'ਚ ਇੱਕ ਨਾਮਾਲੂਮ ਔਰਤ, ਜਿਸ ਨੇ ਨੀਲੇ ਰੰਗ ਦੀ ਜੀਨ ਤੇ ਲਾਲ ਰੰਗ ਦੀ ਟੀ ਸ਼ਰਟ ਪਹਿਨੀ ਹੋਈ ਸੀ, ਦੀ ਲਾਸ਼ ਪਈ ਸੀ।ਪੁਲਸ ਵੱਲੋਂ ਮੌਕੇ 'ਤੋਂ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸ਼ਨਾਖਤ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੌਰਚਰੀ 'ਚ ਰਖਵਾਇਆ ਗਿਆ, ਪਰ ਮ੍ਰਿਤਕਾ ਦੀ ਸ਼ਨਾਖਤ ਨਹੀਂ ਸਕੀ।ਪੁਲਸ ਸੂਤਰਾਂ ਅਨੁਸਾਰ ਉਕਤ ਨਾਮਾਲੂਮ ਔਰਤ ਦੀ ਮੌਤ ਕਿਸੇ ਤੇਜ਼ ਰਫ਼ਤਾਰ ਨਾਮਾਲੂਮ ਵਾਹਨ ਦੀ ਲਪੇਟ 'ਚ ਆਉਣ ਕਾਰਨ ਹੋਈ ਜਾਪਦੀ ਹੈ, ਜਿਸ ਸਬੰਧੀ ਥਾਣਾ ਮੂਲੇਪੁਰ ਵਿਖੇ ਕੇਸ ਦਰਜ ਕਰਕੇ ਮੂਲੇਪੁਰ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਵਿਧਾਇਕ ਸਵਨਾ ਵੱਲੋਂ ਮਾਲ ਮੰਤਰੀ ਨਾਲ ਬੈਠਕ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਚੰਡੀਗੜ੍ਹ ਪਹੁੰਚ ਕੇ ਪੰਜਾਬ ਦੇ ਮਾਲ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਇਸ ਦੌਰਾਨ ਫਾਜ਼ਿਲਕਾ ਜ਼ਿਲ੍ਹੇ ਦੇ ਸਰਹੱਦੀ ਇਲਾਕਿਆਂ ਵਿੱਚ ਸਤਲੁਜ ਨਦੀ ਵਿੱਚ ਆਏ ਹੜ੍ਹ ਕਾਰਨ ਫਸਲਾਂ ਤੇ ਮਕਾਨਾਂ ਦੇ ਹੋਏ ਨੁਕਸਾਨ ਸਬੰਧੀ ਜਲਦ ਤੋਂ ਜਲਦ ਮੁਆਵਜ਼ਾ ਦੇਣ ਦੀ ਮੰਗ ਰੱਖੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਇਸ ਇਲਾਕੇ ਵਿੱਚ ਕੁਝ ਲੋਕਾਂ ਕੋਲ ਕੱਚੀਆਂ ਜ਼ਮੀਨਾਂ ਹਨ, ਜਿਸ ਦਾ ਮੁਆਵਜ਼ਾ ਉਨ੍ਹਾਂ ਨੂੰ ਨਹੀਂ ਮਿਲਦਾ।ਉਨ੍ਹਾਂ ਮੰਗ ਰੱਖੀ ਕਿ ਇਸ ਸਬੰਧੀ ਪੌਲਸੀ ਤਿਆਰ ਕਰਕੇ ਕਾਸ਼ਤਕਾਰ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਇੱਥੇ ਛੋਟੇ ਕਿਸਾਨ ਹਨ ਤੇ ਉਨ੍ਹਾਂ ਕੋਲ ਬਹੁਤ ਥੋੜ੍ਹੀ ਜ਼ਮੀਨ ਹੈ ਅਤੇ ਉਸ ਦਾ ਵੀ ਹੜ੍ਹ ਕਾਰਨ ਨੁਕਸਾਨ ਹੋ ਜਾਂਦਾ ਹੈ।ਇਸ ਲਈ ਜ਼ਰੂਰੀ ਹੈ ਕਿ ਸਰਕਾਰ ਵੱਲੋਂ ਉਨ੍ਹਾਂ ਨੂੰ ਮੁਆਵਜ਼ਾ ਦਿੱਤਾ ਜਾਵੇ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਲਗਾਤਾਰ ਛੋਟੇ ਕਿਸਾਨਾਂ ਦੀ ਮਦਦ ਕੀਤੀ ਜਾ ਰਹੀ ਹੈ ਤੇ ਇਸੇ ਨੀਤੀ ਤਹਿਤ ਫਾਜ਼ਿਲਕਾ ਦੇ ਇਨ੍ਹਾਂ ਕਿਸਾਨਾਂ ਦੀ ਵੀ ਮਦਦ ਕੀਤੀ ਜਾਣੀ ਚਾਹੀਦੀ ਹੈ।ਵਿਧਾਇਕ ਨੇ ਦੱਸਿਆ ਕਿ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਭਰੋਸਾ ਦਿੱਤਾ ਗਿਆ ਹੈ ਕਿ ਕਿਸਾਨਾਂ ਦੇ ਹਿੱਤਾਂ ਅਨੁਸਾਰ ਸਰਕਾਰ ਕੰਮ ਕਰੇਗੀ।

### ਸੰਤ ਕਬੀਰ ਸਕੂਲ 'ਚ ਨੈਸ਼ਨਲ ਕੈਡੇਟ ਕੋਰ ਦੀ ਸਥਾਪਨਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਨੈਸ਼ਨਲ ਕੈਡੇਟ ਕੋਰ ਦੀ ਸਥਾਪਨਾ ਕਰਕੇ ਇੱਕ ਹੋਰ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਇਸ ਨਵੀਂ ਪਹਿਲ ਦਾ ਉਦੇਸ਼ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਲੀਡਰਸ਼ਿਪ, ਹੁਨਰ, ਦੇਸ਼ ਭਗਤੀ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵਿਕਸਤ ਕਰਨਾ ਹੈ। ਸਕੂਲ ਦੇ ਐਮ.ਡੀ.ਪ੍ਰੋਫੈਸਰ ਐਮ.ਐਲ.ਅਰੋੜਾ, ਸਕੂਲ ਡਾਇਰੈਕਟਰ ਨੰਦਿਤਾ ਗਰੋਵਰ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਨ.ਸੀ.ਸੀ. ਵਿੱਚ ਸ਼ਾਮਲ ਹੋਣ ਵਾਲੇ ਵਿਦਿਆਰਥੀ ਨਾ ਸਿਰਫ਼ ਸਰੀਰਕ ਤੌਰ 'ਤੇ ਮਜ਼ਬੂਤ ਬਣਦੇ ਹਨ, ਬਲਕਿ ਉਨ੍ਹਾਂ ਵਿੱਚ ਰਾਸ਼ਟਰੀ ਸੇਵਾ ਦੀ ਭਾਵਨਾ ਵੀ ਵਿਕਸਤ ਹੁੰਦੀ ਹੈ। ਸਿਖਲਾਈ ਪ੍ਰਾਪਤ ਅਧਿਕਾਰੀਆਂ ਨੇ ਐਨ.ਸੀ.ਸੀ. ਦੀ ਮਹੱਤਤਾ, ਸਿਖਲਾਈ ਪ੍ਰੋਗਰਾਮਾਂ, ਪਰੇਡ, ਕੈਂਪ ਤੇ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।

## ਗਾਜਾ 'ਚ ਹੋ ਰਹੇ ਕਤਲੇਆਮ ਨੂੰ ਰੋਕਣ ਲਈ ਭਾਰਤ ਸਰਕਾਰ ਦਖਲ ਦੇਵੇ : ਮਿੱਤਰਾ, ਸ਼ਕੀਲ



**ਲੁਧਿਆਣਾ (ਐੱਮ ਐੱਸ ਭਾਟੀਆ)**- ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਨੇ ਇਜ਼ਰਾਈਲ ਵੱਲੋਂ 60 ਹਜ਼ਾਰ ਰਿਜ਼ਰਵ ਫੌਜੀਆਂ ਨੂੰ ਗਾਜਾ ਵਿੱਚ ਭੇਜ ਕੇ ਗਾਜਾ ਸ਼ਹਿਰ ਤੇ ਸਾਰੇ ਇਲਾਕੇ 'ਤੇ ਕਬਜ਼ਾ ਕਰਨ ਦੀ ਯੋਜਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਬਿਆਨ ਜਾਰੀ ਕਰਦਿਆਂ ਆਈਡੀਪੀਡੀ ਦੇ ਪ੍ਰਧਾਨ ਡਾਕਟਰ ਅਰੁਣ ਮਿੱਤਰਾ ਤੇ ਜਨਰਲ ਸਕੱਤਰ ਸਕੀਲ ਉਰ ਰਹਿਮਾਨ ਨੇ ਕਿਹਾ ਹੈ ਕਿ ਨਸਲਕੁਸ਼ੀ ਕਰਨ ਨਾਲ ਵੀ ਸੰਤੁਸ਼ਟ ਨਾ ਹੋ ਕੇ ਇਜ਼ਰਾਇਲੀ ਸਰਕਾਰ ਆਖਰਕਾਰ ਫਲਸਤੀਨੀਆਂ ਨੂੰ ਉਨ੍ਹਾਂ ਦੀ ਆਪਣੀ ਧਰਤੀ ਤੋਂ ਬਾਹਰ ਕੱਢਣ ਦਾ ਮਨ ਬਣਾ ਚੁੱਕੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਪੱਛਮੀ ਕਿਨਾਰੇ (ਵੈਸਟ ਬੈਂਕ) ਵਿੱਚ ਘਰ ਬਣਾਉਣ ਤੇ ਨਵੀਆਂ ਅਬਾਦੀਆਂ ਕਾਇਮ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨਾਲ ਪੂਰਾ ਪੱਛਮੀ ਕਿਨਾਰਾ ਉੱਤਰੀ ਤੇ ਦੱਖਣੀ ਹਿੱਸਿਆਂ ਵਿੱਚ ਵੰਡਿਆ ਜਾਵੇਗਾ। ਇਸ ਕਾਰਨ ਫਲਸਤੀਨੀਆਂ ਦੀ ਇੱਕ ਹਿੱਸੇ ਤੋਂ ਦੂਜੇ ਹਿੱਸੇ ਤੱਕ ਆਵਾਜਾਈ ਨਾਮੁਮਕਿਨ ਹੋ ਜਾਵੇਗੀ। ਇਹ ਮੱਧ-ਪੂਰਬ ਵਿੱਚ ਟਿਕਾਊ ਅਮਨ ਲਈ ਦੋ ਰਾਜਾਂ ਦੇ ਹੱਲ ਦੇ ਸਿਧਾਂਤ ਦੇ ਬਿਲਕੁਲ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਅਸੀਂ ਭਾਰਤ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹ ਮਜ਼ਬੂਤ ਸਥਿਤੀ ਅਖਤਿਆਰ ਕਰੇ ਅਤੇ ਦੁਨੀਆ ਭਰ ਦੀ ਰਾਏ ਨਾਲ ਮਿਲ ਕੇ ਇਜ਼ਰਾਈਲ 'ਤੇ ਦਬਾਅ ਬਣਾਏ ਕਿ ਉਹ ਗਾਜਾ ਪੱਟੀ ਤੇ ਵੈਸਟ ਬੈਂਕ ਵਿੱਚ ਬਣਾਈਆਂ ਅਬਾਦੀਆਂ ਨੂੰ ਖਾਲੀ ਕਰੇ ਅਤੇ ਦੋ ਰਾਜ ਹੱਲ ਨੂੰ ਮੰਨੇ।

# 200 ਸਾਲ ਪੁਰਾਣੇ ਡੇਰਾ ਗੁੱਗਾ ਮਾੜੀ ਦੇ ਹੱਕ 'ਚ ਨਿੱਤਰੇ ਅਕਾਲੀ ਆਗੂ ਤੇ ਕਿਸਾਨ ਜਥੇਬੰਦੀਆਂ

## ਨਗਰ ਨਿਗਮ ਨੇ ਜਬਰੀ ਕਾਰਵਾਈ ਕਰਨ ਦਾ ਯਤਨ ਕੀਤਾ ਤਾਂ ਲੋਕ ਕਰਨਗੇ ਵਿਰੋਧ : ਰਾਠੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਅਬਲੋਵਾਲ ਸਥਿਤ ਡੇਰਾ ਗੁੱਗਾ ਮਾੜੀ ਨੂੰ ਨਗਰ ਨਿਗਮ ਵੱਲੋਂ ਨੋਟਿਸ ਜਾਰੀ ਕਰਨ ਤੋਂ ਬਾਅਦ ਸਥਾਨਕ ਅਕਾਲੀ ਆਗੂ ਤੇ ਕਿਸਾਨ ਜਥੇਬੰਦੀਆਂ ਗੁੱਗਾ ਮਾੜੀ ਦੇ ਹੱਕ ਵਿੱਚ ਨਿੱਤਰ ਆਏ ਹਨ ਅਤੇ ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਨਗਰ ਨਿਗਮ ਵੱਲੋਂ ਧੱਕੇ ਨਾਲ ਕੀਤੀ ਜਾਣ ਵਾਲੀ ਕਿਸੇ ਵੀ ਕਾਰਵਾਈ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ ਅਤੇ ਲੋਕ ਅਜਿਹਾ ਹਰਗਿਜ਼ ਨਹੀਂ ਹੋਣ ਦੇਣਗੇ।

ਇਥੇ ਪਟਿਆਲਾ ਮੀਡੀਆ ਕਲੱਬ ਵਿੱਚ ਡੇਰੇ ਦੇ ਮਹੰਤ ਰਾਮ ਦਾਸ ਤੇ ਉਨ੍ਹਾਂ ਦੀ ਟੀਮ ਦੇ ਨਾਲ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਅਮਿਤ ਰਾਠੀ ਤੇ ਕਿਸਾਨ ਆਗੂਆਂ ਗੁਰਮੀਤ ਸਿੰਘ, ਨਿਸ਼ਾਨ ਸਿੰਘ ਅਬਲੋਵਾਲ, ਹਰਪ੍ਰੀਤ ਸਿੰਘ ਅਬਲੋਵਾਲ, ਗੁਰਚਰਨ ਸਿੰਘ ਅਬਲੋਵਾਲ, ਸ਼ਾਮ ਸਿੰਘ ਅਬਲੋਵਾਲ ਤੇ ਹੋਰਨਾਂ ਨੇ ਕਿਹਾ ਕਿ ਇਹ ਜਗ੍ਹਾ ਗੁੱਗਾ ਮਾੜੀ ਦੀ ਹੈ ਤੇ 1958 ਵਿੱਚ ਜਦੋਂ ਮੁਰੱਬਾਬੰਦੀ ਹੋਈ ਤਾਂ ਜਾਣ-ਬੁੱਝ ਕੇ ਇਸ ਥਾਂ ਨੂੰ ਮਾੜੀ ਦੀ ਥਾਂ ਮੜ੍ਹੀਆਂ ਲਿਖ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਹਾਈ ਕੋਰਟ ਵਿੱਚ ਦੋ ਕੇਸ ਪਹਿਲਾਂ ਹੀ ਚੱਲ ਰਹੇ ਹਨ, ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਨੇ ਖੁਦ ਮੰਨਿਆ ਹੈ ਕਿ ਜ਼ਿਲ੍ਹੇ ਵਿੱਚ ਧਰਮ ਦੇ ਨਾਂ 'ਤੇ ਕੋਈ ਗਲਤ ਕਬਜ਼ਾ ਨਹੀਂ ਹੈ। ਉਨ੍ਹਾਂ ਦੱਸਿਆ ਕਿ 1999 ਵਿਚ ਜਦੋਂ ਪਿੰਡ ਅਬਲੋਵਾਲ ਨਗਰ ਨਿਗਮ ਦੀ ਹੱਦ ਵਿੱਚ ਆਇਆ ਤਾਂ ਡੇਰੇ ਨੂੰ ਜਾਣਬੁੱਝ ਕੇ ਨਗਰ ਨਿਗਮ ਦੇ ਮਾਲਕੀ ਵਾਲੇ ਖਾਨੇ ਵਿੱਚ ਪਾ ਦਿੱਤਾ ਗਿਆ ਅਤੇ ਬਿਜਲੀ ਤੇ ਪਾਣੀ ਦਾ ਕੁਨੈਕਸ਼ਨ ਕੱਟ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਬਾਰੇ ਵੀ ਕੇਸ ਅਦਾਲਤ ਵਿੱਚ ਚੱਲ ਰਿਹਾ ਹੈ। ਅਸੀਂ ਜ਼ਮੀਨ ਦੀ ਮਾਲਕੀ ਦੇ ਅਸਲ ਕਾਗਜ਼ ਲੈਣ ਵਾਸਤੇ ਵੀ ਡਾਇਰੈਕਟਰ ਲੈਂਡ ਰਿਕਾਰਡਜ਼ ਕੋਲ ਕੇਸ ਪਾਇਆ ਹੋਇਆ ਹੈ, ਜੋ ਜਲੰਧਰ ਵਿੱਚ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਨਗਰ ਨਿਗਮ ਪ੍ਰਸ਼ਾਸਨ ਕੇਸ ਚੱਲਣ ਦੇ ਬਾਵਜੂਦ ਜਗ੍ਹਾ 'ਤੇ ਕਬਜ਼ਾ ਕਰਨਾ ਚਾਹੁੰਦਾ ਹੈ। ਇਹ ਕੁੱਲ 6 ਬੀਘੇ 3 ਬਿਸਵੇ ਦੇ ਕਰੀਬ ਥਾਂ ਹੈ, ਜਿਸ ਵਿੱਚ ਗੁਰਦੁਆਰਾ ਸਾਹਿਬ ਤੇ ਮੰਦਰ ਵੀ ਬਣਿਆ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਅਸੀਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਹੈ, ਜਿਸ ਦੀ ਕਾਪੀ ਨਗਰ ਨਿਗਮ ਕਮਿਸ਼ਨਰ ਨੂੰ ਦਿੱਤੀ ਹੈ, ਜਿਸ ਵਿੱਚ ਸਪੱਸ਼ਟ ਕਿਹਾ ਹੈ ਕਿ ਜੇਕਰ ਸਰਕਾਰ ਨੇ ਧੱਕੇ ਨਾਲ ਇਸ ਥਾਂ ਦਾ ਕਬਜ਼ਾ ਲੈਣ ਦਾ ਯਤਨ ਕੀਤਾ ਤਾਂ ਲੋਕ ਆਪ ਮੁਹਾਰੇ ਅੱਗੇ ਆਉਣਗੇ ਤੇ ਧਾਰਮਿਕ ਅਸਥਾਨ ਨੂੰ ਬਚਾਉਣ ਲਈ ਅਜਿਹੀ ਮੁਹਿੰਮ ਵਿੱਢੀ ਜਾਵੇਗੀ ਕਿ ਧਾਰਮਿਕ ਸਥਾਨਾਂ ਉਪਰ ਮੈਲੀ ਅੱਖ ਰੱਖਣ ਵਾਲੇ ਦਾ ਅੰਜਾਮ ਇਕ ਇਤਿਹਾਸ ਬਣ ਜਾਵੇਗਾ।

ਇਸ ਮੌਕੇ ਅਮਿਤ ਰਾਠੀ ਨੇ ਕਿਹਾ ਕਿ ਲੈਂਡ ਪੂਲਿੰਗ ਸਕੀਮ ਦੇ ਫੇਲ੍ਹ ਹੋਣ ਮਗਰੋਂ ਹੁਣ ਸਰਕਾਰ ਧਾਰਮਿਕ ਅਸਥਾਨਾਂ ਦੀਆਂ ਜ਼ਮੀਨਾਂ 'ਤੇ ਕਬਜ਼ਾ ਕਰਨ ਦੇ ਰਾਹ ਤੁਰ ਪਈ ਹੈ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਐੱਨ ਆਈ ਐੱਸ ਦੇ ਬਾਹਰ ਗੁਰਦੁਆਰਾ ਸਾਹਿਬ ਦੀ ਥਾਂ 'ਤੇ ਕਬਜ਼ੇ ਦਾ ਯਤਨ ਕੀਤਾ ਗਿਆ, ਜਿਸ ਨੂੰ ਅਕਾਲੀ ਦਲ ਨੇ ਅਸਫਲ ਬਣਾਇਆ ਤੇ ਹੁਣ ਗੁੱਗਾ ਮਾੜੀ ਦੀ ਥਾਂ 'ਤੇ ਕਬਜ਼ੇ ਦੇ ਯਤਨ ਸ਼ੁਰੂ ਕਰ ਦਿੱਤੇ ਗਏ ਹਨ, ਜੋ ਕਦੇ ਵੀ ਸਫਲ ਨਹੀਂ ਹੋਣ ਦਿੱਤੇ ਜਾਣਗੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ, ਭਾਰਤੀ ਕਿਸਾਨ ਯੂਨੀਅਨ ਭਟੇੜੀ ਕਲਾਂ ਤੇ ਮੁਸਲਿਮ ਵੈੱਲਫੇਅਰ ਸੁਸਾਇਟੀ ਦੇ ਆਗੂ ਹਾਜ਼ਰ ਸਨ।

## ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਅੱਜ ਬਿਰਧ ਆਸ਼ਰਮ, ਫਿਰੋਜ਼ਪੁਰ ਵਿੱਚ ਅੰਤਰਰਾਸ਼ਟਰੀ ਸੀਨੀਅਰ ਸਿਟੀਜਨ ਦਿਵਸ ਮਨਾਇਆ ਗਿਆ। ਇਸ ਮੌਕੇ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਮੌਜੂਦ ਸਨ। ਇਸ ਪ੍ਰੋਗਰਾਮ ਵਿੱਚ ਵਿਵੇਕਾਨੰਦ ਵਰਲਡ ਸਕੂਲ ਫਿਰੋਜ਼ਪੁਰ ਦੇ ਬੱਚਿਆਂ ਨੇ ਭਾਗ ਲਿਆ ਤੇ ਬੱਚਿਆਂ ਨੇ ਇਸ ਦਿਵਸ ਮੌਕੇ ਨੂੰ ਮੁੱਖ ਰੱਖਦੇ ਹੋਏ ਬਜ਼ੁਰਗਾਂ ਲਈ ਕਵਿਤਾ, ਨੁੱਕੜ ਨਾਟਕ ਤੇ ਸੰਗੀਤ ਆਦਿ ਆਇਟਮਾਂ ਪੇਸ਼ ਕੀਤੀਆਂ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਆਸ਼ਰਮ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਸੀਨੀਅਰ ਸਿਟੀਜਨ ਦਿਵਸ ਸਬੰਧੀ ਸਕੂਲ ਦੇ ਬੱਚਿਆਂ ਦੁਆਰਾ ਸ਼ੁੱਭਕਾਮਨਾ ਕਾਰਡ ਤੇ ਗਿਫਟ ਵੀ ਦਿਵਾਏ ਗਏ। ਜੱਜ ਸਾਹਿਬ ਵੱਲੋਂ ਬਜ਼ੁਰਗਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਵੀ ਜਾਗਰੂਕ ਕੀਤਾ ਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਮੁਫਤ ਕਾਨੂੰਨੀ ਸਹਾਇਤਾ ਬਾਰੇ ਤੇ ਟੋਲ ਫਰੀ ਨੰਬਰ 15100 ਬਾਰੇ ਜਾਗਰੂਕ ਕੀਤਾ ਗਿਆ।

## ਮੋਟਰਸਾਈਕਲ ਤੇ ਕਾਰ ਦੀ ਟੱਕਰ, ਨੌਜਵਾਨ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ-ਮੋਗਾ ਰੋਡ 'ਤੇ ਸ਼ਹੀਦ ਭਗਤ ਸਿੰਘ ਯੂਨੀਵਰਸਿਟੀ ਨੇੜੇ ਇਕ ਕਾਰ ਤੇ ਮੋਟਰਸਾਈਕਲ ਵਿਚਾਲੇ ਜ਼ਬਰਦਸਤ ਟੱਕਰ ਹੋ ਗਈ। ਇਸ ਟੱਕਰ ਵਿੱਚ ਮੋਟਰਸਾਈਕਲ 'ਤੇ ਸਵਾਰ ਤਿੰਨ ਨੌਜਵਾਨਾਂ ਵਿੱਚੋਂ ਇਕ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਦੋ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਇਲਾਜ ਲਈ ਤੁਰੰਤ ਹਸਪਤਾਲ ਪਹੁੰਚਾਇਆ ਗਿਆ ਹੈ। ਹਾਦਸੇ ਦੇ ਚਸ਼ਮਦੀਦ ਤੇ ਕਾਰ ਚਾਲਕ ਨੇ ਦੱਸਿਆ ਕਿ ਉਹ ਲੁਧਿਆਣਾ ਤੋਂ ਜਲਾਲਾਬਾਦ ਵੱਲ ਜਾ ਰਿਹਾ ਸੀ। ਇਸ ਦੌਰਾਨ ਰੌਂਗ ਸਾਈਡ ਤੋਂ ਆ ਰਹੇ ਇਕ ਮੋਟਰਸਾਈਕਲ ਨੇ ਉਸ ਦੀ ਕਾਰ ਵਿੱਚ ਸਿੱਧੀ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮੋਟਰਸਾਈਕਲ ਤੇ ਕਾਰ ਦੋਵੇਂ ਬੁਰੀ ਤਰ੍ਹਾਂ ਨੁਕਸਾਨੇ ਗਏ। ਮੌਕੇ 'ਤੇ ਪਹੁੰਚੀ ਪੁਲਸ ਨੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਮੁਤਾਬਿਕ ਮੋਟਰਸਾਈਕਲ 'ਤੇ ਸਵਾਰ ਨੌਜਵਾਨ ਸ਼ਮਸ਼ੇਰ ਸਿੰਘ (23 ਸਾਲ) ਦੀ ਇਸ ਹਾਦਸੇ ਵਿੱਚ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਉਸ ਦੇ ਨਾਲ ਸਵਾਰ ਦੋ ਹੋਰ ਨੌਜਵਾਨ ਜ਼ਖ਼ਮੀ ਹਨ ਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।



# ਮੰਡੀਆਂ 'ਚ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਹੀ ਹਾਈਬ੍ਰਿਡ ਕਿਸਮਾਂ ਦਾ ਮੁੱਦਾ ਗਰਮਾਇਆ

**ਹਾਈ ਕੋਰਟ ਵੱਲੋਂ ਪਾਬੰਦੀ ਹਟਾਉਣ ਦੇ ਬਾਵਜੂਦ ਚੌਲ ਮਿੱਲਰ ਹਾਈਬ੍ਰਿਡ ਕਿਸਮਾਂ ਦੀ ਮਿਲਿੰਗ ਨਾ ਕਰਨ ਲਈ ਬਜ਼ਿੱਦ**

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾ ਹੀ ਹਾਈਬ੍ਰਿਡ ਕਿਸਮਾਂ ਨੂੰ ਲੈ ਕੇ ਮੁੱਦਾ ਗਰਮਾਉਂਦਾ ਜਾ ਰਿਹਾ ਹੈ। ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਪੰਜਾਬ ਸਰਕਾਰ ਵੱਲੋਂ ਹਾਈਬ੍ਰਿਡ ਕਿਸਮਾਂ 'ਤੇ ਲਗਾਈ ਪਾਬੰਦੀ ਨੂੰ ਪੂਰੀ ਤਰ੍ਹਾਂ ਰੱਦ ਕੀਤੇ ਜਾਣ ਕਾਰਨ ਸਾਉਣੀ ਦੇ ਮਾਰਕੀਟਿੰਗ ਸੀਜ਼ਨ ਦੌਰਾਨ ਪੰਜਾਬ ਵਿੱਚ ਝੋਨੇ ਦੀ ਖਰੀਦ ਨੂੰ ਲੈ ਕੇ ਸੰਕਟ ਪੈਦਾ ਹੁੰਦਾ ਦਿਖਾਈ ਦੇ ਰਿਹਾ ਹੈ, ਕਿਉਂਕਿ ਪਿਛਲੇ ਸਾਲ ਵਾਂਗ, ਰਾਜ ਦੇ ਚੌਲ ਮਿੱਲਰਾਂ ਨੇ ਐਲਾਨ ਕੀਤਾ ਹੈ ਕਿ ਉਹ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਮਿੱਲਿੰਗ ਨਹੀਂ ਕਰਨਗੇ।ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੋਮਵਾਰ ਨੂੰ ਅਜਿਹੀਆਂ ਕਿਸਮਾਂ 'ਤੇ ਸੂਬਾ ਸਰਕਾਰ ਵੱਲੋਂ ਲਗਾਈ ਪਾਬੰਦੀ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਸੀ।ਪੰਜਾਬ ਰਾਈਸ ਮਿੱਲਰਜ਼ ਇੰਡਸਟਰੀ ਦੇ ਉਪ-ਪ੍ਰਧਾਨ ਰਣਜੀਤ ਸਿੰਘ ਜੋਸਨ ਨੇ ਦੱਸਿਆ, "ਕਿਸਾਨਾਂ 'ਤੇ ਅਸਰ ਪਵੇਗਾ ਕਿਉਂਕਿ ਚੌਲ ਮਿੱਲਰ ਇਨ੍ਹਾਂ ਕਿਸਮਾਂ ਦੀ ਮਿਲਿੰਗ ਨਹੀਂ ਕਰਨਗੇ।ਸਾਨੂੰ ਕਿਉਂ ਦੁੱਖ ਝੱਲਣਾ ਚਾਹੀਦਾ ਹੈ? ਝੋਨੇ ਦਾ ਉਤਪਾਦਨ ਅਨੁਪਾਤ 66 ਫੀਸਦ ਹੈ, ਪਰ ਹਾਈਬ੍ਰਿਡ ਕਿਸਮਾਂ ਵਿੱਚ ਟੁੱਟੇ ਹੋਏ ਚੌਲ 43-45 ਫੀਸਦ ਹਨ।ਇਸ ਲਈ ਮਿੱਲਰਾਂ ਨੂੰ ਬਾਜ਼ਾਰ ਤੋਂ ਆਪਣੀ ਕੀਮਤ 'ਤੇ ਚੌਲ ਖਰੀਦਣੇ ਪੈਂਦੇ ਹਨ ਤੇ 66 ਪ੍ਰਤੀਸ਼ਤ ਮਿੱਲ ਕੀਤੇ ਚੌਲ ਸਰਕਾਰ ਨੂੰ ਦੇਣੇ ਪੈਂਦੇ ਹਨ।" ਸੂਬੇ ਦੇ ਚੌਲ ਮਿਲਿੰਗ ਉਦਯੋਗ ਦੇ ਦਬਾਅ ਹੇਠ ਪੰਜਾਬ ਸਰਕਾਰ ਨੇ ਨੋਟੀਫਾਈ ਤੇ ਗੈਰਨੋਟੀਫਾਈ ਦੋਵਾਂ ਤਰ੍ਹਾਂ ਦੇ ਹਾਈਬ੍ਰਿਡ ਬੀਜਾਂ ਦੀ ਵਰਤੋਂ 'ਤੇ ਪਾਬੰਦੀ ਲਗਾ ਦਿੱਤੀ ਸੀ।ਪਿਛਲੇ ਸਾਲ ਚੌਲ ਮਿੱਲਰਾਂ ਨੇ ਹਾਈਬ੍ਰਿਡ ਝੋਨੇ ਤੇ ਪੂਸਾ 44 ਕਿਸਮਾਂ ਦੀ ਮਿਲਿੰਗ ਤੋਂ ਇਹ ਕਹਿੰਦਿਆਂ ਇਨਕਾਰ ਕਰ ਦਿੱਤਾ ਸੀ ਕਿ ਇਨ੍ਹਾਂ ਕਿਸਮਾਂ ਵਿੱਚ ਮਿਲਿੰਗ ਦੌਰਾਨ ਟੁੱਟੇ ਦਾਣੇ ਦੀ ਫੀਸਦ ਹੋਰ ਝੋਨੇ ਦੀਆਂ ਕਿਸਮਾਂ ਦੇ ਮੁਕਾਬਲੇ ਬਹੁਤ ਜ਼ਿਆਦਾ ਸੀ।ਕਿਸਾਨਾਂ, ਸਰਕਾਰ ਤੇ ਚੌਲ ਉਦਯੋਗ ਦਰਮਿਆਨ ਪਿਛਲੇ ਕਰੀਬ ਇੱਕ ਮਹੀਨੇ ਦੇ ਜਾਰੀ ਟਕਰਾਅ ਤੋਂ ਬਾਅਦ ਮਿੱਲਰ ਇਨ੍ਹਾਂ ਕਿਸਮਾਂ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਕੀਮਤ 'ਤੇ ਕਟੌਤੀ ਕਰਨ ਤੋਂ ਬਾਅਦ, ਹਾਈਬ੍ਰਿਡ ਝੋਨੇ ਦੀਆਂ ਕਿਸਮਾਂ ਦੀ ਮਿਲਿੰਗ ਲਈ ਸਹਿਮਤ ਹੋਏ ਹਨ।ਇਸ ਸਾਲ, 32.49 ਲੱਖ ਹੈਕਟੇਅਰ ਜ਼ਮੀਨ ਝੋਨੇ ਦੀ ਕਾਸ਼ਤ ਹੇਠ ਹੈ, ਜਿਸ ਵਿੱਚੋਂ 6.81 ਲੱਖ ਹੈਕਟੇਅਰ ਬਾਸਮਤੀ ਕਿਸਮਾਂ ਹੇਠ ਹੈ।ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਭਾਵੇਂ ਹਾਈਬ੍ਰਿਡ ਕਿਸਮਾਂ 'ਤੇ ਪਾਬੰਦੀ ਲਗਾਈ ਗਈ ਸੀ, ਪਰ ਕਿਸਾਨਾਂ ਨੇ ਇਨ੍ਹਾਂ ਨੂੰ ਉਗਾਉਣਾ ਜਾਰੀ ਰੱਖਿਆ।ਮਾਝਾ ਵਿੱਚ, ਹਾਈਬ੍ਰਿਡ ਕਿਸਮਾਂ ਅਧੀਨ ਰਕਬਾ ਕਾਫ਼ੀ ਵਧਿਆ ਹੈ, ਕਿਉਂਕਿ ਇਹ ਮੁੱਖ ਤੌਰ 'ਤੇ ਕਿਸਾਨਾਂ ਨੂੰ ਵਧੇਰੇ ਝਾੜ ਦਿੰਦੀਆਂ ਹਨ।ਜੇਕਰ ਸਰਕਾਰ ਨੇ ਇਸ ਮਾਮਲੇ ਦਾ ਸਮੇਂ ਸਿਰ ਕੋਈ ਸਾਰਥਿਕ ਹੱਲ ਨਾ ਕੀਤਾ ਤਾਂ ਆ ਰਹੇ ਸਾਉਣੀ ਦੇ ਸੀਜ਼ਨ 'ਚ ਖ੍ਰੀਦ ਨੂੰ ਲੈ ਕੇ ਭਾਰੀ ਮੁਸ਼ਕਲਾਂ ਪੈਦਾ ਹੋ ਸਕਦੀਆਂ ਹਨ।

## ਤਨਖਾਹ ਨਹੀਂ ਤਾਂ ਆਂਗਨਵਾੜੀ ਵਰਕਰ/ਹੈਲਪਰ ਨਹੀਂ ਕਰਨਗੇ ਕੰਮ : ਏਟਕ



**ਮੋਗਾ (ਇਕਬਾਲ ਸਿੰਘ ਖਹਿਰਾ)**- ਆਂਗਨਵਾੜੀ ਵਰਕਰ ਹੈਲਪਰ ਯੂਨੀਅਨ ਏਟਕ ਨੇ ਫੈਸਲਾ ਕੀਤਾ ਕਿ ਜੇਕਰ ਹਰੇਕ ਹਰ ਮਹੀਨੇ ਪੰਜ ਤਰੀਕ ਤੱਕ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੇ ਮਾਣ ਭੱਤਾ ਨਾ ਦਿੱਤਾ ਤਾਂ ਮਜਬੂਰਨ ਜਥੇਬੰਦੀ ਸੰਘਰਸ਼ ਦੇ ਰਾਹ ਪਵੇਗੀ।ਅਫਸੋਸ ਦੀ ਗੱਲ ਹੈ ਕਿ ਪੋਸ਼ਣ ਟਰੈਕਰ ਦਾ ਕੰਮ ਦਿਨ ਬਿਨ ਦਿਨ ਵੱਧ ਰਿਹਾ ਹੈ, ਪਰ ਪੋਸ਼ਣ ਟਰੈਕਰ ਲਈ ਨਾ ਤਾਂ ਸਮਾਰਟ ਫੋਨ ਤੇ ਨਾ ਹੀ ਹਰ ਮਹੀਨੇ ਫੋਨ ਭੱਤਾ ਦਿੱਤਾ ਜਾਂਦਾ ਹੈ।ਇਸਤਰੀ ਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਤਾਂ ਇਹ ਕਹਿੰਦੀ ਥੱਕਦੀ ਨਹੀਂ ਕਿ ਆਂਗਣਵਾੜੀ ਵਰਕਰ ਸਿਰਫ ਚਾਰ ਘੰਟੇ ਹੀ ਕੰਮ ਕਰਦੀ ਹਨ, ਇਸ ਲਈ ਇਨ੍ਹਾਂ 'ਤੇ ਉਜ਼ਰਤ ਕਨੂੰਨ ਲਾਗੂ ਨਹੀਂ ਹੋ ਸਕਦਾ।ਜਿੰਨਾ ਕੰਮ ਆਂਗਨਵਾੜੀ ਵਰਕਰ ਕਰਦੀ ਹੈ, ਇਸ ਕੰਮ ਨੂੰ ਮੰਤਰੀ ਬਲਜੀਤ ਕੌਰ ਚਾਰ ਘੰਟੇ ਵਿੱਚ ਕਰਕੇ ਦਿਖਾਵੇ।ਇਸ ਲਈ ਹਾਥੀ ਦੇ ਦੰਦ ਖਾਣ ਨੂੰ ਹੋਰ ਤੇ ਦਿਖਾਉਣ ਵਾਲੇ ਹੋਰ ਹੁੰਦੇ ਹਨ।ਲੋਕਾਂ ਨੂੰ ਸਬਜ਼ਬਾਗ ਦਿਖਾ ਕੇ ਸੱਤਾ ਹਾਸਲ ਕਰਨ ਵਾਲੀ ਸਰਕਾਰ ਹੁਣ ਵੋਟਰਾਂ ਨੂੰ ਅੱਖੋਂ ਪਰੋਖੇ ਕਰਕੇ ਸੱਤਾ ਦੇ ਨਸ਼ੇ ਵਿੱਚ ਸੁੱਤੀ ਹੋਈ ਹੈ। ਸੱਤਾ ਵਿੱਚ ਆਉਣ ਤੋਂ ਪਹਿਲਾਂ ਕੀਤਾ ਵਾਅਦਾ ਨਹੀਂ ਗਰੰਟੀ ਦਿੱਤੀ ਸੀ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ।ਉਦੋਂ ਮੰਤਰੀ ਨੂੰ ਇਹ ਨਹੀਂ ਸੀ ਪਤਾ ਕਿ ਆਂਗਣਵਾੜੀ ਵਰਕਰ ਹੈਲਪਰ ਸਿਰਫ ਚਾਰ ਘੰਟੇ ਕੰਮ ਕਰਦੀ ਹੈ, ਪਰ ਜਦੋਂ ਦੀ ਨਿਕੰਮੀ ਸਰਕਾਰ ਆਈ ਹੈ, ਉਦੋਂ ਤੋਂ ਲੈ ਕੇ ਅੱਜ ਤੱਕ ਕਦੇ ਵੀ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਦਿੱਤਾ ਜਾ ਰਿਹਾ ਮਾਣ ਭੱਤਾ ਇਕੱਠਾ ਨਹੀਂ ਮਿਲਿਆ।ਇਸ ਤੋਂ ਇਲਾਵਾ ਪੋਸ਼ਣ ਟਰੈਕਰ ਦਾ ਕੰਮ ਦਿਨੋਂ ਦਿਨ ਵਧਦਾ ਜਾ ਰਿਹਾ ਹੈ।ਸੈਂਟਰ ਵਿੱਚ ਬੱਚਿਆਂ ਦੀ ਹਾਜ਼ਰੀ ਵੀ ਨਹੀਂ ਲੱਗਦੀ ਅਤੇ ਨਾ ਹੀ ਫੋਟੋ ਕੈਪਚਰ ਹੁੰਦੀ ਹੈ, ਪਰ ਜਨਤਾ ਦਾ ਪੈਸਾ ਵਰਤ ਕੇ ਮੰਤਰੀ ਚਾਰ ਚਾਰ ਗੇੜੇ ਵਿਦੇਸ਼ਾਂ ਵਿੱਚ ਲਾ ਕੇ ਆਉਂਦੇ ਹਨ ਤੇ ਨਵੀਆਂ ਨਵੀਆਂ ਪਾਲਸੀਆਂ ਤਿਆਰ ਕਰਦੇ ਹਨ, ਜੋ ਲਾਗੂ ਨਹੀਂ ਹੋ ਸਕਦੀਆਂ ਪਰ ਪਰਨਾਲਾ ਉਥੇ ਦਾ ਉਥੇ ਹੀ ਰਹਿੰਦਾ ਹੈ।ਬਦਲਾਅ ਦੇ ਨਾਂ ਹੇਠ ਆਈ ਆਮ ਆਦਮੀ ਪਾਰਟੀ ਸਰਕਾਰ ਨੇ ਆਂਗਨਵਾੜੀ ਵਰਕਰਾਂ ਹੈਲਪਰਾਂ ਦਾ ਖੂਨ ਪੀਣ ਦਾ ਕੰਮ ਸ਼ੁਰੂ ਕੀਤਾ ਹੋਇਆ ਹੈ। ਜੇਕਰ ਕੇਂਦਰ ਸਰਕਾਰ ਦਾ ਮਾਣ ਭੱਤਾ 31 ਅਗਸਤ ਤੱਕ ਨਾ ਮਿਲਿਆ ਤਾਂ ਦੋ ਸਤੰਬਰ ਨੂੰ ਪੀ ਓ ਦਫਤਰ ਮੋਗਾ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਪੁਲਸ ਨੇ ਭਾਜਪਾ ਵੱਲੋਂ ਲਾਏ ਜਾ ਰਹੇ ਕੈਂਪਾਂ ਨੂੰ ਰੋਕਿਆ, ਚਾਰ ਆਗੂ ਲਏ ਹਿਰਾਸਤ 'ਚ

**ਭਾਜਪਾ ਆਗੂਆਂ ਦੇ ਵਿਰੋਧ ਮਗਰੋਂ ਛੱਡਿਆ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹੇ 'ਚ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲੋਕਾਂ ਤੱਕ ਲਾਭ ਪਹੁੰਚਾਉਣ ਲਈ ਭਾਜਪਾ ਵੱਲੋਂ ਲਾਏ ਜਾ ਰਹੇ ਕੈਂਪਾਂ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਰੋਕਿਆ ਜਾਣ ਲੱਗ ਪਿਆ ਹੈ। ਵੀਰਵਾਰ ਨੂੰ ਪਿੰਡ ਸੰਗੂਧੌਣ ਸਮੇਤ ਜ਼ਿਲ੍ਹੇ 'ਚ ਤਿੰਨ ਥਾਵਾਂ 'ਤੇ ਕੈਂਪ ਲੱਗ ਰਹੇ ਸਨ ਕਿ ਅਚਾਨਕ ਪੁਲਸ ਨੇ ਪਿੰਡਾਂ 'ਚ ਚਾਰ ਆਗੂਆਂ ਨੂੰ ਹਿਰਾਸਤ 'ਚ ਲੈ ਲਿਆ ਤੇ ਕੈਂਪ ਬੰਦ ਕਰਵਾ ਦਿੱਤੇ, ਜਿਸ ਮਗਰੋਂ ਭੜਕੇ ਭਾਜਪਾ ਆਗੂਆਂ ਨੇ ਇਸ ਦਾ ਵਿਰੋਧ ਕੀਤਾ ਤਾਂ ਬਾਅਦ 'ਚ ਹਿਰਾਸਤ 'ਚ ਲਏ ਆਗੂਆਂ ਨੂੰ ਰਿਹਾ ਕਰ ਦਿੱਤਾ ਗਿਆ। ਇਸ ਮਗਰੋਂ ਬਾਅਦ ਦੁਪਹਿਰ ਸਾਢੇ ਤਿੰਨ ਵਜੇ ਸਿਟੀ ਹੋਟਲ ਵਿਖੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਤੇ ਹੋਰ ਆਗੂਆਂ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਆਪ ਸਰਕਾਰ ਦੇ ਇਸ ਰਵੱਈਏ ਖਿਲਾਫ ਭੜਾਸ ਕੱਢੀ ਤੇ ਇਸ ਘਟਨਾ ਦੀ ਨਿੰਦਾ ਕੀਤੀ। ਰਾਜੇਸ਼ ਗੋਰਾ ਪਠੇਲਾ ਨੇ ਕਿਹਾ ਕਿ ਆਪ ਸਰਕਾਰ ਭਾਜਪਾ ਦੀ ਗਤੀਵਿਧੀਆਂ ਤੋਂ ਘਬਰਾਹਟ 'ਚ ਆ ਗਈ ਹੈ ਤੇ ਇਸ ਵਾਰ ਉਨ੍ਹਾਂ ਨੂੰ ਸਰਕਾਰ ਬਣਾਉਣੀ ਔਖੀ ਲੱਗ ਰਹੀ ਹੈ, ਜਿਸ ਦੇ ਚਲਦਿਆਂ ਉਹ ਭਾਜਪਾ ਨੂੰ ਰਸਤੇ ਤੋਂ ਹਟਾਉਣ ਲਈ ਅਜਿਹੀਆਂ ਹੋਛੀਆਂ ਚਾਲਾਂ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸ਼ਹਿ 'ਤੇ ਪੁਲਸ ਕੰਮ ਕਰ ਰਹੀ ਹੈ ਤੇ ਉਨ੍ਹਾਂ 'ਤੇ ਡਾਟਾ ਚੋਰੀ ਦਾ ਦੋਸ਼ ਲਾ ਰਹੀ ਹੈ, ਜਦਕਿ ਸਾਈਬਰ ਕੈਫੇ ਵਾਲੇ ਵੀ ਇਹ ਕਾਰਡ ਬਣਾਉਂਦੇ ਨੇ ਤਾਂ ਕੀ ਉੱਥੇ ਡਾਟਾ ਚੋਰੀ ਨਹੀਂ ਹੁੰਦਾ। ਇਹ ਸਭ ਬੁਖਲਾਹਟ 'ਚ ਆ ਕੇ ਲਿਆ ਗਿਆ ਕਦਮ ਹੈ। ਇਸ ਮੌਕੇ ਸਾਬਕਾ ਡੀਟੀਓ ਗੁਰਚਰਨ ਸਿੰਘ ਸੰਧੂ, ਮੰਡਲ 1 ਦੇ ਪ੍ਰਧਾਨ ਪੂਜਾ ਕੱਕੜ, ਵਾਈਸ ਪ੍ਰਧਾਨ ਰਮਾ ਖੁਰਾਣਾ, ਮੰਡਲ 3 ਰਜਿੰਦਰ ਕੁਮਾਰ, ਮੰਡਲ ਪ੍ਰਧਾਨ ਬਰੀਵਾਲਾ ਸੰਜੀਵ ਕੁਮਾਰ ਰਿੰਪੀ, ਮੋਹਰ ਸਿੰਘ ਮੰਡਲ ਥਾਂਦੇਵਾਲਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਵਿੰਦਰ ਕਟਾਰੀਆ, ਸੰਦੀਪ ਗਿਰਧਰ, ਅਸਵਨੀ ਗਿਰਧਰ, ਰਾਜੀਵ ਦਾਬੜਾ, ਅਨੁਰਾਗ ਸਰਮਾ, ਅਖਿਲ ਭਾਰਤੀ, ਮਨੀਸ ਧਮੀਜਾ, ਨੀਟਾ ਤੰਵਰ, ਰਾਹੁਲ ਕਟਾਰੀਆ, ਸ਼ੀ ?ਵਨੰਦਨ ਕਟਾਰੀਆ, ਨਵੀਨ ਕੁਮਾਰ, ਸ਼ਮਿੰਦਰ ਸਿੰਘ ਸੇਖੋਂ, ਸੁਖਦੇਵ ਸਿੰਘ ਸੁੱਖਾ, ਵਿਕਰਾਂਤ ਤੇਰੀਆ, ਸਤਨਾਮ ਸਿੰਘ ਸੰਗੂਧੋਣ, ਪਵਨ ਕੁਮਾਰ ਪਾਲਾ ਸਿੰਘ ਮੰਡਲ ਪ੍ਰਧਾਨ, ਮੰਗਲ ਸਿੰਘ ਰਾਹੁਲ ਕਾਲੜਾ, ਦਵਿੰਦਰ ਖਾਂਦੇ ਵਾਲਾ ਆਦਿ ਹਾਜ਼ਰ ਸਨ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਜਨਮ ਅਸ਼ਟਮੀ ਮਨਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ, ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਦੇਸ਼ ਭਗਤ ਗਲੋਬਲ ਸਕੂਲ ਵਿਖੇ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਸਮਾਗਮ ਵਿੱਚ ਪਲੇਵੇਅ ਤੋਂ ਲੈ ਕੇ ਕਲਾਸ 2 ਤੱਕ ਦੇ ਵਿਦਿਆਰਥੀਆਂ ਲਈ ਇੱਕ ਮਨਮੋਹਕ ਫੈਂਸੀ ਡਰੈੱਸ ਮੁਕਾਬਲਾ ਸੀ, ਜਿਸ ਨੇ ਕੈਂਪਸ ਨੂੰ ਸਿੱਧਾ ਵ੍ਰਿੰਦਾਵਨ ਦੇ ਦ੍ਰਿਸ਼ ਵਿੱਚ ਬਦਲ ਦਿੱਤਾ।ਭਗਵਾਨ ਕ੍ਰਿਸ਼ਨ, ਰਾਧਾ, ਬਲਰਾਮ ਤੇ ਗੋਪੀਆਂ ਦੇ ਰੂਪ ਵਿੱਚ ਸਜੇ ਛੋਟੇ-ਛੋਟੇ ਬੱਚਿਆਂ ਨੇ ਆਪਣੀ ਮਨਮੋਹਕ ਮੁਸਕਰਾਹਟ, ਸੁੰਦਰ ਹਰਕਤਾਂ ਤੇ ਰੰਗੀਨ ਪਹਿਰਾਵੇ ਨਾਲ ਸਾਰਿਆਂ ਨੂੰ ਮੋਹਿਤ ਕਰ ਲਿਆ।ਇਹ ਜਸ਼ਨ ਜਨਮ ਅਸ਼ਟਮੀ ਦੀ ਭਾਵਨਾ ਨੂੰ ਸੁੰਦਰਤਾ ਨਾਲ ਦਰਸਾਉਂਦਾ ਸੀ, ਜੋ ਕਿ ਭਗਵਾਨ ਕ੍ਰਿਸ਼ਨ ਦੇ ਰੂਪ ਵਿੱਚ ਪਿਆਰ, ਸੱਚਾਈ ਤੇ ਖੁਸ਼ੀ ਦੀਆਂ ਕਦਰਾਂ-ਕੀਮਤਾਂ 'ਤੇ ਜ਼ੋਰ ਦਿੰਦਾ ਸੀ।ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸਾਡੇ ਤਿਉਹਾਰ ਮਨਾਉਣ ਨਾਲ ਬੱਚਿਆਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੁੜੇ ਰਹਿਣ ਵਿੱਚ ਮਦਦ ਮਿਲਦੀ ਹੈ।ਅੱਜ ਦੇ ਸਮਾਗਮ ਨੇ ਨਾ ਸਿਰਫ਼ ਖੁਸ਼ੀ ਦਿੱਤੀ ਸਗੋਂ ਸਾਡੇ ਛੋਟੇ ਬੱਚਿਆਂ ਨੂੰ ਸ੍ਰੀ ਕ੍ਰਿਸ਼ਨ ਦੇ ਬ੍ਰਹਮ ਜੀਵਨ ਬਾਰੇ ਵੀ ਸਿਖਾਇਆ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਸਾਡੇ ਸਭ ਤੋਂ ਛੋਟੇ ਵਿਦਿਆਰਥੀਆਂ ਨੂੰ ਇੰਨੇ ਉਤਸ਼ਾਹ ਨਾਲ ਹਿੱਸਾ ਲੈਂਦੇ ਦੇਖਣਾ ਦਿਲ ਨੂੰ ਛੂਹ ਲੈਣ ਵਾਲਾ ਸੀ।ਉਨ੍ਹਾਂ ਦੀ ਮਾਸੂਮੀਅਤ ਤੇ ਊਰਜਾ ਨੇ ਜਸ਼ਨ ਨੂੰ ਸੱਚਮੁੱਚ ਯਾਦਗਾਰੀ ਬਣਾ ਦਿੱਤਾ। ਇਹ ਸਮਾਗਮ ਭਜਨਾਂ ਤੇ ਇੱਕ ਪ੍ਰਤੀਕਾਤਮਕ ਮਟਕੀ ਫੋੜ ਪ੍ਰਦਰਸ਼ਨ ਨਾਲ ਸਮਾਪਤ ਹੋਇਆ, ਜਿਸ ਨਾਲ ਸਾਰਿਆਂ ਵਿੱਚ ਮੁਸਕਰਾਹਟ ਤੇ ਸ਼ਰਧਾ ਦੀ ਭਾਵਨਾ ਪੈਦਾ ਹੋਈ।

# ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਪੰਜਾਬ ਭਰ 'ਚ ਸਫਲ ਰਹੀਆਂ ਕਨਵੈਨਸ਼ਨਾਂ




**ਜਗਰਾਉਂ (ਨਛੱਤਰ ਸੰਧੂ)**

ਦੇਸ਼ ਅੰਦਰ ਮੋਦੀ ਦੀ ਭਾਜਪਾ/ਆਰ ਐੱਸ ਐੱਸ ਹਕੂਮਤ ਵੱਲੋਂ ਜਮਹੂਰੀਅਤ ਨੂੰ ਪੈਰਾਂ ਹੇਠ ਲਤਾੜ ਕੇ ਦੇਸ਼ 'ਚ ਫਾਸ਼ੀ ਕਨੂੰਨ ਲਾਗੂ ਕਰਨ, ਦੇਸ਼ 'ਚ ਠੋਸੀ ਅਣਐਲਾਨੀ ਐਮਰਜੈਂਸੀ ਖਿਲਾਫ ਪੰਜਾਬ ਦੇ ਲਗਭਗ ਸਾਰੇ ਹੀ ਜ਼ਿਲ੍ਹਿਆਂ 'ਚ 20 ਜੁਲਾਈ ਤੋਂ 20 ਅਗਸਤ ਤੱਕ ਸਫਲ ਕਨਵੈਨਸ਼ਨਾਂ ਕੀਤੀਆਂ ਗਈਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫਰੰਟ ਦੇ ਆਗੂ ਕੰਵਲਜੀਤ ਖੰਨਾ ਨੇ ਦੱਸਿਆ ਕਿ ਵੱਖ ਵੱਖ ਜ਼ਿਲ੍ਹਿਆਂ 'ਚ ਹੋਈਆਂ ਭਰਵੀਆਂ ਕਨਵੈਨਸ਼ਨਾਂ ਨੂੰ ਸੀ ਪੀ ਆਈ, ਆਰ ਐੱਮ ਪੀ ਆਈ, ਸੀ ਪੀ ਆਈ (ਮਲ) ਨਿਊ ਡੈਮੋਕਰੇਸੀ, ਸੀ ਪੀ ਆਈ (ਮਲ) ਲਿਬਰੇਸ਼ਨ, ਇਨਕਲਾਬੀ ਕੇਂਦਰ ਪੰਜਾਬ ਤੇ ਐੱਮ ਸੀ ਪੀ ਆਈ ਯੂ ਦੇ ਆਗੂਆਂ ਨੇ ਸੰਬੋਧਨ ਕੀਤਾ।ਇਨ੍ਹਾਂ ਕਨਵੈਨਸ਼ਨਾਂ 'ਚ ਬੁਲਾਰਿਆਂ ਨੇ ਮੁੱਖ ਤੌਰ 'ਤੇ ਦੇਸ਼ 'ਚ ਧਾਰਮਿਕ ਘੱਟ-ਗਿਣਤੀਆਂ ਵਿਸ਼ੇਸ਼ ਕਰ ਮੁਸਲਿਮ ਭਾਈਚਾਰੇ ਖਿਲਾਫ ਪੈਦਾ ਕੀਤੀ ਜਾ ਰਹੀ ਫਿਰਕੂ ਨਫਰਤ 'ਤੇ ਡੂੰਘੀ ਚਿੰਤਾ ਜ਼ਾਹਰ ਕੀਤੀ। ਬੁਲਾਰਿਆਂ ਨੇ ਮੱਧ ਭਾਰਤ ਦੇ ਸੂਬਿਆਂ ਝਾਰਖੰਡ, ਛੱਤੀਸਗੜ੍ਹ, ਤਿਲੰਗਾਨਾ ਅਦਿ 'ਚ ਕਾਰਪੋਰੇਟਾਂ ਦਾ ਧਰਤੀ ਹੇਠਲੇ ਅਮੀਰ ਖਣਿਜਾਂ 'ਤੇ ਕਬਜ਼ਾ ਕਰਾਉਣ ਲਈ ਆਦਿਵਾਸੀ ਕਿਸਾਨਾਂ ਦੀ ਜਲ ਜੰਗਲ ਜ਼ਮੀਨ 'ਤੇ ਕਬਜ਼ਾ ਕਰਨ ਲਈ ਕੀਤੇ ਜਾ ਰਹੇ ਹਮਲਿਆਂ, ਪਿੰਡਾਂ ਦੇ ਉਜਾੜੇ, ਆਦਿਵਾਸੀਆਂ ਤੇ ਮਾਓਵਾਦੀਆਂ ਦੇ ਕਤਲਾਂ, ਝੂਠੇ ਪੁਲਸ ਮੁਕਾਬਲਿਆਂ ਨੂੰ ਤਾਨਾਸ਼ਾਹੀ ਕਰਾਰ ਦਿੰਦਿਆਂ ਕਗਾਰ ਅਪ੍ਰੇਸ਼ਨ ਜਿਹੀਆਂ ਫੌਜੀ ਕਾਰਵਾਈਆਂ ਬੰਦ ਕਰਨ ਦੀ ਮੰਗ ਕੀਤੀ।ਬੁਲਾਰਿਆਂ ਨੇ ਦੇਸ਼ ਭਰ 'ਚ ਲਾਗੂ ਕਾਲੇ ਕਨੂੰਨਾਂ ਅਫਸਪਾ, ਯੂ ਏ ਪੀ ਏ, ਐਸਮਾ, ਨਾਸਾ ਨੂੰ ਤੁਰੰਤ ਰੱਦ ਕਰਨ ਦੀ ਮੰਗ ਕਰਦਿਆਂ ਜੇਲ੍ਹਾਂ 'ਚ ਵਰ੍ਹਿਆਂ ਤੋਂ ਬੰਦ ਬੁੱਧੀਜੀਵੀਆਂ, ਗੁਲਫਿਸ਼ਾਂ ਤੇ ਉਮਰ ਖਾਲਿਦ ਜਿਹੇ ਵਿਦਿਆਰਥੀ ਆਗੂਆਂ ਨੂੰ ਰਿਹਾਅ ਕਰਨ, ਦੇਸ਼ ਦੇ ਫੈਡਰਲ ਢਾਂਚੇ ਨੂੰ ਤਬਾਹ ਕਰਕੇ ਚੋਣ ਕਮਿਸ਼ਨ, ਨਿਆਂਪਾਲਿਕਾ, ਸੀ ਬੀ ਆਈ, ਈ ਡੀ ਨੂੰ ਭਾਜਪਾ ਦੀ ਸੱਤਾ ਕਾਇਮ ਰੱਖਣ ਦਾ ਸੰਦ ਬਣਾਉਣ, ਬਿਹਾਰ 'ਚ ਨਾਗਰਿਕਤਾ ਸੋਧ ਕਨੂੰਨ ਲਾਗੂ ਕਰਕੇ ਲੱਖਾਂ ਵੋਟਰਾਂ ਦਾ ਹੱਕ ਖੋਹਣ, ਦੇਸ਼ ਭਰ 'ਚ ਸਿੱਖਿਆ, ਸਾਹਿਤ, ਇਤਿਹਾਸ, ਸਭਿਆਚਾਰ ਦਾ ਭਗਵਾਂਕਰਨ ਕਰਕੇ ਤਾਨਾਸ਼ਾਹ ਰਾਜ ਸਥਾਪਤ ਕਰਨ ਆਦਿ ਮੁੱਦਿਆਂ 'ਤੇ ਇਨ੍ਹਾਂ ਕਨਵੈਨਸ਼ਨਾਂ 'ਚ ਖੁੱਲ੍ਹ ਕੇ ਚਰਚਾ ਕੀਤੀ ਗਈ।ਬੁਲਾਰਿਆ 'ਚ ਸ਼ਾਮਲ ਨਿਰਮਲ ਸਿੰਘ ਧਾਲੀਵਾਲ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਪ੍ਰਗਟ ਸਿੰਘ ਜਾਮਾਰਾਏ, ਪ੍ਰੋ ਜੈ ਪਾਲ ਸਿੰਘ, ਦਰਸ਼ਨ ਖਟਕੜ, ਅਜਮੇਰ ਸਿੰਘ ਸਮਰਾ, ਗੁਰਮੀਤ ਸਿੰਘ ਬਖਤਪੁਰਾ, ਸੁਖਦਰਸ਼ਨ ਨੱਤ, ਮੁਖਤਿਆਰ ਪੂਹਲਾ, ਨਰਾਇਣ ਦੱਤ, ਕਿਰਨਜੀਤ ਸਿੰਘ ਸੇਖੋਂ ਤੋਂ ਬਿਨਾਂ ਮੁਕਾਮੀ ਆਗੂਆਂ ਨੇ ਬੋਲਦਿਆਂ ਕਿਹਾ ਕਿ ਦੇਸ਼ 'ਚ ਮਨੂੰਵਾਦ ਲਾਗੂ ਕਰਕੇ ਸੰਵਿਧਾਨ ਨੂੰ ਮਿੱਟੀ 'ਚ ਮਿਲਾਇਆ ਜਾ ਰਿਹਾ ਹੈ।ਦੇਸ਼ 'ਚ ਕਾਰਪੋਰੇਟਾਂ ਦੀ ਸਰਦਾਰੀ ਕਾਇਮ ਕਰਨ, ਸਾਮਰਾਜੀ ਮੁਲਕਾਂ ਨਾਲ ਮੁਕਤ ਵਪਾਰ ਸਮਝੌਤੇ ਕਰਨ, ਅੰਬਾਨੀ ਅਡਾਨੀ ਨੂੰ ਵੱਡੇ ਗੱਫੇ ਛਕਾਉਣ, ਨਵੇਂ ਕਿਰਤ ਕੋਡ ਲਾਗੂ ਕਰਕੇ ਕਿਰਤੀ ਵਰਗ ਨੂੰ ਪੂੰਜੀਪਤੀਆਂ ਦਾ ਗੁਲਾਮ ਬਣਾਉਣ, ਨਿੱਜੀਕਰਨ ਤੇ ਉਦਾਰੀਕਰਨ ਰਾਹੀਂ ਠੇਕੇਦਾਰੀ ਪ੍ਰਬੰਧ ਦਾ ਗਲਬਾ ਪੂਰੇ ਦੇਸ਼ 'ਚ ਲਾਗੂ ਕਰਨ ਜਿਹੇ ਮੁੱਦੇ ਇਨ੍ਹਾਂ ਕਨਵੈਨਸ਼ਨਾਂ 'ਚ ਵਿਚਾਰ ਕੇ ਦੇਸ਼ ਦੇ ਸਮੁੱਚੇ ਢਾਂਚੇ 'ਤੇ ਹੋ ਰਹੇ ਹਮਲਿਆਂ ਖਿਲਾਫ ਜ਼ੋਰਦਾਰ ਵਿਰੋਧ ਪਿੰਡਾਂ, ਸ਼ਹਿਰਾਂ 'ਚ ਲਾਮਬੰਦ ਕਰਨ ਦਾ ਸੱਦਾ ਦਿੱਤਾ ਗਿਆ। ਇਨ੍ਹਾਂ ਕਨਵੈਨਸ਼ਨਾਂ 'ਚ ਗਜਾ ਪੱਟੀ (ਫਲਸਤੀਨ) ਦੇ ਲੋਕਾਂ ਦੀ ਇਜ਼ਰਾਈਲ ਤੇ ਅਮਰੀਕਾ ਵੱਲੋਂ ਦੋ ਸਾਲ ਤੋਂ ਕੀਤੀ ਜਾ ਰਹੀ ਭਿਆਨਕ ਤਬਾਹੀ ਦਾ ਸਖਤ ਨੋਟਿਸ ਲੈਂਦਿਆਂ ਤੁਰੰਤ ਜੰਗਬੰਦੀ ਦੀ ਮੰਗ ਕੀਤੀ ਗਈ।

## ਦੇਵੀਗੜ੍ਹ ਤੋਂ ਨਨਿਓਲਾ ਸੜਕ ਦਾ ਹੋਵੇਗਾ ਮਜ਼ਬੂਤੀਕਰਨ : ਵਿਧਾਇਕ ਪਠਾਣਮਾਜਰਾ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਅਧੀਨ ਆਉਂਦੀਆਂ ਮੁੱਖ ਤੇ ਲਿੰਕ ਸੜਕਾਂ ਨੂੰ ਮਜ਼ਬੂਤ ਕਰਨ ਤੇ ਨਵੀਆਂ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕੀਤਾ ਜਾਵੇਗਾ ਤਾਂ ਕਿ ਪਿਛਲੇ ਹੜ੍ਹਾਂ ਦੌਰਾਨ ਟੁੱਟੀਆਂ ਸੜਕਾਂ ਜਲਦੀ ਠੀਕ ਹੋ ਸਕਣ ਅਤੇ ਪਿੰਡਾਂ ਦੇ ਲੋਕਾਂ ਨੂੰ ਆਉਣ-ਜਾਣ ਵਿੱਚ ਸਹੂਲਤ ਮਿਲ ਸਕੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਅੱਜ ਦੇਵੀਗੜ੍ਹ ਨੇੜੇ ਛੰਨਾਂ ਮੋੜ ਵਿਖੇ ਦੇਵੀਗੜ੍ਹ ਤੋਂ ਨਨਿਓਲਾ ਮੁੱਖ ਸੜਕ ਨੂੰ ਮਜ਼ਬੂਤ ਕਰਨ ਤੇ ਨਵਾਂ ਬਣਾਉਣ ਦਾ ਨੀਂਹ ਪੱਥਰ ਰੱਖਣ ਸਮੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੀਤਾ।ਵਿਧਾਇਕ ਪਠਾਣਮਾਜਰਾ ਨੇ ਕਿਹਾ ਕਿ ਦੇਵੀਗੜ੍ਹ ਤੋਂ ਨਨਿਓਲਾ ਹਰਿਆਣਾ ਬਾਰਡਰ ਤੱਕ ਜਾਂਦੀ ਸੜਕ ਇੱਕ ਅਹਿਮ ਸੜਕ ਹੈ, ਜਿਸ ਨਾਲ ਇਲਾਕੇ ਦੇ ਵਪਾਰੀ ਵਰਗ ਦੇ ਲੋਕਾਂ ਦਾ ਰੋਜ਼ਾਨਾ ਆਉਣਾ ਜਾਣਾ ਬਣਿਆ ਰਹਿੰਦਾ ਹੈ, ਜੋ ਕਿ ਦੇਵੀਗੜ੍ਹ ਕਸਬੇ ਨੂੰ ਅੰਬਾਲਾ ਸ਼ਹਿਰ ਨਾਲ ਜੋੜਦੀ ਹੈ ਤੇ ਇਸ ਉੱਤੇ ਭਾਰੀ ਆਵਾਜਾਈ ਰਹਿੰਦੀ ਹੈ।ਇਹ ਸੜਕ ਇਸ ਵੇਲੇ ਬਹੁਤ ਜ਼ਿਆਦਾ ਟੁੱਟੀ ਹੋਈ ਹੈ, ਜਿਸ ਕਾਰਨ ਲੋਕਾਂ ਨੂੰ ਆਉਣ-ਜਾਣ ਵਿੱਚ ਕਾਫੀ ਦਿੱਕਤ ਪੇਸ਼ ਆਉਣੀ ਸੀ।ਇਸ ਸੜਕ ਦੀ ਮੁਰੰਮਤ ਲਈ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਹੀਂ 910.90 ਲੱਖ ਰੁਪਏ ਲਿਆਏ ਹਨ।ਇਹ 8.12 ਕਿਲੋਮੀਟਰ ਲੰਮੀ ਸੜਕ 6 ਮਹੀਨਿਆਂ ਵਿੱਚ ਤਿਆਰ ਹੋ ਜਾਵੇਗੀ।ਇਸ ਮੌਕੇ ਨਗਰ ਪੰਚਾਇਤ ਦੇਵੀਗੜ੍ਹ ਦੇ ਪ੍ਰਧਾਨ ਸਵਿੰਦਰ ਕੌਰ ਧੰਜੂ, ਗੁਰਪ੍ਰੀਤ ਗੁਰੀ ਪੀ.ਏ., ਡਾ. ਗੁਰਮੀਤ ਸਿੰਘ ਬਿੱਟੂ ਉਪ ਚੇਅਰਮੈਨ, ਰਾਜਾ ਧੰਜੂ, ਅਮਰ ਸੰਘੇੜਾ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ, ਵੇਦ ਪ੍ਰਕਾਸ਼ ਗਰਗ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਗੌਰਵ ਬੱਬਾ, ਸਿਮਰਜੀਤ ਸਿੰਘ ਸੋਹਲ, ਬਲਜਿੰਦਰ ਸਿੰਘ ਨੰਦਗੜ੍ਹ, ਵਿਭਾਗ ਦੇ ਅਧਿਕਾਰੀ ਐਕਸੀਅਨ ਪਿਊਸ਼ ਅਗਰਵਾਲ, ਐੱਸ ਡੀ ਓ ਸਤਨਾਮ ਸਿੰਘ, ਜੇ ਈ ਪੂਨੀਤ ਮਿੱਤਲ, ਰੋਡ ਠੇਕੇਦਾਰ ਵਰਿੰਦਰ ਕੁਮਾਰ, ਕਿਰਪਾ ਸਿੰਘ ਸਰੋਆ ਡਾਇਰੈਕਟਰ ਪੀ ਏ ਡੀ ਵੀ ਬੈਂਕ ਪਟਿਆਲਾ ਆਦਿ ਹਾਜ਼ਰ ਸਨ।

22-AUG-PAGE-6.qxd 8/21/2025 9:15 PM Page 1



## ਸਰਕਾਰੀ ਕਾਲਜ ਦੀਆਂ ਵਿਦਿਆਰਥਣਾਂ ਦਾ ਯੂਨੀਵਰਸਿਟੀ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪ੍ਰਿੰਸੀਪਲ ਡਾ.ਡੀ.ਓ. ਮੁਹੰਮਦ ਇਰਫਾਨ ਦੀ ਗਤੀਸ਼ੀਲ ਅਗਵਾਈ ਹੇਠ ਸਰਕਾਰੀ ਕਾਲਜ ਲੜਕੀਆਂ ਵਰਿੰਦ ਖੇਤਰਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰ ਰਿਹਾ ਹੈ।ਹਾਲ ਹੀ 'ਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਵੱਖ-ਵੱਖ ਕਲਾਸਾਂ ਦੇ ਨਤੀਜਿਆਂ 'ਚ ਕਾਲਜ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ।ਵਾਈਸ ਪ੍ਰਿੰਸੀਪਲ ਪ੍ਰੋ: ਕਮਲ ਕਿਸ਼ੋਰ ਨੇ ਦੱਸਿਆ ਕਿ ਬੀ. ਏ. ਭਾਗ ਦੂਜਾ 'ਚ ਰਿਥਾ ਨਦੀਮ, ਸਾਲਿਹਾ ਐਮਨ ਤੇ ਸਾਦਿਆ ਸਰਦਾਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਬੀ.ਕਾਮ ਭਾਗ ਦੂਜਾ ਦੀਆਂ ਵਿਦਿਆਰਥਣਾਂ ਵਰਤਿਕਾ ਕਪੂਰ, ਸੁਹੇਰਾ ਸਿੰਘ ਤੇ ਇਦਰਜੀਤ ਕੌਰ ਕ੍ਰਮਵਾਰ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ।ਕਾਲਜ ਦਾ ਬਾਕੀ ਨਤੀਜਾ ਵੀ ਸ਼ਾਨਦਾਰ ਰਿਹਾ।ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਤੇ ਮੈਡਮ ਫਰਿਯਾਲ ਰਹਿਮਾਨ ਨੇ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।ਉਨ੍ਹਾਂ ਵਿਦਿਆਰਥਣਾਂ ਨੂੰ ਸਖਤ ਮਿਹਨਤ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ. ਮੁਹੰਮਦ ਇਰਫਾਨ ਫਾਰੂਕੀ ਨੇ ਕਿਹਾ ਕਿ ਸਾਡੇ ਵਿਦਿਆਰਥੀ ਸਾਡੇ ਕਾਲਜ ਦਾ ਮਾਣ ਹਨ, ਜੋ ਹਰ ਖੇਤਰ 'ਚ ਮੱਲਾਂ ਮਾਰ ਰਹੇ ਹਨ।ਇਸ ਮੌਕੇ ਪ੍ਰੋ. ਪਰਮਜੀਤ ਕੌਰ, ਮਨਦੀਪ ਸਿੰਘ ਤੇ ਡਾ. ਅਮਨਦੀਪ ਵਾਤਿਸ਼ ਵੀ ਹਾਜ਼ਰ ਸਨ।

## ਹਾਈ ਕੋਰਟ ਦੇ ਆਦੇਸ਼ 'ਤੇ ਹੋਈ ਮੁੜ ਗਿਣਤੀ 'ਚ ਲਖਵਿੰਦਰ ਸਿੰਘ ਬਣੇ ਅਸਮਾਨਪੁਰ ਦੇ ਸਰਪੰਚ

### ਨਿਆ ਪਾਲਿਕਾ ਤੇ ਪ੍ਰਮਾਤਮਾ ਦੇ ਘਰੋਂ ਇਨਸਾਫ ਮਿਲਿਆ : ਲਖਵਿੰਦਰ ਸਿੰਘ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਆਦੇਸ਼ 'ਤੇ ਪਿੰਡ ਅਸਮਾਨਪੁਰ ਦੇ ਸਰਪੰਚ ਚੋਣ ਦੀ ਵੋਟਾਂ ਦੀ ਗਿਣਤੀ ਏ ਡੀ ਸੀ ਰੂਰਲ ਅਮਰਿੰਦਰ ਸਿੰਘ ਟਿਵਾਣਾ ਦੀ ਰਹਿਨੁਮਾਈ ਹੇਠ ਐੱਸ ਡੀ ਐੱਮ ਸਮਾਣਾ ਦੀ ਅਦਾਲਤ ਵਿਖੇ ਹੋਈ, ਜਿਸ ਵਿੱਚ ਲਖਵਿੰਦਰ ਸਿੰਘ ਨੂੰ ਜੇਤੂ ਸਰਪੰਚ ਐਲਾਨਿਆ ਗਿਆ।ਜ਼ਿਕਰਯੋਗ ਹੈ ਕਿ ਪਿਛਲੇ ਸਮੇਂ ਹੋਈਆਂ ਪੰਚਾਇਤੀ ਚੋਣਾਂ ਵਿੱਚ ਪਿੰਡ ਅਸਮਾਨਪੁਰ ਦੇ ਸਰਪੰਚ ਦੀ ਚੋਣ ਲੜ ਰਹੇ ਲਖਵਿੰਦਰ ਸਿੰਘ ਨੂੰ ਹੇਰਾਫੇਰੀ ਨਾਲ ਹਰਾ ਕੇ ਗੁਰਜੰਟ ਸਿੰਘ ਨੂੰ ਚੋਣ ਅਮਲੇ ਨੇ ਦੋ ਵੋਟਾਂ ਦੇ ਫਰਕ ਨਾਲ ਜੇਤੂ ਕਰਾਰ ਦੇ ਦਿੱਤਾ ਸੀ, ਜਿਸ 'ਤੇ ਲਖਵਿੰਦਰ ਸਿੰਘ ਨੇ ਇਤਰਾਜ਼ ਕਰਦਿਆਂ ਚੋਣ ਅਮਲੇ ਨੂੰ ਵੋਟਾਂ ਦੀ ਮੁੜ ਗਿਣਤੀ ਕਰਾਉਣ ਲਈ ਮੰਗ ਕੀਤੀ, ਪ੍ਰੰਤੂ ਚੋਣ ਅਮਲੇ ਨੇ ਮੁੜ ਗਿਣਤੀ ਕਰਨ ਤੋਂ ਇਨਕਾਰ ਕਰ ਦਿੱਤਾ ਸੀ, ਜਿਸ 'ਤੇ ਲਖਵਿੰਦਰ ਸਿੰਘ ਨੇ ਚੋਣ ਅਮਲੇ ਖਿਲਾਫ ਇਤਰਾਜ਼ ਪ੍ਰਗਟ ਕਰਦਿਆਂ ਨਾਅਰੇਬਾਜ਼ੀ ਕੀਤੀ ਤੇ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਕਿ ਸਰਪੰਚ ਦੀਆਂ ਵੋਟਾਂ ਦੀ ਗਿਣਤੀ ਦੁਬਾਰਾ ਕਰਵਾਵੇ, ਪ੍ਰੰਤੂ ਪ੍ਰਸ਼ਾਸਨ ਨੇ ਗਿਣਤੀ ਦੁਬਾਰਾ ਕਰਾਉਣ ਤੋਂ ਇਨਕਾਰ ਕਰ ਦਿੱਤਾ, ਜਿਸ 'ਤੇ ਲਖਵਿੰਦਰ ਸਿੰਘ ਨੇ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਵਿਖੇ ਰਿੱਟ ਪਟੀਸ਼ਨ ਪਾ ਕੇ ਵੋਟਾਂ ਦੀ ਦੁਬਾਰਾ ਗਿਣਤੀ ਕਰਾਉਣ ਦੀ ਮੰਗ ਕੀਤੀ।ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਰਿੱਟ ਪਟੀਸ਼ਨ ਸਵੀਕਾਰ ਕਰਦਿਆਂ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਹਦਾਇਤ ਕੀਤੀ ਕਿ ਉਹ 19 ਅਗਸਤ 2025 ਨੂੰ ਵੋਟਾਂ ਦੀ ਗਿਣਤੀ ਦੁਬਾਰਾ ਕਰਵਾਵੇ, ਜਿਸ 'ਤੇ ਅਮਲ ਕਰਦਿਆਂ ਡਿਪਟੀ ਕਮਿਸ਼ਨਰ ਪਟਿਆਲਾ ਨੇ ਏ ਡੀ ਸੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਦੀ ਵੋਟਾਂ ਦੀ ਦੁਬਾਰਾ ਗਿਣਤੀ ਕਰਾਉਣ ਦੀ ਡਿਊਟੀ ਲਗਾਈ।ਵੋਟਾਂ ਦੀ ਗਿਣਤੀ ਐੱਸ ਡੀ ਐੱਮ ਸਮਾਣਾ ਦੀ ਅਦਾਲਤ ਵਿਖੇ ਏ ਡੀ ਸੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਐੱਸ ਡੀ ਐੱਮ ਸਮਾਣਾ ਰਿਚਾ ਗੋਇਲ ਦੀ ਮੌਜੂਦਗੀ ਵਿੱਚ ਵੋਟਾਂ ਦੀ ਗਿਣਤੀ ਕਰਵਾਈ ਗਈ। ਗਿਣਤੀ ਦੌਰਾਨ ਦੋਨੋਂ ਉਮੀਦਵਾਰਾਂ ਦੀਆਂ ਵੋਟਾਂ ਬਰਾਬਰ ਰਹੀਆਂ, ਜਿਸ 'ਤੇ ਏ ਡੀ ਸੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਨੇ ਦੋਨਾਂ ਉਮੀਦਵਾਰਾਂ ਦੀਆਂ ਪਰਚੀਆਂ ਪਵਾਈਆਂ ਤੇ ਇੱਕ ਧਾਰਮਿਕ ਵਿਅਕਤੀ ਪਾਸੋਂ ਇੱਕ ਪਰਚੀ ਚੁਕਵਾਈ, ਜੋ ਲਖਵਿੰਦਰ ਸਿੰਘ ਦੇ ਨਾਮ ਦੀ ਪਰਚੀ ਨਿਕਲੀ ਤੇ ਏ ਡੀ ਸੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ, ਐੱਸ ਡੀ ਐੱਮ ਸਮਾਣਾ ਰਿਚਾ ਗੋਇਲ ਨੇ ਲਖਵਿੰਦਰ ਸਿੰਘ ਨੂੰ ਪਿੰਡ ਅਸਮਾਨਪੁਰ ਦਾ ਸਰਪੰਚ ਘੋਸ਼ਿਤ ਕਰ ਦਿੱਤਾ।

ਇਸ ਮੌਕੇ ਲਖਵਿੰਦਰ ਸਿੰਘ ਨੇ ਮਾਨਯੋਗ ਉੱਚ ਅਦਾਲਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸ ਨੂੰ ਨਿਆ ਪਾਲਿਕਾ 'ਤੇ ਪੂਰਾ ਭਰੋਸਾ ਸੀ, ਜਿੱਥੋਂ ਉਨ੍ਹਾਂ ਨੂੰ ਇਨਸਾਫ ਮਿਲਿਆ ਅਤੇ ਪਰਮਾਤਮਾ ਨੇ ਉਨ੍ਹਾਂ ਦਾ ਸਾਥ ਦਿੱਤਾ। ਉਹ ਨਿਆ ਪਾਲਿਕਾ ਤੇ ਪ੍ਰਮਾਤਮਾ ਦਾ ਸ਼ੁਕਰ ਗੁਜ਼ਾਰ ਹਨ।ਇਸ ਮੌਕੇ ਪੁਲਸ ਪ੍ਰਸ਼ਾਸਨ ਵੱਲੋਂ ਡੀ ਐੱਸ ਪੀ ਫਤਿਹ ਸਿੰਘ ਬਰਾੜ ਦੀ ਅਗਵਾਈ ਹੇਠ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਨਵੇਂ ਚੁਣੇ ਗਏ ਸਰਪੰਚ ਲਖਵਿੰਦਰ ਸਿੰਘ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਗੁਰਦੁਆਰਾ ਗੜ੍ਹੀ ਸਾਹਿਬ ਮੱਥਾ ਟੇਕਿਆ ਤੇ ਸੰਤ ਬਾਬਾ ਬਲਬੀਰ ਸਿੰਘ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮੇਜਰ ਸਿੰਘ ਸਾਬਕਾ ਬਲਾਕ ਸੰਮਤੀ, ਲਾਡੀ ਮਿਆਲਾਂ ਖੁਰਦ ਸਰਪੰਚ, ਅਮੀਰ ਸਿੰਘ, ਸਰੈਣ ਸਿੰਘ, ਬਲਜੀਤ ਸਿੰਘ, ਯਾਦਵਿੰਦਰ ਅਨਮੋਲ ਜੈਲਦਾਰ, ਗੁਰਜੀਤ ਗਿੱਲ ਯੁਵੀ ਚੀਮਾ, ਪੰਮਾ ਬਦੇਸ਼ਾਂ, ਮਨਜੀਤ ਵਿਰਕ ਗੜ੍ਹੀ ਸਾਹਿਬ, ਰਜਿੰਦਰ ਜੈਲਦਾਰ, ਕਮਲ ਸਰਪੰਚ ਸਾਬਕਾ, ਮਸਤਾਨ ਸਿੰਘ ਸਰਪੰਚ, ਮਸ਼ਹੂਰ ਸਿੰਘ ਤੇ ਗੁਰਲਾਲ ਮੱਲੀ ਯੂਥ ਆਗੂ ਹਾਜ਼ਰ ਸਨ।

## ਸਫ਼ਾਈ ਸੇਵਕਾਂ ਦੀ ਹੜਤਾਲ ਸ਼ਹਿਰ ਵਾਸੀਆਂ ਦਾ ਜਿਊਣਾ ਕਰੇਗੀ ਦੁੱਭਰ



**ਭੀਖੀ (ਧਰਮਵੀਰ ਸ਼ਰਮਾ)**-ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਵਰਕਰਾਂ ਵਲੋਂ ਜਾਰੀ ਹੜਤਾਲ ਕਾਰਨ ਸ਼ਹਿਰ ਵਿੱਚ ਥਾਂ-ਥਾਂ ਗਟਰਾਂ ਵਿਚੋਂ ਹੋ ਰਹੇ ਗੰਦੇ ਪਾਣੀ ਦੀ ਲੀਕੇਜ ਕਾਰਨ ਸ਼ਹਿਰਵਾਸੀ ਜਿਥੇ ਪਹਿਲਾਂ ਹੀ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਸਨ ਤੇ ਹੁਣ ਨਗਰ ਪੰਚਾਇਤ ਦੇ ਸਫਾਈ ਕਰਮਚਾਰੀਆਂ ਵਲੋਂ ਪੱਕੇ ਕੀਤੇ ਜਾਣ ਦੀ ਮੰਗ ਨੂੰ ਲੈਕੇ ਕੀਤੀ ਅਣਮਿੱਥੇ ਸਮੇਂ ਦੀ ਹੜਤਾਲ ਸ਼ਹਿਰੀਆਂ ਦਾ ਜਿਊਣਾ ਹੋਰ ਦੁੱਭਰ ਕਰ ਦੇਵੇਗੀ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਪਈ ਭਰਵੀਂ ਬਾਰਿਸ਼ ਕਾਰਨ ਸ਼ਹਿਰ ਦੀਆਂ ਸੜਕਾਂ ਤੇ ਗਲੀਆਂ ਵਿੱਚ ਭਰੇ ਪਾਣੀ ਕਾਰਨ ਹਾਲੇ ਵੀ ਪਲਾਸਟਿਕ ਲਿਫ਼ਾਫ਼ੇ ਥਾਂ-ਥਾਂ ਗਲੇ ਸੜੇ ਪਏ ਹਨ ਤੇ ਉਨ੍ਹਾਂ ਵਿਚੋਂ ਪੈਦਾ ਹੁੰਦੀ ਸੜਾਂਦ ਨੇ ਰਾਹਗੀਰਾਂ ਦਾ ਲੰਘਣਾ ਮੁਸ਼ਕਲ ਕੀਤਾ ਹੋਇਆ ਹੈ। ਉਤੋਂ ਪਾਣੀ ਨਾਲ ਨੱਕੋ ਨੱਕ ਭਰੇ ਛੱਪੜ ਵੀ ਮੌਸਮੀ ਬਿਮਾਰੀਆਂ ਨੂੰ ਖੁੱਲ੍ਹਾ ਸੱਦਾ ਦੇ ਰਹੇ ਹਨ। ਬੀਤੇ ਦਿਨੀਂ ਜਲ ਸਪਲਾਈ ਤੇ ਸੀਵਰੇਜ ਬੋਰਡ ਵਲੋਂ ਸ਼ਹਿਰ ਦੇ ਬਰਨਾਲਾ ਰੋਡ ਸਮੇਤ ਕਈ ਹੋਰ ਗਲੀ ਮੁਹੱਲਿਆਂ ਵਿੱਚ ਨਵੀਂ ਪਾਇਪਲਾਇਨ ਪਾਉਣ ਕਾਰਨ ਸੜਕਾਂ ਤੇ ਗਲੀਆਂ ਪੱਟੀਆਂ ਪਈਆਂ ਹਨ। ਵਿਭਾਗ ਵੱਲੋਂ ਸਿਰਫ ਬੱਸ ਸਟੈਂਡ ਤੇ ਥਾਣਾ ਰੋਡ 'ਤੇ ਹੀ ਕੁਝ ਮੁਰੰਮਤ ਕਰਾਈ ਗਈ ਹੈ, ਪ੍ਰੰਤੂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਰਾਮ ਲੀਲਾ ਗਰਾਊਂਡ ਤੇ ਮੋਹਰ ਸਿੰਘ ਵਾਲਾ ਵਾਲੀ ਸੜਕ 'ਤੇ ਭਾਰੀ ਮਾਤਰਾ ਵਿੱਚ ਮਿੱਟੀ ਅਤੇ ਇੰਟਰਲਾਕਿੰਗ ਟਾਇਲਾਂ ਦੇ ਟੁਕੜੇ ਵੀ ਖਿਲਰੇ ਪਏ ਹਨ, ਜਿਸ ਕਾਰਨ ਵੀ ਸਫਾਈ ਵਿਵਸਥਾ ਪ੍ਰਭਾਵਤ ਹੋਈ ਹੈ। ਜੇਕਰ ਅਜਿਹੇ ਵਿੱਚ ਸਫਾਈ ਕਰਮਚਾਰੀਆਂ ਦੀ ਹੜਤਾਲ ਕੁਝ ਦਿਨ ਹੋਰ ਚਲਦੀ ਹੈ ਤਾਂ ਸ਼ਹਿਰ ਵਾਸੀ ਗੰਦ ਦੇ ਢੇਰ 'ਤੇ ਰਹਿਣ ਲਈ ਮਜਬੂਰ ਹੋਣਗੇ।

## 3 ਕੁਇੰਟਲ ਭੁੱਕੀ ਤੇ ਕਾਰਮ ਸਮੇਤ 2 ਗ੍ਰਿਫਤਾਰ



**ਮੂਣਕ (ਰਾਜਪਾਲ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿਮ ਤਹਿਤ ਮਾਨਯੋਗ ਡੀ ਜੀ ਪੀ ਪੰਜਾਬ ਤੇ ਸੀਨੀਅਰ ਕਪਤਾਨ ਪੁਲਸ ਸਰਤਾਜ ਸਿੰਘ ਚਹਿਲ ਸੰਗਰੂਰ ਦੇ ਦਿਸ਼ਾ ਨਿਰਦੇਸ਼ ਤਹਿਤ ਇੰਸਪੈਕਟਰ ਸੌਰਵ ਸੱਭਰਵਾਲ ਮੁੱਖ ਅਫਸਰ ਥਾਣਾ ਮੂਨਕ ਵੱਲੋਂ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ 19 ਅਗਸਤ 2025 ਨੂੰ ਸਹਾਇਕ ਥਾਣੇਦਾਰ ਅਮਨਦੀਪ ਕੌਰ ਨੇ ਪੁਲਸ ਪਾਰਟੀ ਸਮੇਤ ਬਾਅਦ ਚੈਕਿੰਗ ਸ਼ੱਕੀ ਪੁਰਸ਼/ਵਹੀਕਲ ਦੇ ਸੰਬੰਧ ਵਿੱਚ ਮੁਖਬਰੀ ਮਿਲਣ 'ਤੇ ਹਮੇਸ਼ ਕੁਮਾਰ ਮਿੰਟੂ ਪੁੱਤਰ ਕਾਕਾ ਸਿੰਘ ਬਾਸੀ ਕੜੈਲ ਥਾਣਾ ਮੂਨਕ ਤੇ ਹਰਦੀਪ ਮੁੰਗਰੀ ਪੁੱਤਰ ਜ਼ਿਲ੍ਹਾ ਰਾਮ ਵਾਸੀ ਵੀਰ ਨਗਰ ਮੁਹੱਲਾ ਮਾਨਸਾ ਹਾਲ ਆਬਾਦ ਪਿੰਡ ਬਲਦ ਕਲਾਂ ਥਾਣਾ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ ਨੂੰ ਟੋਹਾਣਾ ਮੂਨਕ ਰੋਡ ਪੁਲਸ ਟਿਕਟ ਰਾਮਪੁਰਾ ਵਿਖੇ ਕਾਬੂ ਕਰਕੇ ਦੋਸ਼ੀਆਨ ਹਮੇਸ਼ ਕੁਮਾਰ ਉਰਫ ਮਿੰਟੂ ਤੇ ਹਰਦੀਪ ਉਰਫ ਮੁੰਗਰੀ ਉਕਤਾਨ ਦੇ ਕਬਜ਼ੇ ਵਾਲੀ ਬਿਨਾਂ ਨੰਬਰੀ ਕਾਰ ਮਾਰਕਾ ਐਕਸਯੂਵੀ ਰੰਗ ਸਫੇਦ ਵਿੱਚੋਂ 15 ਥੈਲੇ ਪਲਾਸਟਿਕ ਭੁੱਕੀ, ਜਿਸ ਦਾ ਵਜ਼ਨ ਕਰੀਬ ਤਿੰਨ ਕੁਇੰਟਲ ਸੀ, ਬਰਾਮਦ ਕਰਵਾ ਕੇ ਉਕਤ ਦੋਸ਼ੀਆਂ ਨੂੰ ਮੌਕੇ 'ਤੇ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਤਫਤੀਸ਼ ਜਾਰੀ ਹੈ।

## ਚੇਅਰਮੈਨ ਵੱਲੋਂ ਭੁੱਟੀਵਾਲਾ ਸਕੂਲ 'ਚ ਸ਼ੈੱਡ ਦਾ ਉਦਘਾਟਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਰਕਾਰੀ ਪ੍ਰਾਇਮਰੀ ਸਕੂਲ ਭੁੱਟੀਵਾਲਾ ਵਿਖੇ ਬਹੁਮੰਤਵੀ ਸ਼ੈੱਡ ਦਾ ਉਦਘਾਟਨ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸੁਖਜਿੰਦਰ ਸਿੰਘ ਕਾਉਣੀ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਸ਼ੈੱਡ ਨੂੰ ਬੱਚਿਆਂ ਦੇ ਮਿੱਡ ਡੇ ਮੀਲ ਖਾਣੇ ਲਈ, ਸਵੇਰ ਦੀ ਸਭਾ, ਮਾਪੇ ਤੇ ਅਧਿਆਪਕਾਂ ਦੀ ਮੀਟਿੰਗ ਤੇ ਪਾਰਕਿੰਗ ਲਈ ਵਰਤਿਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਯਾਦਵਿੰਦਰ ਸਿੰਘ ਮਾਨ, ਮਨੋਜ ਬੇਦੀ, ਬੀ.ਪੀ.ਈ.ਓ. ਦੋਦਾ, ਜਗਦੀਪ ਸਿੰਘ ਬੀ.ਪੀ.ਈ.ਓ. ਸ੍ਰੀ ਮੁਕਤਸਰ ਸਾਹਿਬ, ਅਸ਼ਵਨੀ ਕੁਮਾਰ ਡੀ.ਐੱਸ.ਐੱਮ., ਗੁਰਪ੍ਰੀਤ ਸਿੰਘ ਸਮਾਰਟ ਸਕੂਲ ਕੋਆਰਡੀਨੇਟਰ, ਹਰਪ੍ਰੀਤ ਸਿੰਘ ਸਮਾਰਟ ਸਕੂਲ ਕੋਆਰਡੀਨੇਟਰ, ਅਮਨ ਅਰੋੜਾ ਬੀ ਆਰ ਸੀ ਗਿੱਦੜਬਾਹਾ, ਮੁੱਖ ਅਧਿਆਪਕ ਹਰਮਿੰਦਰ ਕੌਰ, ਬਲਜੀਤ ਸਿੰਘ ਸਰਪੰਚ, ਜੋਰਾ ਸਿੰਘ ਮੈਂਬਰ, ਜਤਿੰਦਰ ਸਿੰਘ, ਬਲਕਾਰ ਸਿੰਘ, ਸੁਖਮੰਦਰ ਸਿੰਘ, ਸੁੱਖੀ ਹਾਜ਼ਰ ਆਦਿ ਸਨ।

## ਵਿਧਾਇਕ ਅਰੋੜਾ ਵੱਲੋਂ 3 ਵਾਰਡਾਂ ਨੂੰ ਜੋੜਨ ਵਾਲੀ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਧਰਮ ਸਿੰਘ ਨਗਰ ਦੇ ਵਾਰਡ ਨੰਬਰ 8, 10 ਤੇ 13 ਨੂੰ ਜੋੜਨ ਵਾਲੀ ਸੜਕ 'ਤੇ 30 ਲੱਖ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕੀਤਾ।ਇਸ ਮੌਕੇ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਵਿਕਰਮਜੀਤ ਸਿੰਘ ਘਾਟੀ, ਕੌਂਸਲਰ ਅੰਜੂ ਬਜਾਜ ਦੇ ਪਤੀ ਸਾਬਕਾ ਕੌਂਸਲਰ ਰਾਕੇਸ਼ ਕਾਲਾ ਬਜਾਜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਾਰਡ ਵਾਸੀ ਤੇ ਵਲੰਟੀਅਰ ਮੌਜੂਦ ਸਨ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੋਗਾ ਸ਼ਹਿਰ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ ਤੇ ਹਲਕੇ ਦੇ ਵਸਨੀਕਾਂ ਨਾਲ ਕੀਤੇ ਗਏ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਹੋਰ ਗ੍ਰਾਂਟਾਂ ਮਿਲਣ ਨਾਲ ਮੋਗਾ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ।ਇਸ ਮੌਕੇ ਕੌਂਸਲਰ ਵਿਕਰਮਜੀਤ ਸਿੰਘ ਘਾਟੀ, ਸਾਬਕਾ ਕੌਂਸਲਰ ਰਾਕੇਸ਼ ਕਾਲਾ ਬਜਾਜ, ਕੌਂਸਲਰ ਅੰਜੂ ਬਜਾਜ ਦੇ ਪਤੀ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਬਲਜੀਤ ਸਿੰਘ ਚਾਨੀ ਦਾ ਵਾਰਡ ਦੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

## ਬਾਬਾ ਖੇਤਰਪਾਲ ਮੰਦਰ ਵਿਖੇ ਲਗਾਇਆ ਹਫਤਾਵਾਰੀ ਲੰਗਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਸ਼ਰਧਾਲੂਆਂ ਵੱਲੋਂ ਹਫਤਾਵਾਰੀ ਵਿਸ਼ਾਲ ਭੰਡਾਰਾ ਲਗਾਇਆ ਜਾਂਦਾ ਹੈ, ਜਿਸ ਤਹਿਤ ਇਸ ਵਾਰ ਸੰਗਤਾਂ ਵੱਲੋਂ ਰਲ ਮਿਲ ਕੇ ਹਫਤਾਵਾਰੀ ਭੰਡਾਰੇ ਦੀ ਸ਼ੁਰੂਆਤ ਬਾਬਾ ਖੇਤਰਪਾਲ ਜੀ ਦੀ ਪੂਜਾ ਅਰਚਨਾਂ ਕਰਕੇ ਕੀਤੀ ਗਈ ਤੇ ਵੱਡੀ ਗਿਣਤੀ ਵਿੱਚ ਪੁੱਜੇ ਸ਼ਰਧਾਲੂਆਂ ਨੇ ਬਾਬਾ ਖੇਤਰਪਾਲ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਬਾਬਾ ਖੇਤਰਪਾਲ ਜੀ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਗਰਗ, ਕੈਸ਼ੀਅਰ ਰਕੇਸ਼ ਜਿੰਦਲ ਤੱਤਾ ਨੇ ਆਖਿਆ ਕਿ ਸ਼ਰਧਾਲੂਆਂ ਲਈ ਇਹ ਧਾਰਮਿਕ ਅਸਥਾਨ ਆਸਥਾ ਦੇ ਕੇਂਦਰ ਹੈ ਜਿੱਥੇ ਵੱਡੀ ਗਿਣਤੀ ਵਿੱਚ ਦੂਰੋਂ ਦੂਰੋਂ ਸੰਗਤ ਪੁੱਜ ਕੇ ਆਪਣੀਆਂ ਮਨੋਕਾਮਨਾਵਾਂ ਪੂਰਨ ਕਰਦੀਆਂ ਹਨ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਮੰਦਰ ਵਿਖੇ ਚੱਲ ਰਹੀ ਕਾਰ ਸੇਵਾ ਵਿੱਚ ਜ਼ਰੂਰ ਸਹਿਯੋਗ ਕਰਨ ਤਾਂ ਜੋ ਬਾਬਾ ਖੇਤਰਪਾਲ ਜੀ ਦੇ ਮੰਦਰ ਦਾ ਕੰਮ ਸੰਪੂਰਨ ਹੋ ਸਕੇ।ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਭੰਡਾਰੇ ਦਾ ਲੰਗਰ ਛਕਾਇਆ ਗਿਆ।

## ਹੋਲੀ ਹਾਰਟ ਸਕੂਲ 'ਚ ਇੰਗਲਿਸ਼ 'ਚ ਗੱਲਬਾਤ ਕਰਨ ਦੇ ਮੁਕਾਬਲੇ ਕਰਾਏ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਦੇ ਬੌਧਿਕ ਤੇ ਮਾਨਸਿਕ ਵਿਕਾਸ ਲਈ ਸਮੇਂ ਸਮੇਂ 'ਤੇ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜਿਸ ਦੌਰਾਨ ਯੂ. ਕੇ. ਜੀ. ਜਮਾਤ ਦੇ ਵਿਦਿਆਰਥੀਆਂ ਦੇ ਇੰਗਲਿਸ਼ 'ਚ ਗੱਲਬਾਤ ਕਰਨ ਦੇ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ 'ਚ ਨੰਨੇ ਵਿਦਿਆਰਥੀਆਂ ਨੇ ਕਾਫੀ ਦਿਲਚਸਪੀ ਦਿਖਾਈ।ਇਸ ਸਮੇਂ ਵਿਦਿਆਰਥੀਆਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਕਵਿਤਾਵਾਂ ਤੇ ਆਪਣੇ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ।ਇਸ ਮੌਕੇ ਜਮਾਤ ਇੰਚਾਰਜ ਜਸਪ੍ਰੀਤ ਕੌਰ (ਯੂ.ਕੇ.ਜੀ. ਏ) ਤੇ ਪਰਮਜੀਤ ਕੌਰ (ਯੂ.ਕੇ.ਜੀ. ਬੀ) ਨੇ ਦੱਸਿਆ ਕਿ ਛੋਟੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਮੁਕਾਬਲੇ ਕਰਵਾਉਣ ਨਾਲ ਜ਼ਿਆਦਾ ਸਮਝ ਆਉਂਦੀ ਹੈ।ਇਸ ਲਈ ਇਨ੍ਹਾਂ ਮੁਕਾਬਲਿਆਂ ਕਰਕੇ ਉਨ੍ਹਾਂ ਦੇ ਗਿਆਨ 'ਚ ਵਾਧਾ ਹੁੰਦਾ ਹੈ, ਜਿਸ ਨਾਲ ਛੋਟੇ ਵਿਦਿਆਰਥੀਆਂ ਦੀ ਯਾਦ ਸ਼ਕਤੀ ਵਧਦੀ ਹੈ।ਇਸ ਸਮੇਂ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣ ਦਾ ਮੁੱਖ ਮਕਸਦ ਵਿਦਿਆਰਥੀਆਂ ਦਾ ਮਾਨਸਿਕ ਵਿਕਾਸ ਕਰਨਾ ਹੈ।ਉਨ੍ਹਾਂ ਵੱਲੋਂ ਛੋਟੇ ਵਿਦਿਆਰਥੀਆਂ ਨੂੰ ਅੱਗੇ ਲੈ ਕੇ ਜਾਣ ਲਈ ਹਰ ਸੰਭਵ ਉਪਰਾਲਾ ਕੀਤਾ ਜਾਂਦਾ ਹੈ, ਤਾਂ ਜੋ ਬੱਚੇ ਦਾ ਮਾਨਸਿਕ ਵਿਕਾਸ ਹੋ ਸਕੇ।

## ਦੁਨੀਆ 'ਚ ਸਭ ਤੋਂ ਵਧੀਆ ਦਵਾਈ ਹੈ ਹਾਸਾ : ਅਸ਼ਵਨੀ ਗਰਗ



**ਜੈਤੋ (ਸਤੀਸ਼ ਕੁਮਾਰ ਭੀਗੀ)**-ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਸ਼ਨਜ਼ ਤੇ ਸ਼ਿਵਾਲਕ ਪਬਲਿਕ ਸਕੂਲ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਆਪਣੀ ਜੈਤੋ ਫ਼ੇਰੀ ਦੌਰਾਨ ਸ਼ਿਵਾਲਕ ਪਬਲਿਕ ਸਕੂਲ ਦੇ ਸਟਾਫ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਨ ਤੋਂ ਪਹਿਲਾਂ ਇਸ ਸ਼ੇਅਰ 'ਉਮਰ ਥਕਾ ਨਹੀਂ ਸਕਦੀ ਠੋਕਰ ਗਿਰਾ ਨਹੀਂ ਸਕਦੀ, ਜੇਕਰ ਜਿੱਤਣ ਦੀ ਜ਼ਿੱਦ ਹੋਏ ਤਾਂ ਕੋਈ ਵੀ ਪ੍ਰਸਥਿਤੀ ਹਰਾ ਨਹੀਂ ਸਕਦੀ' ਨਾਲ ਸ਼ੁਰੂਆਤ ਕੀਤੀ। ਸੱਚ ਤਾਂ ਇਹ ਹੈ ਕਿ ਜੀਵਨ ਇੱਕ ਖੇਡ ਹੈ, ਇਸ ਨੂੰ ਹੱਸ ਕੇ ਖੇਡੋ।ਉਨ੍ਹਾਂ ਕਿਹਾ ਕਿ ਜਦੋਂ ਤੱਕ ਤੁਸੀਂ ਆਪਣੀ ਸਮੱਸਿਆ ਤੇ ਔਕੜਾਂ ਦਾ ਕਾਰਨ ਦੂਸਰੇ ਨੂੰ ਮੰਨਦੇ ਹੋ, ਉਦੋਂ ਤੱਕ ਤੁਸੀਂ ਆਪਣੀ ਸਮੱਸਿਆ ਤੇ ਔਕੜਾਂ ਨੂੰ ਖਤਮ ਨਹੀਂ ਕਰ ਸਕਦੇ।ਜੇਕਰ ਤੁਸੀਂ ਸਮੇਂ 'ਤੇ ਆਪਣੀ ਗਲਤੀ ਨਹੀਂ ਮੰਨਦੇ ਤਾਂ ਤੁਸੀਂ ਇੱਕ ਹੋਰ ਗਲਤੀ ਕਰ ਬੈਠਦੇ ਹੋ।ਤੁਸੀਂ ਆਪਣੀ ਗਲਤੀ ਤੋਂ ਉਦੋਂ ਹੀ ਸਿੱਖ ਸਕਦੇ ਹੋ, ਜਦੋਂ ਤੁਸੀਂ ਆਪਣੀ ਗਲਤੀ ਨੂੰ ਮੰਨ ਲੈਂਦੇ ਹੋ।ਅਸ਼ਵਨੀ ਗਰਗ ਨੇ ਕਿਹਾ ਕਿ ਮਜਬੂਰ ਤੇ ਮਜ਼ਬੂਤ ਵਿੱਚ ਫਰਕ ਨੂੰ ਸਮਝਣ ਦੀ ਲੋੜ ਹੈ, ਜੇਕਰ ਤੁਸੀਂ ਕਿਸੇ ਸਵਾਰਥੀ ਆਦਮੀ ਨਾਲ ਦੋਸਤੀ ਕਰੋਗੇ ਤਾਂ ਉਹ ਤੁਹਾਨੂੰ ਮਜਬੂਰ ਬਣਾ ਦੇਵੇਗਾ ਅਤੇ ਜੇਕਰ ਸੱਚੇ ਆਦਮੀ ਨਾਲ ਦੋਸਤੀ ਕਰੋਗੇ ਤਾਂ ਉਹ ਤੁਹਾਨੂੰ ਮਜ਼ਬੂਤ ਬਣਾ ਦੇਵੇਗਾ।ਅੰਤ ਵਿੱਚ ਅਸ਼ਵਨੀ ਗਰਗ ਨੇ ਕਿਹਾ ਕਿ ਇਸ ਦੁਨੀਆ ਵਿੱਚ ਸਭ ਤੋਂ ਵਧੀਆ ਦਵਾਈ ਹੈ ਹਾਸਾ, ਸਭ ਤੋਂ ਵੱਡੀ ਸੰਪਤੀ ਹੈ ਬੁੱਧੀ, ਸਭ ਤੋਂ ਚੰਗਾ ਹਥਿਆਰ ਹੈ ਸਬਰ, ਸਭ ਤੋਂ ਚੰਗੀ ਸੁਰੱਖਿਆ ਹੈ। ਵਿਸ਼ਵਾਸ ਤੇ ਸਕੂਨ ਦੀ ਗੱਲ ਇਹ ਹੈ ਕਿ ਇਹ ਸਾਰਾ ਕੁੱਝ ਮੁਫ਼ਤ ਹੈ।

## ਚੰਗੀ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਦਾ ਸਨਮਾਨ

### ਚੇਅਰਪਰਸਨ ਨੇ ਸਕੂਲ ਨੂੰ 100 ਫੁੱਟ ਮੈਟ ਦਿੱਤਾ



**ਬੋਹਾ (ਨਿਰੰਜਣ ਬੋਹਾ)**-ਸਥਾਨਕ ਸ਼ਹੀਦ ਜਗਸੀਰ ਸਿੰਘ ਸਕੂਲ ਆਫ਼ ਐਮੀਨੈਂਸ ਬੋਹਾ ਦੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਪਰਸਨ ਸ੍ਰੀਮਤੀ ਗੁਰਜੀਤ ਕੌਰ ਵੱਲੋਂ ਸਕੂਲ ਲਈ 100 ਫੁੱਟ ਮੈਟ ਦਾਨ ਵਜੋਂ ਦਿੱਤਾ ਗਿਆ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ 65 ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਵੀ ਭੇਟ ਕੀਤੇ ਗਏ।ਉਨ੍ਹਾ ਵੱਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦਾ ਪ੍ਰਬੰਧ ਸਕੂਲ ਦੇ ਨਗਰ ਪੰਚਾਇਤ ਦੇ ਸਹਿਯੋਗ ਨਾਲ ਕੀਤਾ ਗਿਆ।ਸੰਸਥਾ ਦੇ ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਵਿਦਿਆਰਥੀਆਂ ਦੀ ਲੋੜ ਨੂੰ ਮੁੱਖ ਰੱਖਦਿਆਂ ਸਕੂਲ ਨੂੰ ਦਾਨ ਦੇਣਾ ਹੀ ਵੱਡਾ ਕਾਰਜ ਹੈ।ਇਸ ਮੌਕੇ ਪੰਜਾਬ ਸਰਕਾਰ ਦੇ ਪ੍ਰਤੀਨਿਧ ਵਜੋਂ ਸ਼ਾਮਲ ਹੋਏ ਰਾਜਵਿੰਦਰ ਸਿੰਘ ਸਪੈਸ਼ਲ ਇਨਵੈਟੀ ਮੈਂਬਰ ਸਕੂਲ ਮੈਨੇਜਮੈਂਟ ਕਮੇਟੀ ਨੇ ਸਿੱਖਿਆ ਕ੍ਰਾਂਤੀ, ਸਕੂਲ ਆਫ਼ ਐਮੀਨੈਂਸ ਦੀਆਂ ਸਹੂਲਤਾਂ ਤੇ ਨਵੇਂ ਵਿਸ਼ੇ ਬਾਰੇ ਜਾਣਕਾਰੀ ਦਿੱਤੀ।ਉੱਘੇ ਸਮਾਜ ਸੇਵੀ ਲਖਵੀਰ ਸਿੰਘ ਨੇ ਕਿਹਾ ਕਿ ਸਕੂਲ ਦੀ ਦਸ਼ਾ ਤੇ ਦਿਸ਼ਾ ਵਿੱਚ ਸੁਧਾਰ ਲਿਆਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਮੰਚ ਸੰਚਾਲਨ ਦੀ ਭੂਮਿਕਾ ਪੰਜਾਬੀ ਭਾਸ਼ਾ ਦੇ ਲੈਕਚਰਾਰ ਬਲਵਿੰਦਰ ਸਿੰਘ ਨੇ ਨਿਭਾਈ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਉੱਪ-ਚੇਅਰਮੈਨ ਪ੍ਰੇਮ ਸਿੰਘ, ਬੂਟਾ ਸਿੰਘ, ਬਿੱਟੂ ਸਿੰਘ, ਜਸਵੀਰ ਸਿੰਘ, ਜਸਪਾਲ ਕੌਰ, ਅੰਮ੍ਰਿਤਪਾਲ ਕੌਰ, ਜਸਵੀਰ ਸਿੰਘ, ਹਰੀ ਨਰਾਇਣ ਸਿੰਘ ਸਾਬਕਾ ਚੇਅਰਮੈਨ ਤੇ ਲਖਵੀਰ ਸਿੰਘ ਸਿੰਘ ਹਾਜ਼ਰ ਸਨ।

## ਮੁੱਖ ਮੰਤਰੀ ਵੱਲੋਂ ਪੰਜਾਬ ਦੀ ਤਰੱਕੀ ਲਈ ਪੂਰੇ ਜਜ਼ਬੇ ਨਾਲ ਕੰਮ ਕੀਤਾ ਜਾ ਰਿਹੈ : ਸਰਪੰਚ ਰਾਜਾ ਮੱਲਕੇ

### ਵਿਧਾਇਕ ਸੁਖਾਨੰਦ ਨੇ ਹਲਕੇ ਦੇ ਸਰਬਪੱਖੀ ਵਿਕਾਸ ਨੂੰ ਦਿੱਤੀ ਤਰਜੀਹ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ, ਆਮ ਆਦਮੀ ਕਲੀਨਿਕਾਂ ਦਾ ਵਿਸਥਾਰ, ਨਵੀਆਂ ਐਂਬੂਲੈਂਸਾਂ, ਮੁਫਤ ਬਿਜਲੀ, ਈਜ਼ੀ ਰਜਿਸਟਰੀ, ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਪੰਜਾਬ ਦੇ ਸਾਰੇ ਪਿੰਡਾਂ ਦੇ ਛੱਪੜਾਂ ਦੀ ਸਫਾਈ, ਟੇਲਾਂ ਤੱਕ ਨਹਿਰੀ ਪਾਣੀ ਪੁੱਜਦਾ ਕੀਤਾ।ਉਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਖਾਸ ਵਿਸ਼ਵਾਸਪਾਤਰ ਤੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਵੱਲੋਂ ਯੁੱਧ ਨਸ਼ਿਆਂ ਵਿਰੁੱਧ, ਭ੍ਰਿਸ਼ਟਾਚਾਰ ਵਿਰੁੱਧ ਜੰਗ, ਪੇਂਡੂ ਖੇਡ ਮੈਦਾਨਾਂ ਦੀ ਉਸਾਰੀ, ਖਿਡਾਰੀਆਂ ਨੂੰ ਨੌਕਰੀ ਤੇ ਵੱਡੇ ਖੇਡ ਮੁਕਾਬਲਿਆਂ ਤੋਂ ਪਹਿਲਾਂ ਤਿਆਰੀ ਭੱਤੇ ਦੇਣੇ, ਸਾਰਿਆਂ ਲਈ 10 ਲੱਖ ਦਾ ਸਿਹਤ ਬੀਮਾ ਤੇ ਸਨਅਤਾਂ ਦੇ ਵਿਕਾਸ ਲਈ ਉਦਯੋਗਪਤੀਆਂ ਦੀਆਂ ਕਮੇਟੀਆਂ ਦਾ ਗਠਨ ਕਰ ਕੇ ਪੰਜਾਬ ਨੂੰ ਤਰੱਕੀ ਵੱਲ ਲਿਜਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਯਤਨਾਂ ਸਦਕਾ ਪੰਜਾਬ ਨੇ ਨੈਸ਼ਨਲ ਅਚੀਵਮੈਂਟ ਸਰਵੇ (ਐੱਨ.ਏ.ਐੱਸ.) 2024 ਵਿਚ ਸਭ ਤੋਂ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਕੇਰਲਾ ਵਰਗੇ ਸੂਬੇ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ।ਬੱਚਿਆਂ ਨੂੰ ਕੌਮਾਂਤਰੀ ਪੱਧਰ ਦੇ ਮਾਪਦੰਡਾਂ ਮੁਤਾਬਕ ਵਿੱਦਿਆ ਦੇਣ ਦੇ ਮਕਸਦ ਨਾਲ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ ਤੋਂ ਸਿਖਲਾਈ ਦਿਵਾਈ ਜਾ ਰਹੀ ਹੈ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਜੇਕਰ ਮੁੱਖ ਮੰਤਰੀਆਂ ਦੀ ਸ਼੍ਰੇਣੀ ਵਿੱਚ ਕੰਮਕਾਜ ਦਾ ਲੇਖਾ-ਜੋਖਾ ਲਾਇਆ ਜਾਵੇ ਤਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲੇ ਨੰਬਰ 'ਤੇ ਆਉਣਗੇ ਤੇ ਮੁੱਖ ਮੰਤਰੀ ਵੱਲੋਂ ਪੂਰੇ ਜਜ਼ਬੇ ਨਾਲ ਪੰਜਾਬ ਦੀ ਤਰੱਕੀ ਲਈ ਕੰਮ ਕੀਤਾ ਜਾ ਰਿਹਾ ਹੈ।ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ, ਨਸ਼ੇ ਦੇ ਸੁਦਾਗਰਾਂ 'ਤੇ ਨੱਥ ਪਾਉਣ ਅਤੇ ਰਿਸ਼ਵਤਖੋਰੀ ਖ਼ਿਲਾਫ਼ ਠੋਸ ਕਦਮ ਚੁੱਕਣ ਵਰਗੀਆਂ ਪਹਿਲਾਂ ਨਾਲ ਉਹ ਸੂਬੇ ਦੀ ਨਵੀਂ ਪਹਿਚਾਣ ਬਣਾਉਣ ਵਿਚ ਲੱਗੇ ਹੋਏ ਹਨ।ਉਨ੍ਹਾਂ ਆਖਿਆ ਕਿ ਸਰਕਾਰ ਵੱਲੋਂ ਬਿਨਾਂ ਰਿਸ਼ਵਤ ਨੌਕਰੀਆਂ ਦਿੱਤੀਆਂ ਗਈਆਂ ਹਨ, ਜੋ ਕਿ ਇਕ ਵੱਡੀ ਪ੍ਰਾਪਤੀ ਹੈ।ਉਨ੍ਹਾਂ ਹਲਕੇ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਵੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹਲਕੇ ਦੀ ਤਰੱਕੀ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ।ਵਿਧਾਇਕ ਵੱਲੋਂ ਖੇਡ ਮੈਦਾਨਾਂ, ਪਾਰਕਾਂ ਤੇ ਹੋਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਅੱਗੇ ਵਧਾਇਆ ਜਾ ਰਿਹਾ ਹੈ।

## ਬੀ ਕਾਮ ਭਾਗ ਤੀਜਾ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਦਾ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਕਾਮ.ਭਾਗ ਤੀਜਾ ਸਮੈਸਟਰ ਛੇਵਾ ਦਾ ਨਤੀਜਾ ਸ਼ਾਨਦਾਰ ਰਿਹਾ। ਅਸਿਸਟੈਂਟ ਪ੍ਰੋਫੈਸਰ ਗੁਰਵਿੰਦਰ ਕੌਰ ਨੇ ਦੱਸਿਆ ਕਿ ਸਤਬੀਰ ਕੌਰ ਨੇ 500 ਅੰਕਾਂ ਵਿੱਚੋਂ 414 ਪ੍ਰਾਪਤ ਕਰਕੇ ਪਹਿਲਾ ਸਥਾਨ ਮਨਪ੍ਰੀਤ ਕੌਰ ਨੇ 411 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਸਿਮਰਜੀਤ ਕੌਰ ਨੇ 400 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਹਨ ਤੇ ਉਹਨਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਤ ਕੀਤਾ।ਇਸ ਮੌਕੇ ਕਾਮਰਸ ਵਿਭਾਗ ਦੇ ਸਮੂਹ ਪ੍ਰੋਫੈਸਰ ਤੇ ਵਿਦਿਆਰਥੀ ਮੌਜੂਦ ਸਨ।

## ਐੱਨ ਐੱਸ ਕਿਊ ਐੱਫ਼ ਵੋਕੇਸ਼ਨਲ ਫਰੰਟ ਵੱਲੋਂ ਅਮਨ ਅਰੋੜਾ ਦੀ ਰਿਹਾਇਸ਼ ਦੇ ਘਿਰਾਓ ਦੀ ਚਿਤਾਵਨੀ




**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਗੁਰਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਫ਼ਰੀਦਕੋਟ ਵੱਲੋਂ ਦੱਸਿਆ ਗਿਆ ਕਿ ਐੱਨਐੱਸਕਿਊਐੱਫ਼ (ਨੈਸ਼ਨਲ ਸਕਿੱਲ ਕੁਆਲੀਫਿਕੇਸ਼ਨ ਫਰੇਮਵਰਕ) ਵੋਕੇਸ਼ਨਲ ਅਧਿਆਪਕ ਫਰੰਟ ਨੇ ਸਰਕਾਰ ਨੂੰ ਸਖਤ ਚਿਤਾਵਨੀ ਜਾਰੀ ਕਰਦਿਆਂ ਕਿਹਾ ਹੈ ਕਿ ਜੇਕਰ 20 ਅਗਸਤ ਨੂੰ ਚੰਡੀਗੜ੍ਹ 'ਚ ਸਬ-ਕਮੇਟੀ ਨਾਲ ਹੋਣ ਵਾਲੀ ਮੀਟਿੰਗ 'ਚ ਉਨ੍ਹਾਂ ਦੇ 11 ਸਾਲਾਂ ਤੋਂ ਲਟਕਦੇ ਮਸਲਿਆਂ ਦਾ ਹੱਲ ਨਾ ਨਿਕਲਿਆ ਤਾਂ 24 ਅਗਸਤ ਨੂੰ ਆਮ ਆਦਮੀ ਪਾਰਟੀ ਦੇ ਨੇਤਾ ਅਮਨ ਅਰੋੜਾ ਦੀ ਸੁਨਾਮ ਸਥਿਤ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਫਰੰਟ ਦੇ ਆਗੂਆਂ ਨੇ ਸਰਕਾਰ 'ਤੇ ਗੰਭੀਰ ਇਲਜ਼ਾਮ ਲਾਉਂਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਉਨ੍ਹਾਂ ਦੀਆਂ ਮੰਗਾਂ ਨੂੰ ਜਾਣ-ਬੁੱਝ ਕੇ ਨਜ਼ਰਅੰਦਾਜ਼ ਕਰ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵਾਰ-ਵਾਰ ਮੀਟਿੰਗਾਂ ਦੇ ਬਹਾਨੇ ਵਾਅਦਿਆਂ ਤੋਂ ਮੁੱਕਰ ਜਾਂਦੀ ਹੈ ਤੇ ਅਧਿਕਾਰੀ ਟਾਲ-ਮਟੋਲ ਦਾ ਰਵੱਈਆ ਅਪਨਾ ਰਹੇ ਹਨ। ਐੱਨਐੱਸਕਿਊਐੱਫ ਵੋਕੇਸ਼ਨਲ ਅਧਿਆਪਕ, ਜੋ ਸਰਕਾਰੀ ਸਕੂਲਾਂ ਵਿੱਚ ਆਊਟਸੋਰਸ ਸਕੀਮ ਅਧੀਨ ਪ੍ਰਾਈਵੇਟ ਕੰਪਨੀਆਂ ਰਾਹੀਂ ਭਰਤੀ ਕੀਤੇ ਜਾਂਦੇ ਹਨ, ਨੂੰ ਨੌਕਰੀ ਵਿੱਚ ਅਨੇਕ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੁਲਦੀਪ ਕੁਮਾਰ ਵਿੱਤ ਸਕੱਤਰ ਜ਼ਿਲ੍ਹਾ ਫ਼ਰੀਦਕੋਟ ਨੇ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਮਾਨ ਸਰਕਾਰ ਨੇ ਆਊਟਸੋਰਸ ਕਾਮਿਆਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ, ਪਰ ਅੱਜ ਵੀ ਅਧਿਆਪਕਾਂ ਨਾਲ ਮਤਰੇਈ ਮਾਂ ਵਰਗਾ ਵਿਵਹਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਅਧਿਆਪਕਾਂ ਨੂੰ ਨਿਗੂਣੀਆਂ ਤਨਖਾਹਾਂ ਮਿਲਦੀਆਂ ਹਨ ਤੇ ਉਨ੍ਹਾਂ ਨੂੰ ਆਪਣੇ ਘਰਾਂ ਤੋਂ ਸੈਂਕੜੇ ਕਿਲੋਮੀਟਰ ਦੂਰ ਡਿਊਟੀ ਕਰਨੀ ਪੈਂਦੀ ਹੈ। ਨੌਕਰੀ ਦੀ ਸੁਰੱਖਿਆ ਦਾ ਅਭਾਵ ਤੇ ਟਰਾਂਸਫਰ ਸਕੀਮ ਦੀ ਗੈਰ-ਮੌਜੂਦਗੀ ਨੇ ਅਧਿਆਪਕਾਂ ਦੀਆਂ ਮੁਸ਼ਕਲਾਂ ਨੂੰ ਹੋਰ ਵਧਾ ਦਿੱਤਾ ਹੈ।

ਇਸ ਤੋਂ ਇਲਾਵਾ ਪ੍ਰਾਈਵੇਟ ਕੰਪਨੀਆਂ ਵੱਲੋਂ ਮੁਲਾਜ਼ਮਾਂ ਦਾ ਸੋਸ਼ਣ ਵੀ ਲਗਾਤਾਰ ਜਾਰੀ ਹੈ। ਫਰੰਟ ਨੇ ਸਰਕਾਰ ਤੋਂ ਮੰਗ ਕੀਤੀ ਕਿ 'ਬਰਾਬਰ ਕੰਮ, ਬਰਾਬਰ ਤਨਖਾਹ' ਦਾ ਸਿਧਾਂਤ ਲਾਗੂ ਕੀਤਾ ਜਾਵੇ ਤੇ ਅਧਿਆਪਕਾਂ ਨੂੰ ਆਊਟਸੋਰਸ ਸਕੀਮ ਤੋਂ ਹਟਾ ਕੇ ਸਿੱਧੇ ਵਿਭਾਗ ਦੇ ਕੰਟਰੈਕਟ 'ਤੇ ਲਿਆਂਦਾ ਜਾਵੇ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## 24 ਨੂੰ ਵਹੀਰਾਂ ਘੱਤ ਕੇ ਸਮਰਾਲਾ ਪਹੁੰਚਣ ਦਾ ਹੋਕਾ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਦਿੜ੍ਹਬਾ ਬਲਾਕ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਖਜ਼ਾਨਚੀ ਮਿਸ਼ਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਹੋਈ। ਮੀਟਿੰਗ ਵਿੱਚ ਬਹੁ ਗਿਣਤੀ ਵਿੱਚ ਪਿੰਡ ਇਕਾਈਆਂ ਨੇ ਭਾਗ ਲਿਆ। ਮੀਟਿੰਗ ਵਿੱਚ ਦਿੜ੍ਹਬਾ ਬਲਾਕ ਦੇ ਆਗੂ ਹਰਜੀਤ ਸਿੰਘ ਮਹਿਲਾਂ ਸਿੰਘ ਮਹਿਲਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾਈ ਵਧਵੀ ਮੀਟਿੰਗ ਦੌਰਾਨ ਜਥੇਬੰਦੀ ਤੇ ਮੁੱਖ ਆਗੂਆਂ ਦੀ ਸੁਰੱਖਿਆ ਅਤੇ ਮਜ਼ਬੂਤੀ ਲਈ ਜ਼ੋਰਦਾਰ ਹੰਭਲਾ ਮਾਰਨ ਸੱਦਾ ਦਿੱਤਾ ਗਿਆ ਤੇ ਕਿਹਾ ਕਿ ਜਥੇਬੰਦੀ ਦੇ ਸਮੂਹ ਜ਼ਿਲ੍ਹਿਆਂ, ਬਲਾਕਾਂ ਅਤੇ ਪਿੰਡ ਇਕਾਈਆਂ ਦੇ ਚੁਣੇ ਹੋਏ ਕਮੇਟੀ ਮੈਂਬਰ ਔਰਤਾਂ ਤੇ ਨੌਜਵਾਨ ਆਗੂਆਂ ਸਮੇਤ ਹਜ਼ਾਰਾਂ ਦੀ ਗਿਣਤੀ 'ਚ ਸ਼ਮਲ ਦੱਸਿਆ ਕਿ ਕੇਂਦਰੀ ਅਤੇ ਸੂਬਾਈ ਸਰਕਾਰਾਂ ਵੱਲੋਂ ਸਾਡੀ ਜਥੇਬੰਦੀ ਨੂੰ ਚੋਣਵਾਂ ਨਿਸ਼ਾਨਾ ਬਣਾ ਕੇ ਜ਼ਿਲ੍ਹਾ ਬਲਾਕ ਪਿੰਡ ਪੱਧਰ ਤੱਕ ਦੇ ਮੁੱਖ ਆਗੂਆਂ ਦੀਆਂ ਰਿਸ਼ਤੇਦਾਰੀਆਂ ਸਮੇਤ ਸਾਰੇ ਟਿਕਾਣਿਆਂ ਦੀਆਂ ਲਿਸਟਾਂ ਬਣਾ ਕੇ ਅਤੇ ਪੁਰਾਣੇ ਅਣਪਛਾਤੇ ਵਿਅਕਤੀਆਂ ਵਿਰੁੱਧ ਦਰਜ ਕੇਸਾਂ ਦੀਆਂ ਫਾਈਲਾਂ ਕਢਵਾ ਕੇ ਜਾਬਰ ਹੱਲੇ ਬੋਲਣ ਦਾ ਬੰਨ੍ਹ ਸੁੱਬ ਤਿਆਰ ਕੀਤਾ ਜਾ ਰਿਹਾ ਹੈ, ਕਿਉਂਕਿ ਸਮੁੱਚਾ ਰਾਜਸੀ ਪ੍ਰਬੰਧ ਸਾਡੀ ਜਥੇਬੰਦੀ ਨੂੰ ਜ਼ਮੀਨਾਂ ਬਚਾਉਣ ਤੇ ਜ਼ਮੀਨੀ ਸੁਧਾਰ ਲਾਗੂ ਕਰਕੇ ਫਾਲਤੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ 'ਚ ਵੰਡਣ ਸਮੇਤ ਫਸਲਾਂ ਦੀ ਲੁੱਟ ਰੋਕਣ ਵਰਗੇ ਬੁਨਿਆਦੀ ਮੁੱਦਿਆਂ ਉੱਤੇ ਸਿਰਕੱਢ ਰੋਲ ਅਦਾ ਕਰ ਰਹੀ ਹੈ ਤੇ ਜਾਨ ਹੂਲਵੇਂ ਜੇਤੂ ਘੋਲਾਂ ਦੀ ਅਗਵਾਈ ਕਰਨ ਵਿੱਚ ਸਭ ਤੋਂ ਮੋਹਰੀ ਆਗੂ ਰੋਲ ਦੀ ਮੁੱਦਈ ਹੈ। ਦਿੜ੍ਹਬਾ ਬਲਾਕ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਨੇ ਕਿਹਾ ਕਿ ਆਗੂਆਂ ਨੂੰ ਸਰਕਾਰਾਂ ਦੀਆਂ ਅਜਿਹੇ ਜਾਬਰ ਹੱਲੇ ਦੀਆਂ ਸਿਰ ਖੜ੍ਹੀਆਂ ਤਿਆਰੀਆਂ ਨੂੰ ਮਾਤ ਦੇਣ ਲਈ ਵਿਸ਼ਾਲ ਤੋਂ ਵਿਸ਼ਾਲ ਕਿਸਾਨ ਮਜ਼ਦੂਰ ਜਨਤਾ ਨੂੰ ਜਾਗ੍ਰਿਤ ਕਰਨ ਤੇ ਕਰੜੇ ਸੰਘਰਸ਼ਾਂ ਦੇ ਮੈਦਾਨ 'ਚ ਕੁੱਦਣ ਲਈ ਤਿਆਰ ਬਰ ਤਿਆਰ ਕਰਨ ਦਾ ਸੱਦਾ ਦਿੱਤਾ। ਦਿੜ੍ਹਬਾ ਬਲਾਕ ਦੇ ਆਗੂ ਅਮਨਦੀਪ ਸਿੰਘ ਮਹਿਲਾਂ ਵੱਲੋਂ ਰਾਖੀ ਕਰੋ ਰੈਲੀ ਦੀਆਂ ਮੁੱਖ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸਾਨ ਸੰਘਰਸ਼ਾਂ ਨੂੰ ਕੁਚਲਣ ਲਈ ਸਾਡੀ ਜਥੇਬੰਦੀ ਉੱਤੇ ਹਮਲਾ ਬੋਲਣ ਦੀਆਂ ਗੋਂਦਾਂ ਬੰਦ ਕਰੋ। ਬਲਾਕ ਦਿੜ੍ਹਬਾ ਦੇ ਪ੍ਰੈਸ ਸਕੱਤਰ ਚਰਨਜੀਤ ਸਿੰਘ ਘਨੌੜ (ਸੰਤਪੁਰਾ) ਕਿਹਾ ਕਿ ਸਮੁੱਚੇ ਖੇਤੀ ਖੇਤਰ ਉੱਤੇ ਦੇਸੀ ਬਦੇਸ਼ੀ ਸਾਮਰਾਜੀ ਤਾਕਤਾਂ ਦੇ ਕਬਜ਼ੇ ਰੋਕਣ ਲਈ ਇਕਜੁਟਤਾ ਜ਼ਰੂਰੀ ਹੈ, ਜ਼ਮੀਨੀ ਸੁਧਾਰ ਲਾਗੂ ਕਰਕੇ ਫਾਲਤੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ ਵਿੱਚ ਵੰਡੋ ਅਤੇ ਕਾਬਜ਼ ਮੁਜ਼ਾਰਿਆਂ ਤੇ ਆਬਾਦਕਾਰਾਂ ਨੂੰ ਮਾਲਕੀ ਹੱਕ ਤੁਰੰਤ ਦਿਓ।ਬੁਲਾਰਿਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੁਆਰਾ 24 ਅਗਸਤ ਨੂੰ ਸਮਰਾਲਾ ਵਿਖੇ ਲੈਂਡ ਪੂਲਿੰਗ ਵਿਰੁੱਧ ਸੰਘਰਸ਼ ਸੰਬੰਧੀ ਕੀਤੀ ਜਾ ਰਹੀ ਜੇਤੂ ਰੈਲੀ ਵਿੱਚ ਪੂਰੇ ਪੰਜਾਬ ਵਿੱਚੋਂ ਵਹੀਰਾਂ ਘੱਤ ਕੇ ਪਹੁੰਚਣ ਦਾ ਹੋਕਾ ਦਿੱਤਾ ਗਿਆ।


**ਉੱਤਰ ਰੇਲਵੇ**

**ਖੁੱਲ੍ਹਾ ਟੈਂਡਰ ਨੋਟਿਸ**

ਸੀਨੀਅਰ ਡਵੀਜ਼ਨਲ ਇਲੈਕਟ੍ਰੀਕਲ ਇੰਜੀਨੀਅਰ/ਟੀ.ਆਰ./ਜੰਮੂ ਤਵੀ, ਉੱਤਰ ਰੇਲਵੇ, ਜੰਮੂ ਡਵੀਜ਼ਨ ਦੇ ਲਈ ਭਾਰਤ ਦੇ ਰਾਸ਼ਟਰਪਤੀ ਤਰਫੋਂ ਈ-ਟੈਂਡਰ ਦੀ ਆਖਰੀ ਮਿਤੀ 12.09.2025 ਨੂੰ 15.00 ਵਜੇ ਤੱਕ ਸੱਦਾ ਦਿੱਤਾ ਜਾਂਦਾ ਹੈ। ਟੈਂਡਰਕਾਰ ਆਪਣੇ ਮੂਲ/ਸੋਧੇ ਹੋਏ ਟੈਂਡਰ ਬੰਦ ਹੋਣ ਦੀ ਮਿਤੀ 12.09.2025 ਨੂੰ 15.00 ਵਜੇ ਤੱਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਲਈ ਯੋਗ ਨਹੀਂ ਹਨ।

| |
|---|
| ਟੈਂਡਰ ਨੰਬਰ : 754-ਟੀ.ਆਰ.ਡੀ. ਜੰਮੂ ਤਵੀ-2025-26 |
| ਕੰਮਾਂ ਦਾ ਵੇਰਵਾ : ਜੰਮੂ ਸੰਭਾਗ 'ਚ JAT-SVDK ਸੈਕਸ਼ਨ ਦੇ ਵਿੱਚ ਸੁਰੰਗਾਂ 'ਚ Curve ਥਾਵਾਂ 'ਤੇ ਕੈਂਟੀਲਿਵਰ ਅਸੰਬਲੀ ਦੇ ਲਈ ਵਾਧੂ ਫਿਟਿੰਗ ਵਿਵਸਥਾ ਦੇ ਹੱਲ ਦੇ ਸੰਬੰਧ 'ਚ ਟੀ ਆਰ ਡੀ ਕੰਮ। |
| ਅਨੁਮਾਨਤ ਲਾਗਤ (ਰੁਪਏ 'ਚ) : 2,22,27,534.31 |
| ਟੈਂਡਰ ਦੀ ਕੀਮਤ (ਰੁਪਏ 'ਚ) : ਜ਼ੀਰੋ |
| ਟੈਂਡਰ ਖਤਮ ਦੀ ਮਿਤੀ ਤੇ ਸਮਾਂ : 12.09.2025, 15.00 ਵਜੇ ਤੱਕ |
| ਬਿਆਨਾ ਰਕਮ (ਰੁਪਏ) : 2,61,100/- |
| ਕੰਮ ਦਾ ਸਮਾਂ : 08 ਮਹੀਨੇ |
| ਟੈਂਡਰ ਖੁੱਲ੍ਹਣ ਦੀ ਮਿਤੀ ਤੇ ਸਮਾਂ : 12.09.2025, 15.00 ਵਜੇ ਤੱਕ |
| ਵੈਬਸਾਈਟ : www.ireps.gov.in |

ਨੋਟ # ਟੈਂਡਰਕਾਰ ਕਿਰਪਾ ਕਰਕੇ ਧਿਆਨ ਦੇਣ ਕਿ ਬੋਲੀ ਦੀ ਸੁਰੱਖਿਆ ਬਿਨਾਂ ਪ੍ਰਾਪਤ ਪ੍ਰਸਤਾਵ ਜਾਂ ਈ-ਪੇਮੈਂਟ ਗੇਟਵੇ ਰਾਹੀਂ ਜਾਂ ਨਗਦ 'ਚ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਜਿਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ 'ਚ ਜਾਂ ਟੈਂਡਰ ਦਸਤਾਵੇਜ਼ਾਂ 'ਚ ਵਰਣਿਤ (ਅਨੁਲਾਗ-21) ਦੇ ਅਨੁਸਾਰ) ਇੱਕ ਸਮੇਂ ਲਈ ਵੈਲਿਡ ਹੈ। ਬੋਲੀ ਦਾ ਵੈਧਤਾ ਸਮੇਂ ਦੇ ਬਾਅਦ 90 ਦਿਨਾਂ ਲਈ ਅਧੂਰਾ ਤੇ ਨਾਮੰਨਣਯੋਗ ਦੇ ਰੂਪ 'ਚ ਮੰਨਿਆ ਜਾਵੇਗਾ ਅਤੇ ਜਿਸ ਲਈ ਠੇਕੇਦਾਰ ਦਾ ਰੇਲਵੇ 'ਤੇ ਕੋਈ ਦਾਅਵਾ ਨਹੀਂ ਹੋਵੇਗਾ।

ਸੰਖਿਆ : 754-ਟੀ.ਆਰ.ਡੀ-ਜੰਮੂ ਤਵੀ-2025-26 ਮਿਤੀ 20.08.2025 — 2545/2025

ਗਾਹਕਾਂ ਦੀ ਸੇਵਾ 'ਚ ਮੁਸਕਾਨ ਦੇ ਨਾਲ



ਫਾਰਮ ਜੀ

**ਸਕਾਈ ਇਨਫ੍ਰਾਸਟਰਕਚਰਜ਼ ਪ੍ਰਾਈਵੇਟ ਲਿਮਟਿਡ ਲਈ ਦਿਲਚਸਪੀ ਪ੍ਰਗਟ ਕਰਨ ਲਈ ਸੱਦਾ ਰੀਅਲ ਅਸਟੇਟ ਬਿਜ਼ਨਸ ਜ਼ੀਰਕਪੁਰ (ਪੰਜਾਬ) ਦਾ ਸੰਚਾਲਨ**

(ਦੀਵਾਲੀਆ ਅਤੇ ਦੀਵਾਲੀਆਪਨ ਬੋਰਡ ਆਫ ਇੰਡੀਆ) ਕਾਰਪੋਰੇਟ ਅਦਾਰੇ ਲਈ ਦੀਵਾਲੀਆ ਹੱਲ ਪ੍ਰਕਿਰਿਆ (ਰੈਗੂਲੇਸ਼ਨ 2016) ਦੇ ਰੈਗੂਲੇਸ਼ਨ 36ਏ) 1 ਤਹਿਤ

| ਸੰਬੰਧਤ ਵੇਰਵੇ | | |
|---|---|---|
| 1. | ਪੈਨ/ਸੀ ਆਈ ਐਨ/ਐੱਲ ਐਲ ਪੀ ਨੰਬਰ ਦੇ ਨਾਲ ਕਾਰਪੋਰੇਟ ਕਰਜ਼ਦਾਰ ਦਾ ਨਾਂਅ | ਸਕਾਈ ਇਨਫਰਾਸਟਰਕਚਰ ਪ੍ਰਾਈਵੇਟ ਲਿਮਟਿਡ (U45209PB2011PTC035805) |
| 2. | ਰਜਿਸਟਰਡ ਦਫ਼ਤਰ ਦਾ ਪਤਾ | ਦੁਕਾਨ ਨੰ. 25, ਯੂਨੀਸਿਟੀ ਬਿਜ਼ਨਸ ਸੈਂਟਰ, ਭਬਾਤ, ਜ਼ੀਰਕਪੁਰ, ਜ਼ਿਲ੍ਹਾ ਐਸ ਏ ਐਸ ਨਗਰ, 140603 (ਪੰਜਾਬ) |
| 3. | ਵੈੱਬਸਾਈਟ ਦਾ ਯੂ ਆਰ ਐਲ | www.skyinfrastructures.in |
| 4. | ਸਥਾਨ ਦੇ ਵੇਰਵੇ ਜਿੱਥੇ ਜ਼ਿਆਦਾ ਸਥਿਰ ਐੱਸਟਸ ਸਥਿਤ ਹਨ | ਪੰਜਾਬ |
| 5. | ਮੁੱਖ ਉਤਪਾਦਾਂ/ਸੇਵਾਵਾਂ ਦੀ ਸਥਾਪਤ ਸਮਰੱਥਾ | ਕੰਪਨੀ ਦਾ ਰੀਅਲ ਅਸਟੇਟ ਡਿਵੈਲਪਮੈਂਟ ਜ਼ੀਰਕਪੁਰ (ਜ਼ਿਲ੍ਹਾ ਐਸ ਏ ਐਸ ਨਗਰ) ਪੰਜਾਬ ਰਾਜ 'ਚ ਕਾਰੋਬਾਰ ਹੈ। |
| 6. | ਪਿਛਲੇ ਵਿੱਤੀ ਸਾਲ ਵਿੱਚ ਵੇਚੇ ਗਏ ਮੁੱਖ ਉਤਪਾਦਾਂ/ਸੇਵਾਵਾਂ ਦੀ ਮਾਤਰਾ ਅਤੇ ਮੁੱਲ | 31/03/2021 ਲਈ ਪਿਛਲੇ ਆਡਿਟ ਆਮਦਨ ਖਰਚ ਦਾ ਚਿੱਠਾ, ਜਦਕਿ ਕੰਪਨੀ ਚਾਰ ਸਾਲਾਂ ਤੋਂ ਕਿਸੇ ਕਾਰੋਬਾਰ 'ਚ ਨਹੀਂ ਹੈ। ਕੰਪਨੀ ਦਾ ਕੋਈ ਵੀ ਗਰੁੱਪ ਹਾਊਸਿੰਗ ਪ੍ਰੋਜੈਕਟ ਨਹੀਂ ਹੈ। |
| 7. | ਕਰਮਚਾਰੀਆਂ/ਵਰਕਮੈਨ ਦੀ ਗਿਣਤੀ | ਨਿਲ |
| 8. | ਦੋ ਸਾਲਾਂ ਦੇ ਆਖਰੀ ਉਪਲਬਧ ਵਿੱਤੀ ਸਟੇਟਮੈਂਟਾਂ (ਸ਼ਡਿਊਲ ਦੇ ਨਾਲ), ਲੈਣਦਾਰਾਂ ਦੀਆਂ ਸੂਚੀਆਂ, ਪ੍ਰਕਿਰਿਆ ਤੋਂ ਬਾਅਦ ਦੀਆਂ ਘਟਨਾਵਾਂ ਲਈ ਸੰਬੰਧਿਤ ਮਿਤੀਆਂ ਸਮੇਤ ਹੋਰ ਵੇਰਵੇ ਇੱਥੇ ਉਪਲੱਬਧ ਹਨ : | ਆਰ ਪੀ ਤੋਂ cirpsky@gmail.com ਜਾਂ ਐੱਮ-215, ਰੀਅਰ ਗਰਾਊਂਡ ਫਲੋਰ, ਗਰੇਟਰ ਕੈਲਾਸ਼-II ਨਵੀਂ ਦਿੱਲੀ-110048 ਤੋਂ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। |
| 9. | ਕੋਡ ਦੇ ਸੈਕਸ਼ਨ 25(2) (ਐੱਚ) ਅਧੀਨ ਰੈਜ਼ੋਲੂਸ਼ਨ ਬਿਨੇਕਾਰਾਂ ਲਈ ਯੋਗਤਾ ਇੱਥੇ ਉਪਲੱਬਧ ਹੈ : | ਆਰ ਪੀ ਤੋਂ cirpsky@gmail.com ਜਾਂ ਐੱਮ-215, ਰੀਅਰ ਗਰਾਊਂਡ ਫਲੋਰ, ਗਰੇਟਰ ਕੈਲਾਸ਼-II ਨਵੀਂ ਦਿੱਲੀ-110048 ਤੋਂ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। |
| 10. | ਦਿਲਚਸਪੀ ਦੇ ਪ੍ਰਗਟਾਵੇ ਦੀ ਪ੍ਰਾਪਤੀ ਦੀ ਆਖਰੀ ਮਿਤੀ | 03/09/2025 |
| 11. | ਸੰਭਾਵੀ ਰੈਜ਼ੋਲੂਸ਼ਨ ਬਿਨੈਕਾਰਾਂ ਦੀ ਆਰਜੀ ਸੂਚੀ ਜਾਰੀ ਕਰਨ ਦੀ | 13/09/2025 |
| 12. | ਆਰਜ਼ੀ ਸੂਚੀ 'ਤੇ ਇਤਰਾਜ਼ ਜਮ੍ਹਾਂ ਕਰਨ ਦੀ ਆਖਰੀ ਮਿਤੀ | 18/09/2025 |
| 13. | ਸੰਭਾਵੀ ਰੈਜ਼ੋਲੂਸ਼ਨ ਬਿਨੇਕਾਰਾਂ ਦੀ ਅੰਤਮ ਸੂਚੀ ਜਾਰੀ ਕਰਨ ਦੀ ਮਿਤੀ | 28/09/2025 |
| 14. | ਸੰਭਾਵੀ ਰੈਜ਼ੋਲੂਸ਼ਨ ਬਿਨੇਕਾਰਾਂ ਨੂੰ ਸੂਚਨਾ ਮੈਮੋਰੰਡਮ, ਮੁਲਾਂਕਣ ਮੈਟਰਿਕਸ ਅਤੇ ਰੇਜ਼ੋਲੂਸ਼ਨ ਯੋਜਨਾਵਾਂ ਲਈ ਬੇਨਤੀ ਜਾਰੀ ਕਰਨ ਦੀ ਮਿਤੀ | 03/10/2025 |
| 15. | ਰੈਜ਼ੋਲੂਸ਼ਨ ਪਲਾਨ ਜਮ੍ਹਾਂ ਕਰਨ ਦੀ ਆਖਰੀ ਮਿਤੀ | 02/11/2025 |
| 16. | ਈਓਆਈ ਜਮ੍ਹਾ ਕਰਨ ਲਈ ਈਮੇਲ ਆਈਡੀ ਦੀ ਪ੍ਰਕਿਰਿਆ | cirpsky@gmail.com |

ਭੀਮ ਸੈਨ ਗੋਇਲ
IBBI/IPA-002/IP-N00726/2018-2019/12216
ਐੱਮ-215, ਰੀਅਰ ਗਰਾਊਂਡ ਫਲੋਰ, ਗਰੇਟਰ ਕੈਲਾਸ਼-II, ਨਵੀਂ ਦਿੱਲੀ-110048
ਵਾਸਤੇ ਸਕਾਈ ਇਨਫਰਾਸਟਰਕਚਰਜ਼ ਪ੍ਰਾਈਵੇਟ ਲਿਮਟਿਡ

18/08/2025
ਨਵੀਂ ਦਿੱਲੀ



**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਸੂਚਨਾ**

ਨਿਮਨ ਹਸਤਾਖ਼ਰੀ ਨੇ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ ਦੇ ਸੈਕਸ਼ਨ 13(4) ਅਧੀਨ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਜਨਤਾ ਨੂੰ ਵੱਡੇ ਪੱਧਰ 'ਤੇ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਐਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਨਿਕਲਦੀ ਰਕਮ ਦੀ + ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਹੇਠਾਂ ਦਰਸਾਏ ਕੇਸ ਵਿੱਚ ਵਿਕਰੀ ਬੈਂਕ ਦੁਆਰਾ ਮਿਤੀ 11.09.2025 ਨੂੰ ਕਰਵਾਈ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਸ੍ਰੀ ਅਖਿਲ ਵਰਮਾ ਪੁੱਤਰ ਸ੍ਰੀ ਅਨਿਲ ਵਰਮਾ ਵਾਸੀ ਮਕਾਨ ਨੰ. 269, ਪਠਾਨਕੋਟ ਰੋਡ, ਰਮਣੀਕ ਐਵੇਨਿਊ, ਜਲੰਧਰ-1, ਜਲੰਧਰ, ਪੰਜਾਬ-144008<br>ਸ੍ਰੀਮਤੀ ਰੀਨਾ ਰਾਣੀ ਪੁੱਤਰੀ ਸ੍ਰੀ ਕੁਲਦੀਪ ਮੱਲ ਵਾਸੀ ਰੰਧਾਵਾ ਮਸੰਦਾਂ, ਜਲੰਧਰ-1, ਜਲੰਧਰ, ਪੰਜਾਬ-144004 (ਕਰਜ਼ਦਾਰ)<br>ਸ੍ਰੀ ਸ਼ਿਵ ਕੁਮਾਰ ਪੁੱਤਰ ਸ਼ਾਮ ਲਾਲ ਵਾਸੀ ਮਕਾਨ ਨੰ. 79-ਏ, ਨਿਊ ਦਿਓਲ ਨਗਰ, ਐਕਸਟੈਨਸ਼ਨ, ਐੱਸ ਪੀ ਪਰਾਈਮ ਸਕੂਲ, ਮਾਡਲ ਟਾਊਨ, ਜਲੰਧਰ, ਪੰਜਾਬ-144003 (ਗਰੰਟਰ) |
| ਬਕਾਇਆ ਰਕਮ HL/013611000876 | ਰੁਪਏ 29,63,995/- (ਅਤੇ 01.08.2025 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 2021-22/187/1/8465 ਮਿਤੀ 24.12.2021 ਅਨੁਸਾਰ ਸ੍ਰੀਮਤੀ ਰੀਨਾ ਰਾਣੀ ਪਤਨੀ ਸ੍ਰੀ ਅਖਿਲ ਵਰਮਾ ਦੀ ਮਲਕੀਅਤ, ਅਚੱਲ ਜਾਇਦਾਦ ਰਕਬਾ 6 ਮਰਲੇ 269.25 ਵਰਗ ਫੁੱਟ, ਪਲਾਟ ਨੰ. 89, ਮਾਨ ਇਨਕਲੇਵ, ਪਿੰਡ ਨੂਰਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ। (ਮੌਜੂਦਾ ਪਤਾ : ਪਲਾਟ ਨੰ. 89, ਮਾਨ ਇਨਕਲੇਵ, ਪਠਾਨਕੋਟ ਰੋਡ, ਜਲੰਧਰ) |
| ਰਾਖਵੀਂ ਕੀਮਤ | ਰੁਪਏ 20 ਲੱਖ (ਵੀਹ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਾਸ਼ੀ) | ਸਫ਼ਲ ਬੋਲੀਕਾਰ ਦੁਆਰਾ ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਾਸ਼ੀ) 25 ਫੀਸਦੀ ਜਲੰਧਰ ਵਿੱਚ ਅਦਾਇਗੀਯੋਗ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਦੇ ਰਾਹੀਂ ਮਿਤੀ 11-09-2025 ਨੂੰ ਜਮ੍ਹਾਂ ਕਰਵਾਈ ਜਾਵੇਗੀ। ਟੈਂਡਰ ਫਾਰਮ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮ. ਮੁੱਖ ਮਫ਼ਤਰ ਮਿਡਾਸ ਕਾਰਪੋਰੇਟ ਪਾਰਕ ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਨੂੰ ਮਾਲੂਮ ਝੰਜਟ : ਕੋਈ ਨਹੀਂ। ਜਾਇਦਾਦ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵੇਚੀ ਜਾਵੇਗੀ। ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਰਾਹੀਂ, ਜਲੰਧਰ ਵਿੱਚ ਅਦਾਇਗੀਯੋਗ, ਈ ਐਮ ਡੀ (ਬਿਆਨਾ ਰਾਸ਼ੀ) ਅਰਥਾਤ 25% ਸਮੇਤ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ 11-09-2025 ਨੂੰ ਸਵੇਰੇ 11.00 ਵਜੇ ਤੱਕ ਹੈ। ਟੈਂਡਰ ਦਰਸਾਈ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਸਾਰੇ ਪੇਸ਼ਕਾਰਾਂ/ਉਨ੍ਹਾਂ ਦੇ ਪ੍ਰਤੀਨਿਧੀਆਂ ਦੀ ਹਾਜ਼ਰੀ ਵਿੱਚ ਮੁੱਖ ਦਫ਼ਤਰ : ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਹਿਤ ਵਿਕਰੀ ਦੇ ਵਿਸਥਾਰਤ ਨਿਯਮਾਂ ਅਤੇ ਜਾਇਦਾਦ ਦੀ ਪੜਤਾਲ ਲਈ ਕਿਰਪਾ ਕਰਕੇ ਬਰਾਂਚ ਦਫ਼ਤਰ, ਜੀ ਟੀ ਰੋਡ, ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਨਿਰਧਾਰਤ ਨਿਯਮਾਂ/ਸ਼ਰਤਾਂ ਦਾ ਵਿਸ਼ਾ ਹੋਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸਿਆ ਵਿਕਰੀ ਦੀ ਪੁਸ਼ਟੀ ਕਰਨ ਤੋਂ ਪਹਿਲਾਂ ਕਿਸੇ ਵੀ ਸਮੇਂ ਵਿਕਰੀ ਮੁਲਤਵੀ ਕਰਨ/ਰੱਦ ਕਰਨ ਨਿਯਮਾਂ ਅਤੇ ਸ਼ਰਤਾਂ ਵਿੱਚ ਬਦਲਾਅ ਕਰਨ ਦਾ ਹੱਕ ਪ੍ਰਾਪਤ ਹੈ।

ਮਿਤੀ : 21.08.2025 — ਅਧਿਕਾਰਤ ਅਫਸਰ



**ਉੱਤਰ ਰੇਲਵੇ**

**ਈ-ਟੈਂਡਰ ਨੋਟਿਸ**

ਟੈਂਡਰ ਨੋਟਿਸ ਨੰ.:- 770-W/01/WA/JAT/2025-17-2025-26-DRM-JAT (12.09.2025 ਨੂੰ ਖੋਲ੍ਹਿਆ ਜਾਵੇਗਾ) ਭਾਰਤ ਦੇ ਰਾਸ਼ਟਰਪਤੀ ਵੱਲੋਂ ਕੰਮ ਕਰਦੇ ਹੋਏ ਹੇਠਾਂ ਦਿੱਤੇ ਸਿਰਲੇਖ ਵਾਲੇ ਅਤੇ www.ireps.gov.in 'ਤੇ ਉਪਲਬਧ ਟੈਂਡਰਾਂ ਦੇ ਵਿਰੁੱਧ ਖੁੱਲ੍ਹੇ ਟੈਂਡਰ (ਈ-ਟੈਂਡਰ) ਸੱਦਾ ਦਿੰਦਾ ਹੈ, ਜਿਸਦੀ ਆਖਰੀ ਮਿਤੀ 12.09.2025 ਦੁਪਹਿਰ 15:00 ਵਜੇ ਹੈ। ਬੋਲੀਕਾਰ ਆਪਣੀਆਂ ਅਸਲ/ਸੋਧੀਆਂ ਹੋਈਆਂ ਬੋਲੀਆਂ ਸਿਰਫ਼ ਆਖਰੀ ਮਿਤੀ ਅਤੇ ਸਮੇਂ ਤੱਕ ਹੀ ਜਮ੍ਹਾਂ ਕਰਵਾ ਸਕਦੇ ਹਨ, ਇਹਨਾਂ ਟੈਂਡਰਾਂ ਦੇ ਵਿਰੁੱਧ ਦਸਤੀ ਪੇਸ਼ਕਸ਼ਾਂ ਦੀ ਇਜਾਜ਼ਤ ਨਹੀਂ ਹੈ ਅਤੇ ਪ੍ਰਾਪਤ ਹੋਈਆਂ ਅਜਿਹੀਆਂ ਕਿਸੇ ਵੀ ਦਸਤੀ ਪੇਸ਼ਕਸ਼ਾਂ ਨੂੰ ਅਣਡਿੱਠਾ ਕੀਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਟੈਂਡਰ ਦੇ ਵਿਰੁੱਧ ਟੈਂਡਰ ਦਸਤਾਵੇਜ਼ ਦੀ ਲਾਗਤ ਅਤੇ ਬਿਆਨਾ ਰਕਮ ਦਾ ਭੁਗਤਾਨ ਸਿਰਫ਼ IREPS ਪੋਰਟਲ ਜਿਵੇਂ ਕਿ ਨੈੱਟ ਬੈਂਕਿੰਗ, ਡੈਬਿਟ ਕਾਰਡ, ਕ੍ਰੈਡਿਟ ਕਾਰਡ ਆਦਿ 'ਤੇ ਉਪਲਬਧ ਭੁਗਤਾਨ ਵਿਧੀਆਂ ਰਾਹੀਂ ਕਰਨ ਦੀ ਇਜਾਜ਼ਤ ਹੈ।

| ਲੜੀ ਨੰ. | ਟੈਂਡਰ ਨੰ. ਮਿਤੀ | ਟੈਂਡਰ ਵੇਰਵੇ | | |
|---|---|---|---|---|
| 1 | 17-2025-26 DRM-JAT | ਡਿਵੀਜ਼ਨਲ ਇੰਜੀਨੀਅਰ-II ਜੰਮੂ ਤਵੀ ਦੇ ਅਧਿਕਾਰ ਖੇਤਰ ਅਧੀਨ ਪਾਲਮਪੁਰ ਵਿਖੇ (MRTL-JAT) ਸੈਕਸ਼ਨ ਅਤੇ C-274 ਗੇਟ 'ਤੇ 85 ਨੰਬਰ ਲੈਵਲ ਕਰਾਸਿੰਗਾਂ 'ਤੇ ਰਬੜਾਈਜ਼ਡ ਲੈਵਲ ਕਰਾਸਿੰਗ ਦੀ ਵਿਵਸਥਾ। | | |
| | | ਇਸ਼ਤਿਹਾਰ ਦੀ ਕੀਮਤ (ਰੁਪਏ) | ਪੇਸ਼ਕਸ਼ ਦੀ ਵੈਧਤਾ | ਸਮਾਪਤੀ ਦੀ ਮਿਆਦ |
| | | 113272417.53 | 90 ਦਿਨ | 09 ਮਹੀਨੇ |

ਨੋਟ 1. ਠੇਕੇਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੋਲੀ ਜਮ੍ਹਾ ਕਰਨ ਤੋਂ ਪਹਿਲਾਂ ਇਸ ਟੈਂਡਰ ਦੇ ਵਿਰੁੱਧ ਜਾਰੀ ਕੀਤੇ ਗਏ ਕਿਸੇ ਵੀ ਸੋਧ ਲਈ IREPS ਵੈੱਬਸਾਈਟ 'ਤੇ ਜਾਣ।
2.ਜੇਕਰ ਹਿੰਦੀ ਇਸ਼ਤਿਹਾਰ ਵਿੱਚ ਕੋਈ ਗਲਤੀ ਪਾਈ ਜਾਂਦੀ ਹੈ, ਤਾਂ ਅੰਗਰੇਜ਼ੀ ਇਸ਼ਤਿਹਾਰ ਨੂੰ ਮਾਨਤਾ ਦਿੱਤੀ ਜਾਵੇਗੀ। 2547/2025

ਗਾਹਕਾਂ ਦੀ ਸੇਵਾ ਵਿੱਚ ਮੁਸਕਾਨ ਦੇ ਨਾਲ




## Change of Name

I, GURDEV KOUR AKA GURBAX KAUR D/O MR SHIV SINGH WHOSE PERMANENT ADDRESS IN INDIA IS VPO MANDHALI, TEHSIL BANGA, DISTT SBS NAGAR, PUNJAB 144501 AND NOW LIVING AT 90 GRESTONE AVENUE, HANDSWORTH WOOD, BIRMINGHAM, B20 1AY HEREBY GIVE NOTICE OF MY INTENTION TO CHANGE MY NAME TO GURDEV KAUR. (U/I)

I, PIARA SINGH GAREWAL S/O MR ISHER SINGH GREWAL WHOSE PERMANENT ADDRESS IN INDIA IS VILLAGE ARJANWAL, PO ADAMPUR, DISTT JALANDHAR, PUNJAB 144102 AND NOW LIVING AT 5 CHESTNUT CLOSE, NORTHFLEET, GRAVESEND, KENT DA11 9NQ HEREBY GIVE NOTICE OF MY INTENTION TO CHANGE MY NAME TO PIARA SINGH GREWAL. (U/I)

I, MR SATNAM SINGH S/O MR SARWAN SINGH WHOSE PERMANENT ADDRESS IN INDIA IS VILL: MAHAL, JALANDHAR, PUNJAB AND NOW LIVING AT 150 PORTER ROAD, DERBY, DE23 6RD, U.K. HEREBY GIVE NOTICE OF MY INTENTION TO CHANGE MY NAME TO SATNAM SINGH FAGURA. (U/I)

I, MR KULJEET SINGH S/O MR NATHA SINGH WHOSE PERMANENT ADDRESS IN INDIA IS VPO: ROHIT, DISTT: KURUKSHETRA, HARYANA, AND NOW LIVING AT 12 GOLDHILL, LEICESTER, LE2 6TQ, U.K. HEREBY GIVE NOTICE OF MY INTENTION TO CHANGE MY NAME TO KULJEET SINGH SIDHU. (U/I)

I JAGDEEP S/O MR TARSEM LAL WHOSE PERMANENT ADDRESS IN INDIA IS H.NO. 6833, MOHALLA. GURU TEG BAHADAR NAGAR NAKODAR, JALANDHAR, PUNJAB AND IS NOW LIVING AT 113 QUESLETT ROAD EAST, SUTTON COLDFIELD, BIRMINGHAM, B74 2AJ HEREBY GIVE NOTICE OF MY INTENTION TO CHANGE MY NAME TO JAGDEEP (GIVEN NAME) GABBI (SURNAME). (U/I)

I, JOGA S/O MR PAKHAR WHOSE PERMANENT ADDRESS IN INDIA IS VPO BHARSINGHPUR, JALANDHAR, PUNJAB AND IS NOW LIVING AT 1103 FOLESHILL ROAD, COVENTRY CV6 6EP HEREBY GIVE NOTICE OF MY INTENTION TO CHANGE MY NAME TO JOGA (GIVEN NAME) SINGH (SURNAME). (U/I)

I Seema Rani W/o Sukhdev Singh R/o Vill. Khun Khun Distt. Jalandhar have changed the name of my minor daughter Palvi to Palvi Kumari.

I, hitherto known as Mohinder Singh S/o Nama Ram R/o VPO Kala Bakra District Jalandhar, Punjab 144201, have changed my name from Mohinder Singh to Mahinder Pal.

I, Jagjit Singh Dhaliwal S/o Hakam Singh Vill: Nangal Po: Nangal Distt: Moga have changed my name to Jagjit Singh.

I Narinder Paul S/o Ram Lal Resident of H.No. 222/A, New Abadi Jallowal, Near Bootan Mandi, Jalandhar City - 144003, Punjab, India I Have Changed My Name From Narinder Paul To Narinder Pal All Please Note.

I hitherto known as LAKHVIR SINGH S/O HARI SINGH residing at PO Begampur, Jandiala, Hoshiarpur, Punjab-146115 have changed my name and shall hereafter be known as LAKHVEER SINGH.

I Dharminder S/o Santokh Lal R/o New Abadi Naragpur Shahpur PO. Satnampura, Distt. Kapurthala, Punjab I Have changed my name Dharminder to Dharminder Singh.

I, Sarban Singh S/o Harbans Singh R/o Village Kot Gobindpur, P.O. Dhapai, Tehsil & District Kapurthala, Punjab, India, have changed my name from SARBAN SINGH to SARBJIT SINGH UPPAL. All concerned may please note.

I, Gurjit Singh S/o Makhan Singh R/o Ranike, Ranike, Amritsar have declare that Gurjit is my Given name and Singh is my Surname.

I, Kawaljit Singh S/o Kashmir Singh R/o Village Tirath Pur, PO Fatehpur Rajputan District Amritsar have declare that Kawaljit is my Given name and Singh is my Surname.

I, Surjeet Kaur W/o Jasbir Singh R/o Block Verka, Muradpura, Amritsar have changed my name from Surjeet Kaur to Surjit Kaur.

I, Sandeep Singh S/o Jasbir Singh R/o Block Verka, Muradpura, Amritsar have declare that Sandeep is my Given name and Singh is my Surname.

I, Manish Kapoor S/o Ram Lubhaya Kapoor R/o Plot No.62, Lawrence Road, I/s B.R Modern School, Shastri Nagar, Amritsar have declare that my father was known by all names Lubhaya Ram Kapoor, Lubhaya Ram and Ram Lubhaya Kapoor one and same person.

I Manish Kumar S/o Ram Lubhaya Kapoor R/o Plot no. 62, Lawrence Road, Inside B.R. Modern School, Shastri Nagar, Amritsar, Punjab, India 143001 have changed my name Manish Kumar to Manish Kapoor.

I, Meenu Rawra W/o Manish Kapoor R/o Plot no. 62, Lawrence Road, Inside B.R. Modern School, Shastri Nagar, Amritsar, Punjab, India 143001 Have changed my name Meenu Rawra to Meenu Kapoor.

I, Gurmit Singh S/o Karam Singh R/o 3, Lakkar Mandi, In Side Akhara Nimansar Amritsar have changed my name from Gurmit Singh to Gurmeet Singh.

I, Rajwinder Singh W/o Rajamarjit Singh R/o H.No.161 Orchid Valley Sher Shah Suri Road Chheharta Amritsar have changed my name to Rajwinder Kaur.

I, Amarjit Kaur W/o Parminder Singh R/o H.No.4825/19 Guru Arjun Dev Nagar Putlighar Amritsar have changed my name to Amarjeet Kaur.

I, Harsimran Singh Maan S/o Sarwan Singh R/o H.No.13, Gali No.11, Pawan Nagar, Batala Road, Amritsar have changed my name from Harsimran Singh Maan to Harsimran Singh.

I, Simerjit Kaur W/o Hardeep Singh R/o H.No. 20, Gali No. 2, Gobind Nagar, Chungi Wala Bazar, Sultanwind Road, Amritsar have changed my name from Simerjit Kaur to Simarjeet Kaur.

I, TARSEM SINGH S/o SARDARA SINGH R/o VPo. Khaira Majja, Distt. Jalandhar, Punjab, India do here by change my name from TARSEM LAL to TARSEM SINGH with immediate effect. All concerned note please.

I, Jarmanjit Singh S/o Balwinder Singh R/o VPO. Dakoha, Tehsil Batala, Distt. Gurdaspur, Punjab have changed my name from Jarmanjit Singh to Given Name as Jarmanjit & Surname as Singh. Concerned Note.

## Change of Name

I, Santlal S/o Surit Pal R/o V. Dakhvapur, PO. Dakhwapur, Distt. Pratapgarh, UP declare that my name i.e. Ram Lal had been mentioned in bank records. That my name i.e. Santlal had been mentioned on my Aadhaar Card. That I have changed my name from Ram Lal to Santlal. That Ram Lal and Santlal is one and the same person.

I, Satish Kumar S/o Hans Raj R/o H.No. 25, Durga Vihar, New Santokhpura, Jalandhar-144004, Punjab have changed my name to Given Name : Satish , Surname : Kumar. All concerned please note.

I, Mahinder Singh S/o Veer Singh R/o Village Lakhan Khurd, Lakhan Kalan, District Kapurthala-144601, Punjab declare that Mahinder Singh as well as Mohinder Singh is one and the same person. All concerned please note.

I, Kanwaljit Kaur (Date of Birth 19-03-1970) W/o Gurdip Singh R/o H.No. 60/160, Guru Nagar, Mithapur, Jalandhar-144001 (Punjab) have changed my name from Kanwaljeet Kaur to Kanwaljit Kaur and my father's accurate name is Jagjit Singh. All concerned please note.

I Gurnoor Singh S/O Lakhvinder Singh Resident Of VPO Sheikhupur District Kapurthala, Have Changed My Name From Gurnoor Singh To Singh Gurnoor.

I, Gurvir s/o Bishan Lal r/o H.No. 103, Gali No.2, Bachint Nagar, Po. Reru, Distt. Jalandhar have changed my name to Gurvir Singh (Surname as Singh) All Please Note.

I, Rajveer Kaur w/o Jagveer Singh r/o VPO. Pattar Kalan, Distt. Jalandhar have changed the spelling of my name from Rajveer Kaur to Rajvir Kaur. All Please Note.

I, Padma Agrawal w/o Laxmi Narayan Aggarwal r/o 7/6, Shiv Nagar, Jalandhar have changed the spelling of my surname to Padma Aggarwal. All Please Note.

I, Lakshmi Narayan Agrawal s/o Dayaram Aggarwal r/o 7/6, Shiv Nagar, Jalandhar have changed the spelling of my name to Laxmi Narayan Aggarwal. All Please Note.

I, Johny Agrawal s/o Laxmi Narayan Aggarwal r/o 84, Sodal Road, Shiv Nagar, Jalandhar have changed the spelling of my surname to Johny Aggarwal. All Please Note.

I, Gulshan Sharma s/o Satpal Sharma r/o H.No. 11/A, Mohan Vihar, Ladhewali Distt. Jalandhar have changed my name to Gulshan Kumar. All Please Note.

I, Taranjot s/o Hardeep Singh R/o H.No.64, Barring, Distt. Jalandhar, Punjab have changed my name from Taranjot to Taranjot Singh. All Please Note.

I, Roopam Dhamija c/o Karun Mehandiratta r/o H.No. 145, Shakti Nagar, Jalandhar have changed my name from Roopam Dhamija to Roopam Mehandiratta. All Please Note.

I, Beena Devi D/o Tarsem Singh W/o Ghar Singh R/o Village Papina, P.O. Tanda Ram Sahai, Mukerian, Distt. Hoshiarpur, Punjab,144214 have changed my name to Veena Devi. All Please Note.

## ਆਮ ਸੂਚਨਾ

ਮੈਂ ਗੁਲਵਿੰਦਰ ਕੌਰ ਪਤਨੀ ਸਤਨਾਮ ਸਿੰਘ ਵਾਸੀ ਪਿੰਡ ਮੱਛਰੀਵਾਲ, ਡਾਕ. ਨੰਦਾਚੌਰ, ਤਹਿਸੀਲ ਵਾ ਜਿਲਾ ਹੁਸ਼ਿਆਰਪੁਰ ਪੰਜਾਬ ਮੇਰੀ ਲੜਕੀ ਦਾ ਨਾਂ ਪੱਲਵੀ ਅਤੇ ਪੱਲਵੀ ਕੌਰ ਦੋਵੇਂ ਇੱਕ ਹੀ ਵਿਅਕਤੀ ਹਨ। ਸਾਰੇ ਸਬੰਧਤ ਕਿਰਪਾ ਕਰਕੇ ਨੋਟ ਕਰੋ।

ਮੈਂ, ਰਾਣੀ ਉਰਫ ਪਰਮਜੀਤ ਕੌਰ ਪਤਨੀ ਗੁਰਦੇਵ ਸਿੰਘ, ਵਾਸੀ ਪਿੰਡ ਨੂਰਪੁਰ ਦੋਨਾਂ, ਡਾਕਖਾਨਾ ਮਨਸੂਰਵਾਲ, ਜ਼ਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਰਾਣੀ ਅਤੇ ਪਰਮਜੀਤ ਕੌਰ ਇੱਕ ਹੀ ਵਿਅਕਤੀ ਹੈ ਅਤੇ ਇਹ ਦੋਨੋਂ ਮੇਰੇ ਹੀ ਨਾਮ ਹਨ ਅਤੇ ਮੈਨੂੰ ਇਨ੍ਹਾਂ ਦੋਨਾਂ ਨਾਮ ਨਾਲ ਜਾਣਿਆ ਜਾਂਦਾ ਹੈ।

ਮੈਂ ਪ੍ਰਮਜੀਤ ਸਿੰਘ ਪੁੱਤਰ ਐਲਸ ਉਰਫ ਲਿਆਸ ਵਾਸੀ ਗਾਂਧੀ ਨਗਰ ਵਾਰਡ ਨੰਬਰ 2 ਰਾਜਾਸਾਂਸੀ ਤਹਿਸੀਲ ਰਾਜਾਸਾਂਸੀ ਜਿਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਐਲਸ ਉਰਫ ਲਿਆਸ ਦੋਨਾਂ ਨਾਵਾਂ ਨਾਲ ਜਾਣੇ ਜਾਂਦੇ ਹਨ ਅਤੇ ਇਕੋ ਵਿਅਕਤੀ ਦੇ ਨਾਮ ਹਨ।

ਮੈਂ, ਵਿਕਰਮਜੀਤ ਸਿੰਘ ਪੁੱਤਰ ਦੇਵਰਾਜ, ਵਾਸੀ ਨਿਹਾਲ ਸਿੰਘ ਵਾਲਾ (ਆਦਰਸ਼ ਨਗਰ), ਤਹਿ: ਨਿਹਾਲ ਸਿੰਘ ਵਾਲਾ , ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੈਂ ਸੋਨੀਆ ਰਾਣੀ ਨੂੰ ਉਸ ਦੇ ਪਿਤਾ ਕੁਲਦੀਪ ਕੁਮਾਰ ਪੁੱਤਰ ਚਮਨ ਲਾਲ ਅਤੇ ਨੀਤਾ ਰਾਣੀ ਪਤਨੀ ਕੁਲਦੀਪ ਕੁਮਾਰ ਵਾਸੀ ਪ੍ਰੁੜਕੋਟ, ਜ਼ਿਲ੍ਹਾ ਫਰੀਦਕੋਟ ਪਾਸੋਂ ਗੋਦ ਲਿਆ ਸੀ ਅਤੇ ਉਸ ਦਾ ਪਾਲਣ-ਪੋਸ਼ਣ ਕੀਤਾ। ਹੁਣ ਸੋਨੀਆ ਰਾਣੀ ਵਾਪਸ ਆਪਣੇ ਜਨਮ ਦੇਣ ਵਾਲੇ ਪਿਤਾ ਕੁਲਦੀਪ ਕੁਮਾਰ ਅਤੇ ਮਾਤਾ ਨੀਤਾ ਰਾਣੀ ਕੋਲ ਰਹਿਣ ਲੱਗ ਪਈ ਹੈ। ਅੱਜ ਤੋਂ ਬਾਅਦ ਮੇਰਾ ਸੋਨੀਆ ਰਾਣੀ ਨਾਲ ਕਿਸੇ ਕਿਸਮ ਦਾ ਕੋਈ ਸੰਬੰਧ ਨਹੀਂ ਹੈ ਅਤੇ ਨਾ ਹੀ ਸੋਨੀਆ ਰਾਣੀ ਦਾ ਮੇਰੀ ਚੱਲ-ਅਚੱਲ ਜਾਇਦਾਦ 'ਤੇ ਕੋਈ ਹੱਕ ਹੋਵੇਗਾ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਸੁਖਵਿੰਦਰ ਸਿੰਘ ਪੁੱਤਰ ਸੰਤਾ ਸਿੰਘ ਪਿੰਡ ਇੰਦਰਾਵਾਲ ਨੇ ਫੌਜਾ ਸਿੰਘ ਪੁੱਤਰ ਨਰਾਇਣ ਸਿੰਘ ਵਾਸੀ ਇੰਦਰਾਵਾਲ ਦਾ ਟਿਊਬਵੈਲ ਕੁਨੈਕਸ਼ਨ ਨੰਬਰ AP30/0860A ਨੂੰ ਆਪਣੇ ਨਾਮ ਕਰਨ ਲਈ ਉਪ ਮੰਡਲ ਅਮੀਪੁਰ (ਜੌੜਾ ਛੱਤਰਾਂ) ਵਿੱਚ ਦਰਖਾਸਤ ਦਿੱਤੀ ਹੈ। ਇਤਰਾਜੀ 15 ਦਿਨਾਂ ਅੰਦਰ ਦਫਤਰ ਨਾਲ ਸੰਪਰਕ ਕਰਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ34/176 ਬਚਨ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਕੈਮਵਾਲਾ ਤੋਂ ਨਾਂਅ ਬਦਲੀ ਕਰਕੇ ਬਲਕਾਰ ਸਿੰਘ ਪੁੱਤਰ ਬਚਨ ਸਿੰਘ ਪਿੰਡ ਕੈਮਵਾਲਾ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ 15 ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 13/0318 ਸਾਹਿਬ ਸਿੰਘ ਪੁੱਤਰ ਅਨੋਖ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਸੁਰਿੰਦਰ ਕੌਰ ਪਤਨੀ ਸਰਵਨ ਸਿੰਘ ਰਕਬਾ ਆਸਿਫ ਵਾਲਾ, ਤਹਿਸੀਲ ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ. ਡੀ. ਓ. ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰ. ਏ ਪੀ02-0265 ਲੋਡ 5 ਬੀ ਐੱਚ ਪੀ, ਜੋ ਕਿ ਜੈਮਲ ਸਿੰਘ ਪੁੱਤਰ ਬਹਾਦਰ ਸਿੰਘ ਪਿੰਡ ਪੱਤੀ ਗੁਰੂ ਨਾਨਕ ਨਗਰ ਦੇ ਨਾਂਅ 'ਤੇ ਚੱਲ ਰਿਹਾ ਹੈ, ਜਿਸ ਨੂੰ ਹੁਣ ਕੁਲਵੰਤ ਸਿੰਘ ਪੁੱਤਰ ਜੈਮਲ ਸਿੰਘ ਪਿੰਡ ਪੱਤੀ ਗੁਰੂ ਨਾਨਕ ਨਗਰ ਨੇ ਆਪਣੇ ਨਾਂਅ 'ਤੇ ਬਦਲੀ ਕਰਾਉਣ ਲਈ ਐਪਲੀਕੇਸ਼ਨ ਦਫਤਰ ਪੀ.ਐੱਸ.ਪੀ.ਸੀ.ਐੱਲ. ਕਾਹਨੂੰਵਾਨ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਪੀ.ਐੱਸ.ਪੀ.ਸੀ.ਐੱਲ. ਕਾਹਨੂੰਵਾਨ ਵਿਖੇ ਲਿਖਤੀ ਰੂਪ ਵਿੱਚ ਪੇਸ਼ ਕਰੇ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ।

## ਬੇਦਖ਼ਲੀ ਨੋਟਿਸ

ਮੈਂ, ਰਣਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪਿੰਡ ਅਤਵਾਰਾਪੁਰ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਤਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਬੇਦਖ਼ਲੀ ਨੋਟਿਸ

[illegible]

ਮੈਂ, ਮਨਜੀਤ ਕੌਰ ਪਤਨੀ ਸ੍ਰੀ ਮੁਲਖ ਰਾਜ, ਵਾਸੀ ਪਿੰਡ ਭਗਵਾਨਪੁਰ, ਲਾਂਬੜਾ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰੋਹਿਤ ਚੰਦਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# 'ਟਾਰਚ ਰਿਲੇਅ' 24 ਨੂੰ ਅੰਮ੍ਰਿਤਸਰੋਂ ਜੈਂਤੀਪੁਰ ਨੇੜੇ ਪਹੁੰਚੇਗੀ




ਬਟਾਲਾ, ਅਗਸਤ (ਡਾ. ਮਲਵਿੰਦਰ ਸਿੰਘ)-ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' 2025 ਨੂੰ ਸਮਰਪਿਤ 'ਟਾਰਚ ਰਿਲੇਅ' 24 ਅਗਸਤ ਨੂੰ ਸ੍ਰੀ ਅੰਮ੍ਰਿਤਸਰ ਤੋਂ ਸਵੇਰੇ ਕਰੀਬ 8 ਵਜੇ ਚੱਲੇਗੀ ਅਤੇ ਜ਼ਿਲ੍ਹਾ ਗੁਰਦਾਸਪੁਰ ਦੀ ਹੱਦ ਜੈਂਤੀਪੁਰ ਨੇੜੇ ਕਰੀਬ ਸਵੇਰੇ 9 ਵਜੇ ਪਹੁੰਚੇਗੀ, ਜਿਥੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ। ਉਨਾਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' 2025 ਨੂੰ ਸਮਰਪਿਤ ਟਾਰਚ ਰਿਲੇਅ ਨੂੰ ਜੈਂਤੀਪੁਰ ਅੱਡੇ 'ਤੇ ਰਿਸੀਵ ਕਰਨ ਉਪਰੰਤ ਟਾਰਚ ਰਿਲੇਅ ਬਟਾਲਾ ਸ਼ਹਿਰ ਵਿੱਚੋਂ ਦੀ ਹੁੰਦੇ ਹੋਏ ਬਟਾਲਾ ਬਾਈਪਾਸ ਉਸਮਾਨਪੁਰ ਸਿਟੀ ਤੋਂ ਨੌਸ਼ਹਿਰਾ ਮੱਝਾ ਸਿੰਘ ਤੋਂ ਧਾਰੀਵਾਲ ਤੋਂ ਗੁਰਦਾਸਪੁਰ ਜ਼ਿਲ੍ਹਾ ਖੇਡ ਦਫਤਰ ਗੁਰਦਾਸਪੁਰ ਵਿਖੇ ਪਹੁੰਚੇਗੀ। 'ਖੇਡਾਂ ਵਤਨ ਪੰਜਾਬ ਦੀਆਂ' 2025 ਨੂੰ ਸਮਰਪਿਤ ਇਹ ਟਾਰਚ ਰਿਲੇਅ ਲੋਕਾਂ ਅਤੇ ਖਿਡਾਰੀਆਂ ਵਿੱਚ ਖੇਡਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਕੱਢੀ ਜਾ ਰਹੀ ਹੈ।

## PUBLIC NOTICE

It is inform to general public that BhupinderKaur wife of S. Gurmukh Singh resident of House No.1/249-A, Azad Nagar, Sultanwind Road, Amritsar is owner and agreed to sell her property One Plot Private No.90, having Length 31 ft 6 inch and breadth 20 ft and as per spot measurement towards east and west 20 ft and north 34 ft south 30 ft, total area measuring 70 sq. yards, which is bounded by(as per sale deed) East: Street 16 ft wide, west: ownership of others, North: House No.89 ownership of Ran Singh and South: House No.91 ownership of Rajpal Singh, bearing Khasra No.1265 Min and as per jamabandiKhasra No.2336/1265 Min situated at Sultanwind Urban, Abadi New ShaheedUdham Singh, Tehsil and District Amritsar to Smt.GagandeepKaur wife of S.Gurinder Pal Singh Resident of H.No.1879/13, Bazar LoharaWala, Amritsar vide agreement to sell dated 24.04.2025 and it has been represented to the Bank that the original previous sale deed 05.10.1977 bearing Document No.2199 executed by Smt. BaljitKaur wife of S. Pritam Singh in favour of Smt. SurinderKaur wife of S.Balwant Singh have been lost and has approached the Bank to tender said property as security, if anyone has any objection or any claim over such property, he/she may inform the Bank within 15 days in writing alongwith proof of his objection/claim, within the given period. Sr. Manager Punjab & Sindh Bank, Sultanwind Road, Amritsar.

## COURT NOTICE

(U/o 5 Rule 20 CPC)
In The Court of Riya Goyal
Civil Judge Junior Division-14, Jalandhar
CNR No. PBJL02-004825-2021
Next Date:- 28-08-2025
MANMOHAN
Vs.
AVINASH KUMAR
Suit for grant of decree of declaration as prayed for.
Publication Issued To:
Aman Kumar
Father: Som Nath
R/O 61, New Raj Nagar, Madhuban Colony, Basti Bawa Khel, Jalandhar

In above titled case, the defendant(s)/ respondent(s) could not be served. It is ordered ther defendant(s)/respondent(s) should appear in person or through counsel on 28-08-2025 at 10.00 a.m.

For details logon to https://highcourtchd.gov.in/?mod=district_notice&district=Jalandhar

Civil Judge Junior Division-14, Jalandhar
Dated, this day of 20-08-2025

## COURT NOTICE

(U/o 5 Rule 20 CPC)
In The Court of
Sh. Bhupinder Mittal
Additional Civil Judge (Senior Division) Khanna
EXE-17-2025
CNR No. PBLDA0-000104-2025
Next Date:-30-08-2025
Gurpal Singh
Vs.
Malkiat Singh
Publication Issued To:
Malkiat Singh
S/o Sh. Dalip Singh S/o Sh. Sewa Singh R/o Village Daheru, Tehsil Khanna, Distt. ludhiana.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 30-08-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Khanna
Dated, this day of 14-08-2025

## ਅਦਾਲਤੀ ਇਸ਼ਤਿਹਾਰ

ਬ ਅਦਾਲਤ ਸ੍ਰੀ ਬਲਵਿੰਦਰ ਸਿੰਘ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ ਜ਼ਿਲ੍ਹਾ ਜਲੰਧਰ
ਮਿਸਲ ਨੰ: 22/ਐੱਨ. ਟੀ/2025
ਦਾਇਰ ਮਿਤੀ: 23-07-2025

ਸ੍ਰੀ ਮੇਜਰ ਸਿੰਘ ਪੁੱਤਰ ਗੁਰਮੇਜ ਸਿੰਘ 2. ਜਰਨੈਲ ਸਿੰਘ (ਮੁਤਵਫੀ) ਮੇਜਰ ਸਿੰਘ ਪੁੱਤਰ ਗੁਰਮੇਜ਼ ਸਿੰਘ 3. ਸ਼ਮਸ਼ੇਰ ਸਿੰਘ ਪੁੱਤਰ ਮੇਜਰ ਸਿੰਘ 4. ਅਮਨਦੀਪ ਕੌਰ ਵਿਧਵਾ ਜਰਨੈਲ ਸਿੰਘ ਪੁੱਤਰ ਮੇਜਰ ਸਿੰਘ ਪਿੰਡ ਮੰਗੂਵਾਲ, ਭੁਮਾਨਾ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ

ਬਨਾਮ

ਸ੍ਰੀ ਦਿਲਬਾਗ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਗੁਰਮੇਜ਼ ਸਿੰਘ ਵਾਸੀ ਮੰਗੂਵਾਲ ਭੁਮਾਨਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ

[illegible]

# ਜਿੱਤ ਰੈਲੀ 24 ਨੂੰ ਸਮਰਾਲਾ 'ਚ : ਅਜਨਾਲਾ



ਛੇਹਰਟਾ, (ਮਨੋਜ ਕੁਮਾਰ)-ਕੁੱਲ ਹਿੰਦ ਕਿਸਾਨ ਸਭਾ ਦੀ ਮੀਟਿੰਗ ਰਣਜੀਤ ਸਿੰਘ ਬੱਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸਵਿੰਦਰ ਸਿੰਘ ਮੀਰਾਂਕੋਟ ਜ਼ਿਲ੍ਹਾ ਜਨਰਲ ਸਕੱਤਰ ਨੇ ਏਜੰਡਾ ਪੇਸ਼ ਕੀਤਾ। ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਏਜੰਡੇ ਬਾਰੇ ਬੋਲਦਿਆਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਿਸੀ ਵਾਪਸ ਲੈਣ ਵਜੋਂ ਸੰਯੁਕਤ ਕਿਸਾਨ ਮੋਰਚਾ ਲੁਧਿਆਣਾ ਦੇ ਸਮਰਾਲਾ ਸ਼ਹਿਰ ਵਿਚ 24 ਅਗਸਤ ਨੂੰ ਜਿੱਤ ਰੈਲੀ ਕਰ ਰਿਹਾ ਹੈ, ਜਿਸ ਵਿਚ ਅੰਮ੍ਰਿਤਸਰ ਜ਼ਿਲ੍ਹੇ ਤੋਂ 100 ਤੋਂ ਵਧੇਰੇ ਕਿਸਾਨ ਸ਼ਾਮਿਲ ਹੋਣਗੇ। ਇਸ ਸਬੰਧੀ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਪੰਜਾਬ ਵਿੱਚ ਆਏ ਹੜ੍ਹਾਂ ਬਾਰੇ ਬੋਲਦਿਆਂ ਕਿਹਾ ਕਿ ਇਹ ਸਰਕਾਰਾਂ ਦੀ ਨਾਲਾਇਕੀ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਮਦਦ ਕਰਨੀ ਅਤਿ ਜ਼ਰੂਰੀ ਹੈ ਪਰ ਸਰਕਾਰਾਂ ਟਾਲ-ਮਟੋਲ ਕਰ ਰਹੀਆਂ ਹਨ। ਇਸ ਮੀਟਿੰਗ ਵਿਚ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਕਿਸਾਨ ਸਭਾ ਦੀ ਮਜ਼ਬੂਤੀ ਲਈ ਪਿੰਡ-ਪਿੰਡ ਵਿਚ ਯੂਨਿਟ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਡੀਏਪੀ ਖਾਦ ਸੋਸਾਇਟੀ ਰਾਹੀਂ ਦੇਣ ਦਾ ਹੁਕਮ ਹੈ ਪਰ ਸੋਸਾਇਟੀ ਮੈਂਬਰ ਨਹੀਂ ਬਣਾਏ ਜਾ ਰਹੇ, ਜਿਸ ਕਾਰਨ ਕਿਸਾਨਾਂ ਵਿਚ ਭਾਰੀ ਰੋਸ ਹੈ। ਕਿਸਾਨ ਸਭਾ ਮੰਗ ਕਰਦੀ ਹੈ ਕਿਸਾਨਾਂ ਨੂੰ ਸੋਸਾਇਟੀ ਮੈਂਬਰ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਕਿਸਾਨ ਸਭਾ ਦੀ ਮਜ਼ਬੂਤੀ ਲਈ ਹਰ ਮਹੀਨੇ ਪਹਿਲੇ ਸ਼ਨੀਵਾਰ ਪਾਰਟੀ ਦਫ਼ਤਰ ਵਿਚ ਮੀਟਿੰਗ ਹੋਇਆ ਕਰੇਗੀ। ਇਸ ਮੌਕੇ ਦਿਆਲ ਸਿੰਘ ਕਲੇਰ, ਭੁਪਿੰਦਰਜੀਤ ਛੀਨਾ, ਕੁਲਵੰਤ ਸਿੰਘ ਸਹਿੰਸਰਾ, ਬਖ਼ਤਾਵਰ ਸਿੰਘ, ਸੁਰਿੰਦਰ ਸਿੰਘ ਸਿੱਧੂ, ਲਾਹੌਰਾ ਸਿੰਘ, ਬਲਜਿੰਦਰ ਸਿੰਘ, ਐਡਵੋਕੇਟ ਕੰਵਲਜੀਤ ਕੌਰ, ਮਨਜੀਤ ਕੌਰ, ਮਨਦੀਪ ਕੌਰ, ਨਿਰਮਲ ਸਿੰਘ ਆਦਿ ਵੀ ਹਾਜ਼ਰ ਸਨ।

## ਦਰੱਖਤਾਂ ਦੀ ਨਿਲਾਮੀ

ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਪਿੰਡ ਕਲੇਰ ਕਲਾਂ (ਬਲਾਕ ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ) ਵੱਲੋਂ ਸ਼ਮਸ਼ਾਨਘਾਟ ਵਿੱਚੋਂ 23 ਰੁੱਖਾਂ (ਸਫੈਦੇ) ਦੀ ਨਿਲਾਮੀ 23 ਅਗਸਤ 2025 ਨੂੰ ਸਵੇਰੇ 10 ਵਜੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਸਮੇਂ ਸਿਰ ਪਹੁੰਚਣ। ਨਿਲਾਮੀ ਦੀਆਂ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

[illegible]


## ਅਦਾਲਤੀ ਇਸ਼ਤਿਹਾਰ

[illegible]

## ਪਬਲਿਕ ਨੋਟਿਸ

[illegible]

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਹਰਿੰਦਰ ਸਿੰਘ    ਪਿਤਾ/ਪਤੀ ਦਾ ਨਾਮ : ਹਰਜੀਤ ਸਿੰਘ
ਪਤਾ: LOHAR PARTAP PURA JALANDHAR, Village - Lohara / Tehsil - Jalandhar-1 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : ਮਨਜੋਤ ਸਿੰਘ    ਪੱਕਾ ਪਤਾ: LOHAR PARTAP PURA JALANDHAR, Lohara Jalandhar-1, Jalandhar, Punjab    ਵਿਦੇਸ਼ੀ ਪਤਾ: Pct Sa De Miranda No 2 3B 2660324 Santo Antonio Dos Cavalei Ros Loures Lisbon Portugal / ਪੀਸੀਟੀ ਐਸਏ ਡੀ ਮਿਰਾਂਡਾ ਨੰਬਰ 2 3ਬੀ 2660324 ਸੈਂਟੋ ਐਂਟੋਨੀਓ ਡੋਸ ਕੇਵਲੇਈ ਰੋਸ ਲੋਰੇਸ ਲਿਸਬਨ ਪੁਰਤਗਾਲ    ਉਮਰ/ਜਨਮ ਮਿਤੀ: 25-(12/02/2000)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 18/08/2025ਨੂੰ ਜਾਰੀ ਹੋਇਆ।

ਨੰਬਰ 74/ਨੰਬਰ/ਰੀਡਰ    ਮਿਤੀ 18-08-2025    ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## PUBLIC NOTICE

(In Case of chain title deed is lost/misplaced)

Notice is hereby given that one Mr./Mrs./M/s. Indu Kalia W/o Sharwan Kumar (here inafter referred to as the said Mortgagors/Borrowers) have created mortgage in respect of the Flat /Property more particularly described in the Schedule hereunder in favour of my/our clients IDFC First Bank Limited (Branch Address 1st Floor, Sumanglam Bulding, 46, THE MALL, Amritsar. 143001. According to the said Mortgagors /Borrowers, original documents namely Sale Deed executed by Sarabdeep Singh S/o Hazara Singh, Gursharan Singh, Harsharan Singh sons of Amarjit Singh through GPA Kuljit Singh S/o Jarnail Singh in favour of Ranjit Kaur W/o Jaskaran Singh vide sale deed regd dated 25.07.2012 as doc no.6428 dated 25.07.2012 bearing registration no. 6428 from Sunita Rani and Rajinder Kumar (Sellers) have been lost/ misplaced and not traceable. If the aforesaid Original Agreements/Deeds/Documents, found by any person, the same shall be handed over at the address mentioned herein below. Further, if any person, body, individual, institution having any claim and / or objection in respect of or against or relating to or touching upon said property by way of sale, lease,lien, mortgage, charge, encumbrance, gift, easement, maintenance, inheritance, testamentary deposition or otherwise or having in their custody any title, documents pertaining the said Flat shall communicate the same to the undersigned at my address within 7 days from the publication of this notice with documentary evidence in support thereof, failing which all the claim, of such person shall be considered to have been waived and or abandoned. Any objections raised after the completion of the 7days shall not binding upon the said flat or my Client.

THE SCHEDULE ABOVE REFERRED TO
(Detail description of the property)

Plot Private no 2, Area 111.11 Sq. yards, khasra No 644 situated at Rakba Tungbala Sub urban Abadi Chaudhary Hari Singh Nagar Amritsar AMRITSAR 143001 PUNJAB
Place: Amritsar Dated 21-08-2025
Name and Address of the Panel Advocate
Vikas Verma (Advocate) Ph. No 0183-2563029, M - 9815156302
Email:- vikasverma264@gmail.com
Branch Office cum Residence, 264 Basant Avenue, Amritsar. 143001

## asREC (India) Limited

Regd. Office: 201/202A, Building No. 2, Solitaire Corporate Park, Andheri Ghatkopar Lind Road, Chakala, Andheri (E), Mumbai – 400093. Branch Office- 402, 4th floor, APRA Tower, SCO-130-131-132, Feroze Gandhi Market Ludhiana, Punjab - 141001, Ph. No. 0161-4625488

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ

ਐੱਮ/ਐੱਸ ਸੰਗਮ ਵਾਈਨ ਟਰੇਡਰਜ਼ ਦੇ ਖਾਤੇ 'ਚ ਅਲਾਹਾਬਾਦ ਬੈਂਕ (ਹੁਣ ਇੰਡੀਅਨ ਬੈਂਕ) ਗਿਰਵੀ ਕਲਾਂ ਹੇਠਾਂ ਦਿੱਤੇ ਅਚੱਲ ਸਕਿਉਰਡ ਐੱਸਟਸ, ਜੋ ਤਹਿਸੀਲਦਾਰ-ਕਮ-ਕਾਰਜਕਾਰੀ ਮੈਜਿਸਟ੍ਰੇਟ (ਈਸਟ) ਨੰ. 1514 ਮਿਤੀ 25-07-2025 ਵੱਲੋਂ ਜਾਰੀ ਭੌਤਿਕ ਕਬਜ਼ੇ ਦੀ ਪਾਲਣਾ ਹਿੱਤ ਨੋਟਿਸ, ਉਕਤ ਜਾਇਦਾਦ ਦਾ ਭੌਤਿਕ ਕਬਜ਼ਾ ਸਰਫੇਸੀ ਐਕਟ ਦੀਆਂ ਵਿਵਸਥਾਵਾਂ ਅਧੀਨ ਆਰਡਰ ਮਿਤੀ 16-12-2022 ਅਨੁਸਾਰ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਨਿਯੁਕਤ ਡਿਊਟੀ ਮੈਜਿਸਟ੍ਰੇਟ ਰਾਹੀਂ ਮਿਤੀ 18-08-2025 ਨੂੰ ਐਸਰੈਕ ਇੰਡੀਆ ਲਿਮਟਿਡ ਵੱਲੋਂ ਲੈ ਲਿਆ ਗਿਆ ਹੈ।

ਉਕਤ ਸਕਿਉਰਡ ਐੱਸਟਸ ਐਸਰੈਕ (ਇੰਡੀਆ) ਲਿਮਟਿਡ ਵੱਲੋਂ ਸ੍ਰੀ ਗਿਰਧਾਰੀ ਲਾਲ ਬੱਸੀ ਪੁੱਤਰ ਸ੍ਰੀ ਬਾਂਸੀ ਲਾਲ ਨੂੰ 10-06-2025 ਨੂੰ ਈ-ਨਿਲਾਮੀ ਰਾਹੀਂ ਵੇਚ ਦਿੱਤੇ ਗਏ ਹਨ। ਸ੍ਰੀ ਗਿਰਧਾਰੀ ਲਾਲ ਨੂੰ ਵਿਕਰੀ ਸਰਟੀਫਿਕੇਟ 02.01.2025 ਨੂੰ ਜਾਰੀ ਕਰ ਦਿੱਤਾ ਗਿਆ ਹੈ। ਨਿਰਧਾਰਤ ਜਾਇਦਾਦ ਦਾ ਭੌਤਿਕ ਕਬਜ਼ਾ ਸ੍ਰੀ ਗਿਰਧਾਰੀ ਲਾਲ ਬੱਸੀ ਨੂੰ 19-08-2025 ਨੂੰ ਦੇ ਦਿੱਤਾ ਗਿਆ ਹੈ।

### ਅਚੱਲ ਸਕਿਉਰਡ ਐੱਸਟਸ ਦੀ ਅਨੁਸੂਚੀ

ਵਪਾਰਕ ਜਾਇਦਾਦ ਅਮਨ ਹਾਊਸ ਨਾਲ ਜਾਣੀ ਜਾਂਦੀ, ਜਿਸ ਦਾ ਐੱਮ ਸੀ ਨੰ. XXIII -3704, ਰਕਬਾ 1359 ਵਰਗ ਗਜ਼, ਨਿਊ ਸ਼ਿਵਾ ਜੀ ਨਗਰ ਵਿਖੇ ਸਥਿਤ ਬੱਸ ਸਟੈਂਡ ਤੋਂ ਸਮਰਾਲਾ ਚੌਂਕ ਰੋਡ ਦੇ ਖੱਬੇ ਪਾਸੇ, ਖਸਰਾ ਨੰ. 7//21/9, 22/1/5, 7//21/10, 22/1/4, ਖੱਤਾ ਨੰ. 751/795, 765/808 ਜਮ੍ਹਾਂਬੰਦੀ ਸਾਲ 2003-2004 ਪਿੰਡ ਸ਼ੇਰਪੁਰ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ।

ਅਧਿਕਾਰਤ ਅਫਸਰ
ਮਿਤੀ : 19.08.2025    ਐਸਰੈਕ (ਇੰਡੀਆ) ਲਿਮਟਿਡ
ਸਥਾਨ : ਲੁਧਿਆਣਾ    ਐਸਰੈਕ ਦੇ ਟਰੱਸਟੀ ਵਜੋਂ ਪੀ ਐੱਸ-14/2015-16 ਟਰੱਸਟ

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ (ਰੁਪਏ) |
|---|---|---|---|---|---|---|
| 1. | 1. ਸ੍ਰੀ ਜਗਪਾਲ ਪੁੱਤਰ ਰਾਮ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਊਸ਼ਾ ਦੇਵੀ ਪਤਨੀ ਜਗਪਾਲ (ਸਹਿ-ਕਰਜ਼ਦਾਰ | ਬੈਨਾਮਾ ਨੰ. 2520 ਮਿਤੀ 20.11.2014 ਅਨੁਸਾਰ ਸ੍ਰੀ ਜਗਪਾਲ ਪੁੱਤਰ ਰਾਮ ਤੀਰਥ ਦੇ ਨਾਂਅ ਰਜਿਸਟਰਡ ਜਾਇਦਾਦ/ ਪਲਾਟ ਰਕਬਾ 3.67 ਮਰਲੇ, ਖੱਤਾ ਨੰ. 466/743, ਖਤੌਨੀ ਨੰ. 734,735, | 11th-May-2025 | 27th-May-2025 | 18th-Aug-2025 | ਰੁਪਏ 9,38,261.64 (ਨੌਂ ਲੱਖ ਅਠੱਤੀ ਹਜ਼ਾਰ ਦੋ ਸੌ ਇਕਾਹਠ ਰੁਪਏ ਚੌਂਹਠ ਪੈਸੇ ਕੇਵਲ) |

ਖਸਰਾ ਨੰ. 962/2 (5-17), 962/1 (11-13), ਜਮ੍ਹਾਂਬੰਦੀ ਸਾਲ 2014-15, ਗਲੀ ਨੰ. 12, ਗਾਂਧੀ ਨਗਰ, ਰਾਮਪੁਰਾ ਫੂਲ, ਫੂਲ-II, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ 47' ਖਾਲੀ ਪਲਾਟ, ਪੱਛਮ : 45'5" ਖਾਲੀ ਪਲਾਟ, ਉੱਤਰ : 22 ਰਾਜਕੁਮਾਰ, ਦੱਖਣ :22' ਗਲੀ।

ਮਿਤੀ : 22.08.2025    ਸਹੀ/-(ਅਧਿਕਾਰਤ ਅਫਸਰ)
ਸਥਾਨ : ਲੁਧਿਆਣਾ    ਐਕਸਿਸ ਬੈਂਕ ਲਿਮਟਿਡ

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### [ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 (2002 ਦਾ54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈਆਂ ਮਿਤੀਆਂ 'ਤੇ ਹਰੇਕ ਖਾਤੇ ਵਿਰੁੱਧ ਡਿਮਾਂਡ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਇਸ ਤੋਂ ਬਾਅਦ ਉਨ੍ਹਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਕਮ ਵਾਪਸ ਕਰਨ 'ਚ ਅਸਫਲ ਰਿਹਾ ਹੈ, ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਦੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਰਕਮ ਅਤੇ ਉਸ ਉਪਰ ਵਿਆਜ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|---|
| 1. | 1. ਸ੍ਰੀ ਸੋਨੂ ਪੁੱਤਰ ਭੋਲਾ ਸਿੰਘ (ਕਰਜ਼ਦਾਰ) ਅਤੇ 2. ਸ੍ਰੀਮਤੀ ਨੀਲਮ ਕੁਮਾਰੀ ਪਤਨੀ ਸ੍ਰੀ ਸੋਨੂ (ਸਹਿ-ਕਰਜ਼ਦਾਰ/ਰਹਿਣਕਾਰ) | ਬੈਨਾਮਾ ਦਸਤਾਵੇਜ਼ ਨੰ. 2019-20/89/1/504 ਮਿਤੀ 15.04.2019 ਅਨੁਸਾਰ ਸ੍ਰੀਮਤੀ ਨੀਲਮ ਕੁਮਾਰੀ ਪਤਨੀ ਸ੍ਰੀ ਸੋਨੂ ਦੇ ਨਾਂਅ ਜਾਇਦਾਦ/ਪਲਾਟ | 15th-Nov. 2023 | 19th August 2025 | ਰੁਪਏ 9,67,948/- (ਨੌਂ ਲੱਖ ਸਤਾਹਠ ਹਜ਼ਾਰ ਨੌਂ ਸੌ ਅਠਤਾਲੀ ਰੁਪਏ ਕੇਵਲ) |

ਪ੍ਰਾਈਵੇਟ ਨੰ. 67-ਸੀ 'ਤੇ ਬਣਿਆ ਮਕਾਨ ਰਕਬਾ 40 ਵਰਗ ਗਜ਼, ਖਸਰਾ ਨੰ. 742 ਮਿਨ, ਖੇਵਟ ਨੰ. 1375, ਖਤੌਨੀ ਨੰ. 2853, ਜਮ੍ਹਾਂਬੰਦੀ ਸਾਲ 2011-12, ਸੁਲਤਾਨਵਿੰਡ ਅਰਬਨ ਅਬਾਦੀ ਦਸਮੇਸ਼ ਐਵੇਨਿਊ, ਨੇੜੇ ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ।
ਹੱਦਾਂ : (ਦਸਤਾਵੇਜ਼ ਅਨੁਸਾਰ)
ਪੂਰਬ : ਪਟੜੀ ਕੈਨਾਲ,
ਪੱਛਮ : ਹੋਰ ਦੀ ਮਲਕੀਅਤ,
ਉੱਤਰ : ਜਾਇਦਾਦ ਨੰ. 67-ਬੀ ਰਣਧੀਰ ਸਿੰਘ,
ਦੱਖਣ : ਪਲਾਟ ਨੰ. 67-ਸੀ ਗੁਰਦੇਵ ਸਿੰਘ ਦਾ ਬਾਕੀ ਹਿੱਸਾ।

ਉਪਰੋਕਤ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਰਕਮ ਵਾਪਸ ਮੋੜਨ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ, ਨਹੀਂ ਤਾਂ ਰਹਿਣ ਕੀਤੀਆਂ ਜਾਇਦਾਦਾਂ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨ ਗੁਜ਼ਰ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀਆਂ ਜਾਣਗੀਆਂ।

ਮਿਤੀ : 22-08-2025    ਸਹੀ/- (ਅਧਿਕਾਰਤ ਅਫਸਰ)
ਸਥਾਨ : ਅੰਮ੍ਰਿਤਸਰ    ਐਕਸਿਸ ਬੈਂਕ ਲਿਮਟਿਡ

# ਹੜ੍ਹ ਪ੍ਰਭਾਵਤ ਇਲਾਕੇ ਦੇ ਲੋਕਾਂ ਦਾ ਹਾਲ ਜਾਨਣ ਪਹੁੰਚੇ ਕੈਬਨਿਟ ਮੰਤਰੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਹਿਮਾਚਲ ਤੇ ਪੰਜਾਬ ਵਿੱਚ ਰੁਕ ਰੁਕ ਕਿ ਪੈ ਰਹੇ ਮੀਂਹ ਨੇ ਹੜ੍ਹਾਂ ਵਿੱਚ ਘਿਰੇ ਮੰਡ ਦੇ ਲੋਕਾਂ ਦੀਆਂ ਚਿੰਤਾਵਾਂ ਨੂੰ ਹੋਰ ਵਧਾ ਦਿੱਤਾ ਹੈ।ਪਿਛਲੇ 10 ਦਿਨਾਂ ਤੋਂ ਬਿਆਸ ਦਰਿਆ ਦੇ ਠਾਠਾਂ ਮਾਰਦੇ ਪਾਣੀ ਦੀਆਂ ਛੱਲਾਂ ਵਿੱਚ ਆਏ 16 ਪਿੰਡਾਂ ਦੇ ਲੋਕਾਂ ਦੀ ਜਾਨ ਉਸ ਵੇਲੇ ਮੁਠ ਵਿੱਚ ਆ ਗਈ ਜਦੋਂ ਉਹਨਾਂ ਨੂੰ ਇਸ ਗੱਲ ਦੀ ਭਿਣਕ ਲੱਗੀ ਪੌਂਗ ਡੈਮ ਤੋਂ ਬਿਆਸ ਦਰਿਆ ਵਿੱਚ ਹੋਰ ਪਾਣੀ ਛੱਡਿਆ ਜਾ ਰਿਹਾ ਹੈ।ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਤੇ ਕਿਸਾਨਾਂ ਦੀਆਂ ਮੁਸ਼ਕਲਾਂ ਨੇੜੇ ਤੋਂ ਜਾਣਿਆ। ਕੈਬਨਟ ਮੰਤਰੀ ਗੋਇਲ ਨੇ ਇਲਾਕੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਦੀ ਪਹਿਲ ਉਹਨਾਂ ਦੀਆਂ ਜ਼ਿੰਦਗੀਆਂ ਨੂੰ ਬਚਾਉਣਾ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦੱਦ ਕਰਨ ਲਈ ਤਿਆਰ ਹੈ।ਉਹਨਾਂ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਪ੍ਰਸ਼ੰਸਾ ਕਰਦਿਆ ਕਿਹਾ ਕਿ ਪਹਿਲੇ ਦਿਨ ਤੋਂ ਹੀ ਉਹ ਪੀੜਤ ਲੋਕਾਂ ਦੀ ਸਹਾਇਤਾ ਲਈ ਹਰ ਵੇਲੇ ਮੌਜੂਦ ਰਹੇ। ਇਸ ਮੌਕੇ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੂੰ ਹਲਾਤਾਂ ਤੋਂ ਜਾਣੂ ਕਰਵਾਇਆ। ਉਹਨਾਂ ਮੰਗ ਕੀਤੀ ਕਿ ਪਾਣੀ ਘੱਟਣ ਤੋਂ ਬਾਅਦ ਕਿਸਾਨਾਂ ਦੇ ਖੇਤਾਂ ਵਿੱਚ ਆਈ ਰੇਤਾਂ ਨੂੰ ਚੁੱਕਣ



ਵਿੱਚ ਮਦੱਦ ਕੀਤੀ ਜਾਵੇ ਅਤੇ ਅਗਲੀ ਫਸਲ ਬੀਜਣ ਤੋਂ ਪਹਿਲਾਂ ਪੀੜਤ ਕਿਸਾਨਾਂ ਨੂੰ ਮੁਆਵਜ਼ੇ ਦੀ ਰਾਸ਼ੀ ਮਿਲ ਜਾਵੇ। ਇਹ ਇਲਾਕੇ ਦੇ ਕਿਸਾਨਾਂ ਲਈ ਬਹੁਤ ਵੱਡੀ ਰਾਹਤ ਹੋਵੇਗੀ। ਜ਼ਿਕਰਯੋਗ ਹੈ ਕਿ ਸੰਤ ਸੀਚੇਵਾਲ ਨੇ ਪਹਿਲਾਂ ਹੀ ਪ੍ਰਧਾਨ ਮੰਤਰੀ, ਕੇਂਦਰੀ ਖੇਤੀਬਾੜੀ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੋਈ ਹੈ। ਅੱਜ ਵੀ ਉਹਨਾਂ ਜਲ ਸਰੋਤ ਮੰਤਰੀ ਸ਼੍ਰੀ ਗੋਇਲ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਸ਼ਿੱਦਤ ਨਾਲ ਕਿਸਾਨਾਂ ਦੀ ਬਾਂਹ ਫੜ੍ਹੇ। ਇਸ ਦੌਰੇ ਦੌਰਾਨ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ, ਡਿਪਟੀ ਕਮਿਸ਼ਨਰ ਅਮਿਤ ਪੰਚਾਲ, ਐਸ.ਐਸ.ਪੀ ਗੌਰਵ ਤੂਰਾ, ਡਰੇਨੇਜ਼ ਵਿਭਾਗ ਦੇ ਚੀਫ ਇੰਜੀਅਨਰ ਮਹਿੰਦੀ ਰੱਤਾ, ਏ.ਡੀ.ਸੀ ਨਵਨੀਤ ਕੌਰ ਬੱਲ, ਐਸ.ਡੀ.ਐਮ ਅਲਕਾ ਕਾਲੀਆ, ਡੀ.ਐਸ.ਪੀ ਹਰਗੁਰਦੇਵ ਸਿੰਘ ਸਮੇਤ ਹੋਰ ਵੀ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਜਦੋਂ ਹੜ੍ਹ ਪੀੜਤਾਂ ਦਾ ਹਾਲ ਜਾਨਣ ਲਈ ਜਦੋਂ ਪਿੰਡ ਬਾਊਪੁਰ ਗਏ ਤਾਂ ਪਾਣੀ ਵਿੱਚ ਘਿਰੇ ਇੱਕ ਪਰਿਵਾਰ ਨੇ ਆਪਣੇ ਦੁੱਖ ਦਸਦਿਆ ਕਿਹਾ ਕਿ ਉਹ ਆਪਣਾ ਘਰ ਛੱਡ ਕਿ ਕਿੱਥੇ ਜਾਣ. ? ਘਰ ਦੇ ਬਾਹਰ ਕਿਸ਼ਤੀ ਵਿੱਚ ਹੀ ਖੜ੍ਹੇ ਰਹੇ ਜਲ ਸਰੋਤ ਮੰਤਰੀ ਨੇ ਪੀੜਤ ਪਰਿਵਾਰਾਂ ਦੇ ਮੈਂਬਰਾ ਨੂੰ ਕਿਹਾ ਕਿ ਸਰਕਾਰ ਦਾ ਮਕਸਦ ਸਭ ਤੋਂ ਪਹਿਲਾਂ ਲੋਕਾਂ ਦਾ ਜ਼ਿੰਦਗੀਆਂ ਨੂੰ ਬਚਾਉਣਾ ਹੈ। ਪੀੜਤ ਪਰਿਵਾਰ ਨੇ ਕਿਹਾ ਕਿ ਹਰ ਦੂਜੇ ਸਾਲ ਉਹਨਾਂ ਦਾ ਉਜਾੜਾ ਹੁੰਦਾ ਹੈ। ਉਹਨਾਂ ਮੰਗ ਕੀਤੀ ਕਿ ਇਸਦਾ ਪੱਕਾ ਹੱਲ ਕੀਤਾ ਜਾਵੇ।

# ਭਾਜਪਾ ਆਗੂਆਂ ਦੀ ਗ੍ਰਿਫਤਾਰੀ, ਆਪ ਦੀ ਬੁਖਲਾਹਟ ਦਾ ਨਤੀਜਾ : ਚੰਦੀ, ਸ਼ਰਮਾ

**ਸ਼ਾਹਕੋਟ (ਗਿਆਨ ਸੈਦਪੁਰੀ)**- ਰੂਪੇਵਾਲ ਮੰਡੀ ਵਿੱਚ ਭਾਜਪਾ ਵੱਲੋਂ ਲਾਏ ਜਾਣ ਵਾਲੇ ਕੈਂਪ ਦੀ ਪ੍ਰਸ਼ਾਸਨ ਕੋਲੋਂ ਪ੍ਰਵਾਨਗੀ ਨਾ ਲੈਣ ਨੂੰ ਆਧਾਰ ਬਣਾ ਕੇ ਭਾਜਪਾ ਆਗੂਆਂ ਨੂੰ ਸ਼ਾਹਕੋਟ ਪੁਲਸ ਵੱਲੋਂ ਗ੍ਰਿਫਤਾਰ ਕਰਨ ਦੀ ਵੱਖ ਵੱਖ ਆਗੂਆਂ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਕੇਂਦਰ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਬਾਰੇ ਆਮ ਲੋਕਾਂ ਨੂੰ ਜਾਣਕਾਰੀ ਦੇਣ ਲਈ ਭਾਜਪਾ ਵੱਲੋਂ ਪਿਛਲੇ ਸਮੇਂ ਤੋਂ ਕੈਂਪ ਲਾਏ ਜਾ ਰਹੇ ਹਨ। ਇਸੇ ਸਿਲਸਿਲੇ ਤਹਿਤ ਭਾਜਪਾ ਆਗੂ ਵੀਰਵਾਰ ਨੂੰ ਮਾਰਕੀਟ ਕਮੇਟੀ ਸ਼ਾਹਕੋਟ ਅਧੀਨ ਪੈਂਦੀ ਰੂਪੇਵਾਲ ਮੰਡੀ ਪਹੁੰਚੇ ਤਾਂ ਉਨ੍ਹਾਂ ਨੂੰ ਸ਼ਾਹਕੋਟ ਪੁਲਸ ਵੱਲੋਂ ਗ੍ਰਿਫਤਾਰ ਕਰਕੇ ਜ਼ਿਲ੍ਹੇ ਦੇ ਬਿਲਗਾ ਥਾਣੇ ਲਿਜਾਇਆ ਗਿਆ। ਗ੍ਰਿਫਤਾਰ ਕੀਤੇ ਗਏ ਆਗੂਆਂ ਵਿੱਚ ਹਲਕਾ ਸ਼ਾਹਕੋਟ ਦੇ ਕੈਂਪ ਇੰਚਾਰਜ ਰਾਣਾ ਹਰਦੀਪ ਸਿੰਘ ਅਤੇ ਸਾਬਕਾ ਵਿਧਾਇਕ ਕੇ ਡੀ ਭੰਡਾਰੀ ਸ਼ਾਮਲ ਹਨ। ਗ੍ਰਿਫਤਾਰੀਆਂ ਵੇਲੇ ਪੁਲਸ ਅਤੇ ਭਾਜਪਾ ਵਰਕਰਾਂ ਦਰਮਿਆਨ ਬਹਿਸ-ਮੁਬਾਹਸਾ ਵੀ ਹੋਇਆ। ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਇੰਚਾਰਜ ਨਰਿੰਦਰ ਪਾਲ ਸਿੰਘ ਚੰਦੀ ਨੇ ਕਿਹਾ ਕਿ



ਜੋ ਕੁਝ ਪਿਛਲੇ ਦਿਨੀਂ 'ਆਪ' ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਸੀ, ਉਸ ਨੂੰ ਅਮਲੀ ਰੂਪ ਦੇਣ ਲਈ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਹ ਕਾਰਵਾਈ ਲੋਕਤੰਤਰੀ ਭਾਵਨਾਵਾਂ ਦੇ ਵਿਰੁੱਧ ਹੈ। ਭਾਜਪਾ ਹਲਕਾ ਕੋਆਰਡੀਨੇਟਰ ਦੀਪਕ ਸ਼ਰਮਾ ਨੇ ਭਾਜਪਾ ਆਗੂਆਂ ਦੀ ਗ੍ਰਿਫਤਾਰੀ ਦੀ ਨਿਖੇਧੀ ਕਰਦਿਆਂ ਕਿਹਾ ਕਿ 'ਆਪ' ਆਪਣੀਆਂ ਅਸਫਲਤਾਵਾਂ ਦੇ ਕਾਰਨ ਬੁਖਲਾਹਟ ਵਿੱਚ ਆ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਾਜਪਾ ਦਾ ਹੱਕ ਹੈ ਕਿ ਉਹ ਕੇਂਦਰੀ ਸਕੀਮਾਂ ਬਾਰੇ ਪੰਜਾਬ ਦੇ ਲੋਕਾਂ ਨੂੰ ਜਾਣਕਾਰੀ ਦੇਵੇ। ਸ਼ਰਮਾ ਨੇ ਕਿਹਾ ਕਿ ਆਪ ਵਾਲੇ ਭਾਜਪਾ ਦੀ ਵਧਦੀ ਹੋਈ ਲੋਕਪ੍ਰਿਅਤਾ ਤੋਂ ਘਬਰਾ ਗਏ ਹਨ।

## 24 ਦੀ ਰੈਲੀ 'ਚ ਨਵਾਂਸ਼ਹਿਰ ਤੋਂ ਕਿਸਾਨ ਦਾ ਜਥਾ ਸ਼ਾਮਲ ਹੋਵੇਗਾ : ਭੰਗਲ

**ਬੰਗਾ (ਅਵਤਾਰ ਕਲੇਰ)** ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਨੂੰ ਸਮਰਾਲਾ ਮੰਡੀ ਵਿੱਚ ਜੇਤੂ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ 'ਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਲੱਗਭਗ 100 ਕਿਸਾਨਾਂ ਦਾ ਜਥਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੁਲ ਹਿੰਦ ਕਿਸਾਨ ਸਭਾ (1936) ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਨੂੰ ਵਾਪਸ ਲੈਣ ਤੇ ਇਹ ਰੈਲੀ ਕੀਤੀ ਜਾ ਰਹੀ ਹੈ।ਉਹਨਾਂ



ਕਿਹਾ ਕਿ ਸਰਕਾਰ ਵੱਲੋਂ ਲਗਭਗ 66000 ਏਕੜ ਜ਼ਮੀਨ ਕਿਸਾਨਾਂ ਤੋਂ ਜਬਰੀ ਲੈ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਚਾਹੁੰਦੀ ਹੈ। ਜਿਸ ਦਾ ਪੰਜਾਬ ਦੇ ਲੋਕਾਂ ਵੱਲੋਂ ਬਹੁਤ ਹੀ ਵਿਰੋਧ ਕੀਤਾ ਅਤੇ ਸਰਕਾਰ ਨੂੰ ਕਿਸਾਨਾਂ ਦੇ ਸੰਘਰਸ਼ ਅੱਗੇ ਝੁਕਣਾ ਪਿਆ ਅਤੇ ਇਹ ਫੈਸਲਾ ਵਾਪਸ ਲੈਣਾ ਪਿਆ। ਇਸ ਮੌਕੇ ਗੁਰਮੁਖ ਸਿੰਘ ਫਰਾਲਾ, ਜੁਝਾਰ ਸਿੰਘ ਕੁੱਕੜ ਮਜਾਰਾ, ਦਸੌਂਧਾ ਸਿੰਘ, ਗੁਰਿੰਦਰ ਰਾਹੋਂ, ਜਸਵਿੰਦਰ ਰਾਹੋਂ, ਨਰੰਜਣ ਦਾਸ ਮੇਹਲੀ ਤੇ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

## ਓਮ ਪ੍ਰਕਾਸ਼ ਕਾਲਜ ਦਾ ਨਤੀਜਾ ਸ਼ਾਨਦਾਰ

**ਕਰਤਾਰਪੁਰ (ਹਰਮੇਸ਼ ਦੱਤ)**- ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਐੱਡ ਸਮੈਸਟਰ ਚੌਥਾ ਦਾ ਨਤੀਜਾ ਐਲਾਨਿਆ ਗਿਆ। ਜਿਸ ਵਿੱਚ ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ਼ ਐਜੂਕੇਸ਼ਨ, ਦਿਆਲਪੁਰ ਦਾ ਨਤੀਜਾ ਸ਼ਾਨਦਾਰ ਰਿਹਾ। ਨਤੀਜਿਆਂ ਅਨੁਸਾਰ ਸਚਲੀਨ ਕੌਰ ਨੇ 7.98 ਸੀ.ਜੀ.ਪੀ.ਏ. ਅੰਕ ਪ੍ਰਾਪਤ ਕਰ 79.8 ਫੀਸਦੀ ਨਾਲ ਯੂਨੀਵਰਸਿਟੀ ਡਿਸਟਿੰਕਸ਼ਨ ਪ੍ਰਾਪਤ ਕੀਤੀ ਅਤੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਰਮਨੀਕ ਕੌਰ ਨੇ 7.48 ਸੀ.ਜੀ.ਪੀ.ਏ. (74.8 ਫੀਸਦੀ) ਅਤੇ ਹਰਪ੍ਰੀਤ ਕੌਰ ਨੇ 7.38 ਸੀ.ਜੀ.ਪੀ.ਏ. (73.8 ਫੀਸਦੀ) ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਵਧੀਆ ਨਤੀਜਾ ਆਉਣ 'ਤੇ ਕਾਲਜ ਦੀ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਡਾ. ਵਿਨੋਦ ਕੁਮਾਰ ਅਤੇ ਕਾਲਜ ਦੇ ਸਾਰੇ ਸਟਾਫ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਦੇ ਚੇਅਰਮੈਨ ਸਤੀਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਗੁੱਗਾ ਜ਼ਾਹਰ ਪੀਰ ਦੀ ਯਾਦ 'ਚ ਸਾਲਾਨਾ ਧਾਰਮਿਕ ਸਮਾਗਮ ਤੇ ਛਿੰਝ ਮੇਲਾ ਕਰਵਾਇਆ



**ਮੇਹਟਿਆਣਾ (ਜਗਤਾਰ ਸਿੰਘ ਡੁੰਗਰਾਨੀ)** ਪਿੰਡ ਦਿਹਾਣਾ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ ਅਤੇ ਸਾਲਾਨਾ ਛਿੰਝ ਮੇਲਾ ਕਰਵਾਇਆ ਗਿਆ। ਇਸ ਮੌਕੇ ਪਰਮਦੀਪ ਸਿੰਘ ਪੰਮਾ ਸਾਬਕਾ ਪੰਚ, ਸੋਹਣ ਲਾਲ ਲਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਦੀ ਪੂਜਾ ਅਰਚਨਾ ਕੀਤੀ ਗਈ।ਉਪਰੰਤ ਸੰਗਤਾਂ ਵੱਲੋਂ ਝੰਡੇ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ ਦੌਰਾਨ ਨਿੱਕਾ ਐਂਡ ਪਾਰਟੀ ਬਾਬਾ ਜੀ ਦੇ ਗੁਣਗਾਨ ਕੀਤੇ ਗਏ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਸਾਲਾਨਾ ਛਿੰਝ ਮੇਲਾ ਕਰਵਾਇਆ ਗਿਆ। ਛਿੰਝ ਮੇਲੇ ਦੌਰਾਨ ਪੱਟਕੇ ਦੀ ਕੁਸ਼ਤੀ ਸਮੂਹ ਪਹਿਲਵਾਨ ਹੁਸ਼ਿਆਰਪੁਰ ਅਤੇ ਪ੍ਰਦੀਪ ਕੁਮਾਰ ਭਬਿਆਣਾ ਵਿਚਕਾਰ ਕਰਵਾਈ ਗਈ।ਜਿਸ ਵਿਚ ਪ੍ਰਦੀਪ ਕੁਮਾਰ ਭਬਿਆਣਾ ਪਹਿਲਵਾਨ ਜੇਤੂ ਰਿਹਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਪਹਿਲਵਾਨਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਛਿੰਝ ਮੇਲੇ ਦੌਰਾਨ ਪਰਮਦੀਪ ਸਿੰਘ ਪੰਮਾ ਸਾਬਕਾ ਪੰਚ, ਸੋਹਣ ਲਾਲ ਲਾਲਾ, ਅਵਤਾਰ ਸਿੰਘ ਦਿਹਾਣਾ, ਨੰਬਰਦਾਰ ਸੁਰਜਿੰਦਰ ਸਿੰਘ ਕਿੰਗ, ਸਰਪੰਚ ਗੁਰਵਿੰਦਰ ਸਿੰਘ ਬਾਵਾ, ਚਮਕੌਰ ਸਿੰਘ, ਨਰਿੰਦਰ ਸਿੰਘ ਪੰਚ, ਸੋਹਣ ਸਿੰਘ, ਜੋਤ ਸਿੰਘ, ਮਿਸਤਰੀ ਜੋਗ ਰਾਜ, ਹਰਸ਼, ਲੱਕੀ, ਤਨਵੀਰ ਸਿੰਘ ਸਾਬਕਾ ਪੰਚ, ਕਾਲਾ ਭਲਵਾਨ ਪੰਚ, ਕਾਲਾ, ਗੁਰਪ੍ਰੀਤ ਸਿੰਘ ਫੂਮਣ, ਤਲਵਿੰਦਰ ਸਿੰਘ, ਸੁਰਿੰਦਰਪਾਲ ਸਿੰਘ ਕਾਲਾ ਪੰਚ, ਸੁਰਿੰਦਰ ਮੋਹਣ ਪੰਚ ਆਦਿ ਹਾਜ਼ਰ ਸਨ।

# ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਐਂਟੀ-ਰੈਗਿੰਗ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ (ਸਕੱਤਰ) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਵੱਲੋਂ ਐਂਟੀ-ਰੈਗਿੰਗ ਦਿਹਾੜਾ ਅਤੇ ਹਫ਼ਤਾ ਸਮਾਰੋਹ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਰੈਗਿੰਗ ਦੀਆਂ ਬੁਰਾਈਆਂ, ਇਸ ਦੇ ਸਮਾਜਕ, ਮਨੋਵਿਗਿਆਨਕ ਅਤੇ ਕਾਨੂੰਨੀ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਸਮਾਰੋਹ ਦੇ ਵਿਸ਼ੇਸ਼ ਮਹਿਮਾਨ ਸਤਿਕਾਰਯੋਗ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਰੈਗਿੰਗ ਇੱਕ ਗੰਭੀਰ ਅਪਰਾਧ ਹੈ ਜੋ ਵਿਦਿਆਰਥੀ ਜੀਵਨ ਅਤੇ ਵਿਅਕਤੀਗਤ ਵਿਕਾਸ ਵਿੱਚ ਵੱਡੀ ਰੁਕਾਵਟ ਬਣਦਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੁਰੱਖਿਅਤ, ਸਤਿਕਾਰਪੂਰਣ ਅਤੇ ਅਨੁਸ਼ਾਸ਼ਿਤ ਵਾਤਾਵਰਣ ਪ੍ਰਦਾਨ ਕਰਨ ਦਾ ਭਰੋਸਾ ਦਿਵਾਇਆ ਅਤੇ ਸਭ ਨੂੰ ਅਪੀਲ ਕੀਤੀ ਕਿ ਉਹ ਆਪਸੀ ਪਿਆਰ, ਸਨਮਾਨ ਅਤੇ ਸਹਿਯੋਗ ਦੀ ਭਾਵਨਾ ਨਾਲ ਅੱਗੇ ਵਧਣ।ਸਹਾਇਕ ਪ੍ਰੋ.ਮਨਜੋਤ ਕੌਰ ਨੇ ਆਪਣੇ ਅਨੁਭਵੀ ਸ਼ਬਦਾਂ ਵਿੱਚ ਕਿਹਾ ਕਿ ਰੈਗਿੰਗ ਦੀ ਪਰੰਪਰਾ ਮਨੁੱਖਤਾ ਦੇ ਨੈਤਿਕ ਮੁੱਲਾਂ ਨੂੰ ਖੋਖਲਾ ਕਰਦੀ ਹੈ।ਉਨ੍ਹਾਂ ਨੇ ਕਿਹਾ ਕਿ ਸੱਚੀ ਵਿਦਿਆ ਉਹ ਹੈ ਜੋ ਵਿਅਕਤੀ ਨੂੰ ਨਿਮਰਤਾ, ਦਇਆ ਅਤੇ ਸੰਵੇਦਨਸ਼ੀਲਤਾ ਵੱਲ ਲੈ ਕੇ ਜਾਂਦੀ ਹੈ।ਇਸ ਹਫ਼ਤੇ ਦੌਰਾਨ ਵੱਖ-ਵੱਖ ਵਰਕਸ਼ਾਪਾਂ, ਰੈਲੀ, ਪੋਸਟਰ ਬਣਾਉਣਾ, ਸਲੋਗਨ ਅਤੇ ਲੇਖ ਮੁਕਾਬਲੇ,ਡਿਬੇਟ ਅਤੇ ਇੰਟਰੈਕਟਿਵ ਸੈਸ਼ਨ ਵੀ ਕਰਵਾਏ ਗਏ।ਇਹ ਪ੍ਰੋਗਰਾਮ ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਵਿਭਾਗ ਦੇ ਐਚ.ਓ.ਡੀ ਤੇ ਡਾਇਰੈਕਟਰ ਡਾ.ਅਮਰਜੀਤ ਸਿੰਘ, ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਇਸ ਮੌਕੇ ਡਾ. ਅਨੀਤ ਕੁਮਾਰ ਜੀ, ਡਾ. ਵਿਜੈ ਧੀਰ, ਡੀਨ ਅਕਾਦਮਿਕਸ, ਰੂਪ ਸਿੰਘ, ਡਿਪਟੀ ਰਜਿਸਟਰਾਰ ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਵੀ ਸ਼ਾਮਲ ਸਨ।



## ਹੜ੍ਹਾਂ ਦੀ ਸਥਿਤੀ ਨੂੰ ਧਿਆਨ 'ਚ ਰੱਖਦਿਆਂ ਮੈਡੀਕਲ ਟੀਮਾਂ ਦਾ ਗਠਨ : ਡਾ. ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ. ਕਰਨ ਕੁਮਾਰ ਸੈਣੀ ਐਸ ਐਮ ਓ ਟਾਂਡਾ ਦੀ ਯੋਗ ਅਗਵਾਈ ਹੇਠ ਬਰਸਾਤ ਦੇ ਮੌਸਮ ਅਤੇ ਹੜ੍ਹਾਂ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਮੈਡੀਕਲ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਕਿ ਹੜ੍ਹ ਪ੍ਰਭਾਵਿਤ ਏਰੀਏ ਵਿੱਚ ਹਰ ਸਮੇਂ ਜ਼ਰੂਰੀ ਦਵਾਈਆਂ ਨਾਲ ਤਾਇਨਾਤ ਕੀਤੀਆਂ ਗਈਆਂ ਹਨ ਜੋ ਕਿ ਲੋਕਾਂ ਨੂੰ ਕੈਂਪ ਵਾਲੀ ਥਾਂ ਤੋਂ ਸਿਹਤ ਸਹੂਲਤਾਂ ਮੁਹੱਈਆ ਕਰਵਾ ਰਹੀਆਂ ਹਨ। ਇਸ ਮੌਕੇ ਮੌਸਮ ਨੂੰ ਧਿਆਨ 'ਚ ਰੱਖਦਿਆਂ ਹੋਇਆਂ ਡਾਕਟਰ ਸੈਣੀ ਨੇ ਲੋਕਾਂ ਨੂੰ ਸਿਹਤ ਸਬੰਧੀ ਜ਼ਰੂਰੀ ਸੁਝਾਅ ਦਿੰਦਿਆਂ ਦੱਸਿਆ ਕਿ ਬਰਸਾਤ ਦੇ ਮੌਸਮ ਵਿੱਚ ਪਾਣੀ ਨੂੰ ਉਬਾਲ ਕੇ ਠੰਡਾ ਕਰਕੇ ਅਤੇ ਢੱਕ ਕੇ ਰੱਖਣਾ ਚਾਹੀਦਾ ਹੈ ਘਰ ਦਾ ਬਣਿਆ ਖਾਣਾ ਹੀ ਖਾਣਾ ਚਾਹੀਦਾ ਹੈ ਆਪਣੇ ਸਰੀਰ ਦੀ ਸਫਾਈ ਅਤੇ ਆਲੇ ਦੁਆਲੇ ਦਾ ਧਿਆਨ ਰੱਖਣਾ ਚਾਹੀਦਾ ਹੈ, ਮੱਛਰਾਂ ਤੋਂ ਬਚਣ ਲਈ ਮੱਛਰਦਾਨਣੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਆਦਿ ਲਗਾਉਣੀਆ ਚਾਹੀਦੀਆਂ ਹਨ। ਦਸਤ ਲੱਗਣ ਤੇ ਓ.ਆਰ.ਐਸ ਦਾ ਘੋਲ ਦੇਣਾ ਚਾਹੀਦਾ ਹੈ ਅਤੇ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ।



## ਸਹੂਲਤਾਂ ਨੂੰ ਤਰਸੇ ਜ਼ੀਰਕਪੁਰ ਵਾਸੀ : ਐੱਨ ਕੇ ਸ਼ਰਮਾ

**ਜੀਰਕਪੁਰ (ਵਿਨੈ ਕੁਮਾਰ ਜੈਨ)** ਸ਼੍ਰੋਮਣੀ ਅਕਾਲੀ ਦਲ ਦੇ ਖਜਾਨਚੀ ਅਤੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਕਿਹਾ ਹੈ ਕਿ ਜੀਰਕਪੁਰ ਦੇ ਲੋਕ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਇੱਥੇ ਮੁੱਢਲੀਆਂ ਸਹੂਲਤਾਂ ਖਤਮ ਹੋ ਰਹੀਆਂ ਹਨ। ਇਸਦੇ ਬਾਵਜੂਦ, ਮੌਜੂਦਾ ਸਰਕਾਰ ਅਤੇ ਵਿਧਾਇਕ ਝੂਠੇ ਪ੍ਰਚਾਰ ਨਾਲ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਐਨ.ਕੇ. ਸਰਮਾ ਨੇ ਇੱਥੇ ਪੀਰਮੁਛੱਲਾ ਸਥਿਤ ਰਿਹਾਇਸੀ ਕਲੋਨੀਆਂ ਬਾਲਾਜੀ ਹੋਮਜ, ਸਟੈਲਾ ਹੋਮਜ ਅਤੇ ਪਿੰਕ ਸਿਟੀ ਸਮੇਤ ਕਈ ਥਾਵਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਸ਼ਰਮਾ ਨੇ ਕਿਹਾ ਕਿ ਬਰਸਾਤ ਦੇ ਮੌਸਮ 'ਚ ਸ਼ਹਿਰ ਦੇ ਲੋਕ ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਹਲਕਾ ਵਿਧਾਇਕ ਨੂੰ ਲੱਭ ਰਹੇ ਹਨ ਅਤੇ ਉਹ ਸਾਰੇ ਗਾਇਬ ਹਨ। ਸਹਿਰ ਦਾ ਕੋਈ ਵੀ ਹਿੱਸਾ ਅਜਿਹਾ ਨਹੀਂ ਹੈ ਜਿੱਥੇ ਪਾਣੀ ਭਰਨ ਦੀ ਸਮੱਸਿਆ ਨਾ ਹੋ ਰਹੀ ਹੋਵੇ। ਐਨ.ਕੇ. ਸਰਮਾ ਨੇ ਕਿਹਾ ਕਿ ਲੋਕਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਇੱਥੇ ਕਈ ਥਾਵਾਂ 'ਤੇ ਸੀਵਰੇਜ ਓਵਰਫਲੋ ਹੋ ਰਹੇ ਹਨ। ਸਟ੍ਰੀਟ ਲਾਈਟਾਂ ਬੰਦ ਪਈਆਂ ਹਨ। ਨਗਰ ਕੌਂਸਲ ਵਿੱਚ ਲੋਕਾਂ ਦੀ ਸੁਣਵਾਈ ਨਹੀਂ ਹੋ ਰਹੀ ਹੈ। ਸਿਹਤ ਸਹੂਲਤਾਂ ਦੇ ਨਾਮ 'ਤੇ ਸਿਰਫ ਖੋਖਲੇ ਵਾਅਦੇ ਕੀਤੇ ਗਏ ਹਨ। ਸ਼ਰਮਾ ਨੇ ਕਿਹਾ ਕਿ ਜੀਰਕਪੁਰ ਵਿੱਚ ਵਿਕਾਸ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਦੌਰਾਨ ਸ਼ੁਰੂ ਹੋਇਆ ਸੀ। ਅਕਾਲੀ ਸਰਕਾਰ ਨੇ ਮਾਸਟਰ ਪਲਾਨ ਬਣਾ ਕੇ ਇੱਥੋਂ ਦੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ, ਪਰ ਮੌਜੂਦਾ ਸਰਕਾਰ ਅਕਾਲੀ ਦਲ ਦੇ ਸਮੇਂ ਸੁਰੂ ਹੋਈਆਂ ਉਨ੍ਹਾਂ ਸਹੂਲਤਾਂ ਨੂੰ ਵੀ ਸੁਚਾਰੂ ਨਹੀਂ ਰੱਖ ਰਹੀ ਹੈ। ਇਸ ਮੌਕੇ ਮਹਿਲਾ ਅਕਾਲੀ ਦਲ ਈਸਟ ਜੋਨ ਦੀ ਪ੍ਰਧਾਨ ਅਨੀਤਾ ਕਟਾਰੀਆ, ਕੌਂਸਲਰ ਜਗਦੇਵ ਸਿੰਘ ਅਤੇ ਕਈ ਪਤਵੰਤੇ ਮੌਜੂਦ ਸਨ।





# ਲਾਇਲਪੁਰ ਖਾਲਸਾ ਕਾਲਜ ਦੇ ਐੱਨ ਸੀ ਸੀ ਕੈਡਿਟ ਪਰੇਡ 'ਚ ਹਿੱਸਾ ਲੈਣ ਲਈ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਦੇ ਛੇ ਐੱਨ.ਸੀ.ਸੀ ਕੈਡਿਟਾਂ, ਜਿਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ ਆਯੋਜਿਤ 79ਵੀਂ ਆਜ਼ਾਦੀ ਦਿਵਸ ਪਰੇਡ ਵਿੱਚ ਸੰਸਥਾ ਦੀ ਨੁਮਾਇੰਦਗੀ ਕੀਤੀ ਹੈ, ਨੂੰ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਆਪਣੇ ਦਫਤਰ ਵਿੱਚ ਸਨਮਾਨਤ ਕੀਤਾ। ਕੈਡਿਟ ਜਸਪ੍ਰੀਤ ਸਿੰਘ, ਜਸ਼ਨਦੀਪ ਸਿੰਘ ਚਾਹਲ, ਆਕਾਸ਼ ਯਾਦਵ, ਹਰਦੀਪ ਕੁਮਾਰ, ਬ੍ਰਿਜ ਲਾਲ ਅਤੇ ਚੇਤਨ ਪਾਸੀ ਨੂੰ ਪਰੇਡ ਦੌਰਾਨ ਉਨ੍ਹਾਂ ਦੀ ਭਾਗੀਦਾਰੀ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਤ ਕੀਤਾ ਗਿਆ। ਬੀ.ਏ. ਪਹਿਲੇ ਸਾਲ ਦੇ ਕੈਡਿਟ ਚੇਤਨ ਪਾਸੀ ਨੇ ਐਨ.ਸੀ.ਸੀ. ਟੁਕੜੀ ਦੀ ਅਗਵਾਈ ਕੀਤੀ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਡਾ. ਸੁਮਨ ਚੋਪੜਾ ਨੇ ਕੈਡਿਟਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੀ ਭਾਗੀਦਾਰੀ ਨਾ ਸਿਰਫ ਸੰਸਥਾ ਦਾ ਮਾਣ ਵਧਾਉਂਦੀ ਹੈ ਬਲਕਿ ਨੌਜਵਾਨਾਂ ਵਿੱਚ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੀ ਹੈ। ਕਰਨਲ ਵਿਨੋਦ ਜੋਸੀ, ਕਮਾਂਡਿੰਗ ਅਫਸਰ, 2 ਪੰਜਾਬ ਬਟਾਲੀਅਨ ਐੱਨ.ਸੀ.ਸੀ. ਜਲੰਧਰ ਨੇ ਕੈਡਿਟਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਾਲਜ ਦੁਆਰਾ ਐੱਨ.ਸੀ.ਸੀ. ਬਟਾਲੀਅਨ ਨੂੰ ਦਿੱਤੇ ਗਏ ਸਹਿਯੋਗ ਲਈ ਵੀ ਧੰਨਵਾਦ ਪ੍ਰਗਟ ਕੀਤਾ।

# 24 ਨੂੰ ਜੇਤੂ ਕਿਸਾਨ ਮਹਾਂ ਪੰਚਾਇਤ ਦਾ ਢੇਰ ਤੋਂ ਕੁੱਲ ਹਿੰਦ ਕਿਸਾਨ ਸਭਾ ਦਾ ਕਾਫ਼ਲਾ ਹੋਵੇਗਾ ਰਵਾਨਾ

**ਨੰਗਲ (ਸੁਰਜੀਤ ਸਿੰਘ ਢੇਰ)** ਸੰਯੁਕਤ ਕਿਸਾਨ ਮੋਰਚਾ ਵੱਲੋਂ 24 ਅਗਸਤ ਨੂੰ ਸਮਰਾਲਾ ਵਿਖੇ ਕੀਤੀ ਜਾ ਰਹੀ ਕਿਸਾਨ ਮਹਾਂ ਪੰਚਾਇਤ ਵਿੱਚ ਕੁੱਲ ਹਿੰਦ ਕਿਸਾਨ ਸਭਾ ਜਿਲ੍ਹਾ ਰੋਪੜ ਦੇ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ ਤੇ ਪਿੰਡ ਢੇਰ ਤੋਂ ਸਵੇਰੇ 9 ਵਜੇ ਵੱਡਾ ਕਾਫਲਾ ਰਵਾਨਾ ਹੋਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨਜ਼ਦੀਕੀ ਕਸਬਾ ਭਲਾਣ ਵਿਖੇ ਕੁਲ ਹਿੰਦ ਕਿਸਾਨ ਸਭਾ ਦੇ ਚੋਣਵੇਂ ਆਗੂਆਂ ਦੀ ਮੀਟਿੰਗ ਹੋਈ। ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਕਿਸਾਨ ਮਹਾਂ ਪੰਚਾਇਤ ਵਿੱਚ ਵੱਡੀ ਗਿਣਤੀ ਕਿਸਾਨ ਮਜ਼ਦੂਰ ਸ਼ਾਮਿਲ ਹੋਣਗੇ।ਜਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ ਨੇ ਦੱਸਿਆ ਕਿ ਮਹਾਂ ਪੰਚਾਇਤ ਜੇਤੂ ਰੈਲੀ ਦੇ ਤੌਰ 'ਤੇ ਹੋ ਰਹੀ ਹੈ।ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਕਿਸਾਨਾਂ ਅਤੇ ਪੰਜਾਬ ਦੇ ਲੋਕਾਂ ਦੇ ਸੰਘਰਸ਼ ਅੱਗੇ ਝੁਕਣਾ ਪਿਆ ਤੇ ਦਿੱਲੀ ਵਾਲਿਆਂ ਦਾ ਸੁਪਨਾ ਪੰਜਾਬ ਦੇ ਜੁਝਾਰੂ ਲੋਕਾਂ ਨੇ ਪੂਰਾ ਨਹੀਂ ਹੋਣ ਦਿੱਤਾ।ਕਿਸਾਨਾਂ ਦੇ ਸਹਿਯੋਗ ਨਾਲ ਪੰਜਾਬ ਦੇ ਕਿਸਾਨਾਂ ਦੀ 65 ਹਜ਼ਾਰ ਤੋਂ ਉੱਪਰ ਜਮੀਨ ਬੱਚ ਗਈ।ਇਹ ਇਕੱਲੀ ਜ਼ਮੀਨ ਹੀ ਨਹੀਂ ਬਚੀ, ਸਗੋਂ ਪੰਜਾਬ ਦੇ ਪਿੰਡ, ਪੰਜਾਬ ਦੀ ਕਿਸਾਨੀ ਵੀ ਬੱਚ ਗਈ। ਉਹਨਾਂ ਨੇ ਕਿਹਾ ਕਿ ਇਸ ਰੈਲੀ ਵਿੱਚ ਮੁਕਤ ਵਪਾਰ ਸਮਝੌਤਾ ਰੱਦ ਕਰਵਾਉਣ ਦਾ ਮਤਾ ਪਾਸ ਕੀਤਾ ਜਾਵੇਗਾ ਅਤੇ ਪੰਜਾਬ ਦੀਆਂ ਹੋਰ ਮੰਗਾਂ ਨੂੰ ਵੱਡੇ ਪੱਧਰ ਤੇ ਉਭਾਰਿਆ ਜਾਵੇਗਾ।ਮੀਟਿੰਗ ਵਿੱਚ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਹੜ੍ਹਾਂ ਨਾਲ ਹੋਏ ਜਾਨੀ ਮਾਲੀ ਨੁਕਸਾਨ ਦੀ ਪੰਜਾਬ ਸਰਕਾਰ ਤੁਰੰਤ ਪ੍ਰਵਾਈ ਕਰੇ।ਇਸ ਮੌਕੇ ਤਹਿਸੀਲ ਪ੍ਰਧਾਨ ਗਿਆਨੀ ਰਾਮ ਪਾਲ ਸਿੰਘ, ਸਕੱਤਰ ਮਹਿੰਦਰ ਸਿੰਘ ਸੰਗਤਪੁਰ, ਹਰਦੇਵ ਸਿੰਘ ਐਲਗਰਾ, ਬਲਵੀਰ ਸਿੰਘ ਸੰਗਤਪੁਰ ਵੀ ਹਾਜ਼ਰ ਸਨ।



# ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਲਗਾਇਆ

**ਮੋਹਾਲੀ (ਗੁਰਜੀਤ ਬਿੱਲਾ)**: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਧਿਕਾਰੀਆਂ/ਕਰਮਚਾਰੀਆਂ ਦੀ ਸਿਹਤ ਨੂੰ ਮੁੱਖ ਰਖਦੇ ਹੋਏ ਇੱਕ ਮਹੱਤਵਪੂਰਨ ਪਹਿਲਕਦਮੀ ਨੂੰ ਅੰਜਾਮ ਦਿੰਦਿਆਂ ਸਵੇਰੇ 10 ਤੋਂ 4 ਵਜੇ ਤੱਕ ਮਾਹਿਰ ਅੱਖਾਂ ਦੇ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ ਦਾ ਮੁੱਫਤ ਚੈਕਅੱਪ ਕੈਂਪ ਲਗਾਇਆ ਗਿਆ। ਇਸ ਦਾ ਉਦਘਾਟਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਅਮਰਪਾਲ ਸਿੰਘ , ਆਈ.ਏ.ਐੱਸ (ਰਿਟਾ:) ਵੱਲੋਂ ਕੀਤਾ ਗਿਆ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਤਕਰੀਬਨ 175 ਮੁਲਾਜ਼ਮਾਂ ਦਾ ਅੱਖਾਂ ਦਾ ਚੈਕਅੱਪ ਕੀਤਾ ਗਿਆ। ਇਸ ਕੈਂਪ ਦਾ ਆਯੋਜਨ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੇ.ਪੀ ਆਈ ਹਸਪਤਾਲ ਫੇਜ਼-7, ਸਕੈਟਰ-67 ਮੋਹਾਲੀ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਕੈਂਪ ਸਬੰਧੀ ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਅੱਜ ਦੀ ਭੱਜ-ਦੌੜ ਵਾਲੀ ਜ਼ਿੰਦਗੀ ਅਤੇ ਦਫਤਰਾਂ ਵਿੱਚ ਵੱਧ ਰਹੇ ਕੰਮ ਦੇ ਬੋਝ ਕਾਰਨ ਮੁਲਾਜ਼ਮਾਂ ਵਿੱਚ ਤਣਾਅ ਵੱਧ ਰਿਹਾ ਹੈ, ਕਰਮਚਾਰੀ ਘੰਟਾ-ਘੰਟਾ ਕੰਪਿਊਟਰ ਸਕ੍ਰੀਨਾਂ ਦੇ ਸਾਹਮਣੇ ਬੈਠਦੇ ਹਨ, ਜਿਸ ਨਾਲ ਅੱਖਾਂ ਤੇ ਭਾਰੀ ਦਬਾਅ ਪੈਂਦਾ ਹੈ ਅਤੇ ਕਰਮਚਾਰੀਆਂ ਨੂੰ ਅੱਖਾਂ ਦੀ ਕਈ ਪ੍ਰਕਾਰ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਡੇ ਮੁਲਾਜ਼ਮ ਸਾਡੇ ਅਦਾਰੇ ਦੀ ਰੀੜ ਦੀ ਹੱਡੀ ਹਨ। ਇਸ ਲਈ ਉਨ੍ਹਾਂ ਦੀ ਸਿਹਤ ਦਾ ਧਿਆਨ ਰੱਖਣਾ ਸਾਡਾ ਮੁੱਢਲਾ ਫਰਜ਼ ਬਣਦਾ ਹੈ।ਉਨ੍ਹਾਂ ਵੱਲੋਂ ਵਿਸ਼ਵਾਸ਼ ਦਵਾਇਆ ਗਿਆ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੇ ਮੈਡੀਕਲ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ।

## ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ ਵਿਖੇ ਐਂਟੀ ਰੈਗਿੰਗ ਹਫਤਾ ਮਨਾਇਆ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਉਪ- ਕੁਲਪਤੀ ਪ੍ਰੋਫੈਸਰ (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ (ਡਾ.) ਜਗਸੀਰ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਕਾਲਜ ਵਿਖੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ, ਜੰਡਿਆਲਾ ਵਿਖੇ ਯੂ.ਜੀ.ਸੀ.ਦੇ ਨਿਰਦੇਸ਼ਾਂ ਅਨੁਸਾਰ ਕਾਲਜ ਦੇ ਐਨ. ਐਸ. ਐਸ. ਵਿਭਾਗ ਵੱਲੋਂ ਐਂਟੀ -ਰੈਗਿੰਗ ਹਫਤਾ ਮਨਾਇਆ ਗਿਆ। ਐੱਨ.ਐੱਸ.ਐੱਸ. ਕੋਆਰਡੀਨੇਟਰ ਗੌਰਵ ਸ਼ਰਮਾ ਨੇ ਕਿਹਾ ਕਿ ਐਂਟੀ- ਰੈਗਿੰਗ ਹਫਤਾ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਰੈਗਿੰਗ ਦੇ ਨੁਕਸਾਨਦੇਹ ਪ੍ਰਭਾਵਾਂ ਅਤੇ ਕੈਂਪਸ ਵਿੱਚ ਇੱਕ ਸੁਰੱਖਿਅਤ ਅਤੇ ਸਮਾਵੇਸੀ ਵਾਤਾਵਰਣ ਬਣਾਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਇਸ ਹਫਤੇ ਦੇ ਵੱਖ-ਵੱਖ ਦਿਨਾਂ ਵਿੱਚ ਵਿਦਿਆਰਥੀਆਂ ਵਿੱਚ ਰੈਕਿੰਗ ਵਿਰੋਧੀ ਜਾਗਰੂਕਤਾ ਪੈਦਾ ਕਰਨ ਲਈ ਓਰੀਐਂਟੇਸਨ ਲੈਕਚਰ, ਵਰਕਸ਼ਾਪ, ਦਸਤਾਵੇਜ਼ੀ ਫਿਲਮ ਅਤੇ ਪੋਸਟਰ ਮੇਕਿੰਗ ਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ। ਕਾਲਜ ਦੇ ਪ੍ਰਿੰਸੀਪਲ ਡਾ. ਜਗਸੀਰ ਸਿੰਘ ਬਰਾੜ ਨੇ ਕਿਹਾ ਕਿ ਰੈਗਿੰਗ ਦੀ ਬੁਰੀ ਪ੍ਰਥਾ ਸਿੱਖਿਆ ਅਤੇ ਮਨੁੱਖਤਾ ਲਈ ਦੋਵਾਂ ਲਈ ਘਾਤਕ ਹੈ, ਇਸ ਨੂੰ ਜੜ੍ਹਾਂ ਤੋਂ ਖਤਮ ਕਰਨ ਲਈ ਸਾਰਿਆਂ ਨੂੰ ਅੱਗੇ ਆਉਣਾ ਪਵੇਗਾ। ਉਹਨਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਕਾਲਜ ਨੂੰ ਰੈਗਿੰਗ- ਮੁਕਤ ਕੈਂਪਸ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਕਾਲਜ ਦੇ ਸਮੂਹ ਵਿਭਾਗਾਂ ਦੇ ਵਿਦਿਆਰਥੀ ਅਤੇ ਅਧਿਆਪਕ ਸਾਹਿਬਾਨ ਹਾਜ਼ਰ ਸਨ।



# ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਿਤ ਖੇਤਰਾਂ 'ਚ ਵਿਸ਼ੇਸ਼ ਗਿਰਦਾਵਰੀ ਦੇ ਹੁਕਮ : ਮੁੰਡੀਆਂ

**ਸੁਲਤਾਨਪੁਰ ਲੋਧੀ, ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ, ਬਲਵੀਰ ਸ਼ਾਲ੍ਹਾਪੁਰੀ)** ਪੰਜਾਬ ਦੇ ਮਾਲ ਤੇ ਹਾਊਸਿੰਗ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਹੈ ਪੰਜਾਬ ਸਰਕਾਰ ਵਲੋਂ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਈਆਂ ਫਸਲਾਂ ਤੇ ਹੋਰ ਨੁਕਸਾਨ ਦੀ ਪੂਰਤੀ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰ ਦਿੱਤੇ ਗਏ ਹਨ।ਇੱਥੇ ਸੁਲਤਾਨਪੁਰ ਲੋਧੀ ਦੇ ਪ੍ਰਭਾਵਿਤ ਪਿੰਡਾਂ ਬਾਊਪੁਰ ਜਦੀਦ, ਸਾਂਗਰਾ ਵਿਖੇ ਪੀੜਤ ਪਰਵਾਰਾਂ ਨਾਲ ਮੁਲਾਕਾਤ ਦੌਰਾਨ ਸ੍ਰੀ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਫਸਲਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਮੁਆਵਜ਼ੇ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਪਾਣੀ ਘਟਦੇ ਸਾਰ ਹੀ ਜਲਦ ਤੋਂ ਜਲਦ ਵਿਸ਼ੇਸ਼ ਗਰਦਾਵਰੀ ਮੁਕੰਮਲ ਕਰਕੇ ਰਿਪੋਰਟ ਸੌਂਪਣ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾ ਸਕੇ।ਮਾਲ ਮੰਤਰੀ ਨੇ ਇਹ ਵੀ ਦੱਸਿਆ ਕਿ ਪਾਣੀ ਨਾਲ ਮੁੱਖ ਤੌਰ 'ਤੇ ਪ੍ਰਭਾਵਿਤ ਜ਼ਿਲ੍ਹਿਆਂ ਕਪੂਰਥਲਾ, ਤਰਨਤਾਰਨ, ਫਿਰੋਜ਼ਪੁਰ, ਫਾਜਿਲਕਾ ਵਿਖੇ ਰਾਹਤ ਕੰਮਾਂ ਦੀ ਨਿਗਰਾਨੀ ਮੰਤਰੀ ਸਮੂਹ ਵਲੋਂ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀਆਂ ਵਲੋਂ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰਕੇ ਪ੍ਰਭਾਵਿਤ ਲੋਕਾਂ ਦਾ ਦੁੱਖ ਵੰਡਾਇਆ ਜਾ ਰਿਹਾ ਹੈ। ਉਥੇ ਹੀ ਰਾਹਤ ਕਾਰਜਾਂ ਉੱਪਰ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਵਿਚ ਰਾਹਤ ਕਾਰਜਾਂ ਲਈ 2 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ, ਦਵਾਈਆਂ, ਪਸ਼ੂ ਧਨ ਦੀ ਸਿਹਤ ਸੰਭਾਲ ਆਦਿ ਦੇ ਕੰਮ ਜੰਗੀ ਪੱਧਰ ਤੇ ਜਾਰੀ ਰੱਖੇ ਜਾ ਰਹੇ ਸਕਣ। ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਦੱਸਿਆ ਕਿ ਹੜ੍ਹ ਰੋਕੂ ਪ੍ਰਬੰਧਾਂ ਤਹਿਤ ਪੰਜਾਬ ਭਰ ਵਿਚ ਧੁੱਸੀ ਬੰਨ੍ਹਾਂ ਅਤੇ ਅਡਵਾਂਸ ਬੰਨ੍ਹਾਂ ਦੀ ਵਿਸ਼ੇਸ਼ ਮੁਹਿੰਮ ਚਲਾ ਕੇ ਹੋਰ ਮਜ਼ਬੂਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਧੁੱਸੀ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਹਨ। ਕੈਬਨਿਟ ਮੰਤਰੀ ਵਲੋਂ ਕਿਸ਼ਤੀਆਂ ਰਾਹੀਂ ਪ੍ਰਭਾਵਿਤ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ।ਉਨ੍ਹਾਂ ਪ੍ਰਭਾਵਿਤ ਲੋਕਾਂ ਨੂੰ ਸੁੱਕਾ ਰਾਸ਼ਨ ਦਵਾਈਆਂ, ਪੀਣ ਵਾਲਾ ਪਾਣੀ ਵੀ ਮੁਹੱਈਆ ਕਰਵਾਇਆ।ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਨਗਰ ਸੁਧਾਰ ਟਰੱਸਟ ਕਪੂਰਥਲ਼ਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ, ਐਸ.ਐਸ.ਪੀ ਗੌਰਵ ਤੂਰਾ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# 'ਰਾਈਜ਼ਿੰਗ ਪੰਜਾਬ-ਸੁਝਾਅ ਤੋਂ ਹੱਲ ਤੱਕ' ਤਹਿਤ ਸਨਅਤਕਾਰਾਂ ਨੂੰ ਮਿਲੇਗਾ ਵੱਡਾ ਹੁਲਾਰਾ : ਉਦਯੋਗ ਮੰਤਰੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਸੂਬੇ ਦੇ ਸਨਅੱਤ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ 'ਰਾਈਜਿੰਗ ਪੰਜਾਬ-ਸੁਝਾਅ ਤੋਂ ਹੱਲ ਤੱਕ' ਤਹਿਤ ਜੋ ਸਮਾਗਮ ਸ਼ੁਰੂ ਕੀਤੇ ਗਏ ਹਨ ਉਹ ਸੂਬੇ ਵਿੱਚ ਸਨਅੱਤ ਨੂੰ ਵੱਡਾ ਹੁਲਾਰਾ ਦੇਣ ਵਿੱਚ ਕਾਰਗਰ ਸਾਬਿਤ ਹੋਣਗੇ।ਉਹ 'ਰਾਈਜਿੰਗ ਪੰਜਾਬ- ਸੁਝਾਅ ਤੋਂ ਹੱਲ ਤੱਕ' ਤਹਿਤ ਜਲੰਧਰ ਸਮੇਤ ਚਾਰ ਜਿਲ੍ਹਿਆਂ ਦੇ ਉਦਯੋਗਪਤੀਆਂ ਨਾਲ ਸਿੱਧਾ ਸੰਵਾਦ ਕਰਨ ਸਬੰਧੀ ਕਰਵਾਏ ਸਮਾਗਮ ਵਿੱਚ ਪਹੁੰਚੇ ਹੋਏ ਸਨ।ਉਪਰੰਤ ਉਨ੍ਹਾਂ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕੀਤੀ।ਇਸ ਮੌਕੇ ਡਾਇਰੈਕਟਰ ਇੰਡਸਟਰੀਜ਼ ਸੁਰਭੀ ਮਲਿਕ, ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ, ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਐਡੀਸ਼ਨਲ ਸੀ.ਈ.ਓ. (ਇਨਵੈਸਟ ਪੰਜਾਬ) ਰਾਹੁਲ ਚਾਬਾ ਵੀ ਹਾਜ਼ਰ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਸਨਅੱਤਕਾਰਾਂ ਨੂੰ 90 ਕਰੋੜ ਰੁਪਏ ਦੇ ਇਨਸੈਂਟਿਵ ਦਿੱਤੇ ਗਏ ਸਨ ਅਤੇ ਹੁਣ 5 ਮਹੀਨਿਆਂ ਵਿੱਚ 222 ਕਰੋੜ ਰੁਪਏ ਦਾ ਇਨਸੈਂਟਿਵ ਦਿੱਤਾ ਜਾ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਇੰਡਸਟਰੀ ਲਗਾਉਣ ਲਈ ਪੰਜਾਬ ਸਰਕਾਰ ਵਲੋਂ ਨਵਾਂ ਪੋਰਟਲ ਸ਼ੁਰੂ ਕੀਤਾ ਜਾ ਰਿਹਾ ਹੈ ਜਿਸ ਵਿੱਚ ਸਿੰਗਲ ਵਿੰਡੂ ਸਿਸਟਮ ਰਾਹੀਂ ਸਾਰੀਆਂ ਪ੍ਰਵਾਨਗੀਆਂ 45 ਦਿਨਾਂ ਵਿੱਚ ਦੇਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਪ੍ਰਵਾਨਗੀਆਂ ਤੀਜੇ-ਚੌਥੇ ਦਿਨ ਤੋਂ ਮਿਲਣੀਆਂ ਸ਼ੁਰੂ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸਨਅੱਤਕਾਰਾਂ ਨੂੰ ਪ੍ਰਵਾਨਗੀਆਂ ਲੈਣ ਲਈ 45 ਦਿਨਾਂ ਦਾ ਇੰਤਜ਼ਾਰ ਵੀ ਨਹੀਂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਸਨਅੱਤਕਾਰਾਂ ਨੂੰ ਲੀਜ਼ ਉਤੇ ਅਲਾਟ ਕੀਤੇ ਗਏ ਪਲਾਟ ਦੀ ਮਲਕੀਅਤ ਵੀ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਉਸ ਨਾਲ ਆਪਣਾ ਵਿੱਤੀ ਲੈਣ-ਦੇਣ ਅਸਾਨੀ ਨਾਲ ਕਰ ਸਕਣ। ਸਨਅੱਤ ਮੰਤਰੀ ਨੇ ਕਿਹਾ ਕਿ ਸਨਅਤਕਾਰਾਂ ਦੀ ਸਹੂਲਤ ਲਈ ਵੱਖ-ਵੱਖ ਖੇਤਰਾਂ ਦੀਆਂ 24 ਕਮੇਟੀਆਂ ਬਣਾਈਆਂ ਗਈਆਂ ਹਨ, ਜਿਸ ਵਿੱਚ ਕੋਈ ਵੀ ਮੈਂਬਰ ਰਾਜਸੀ ਨਹੀਂ ਲਿਆ ਗਿਆ ਅਤੇ ਕਮੇਟੀ ਦੀ ਰੈਗੂਲਰ ਮੀਟਿੰਗ ਯਕੀਨੀ ਬਣਾਉਣ ਲਈ ਏ.ਡੀ.ਸੀ. ਨੂੰ ਇਸ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਤਿੰਨ ਦਿਨਾਂ ਪੰਜਾਬ ਨਿਵੇਸ਼ ਸੰਮੇਲਨ 13 ਮਾਰਚ 2026 ਤੋਂ ਮੋਹਾਲੀ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਫੋਕਲ ਪੁਆਇੰਟਾਂ ਨੂੰ ਅਪਗਰੇਡ ਕਰਨ ਲਈ 100 ਕਰੋੜ ਰੁਪਏ ਦੇ ਟੈਂਡਰ ਲਗਾਏ ਗਏ ਹਨ, ਜਿਸ ਨਾਲ ਸੀਵਰੇਜ਼, ਸੜਕਾਂ, ਲਾਈਟਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਯਕੀਨੀ ਬਣਾਈਆਂ ਜਾਣਗੀਆਂ।




## ਸਤਲੁਜ ਦਰਿਆ 'ਚ ਪਾਣੀ ਦਾ ਪੱਧਰ ਵਧਣ 'ਤੇ ਗੋਤਾਖੋਰਾਂ ਨੇ ਲੋਕਾਂ ਨੂੰ ਕੀਤਾ ਸੁਚੇਤ

**ਫਿਲੌਰ (ਨਿਰਮਲ)**- ਫਿਲੌਰ ਨੇੜੇ ਸਤਲੁਜ ਦਰਿਆ ਵਿੱਚ ਪਾਣੀ ਭਾਰੀ ਮਾਤਰਾ ਵਿੱਚ ਆ ਜਾਣ ਤੇ ਦਰਿਆ ਦੇ ਨੇੜਲੇ ਪਿੰਡਾਂ ਦੇ ਲੋਕ ਬਹੁਤ ਪ੍ਰੇਸਾਨ ਹਨ ਅਤੇ ਸੁਰਖਿਤ ਥਾਵਾਂ ਤੇ ਪੁੱਜਣੇ ਸੁਰੂ ਹੋ ਗਏ ਹਨ। ਸਤਲੁਜ ਦਰਿਆ ਵਿੱਚ ਕੰਮ ਕਰਦੇ ਗੋਤਾ ਖੋਰ ਸਾਹਿਲ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਉਹਨਾਂ ਨੇ ਕੋਈ ਵੀ ਚੀਜ ਸਤਲੁਜ ਦਰਿਆ ਵਿੱਚ ਵਿਸਰਜਨ ਕਰਨੀ ਹੈ ਉਸ ਵਕਤ ਮਾਨਤਾ ਪ੍ਰਾਪਤ ਗੋਤਾਖੋਰਾਂ ਨੂੰ ਜਰੂਰ ਨਾਲ ਲੈ ਕੇ ਜਾਣ ਤਾਂ ਜੋ ਤੇਜ ਰਫਤਾਰ ਪਾਣੀ ਤੋਂ ਬਚਾਓ ਹੋ ਸਕੇ ਗੋਤਾਖੋਰ ਸਾਹਿਲ, ਰਣਜੀਤ, ਵਿਜੇ, ਸਾਗਰ, ਸ੍ਰੀ ਰਾਮ, ਗਗਨਦੀਪ, ਰੋਹਿਤ, ਕਾਕਾ, ਸੁਮਨ, ਘਣਈਆ, ਮੋਤੀ, ਰਾਜੂ, ਸਾਬਾ, ਮਹੀਪਾਲ ਆਦਿ ਨੇ ਕਿਹਾ ਕਿ ਉਹ 24 ਘੰਟੇ ਸਤਲੁਜ ਕੰਢੇ ਬੈਠੇ ਰਹਿੰਦੇ ਹਨ ਲੋਕ ਇਹਨਾਂ ਦੀ ਮਦਦ ਜਰੂਰ ਲੈਣ ਤਾਂ ਜੋ ਕਿਸੇ ਵੀ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ।



# ਐੱਚ ਪੀ ਸਿੰਘ ਨੇ ਸੜਕ ਦੇ ਖੱਡਿਆਂ ਦੀ ਕਰਵਾਈ ਮੁਰੰਮਤ

**ਬਲਾਚੌਰ (ਜਸਵਿੰਦਰ ਬੈਂਸ)** ਜਿਹੜੇ ਕੰਮ ਸਰਕਾਰਾਂ ਵੱਲੋਂ ਕਰਨ ਦੀ ਜ਼ਿੰਮੇਵਾਰੀ ਹੁੰਦੀ ਹੈ ਉਨ੍ਹਾਂ ਨੂੰ ਕਈ ਵਾਰ ਸਮਾਜ ਸੇਵੀਆਂ ਵੱਲੋਂ ਵੀ ਪੂਰਾ ਕਰਕੇ ਆਪਣਾ ਫਰਜ ਨਿਭਾਇਆ ਜਾਂਦਾ ਹੈ। ਇਸੇ ਤਰ੍ਹਾਂ ਦੀ ਮਿਸਾਲ ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਪਬਲਿਕ ਸਕੂਲ ਦੇ ਚੇਅਰਮੈਨ ਐਚ ਪੀ ਸਿੰਘ ਵੱਲੋਂ ਬਲਾਚੌਰ ਸਿਆਣਾ ਘਮੌਰ ਬਾਈਪਾਸ ਨੂੰ ਜਾਂਦੀ ਮੁੱਖ ਸੜਕ ਵਿਖੇ ਆਪਣੇ ਸਕੂਲ ਅੱਗੇ ਪਏ ਵੱਡਿਆਂ ਖੱਡਿਆਂ ਦੀ ਮੁਰੰਮਤ ਕਰਵਾ ਕੇ ਪੇਸ਼ ਕੀਤੀ ਗਈ।ਚੇਅਰਮੈਨ ਐਚ ਪੀ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਇਸ ਮੁੱਖ ਸੜਕ ਦੇ ਕੁੱਝ ਹਿੱਸੇ ਦੀ ਮੁਰੰਮਤ ਨਹੀਂ ਕਰਵਾਈ ਗਈ ਜਿਸ ਦੇ ਮੱਦੇ ਨਜ਼ਰ ਇਸ ਸੜਕ ਉੱਤੇ ਵੱਡੇ ਵੱਡੇ ਖੱਡੇ ਪੈ ਚੁੱਕੇ ਹਨ ਜਿਨ੍ਹਾਂ ਵਿੱਚ ਰੋਜਾਨਾ ਹੀ ਵਾਹਨ ਚਾਲਕ, ਸਕੂਲੀ ਵਿਦਿਆਰਥੀ, ਬਜ਼ੁਰਗ ਅਤੇ ਆਮ ਲੋਕ ਹਾਦਸਾ ਗ੍ਰਸਤ ਹੋ ਰਹੇ ਹਨ। ਰਾਹਗੀਰਾਂ ਨੂੰ ਕੁੱਝ ਰਾਹਤ ਪਹੁੰਚਾਉਣ ਹਿੱਤ ਮੇਰੇ ਵੱਲੋਂ ਇਹ ਛੋਟਾ ਜਿਹਾ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਤੋਂ ਪੁਰਜੋਰ ਮੰਗ ਕੀਤੀ ਹੈ ਕਿ ਇਸ ਮੁੱਖ ਸੜਕ ਤੇ ਜਿੱਥੇ ਦੋ ਤਿੰਨ ਵੱਡੇ ਸਕੂਲ ਅਤੇ ਹਸਪਤਾਲ ਵਗੈਰਾ ਮੌਜੂਦ ਹਨ ਦੀ ਮੁਰੰਮਤ ਪਹਿਲ ਦੀ ਆਧਾਰ ਤੇ ਕਰਵਾਈ ਜਾਵੇ ਤਾਂ ਜੋ ਇਲਾਕਾ ਵਾਸੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ।



# ਪ੍ਰੀ-ਵਿੰਗ ਦੇ ਬੱਚਿਆਂ ਦਾ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਡਿਪਸ ਵਿਦਿਆਲਿਆ ਭੋਗਪੁਰ ਵਿੱਚ ਬੱਚਿਆਂ ਵਿੱਚ ਲੀਡਰਸ਼ਿਪ ਅਤੇ ਆਤਮਵਿਸ਼ਵਾਸ਼ ਨੂੰ ਉਤਸਾਹਿਤ ਕਰਨ ਲਈ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ ਗਿਆ। ਇਸ ਲਈ ਜੋ ਵਿਸ਼ੇ ਲਏ ਗਏ ਉਹ ਇਸ ਪ੍ਰਕਾਰ ਸਨ ਜਿਵੇਂ ਆਵਾਜਾਈ ਦੇ ਢੰਗ, ਸੋਸਲ ਮੀਡੀਆ, ਤਕਨਾਲੋਜੀ, ਜਾਨਵਰ ਅਤੇ ਸਿਹਤ ਨਾਲ ਸਬੰਧਤ ਪੌਸਟਿਕ ਭੋਜਨ ਆਦਿ। ਮਾਪਿਆਂ ਨੇ ਇਸ ਮੁਕਾਬਲੇ ਨੂੰ ਸਫਲ ਬਣਾਉਣ ਵਿੱਚ ਬਹੁਤ ਯੋਗਦਾਨ ਪਾਇਆ, ਉਨ੍ਹਾਂ ਨੇ ਆਪਣੇ ਬੱਚਿਆਂ ਲਈ ਸੁੰਦਰ ਪ੍ਰੌਪਸ ਬਣਾਏ। ਆਪਣੇ ਬੱਚਿਆਂ ਦੀ ਕੁਸਲਤਾ ਵਧਾਉਣ ਵਿੱਚ ਉਨ੍ਹਾਂ ਦਾ ਯੋਗਦਾਨ ਸਲਾਘਾਯੋਗ ਸੀ। ਇਸ ਵਿੱਚ ਬੱਚਿਆਂ ਦੀ ਕਲਪਨਾ ਸਾਫ ਦਿਖਾਈ ਦੇ ਰਹੀ ਸੀ। ਉਨ੍ਹਾਂ ਦਾ ਆਤਮਵਿਸਵਾਸ, ਉਨ੍ਹਾਂ ਦੇ ਬੋਲਣ ਦਾ ਤਰੀਕਾ, ਆਪਣੇ ਪਹਿਰਾਵੇ ਰਾਹੀਂ ਇਸ ਬਾਰੇ ਦੱਸ ਕੇ, ਉਨ੍ਹਾਂ ਨੇ ਸਾਰੇ ਸਰੋਤਿਆਂ ਨੂੰ ਹੈਰਾਨ ਕਰ ਦਿੱਤਾ। ਡਿਪਸ ਸਕੂਲ ਦੇ ਐਮਡੀ ਸ੍ਰੀ ਤਰਵਿੰਦਰ ਸਿੰਘ, ਸੀਈਓ ਮੋਨਿਕਾ ਮੰਡੋਤਰਾ, ਸੀਏਓ ਰਮਨੀਕ ਸਿੰਘ, ਸੀਏਓ ਜਸਨ ਸਿੰਘ, ਚੇਅਰਪਰਸਨ ਸ੍ਰੀਮਤੀ ਜਸਵਿੰਦਰ ਕੌਰ, ਵਾਈਸ ਚੇਅਰਪਰਸਨ ਪ੍ਰੀਤਇੰਦਰ ਕੌਰ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਗੁਰਵੀਨ ਕੌਰ ਨੇ ਬੱਚਿਆਂ ਦੇ ਆਤਮਵਿਸਵਾਸ ਅਤੇ ਮੁਕਾਬਲੇ ਵਿੱਚ ਹਿੱਸਾ ਲੈਣ ਦੇ ਉਨ੍ਹਾਂ ਦੇ ਉਤਸਾਹ ਦੀ ਪ੍ਰਸ਼ੰਸਾ ਕੀਤੀ ਅਤੇ ਮਾਪਿਆਂ ਦਾ ਵੀ ਧੰਨਵਾਦ ਕੀਤਾ ਜੋ ਸਕੂਲ ਦੀ ਹਰ ਗਤੀਵਿਧੀ ਵਿੱਚ ਸਰਗਰਮੀ ਨਾਲ ਹਿੱਸਾ ਲੈ ਰਹੇ ਹਨ।



# ਖਟਕੜ ਕਲਾਂ ਵਿਖੇ ਗਾਜ਼ਾ 'ਚ ਨਸਲਕੁਸ਼ੀ ਵਿਰੁੱਧ ਜਨਤਕ ਇਕੱਤਰਤਾ

**ਬੰਗਾ (ਅਵਤਾਰ ਕਲੇਰ)**- ਅੱਜ ਸ਼ਹੀਦੇ ਆਜ਼ਮ ਦੇ ਜੱਦੀ ਘਰ ਵਿਖੇ ਸ਼ਹੀਦੀ ਯਾਦਗਾਰ ਕਮੇਟੀ ਬੰਗਾ ਦੇ ਬੁਲਾਵੇ 'ਤੇ ਫ਼ਲਸਤੀਨੀ ਲੋਕਾਂ ਦੀ ਨਸਲਕੁਸ਼ੀ ਵਿਰੁੱਧ ਦੁਨੀਆ ਭਰ ਦੇ ਇਨਸਾਫ਼ ਪਸੰਦ ਲੋਕਾਂ ਸੰਗ ਆਵਾਜ਼ ਮਿਲਾਉਂਦਿਆਂ ਇਕਮੁੱਠਤਾ ਇਕੱਤਰਤਾ ਕੀਤੀ ਗਈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰ ਬੂਟਾ ਸਿੰਘ ਮਹਿਮੂਦਪੁਰ, ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ, ਸ਼ਹੀਦੀ ਯਾਦਗਾਰ ਕਮੇਟੀ ਦੇ ਆਗੂਆਂ ਤੀਰਥ ਰਸੂਲਪੁਰੀ ਅਤੇ ਖੁਸ਼ੀ ਰਾਮ ਗੁਣਾਚੌਰ ਨੇ ਕਿਹਾ ਕਿ ਲੰਮੇ ਅਰਸੇ ਤੋਂ ਅਮਰੀਕੀ-ਇਜ਼ਰਾਇਲੀ ਜੰਗਬਾਜ਼ ਗੱਠਜੋੜ ਵੱਲੋਂ ਗਾਜ਼ਾ ਦੇ ਲੋਕਾਂ ਦੀ ਬੇਹੱਦ ਕਰੂਰਤਾ ਨਾਲ ਨਸਲਕੁਸ਼ੀ ਕੀਤੀ ਜਾ ਰਹੀ ਹੈ। ਇਹ ਪੂਰੀ ਤਰ੍ਹਾਂ ਨਹੱਕੀ ਅਤੇ ਧਾੜਵੀ ਜੰਗ ਹੈ ਜੋ ਅਮਰੀਕੀ-ਇਜ਼ਰਾਇਲੀ ਹਕੂਮਤਾਂ ਵੱਲੋਂ ਫ਼ਲਸਤੀਨ ਦਾ ਨਾਮੋ-ਨਿਸ਼ਾਨ ਮਿਟਾ ਕੇ ਉੱਥੋਂ ਦੀ ਸਰਜ਼ਮੀਨ ਉੱਪਰ ਮੁਕੰਮਲ ਕਬਜ਼ਾ ਕਰਨ ਲਈ ਥੋਪੀ ਗਈ ਹੈ। ਦੁਨੀਆ ਭਰ ਦੇ ਇਨਸਾਫ਼ ਪਸੰਦ ਲੋਕਾਂ ਵੱਲੋਂ ਕੀਤੇ ਜਾ ਰਹੇ ਵਿਆਪਕ ਵਿਰੋਧ ਨੂੰ ਦਰਕਿਨਾਰ ਕਰਕੇ ਅਮਰੀਕੀ-ਪੱਛਮੀ ਸਾਮਰਾਜੀ ਤਾਕਤਾਂ ਅਤੇ ਉਨ੍ਹਾਂ ਦੀਆਂ ਪਿੱਠੂ ਭਾਜਪਾ ਵਰਗੀਆਂ ਦਲਾਲ ਸਰਕਾਰਾਂ ਜੰਗਬਾਜ਼ ਇਜ਼ਰਾਇਲੀ ਕਬਜ਼ੇ ਨੂੰ ਪੂਰੀ ਬੇਸ਼ਰਮੀ ਨਾਲ ਫ਼ੌਜੀ, ਵਿੱਤੀ ਅਤੇ ਨੈਤਿਕ ਮਦਦ ਦੇ ਰਹੀਆਂ ਹਨ। ਅਮਰੀਕੀ-ਇਜ਼ਰਾਇਲੀ ਧਾਵਾ ਸਿਰਫ਼ ਦਿਨ-ਰਾਤ ਗੋਲੀਬਾਰੀ, ਬੰਬਾਰੀ ਅਤੇ ਹਵਾਈ ਹਮਲਿਆਂ ਤੱਕ ਸੀਮਤ ਨਹੀਂ। ਗਾਜ਼ਾ ਦੀ ਮੁਕੰਮਲ ਘੇਰਾਬੰਦੀ ਰਾਹੀਂ ਫ਼ਲਸਤੀਨੀਂ ਵਸੋਂ ਨੂੰ ਖਾਣ-ਪੀਣ ਦੀਆਂ ਵਸਤਾਂ ਅਤੇ ਦਵਾਈਆਂ ਪੂਰੀ ਤਰ੍ਹਾਂ ਵਾਂਝਾ ਕਰਕੇ ਗਿਣ-ਮਿੱਥ ਕੇ ਭੁੱਖਮਰੀ ਨਾਲ ਅਤੇ ਬਿਨਾਂ ਇਲਾਜ ਤੜਫਾ-ਤੜਫਾ ਕੇ ਮਾਰਿਆ ਜਾ ਰਿਹਾ ਹੈ ਤਾਂ ਜੋ ਫ਼ਲਸਤੀਨੀਆਂ ਦਾ ਮਨੋਬਲ ਤੋੜ ਕੇ ਮੁਕਤੀ ਦੀ ਰੀਝ ਖ਼ਤਮ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਇਜ਼ਰਾਇਲੀ ਕਬਜ਼ੇ ਨੂੰ ਕਬੂਲ ਕਰਨ ਲਈ ਮਜਬੂਰ ਕੀਤਾ ਜਾ ਸਕੇ। ਹੁਣ ਤੱਕ 63000 ਫ਼ਲਸਤੀਨੀ ਲੋਕਾਂ ਨੂੰ ਕਤਲ ਕੀਤਾ ਗਿਆ ਹੈ ਅਤੇ ਡੇਢ ਲੱਖ ਤੋਂ ਵੱਧ ਲੋਕਾਂ ਨੂੰ ਅਪਾਹਜ ਬਣਾ ਦਿੱਤਾ ਗਿਆ ਹੈ ਜਿਨ੍ਹਾਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਸ਼ਾਮਲ ਹਨ। 241 ਪੱਤਰਕਾਰਾਂ ਨੂੰ ਗਿਣ-ਮਿੱਥ ਕੇ ਕਤਲ ਕੀਤਾ ਜਾ ਰਿਹਾ ਹੈ ਤਾਂ ਜੋ ਪੱਤਰਕਾਰ ਦਹਿਸ਼ਤਜ਼ਦਾ ਹੋ ਕੇ ਜ਼ੁਬਾਨਬੰਦੀ ਕਰ ਲੈਣ ਅਤੇ ਜ਼ਮੀਨੀ ਹਕੀਕਤ ਦੀ ਰਿਪੋਰਟਿੰਗ ਦੁਨੀਆ ਤੱਕ ਨਾ ਪਹੁੰਚ ਸਕੇ। ਬੁਲਾਰਿਆਂ ਨੇ ਮੰਗ ਕੀਤੀ ਕਿ ਇਜ਼ਰਾਇਲੀ ਕਬਜ਼ਾ ਖ਼ਤਮ ਕਰ ਪੂਰੇ ਫ਼ਲਸਤੀਨ ਨੂੰ ਆਜ਼ਾਦ ਕੀਤਾ ਜਾਵੇ, ਗਾਜ਼ਾ ਵਿਚ ਨਾਕਾਬੰਦੀ, ਭੁੱਖਮਰੀ ਅਤੇ ਬੰਬਾਰੀ ਨਾਲ ਨਸਲਕੁਸ਼ੀ ਬੰਦ ਕੀਤੀ ਜਾਵੇ ਅਤੇ ਸਾਰੀਆਂ ਧਾੜਵੀ ਫ਼ੌਜਾਂ ਤੁਰੰਤ ਬਾਹਰ ਕੱਢੀਆਂ ਜਾਣ ਅਤੇ ਕੌਮਾਂਤਰੀ ਮੀਡੀਆ ਦੀ ਆਜ਼ਾਦਾਨਾ ਰਿਪੋਰਟਿੰਗ ਨੂੰ ਰੋਕਣ ਲਈ ਲਾਈਆਂ ਬੰਦਸ਼ਾਂ ਖ਼ਤਮ ਕੀਤੀਆਂ ਜਾਣ।ਇਨਕਲਾਬੀ ਗਾਇਕ ਧਰਮਿੰਦਰ ਮਸਾਣੀ ਅਤੇ ਲੋਕ ਕਵੀ ਦੀਪ ਕਲੇਰ ਵੱਲੋਂ ਗੀਤ ਕਵਿਤਾਵਾਂ ਪੇਸ਼ ਕੀਤੇ ਗਏ। ਇਸ ਮੌਕੇ ਗੁਰਨੇਕ ਸਿੰਘ ਚੂਹੜਪੁਰ, ਨੰਦ ਲਾਲ ਰਾਏਪੁਰ ਡੱਬਾ, ਖੁਸ਼ੀ ਰਾਮ ਗੁਣਾਚੌਰ, ਪਰਮਜੀਤ ਕੌਰ ਰਾਏਪੁਰ ਡੱਬਾ, ਰਣਜੀਤ ਕੌਰ ਮਹਿਮੂਦਪੁਰ, ਕਮਲੇਸ਼ ਰਸੂਲਪੁਰੀ, ਜਸਪਾਲ ਹੀਓਂ, ਆਦਿ ਆਗੂ, ਕਾਰਕੁਨ ਅਤੇ ਹੋਰ ਜਮਹੂਰੀ ਸ਼ਖ਼ਸੀਅਤਾਂ ਮੌਜੂਦ ਸਨ।



# ਪੱਤਰਕਾਰ ਸੁਰਿੰਦਰ ਕੁਮਾਰ ਨੂੰ ਸਦਮਾ, ਦਮਾਦ ਦੀ ਮੌਤ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ ਤੋਂ ਨਵਾਂ ਜ਼ਮਾਨਾ ਦੇ ਪੱਤਰਕਾਰ ਸੁਰਿੰਦਰ ਕੁਮਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾ ਦੇ ਲੁਧਿਆਨਾ ਦੇ ਸ਼ੇਰਪੁਰ ਕਲਾਂ ਵਿਖੇ ਰਹਿੰਦੇ ਦਾਮਾਦ ਹਰਮਨਜੋਤ ਸਿੰਘ ਦਾ ਦਿਲ ਦਾ ਦੌਰਾ ਪੈਣ 'ਤੇ ਮੌਤ ਹੋ ਗਈ। ਇਸ ਸ਼ੋਕ ਦੀ ਖਬਰ ਸੁਣ ਕੇ ਮੁਹੱਲਾ ਨਿਵਾਸੀ, ਰਿਸ਼ਤੇਦਾਰ ਤੇ ਦੋਸਤ ਮਿੱਤਰ ਇਸ ਦੁੱਖ ਦੀ ਘੜੀ ਵਿੱਚ ਹਮਦਰਦੀ ਪ੍ਰਗਟਾਉਣ ਲਈ ਪੁਹੰਚੇ। ਹਰਮਨਜੋਤ ਸਿੰਘ 16 ਅਗਸਤ ਨੂੰ ਸਦੀਵੀ ਵਿਛੋੜਾ ਦੇ ਗਏ, ਜਿਨ੍ਹਾ ਦੀ ਅੰਤਿਮ ਆਰਦਾਸ ਗੁਰਦੁਆਰਾ ਕੁਟੀਆ ਸਾਹਿਬ ਜਮਾਲਪੁਰ ਲੁਧਿਆਨਾ ਵਿਖੇ 24 ਅਗਸਤ ਨੂੰ ਬਾਅਦ ਦੁਪਹਿਰ 1 ਵਜੇ ਤੋਂ ਲੈ ਕੇ 1-30 ਵਜੇ ਤੱਕ ਹੋਵੇਗੀ।



# ਖੁੱਡੀਆਂ ਵੱਲੋਂ 'ਪੰਜਾਬ ਇਨ ਫਰੇਮਜ਼' ਫੋਟੋ ਪ੍ਰਦਰਸ਼ਨੀ ਦਾ ਉਦਘਾਟਨ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇੱਥੇ ਸੈਕਟਰ-16, ਸਥਿਤ ਪੰਜਾਬ ਕਲਾ ਪ੍ਰੀਸ਼ਦ ਦੇ ਕਲਾ ਸੰਗਮ ਵਿਖੇ ਇੱਕ ਫੋਟੋ ਪ੍ਰਦਰਸ਼ਨੀ 'ਪੰਜਾਬ ਇਨ ਫਰੇਮਜ਼' ਦਾ ਉਦਘਾਟਨ ਕੀਤਾ।ਇਹ ਕਲਾਤਮਕ ਪ੍ਰਦਰਸ਼ਨੀ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਕੈਮਰੇ ਵਿੱਚ ਕੈਦ ਕੀਤੇ ਮਨਮੋਹਕ ਦ੍ਰਿਸ਼ਾਂ ਨੂੰ ਪੇਸ਼ ਕਰਦੀ ਹੈ ਅਤੇ ਉਨ੍ਹਾਂ ਨੂੰ ਇਹ ਪ੍ਰਦਰਸ਼ਨੀ ਵਿਸ਼ਵ ਫੋਟੋਗ੍ਰਾਫੀ ਦਿਵਸ-2025 ਨੂੰ ਸਮਰਪਿਤ ਕੀਤੀ ਹੈ।ਇਸ ਪ੍ਰਦਰਸ਼ਨੀ ਦੌਰਾਨ ਦੁਰਲੱਭ ਦ੍ਰਿਸ਼ਾਂ ਨੂੰ ਨਿਹਾਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ 'ਪੰਜਾਬ ਇਨ ਫਰੇਮਜ਼' ਪ੍ਰਦਰਸ਼ਨੀ ਸ੍ਰੀ ਸੰਧੂ ਦੀ ਇੱਕ ਵਿਲੱਖਣ ਕੋਸ਼ਿਸ਼ ਹੈ ਜੋ ਦ੍ਰਿਸ਼ਟੀਗਤ ਤੌਰ 'ਤੇ ਦਿਲਚਸਪ ਕਹਾਣੀ ਰਾਹੀਂ ਸੂਬੇ ਦੀ ਜੀਵੰਤ ਕੁਦਰਤੀ ਸੁੰਦਰਤਾ, ਅਮੀਰ ਸੱਭਿਆਚਾਰ ਅਤੇ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੀ ਹੈ।ਇਸ ਦੌਰਾਨ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਇੰਦਰਪਾਲ ਸਿੰਘ ਧੰਨਾ ਨੇ ਸ੍ਰੀ ਹਰਪ੍ਰੀਤ ਸੰਧੂ ਦੇ ਸ਼ਾਨਦਾਰ ਉਪਰਾਲੇ ਅਤੇ ਫੋਟੋਗ੍ਰਾਫੀ ਦੇ ਸ਼ਕਤੀਸ਼ਾਲੀ ਮਾਧਿਅਮ



ਰਾਹੀਂ ਪੰਜਾਬ ਦੀ ਸੱਭਿਆਚਾਰਕ, ਕੁਦਰਤੀ ਅਤੇ ਅਧਿਆਤਮਿਕ ਪਛਾਣ ਨੂੰ ਉਤਸ਼ਾਹਿਤ ਕਰਨ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ।ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਨੇ ਵੀ ਹਰਪ੍ਰੀਤ ਸੰਧੂ ਦੀ ਸਮਾਜ ਪ੍ਰਤੀ ਸ਼ਲਾਘਾਯੋਗ ਸੇਵਾ ਦੀ ਸ਼ਲਾਘਾ ਕੀਤੀ।

# ਵੈਟਰਨਰੀ ਇੰਸਪੈਕਟਰ ਮੰਗਾਂ ਪੂਰੀਆਂ ਹੋਣ ਤੱਕ ਲੜਨਗੇ ਲੰਮਾ ਸੰਘਰਸ਼ : ਬਾਸੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਕਿਣਤੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕਾਫੀ ਲੰਬੇ ਸਮੇਂ ਤੋਂ ਜਦੋ ਜਹਿਦ ਕਰ ਰਹੇ ਹਨ, ਇਸ ਸੰਬੰਧੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੀਆਂ ਕਈ ਮੀਟਿੰਗਾਂ ਵਿਭਾਗ ਦੇ ਮਾਨਯੋਗ ਕੈਬਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਭਾਗ ਦੇ ਆਹਲਾ ਅਫਸਰਾਂ ਨਾਲ ਹੋ ਚੁੱਕੀਆਂ ਹਨ, ਪਰ ਹਾਲੇ ਤੱਕ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਨੂੰ ਬੂਰ ਪੈਂਦਾ ਨਜ਼ਰ ਨਹੀਂ ਆ ਰਿਹਾ, ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਕੁਝ ਦਿਨ ਪਹਿਲਾਂ ਹੀ ਇਸ ਸਬੰਧੀ ਇੱਕ ਅਹਿਮ ਮੀਟਿੰਗ ਕੀਤੀ ਜਿਸ ਵਿੱਚ ਪੰਜਾਬ ਭਰ ਦੇ ਜ਼ਿਲ੍ਹਾ ਪ੍ਰਧਾਨਾਂ ਤੋਂ ਇਲਾਵਾ ਸਟੇਟ ਕਮੇਟੀ ਦੇ ਸਾਰੇ ਅਹੁਦੇਦਾਰਾਂ ਨੇ ਹਿੱਸਾ ਲਿਆ, ਲੰਬੇ ਵਿਚਾਰ ਵਟਾਂਦਰੇ ਤੋਂ ਬਾਅਦ ਐਸੋਸੀਏਸ਼ਨ ਨੇ ਮਹਿਸੂਸ ਕੀਤਾ ਕਿ ਮੌਜੂਦਾ ਸਰਕਾਰ ਅਤੇ ਵਿਭਾਗ ਦੀ ਅਫਸਰਸ਼ਾਹੀ ਜਾਣ ਬੁੱਝ ਕੇ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਨੂੰ ਲਟਕਾ ਰਹੀ ਹੈ, ਅਤੇ ਆਪਣਾ ਸਮਾਂ ਪੂਰਾ ਕਰ ਚੁੱਕੇ ਹਨ ਵੈਟਰਨਰੀ ਇੰਸਪੈਕਟਰਾਂ ਦੇ ਸਬਰ ਦਾ ਪਿਆਲਾ ਭਰ ਚੁੱਕਾ ਹੈ, ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਅਤੇ ਸੂਬਾ ਪ੍ਰੈਸ ਸਕੱਤਰ ਗੁਰਜੀਤ ਸਿੰਘ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਦੱਸਿਆ ਕਿ ਹੁਣ ਵੈਟਰਨਰੀ ਇੰਸਪੈਕਟਰ ਕੇਡਰ ਆਪਣੀ ਮੰਗਾਂ ਨੂੰ ਲੈ ਕੇ ਲੰਬਾ ਸੰਘਰਸ਼ ਲੜਨ ਦਾ ਇਰਾਦਾ ਕਰ ਚੁੱਕੇ ਹਨ। ਸੰਘਰਸ਼ ਦੀ ਸ਼ੁਰੂਆਤ 24 ਅਗਸਤ ਨੂੰ ਦਫਤਰ ਡਾਇਰੈਕਟਰ ਪਸ਼ੂ ਪਾਲਣ ਮੋਹਾਲੀ ਤੋਂ ਰੋਸ ਮੁਜਾਰੇ ਦੇ ਰੂਪ ਵਿੱਚ ਕੀਤੀ ਜਾਏਗੀ।

# ਮਨੀਸ਼ ਸਿਸੋਦੀਆ ਵੱਲੋਂ ਖੁੱਲ੍ਹੇ ਮੰਚ ਤੋਂ ਗੈਰ-ਜ਼ਿੰਮੇਵਾਰਾਨਾ ਭਾਸ਼ਾ ਦਾ ਪ੍ਰਯੋਗ ਕਰਨਾ ਅਤਿ-ਨਿੰਦਣਯੋਗ : ਸ਼ੇਰਪੁਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਹਰ ਫਰੰਟ 'ਤੇ ਫੇਲ੍ਹ ਹੋਣ ਕਰਕੇ ਬੁਖਲਾਹਟ 'ਚ ਦਿਖਾਈ ਦੇ ਰਹੀ ਹੈ। ਲੋਕਾਂ ਨਾਲ ਕੀਤੇ ਵਾਅਦਿਆਂ ਦੀ ਹੁਣ ਫੂਕ ਨਿਕਲੀ ਜਾਪਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਆਗੂ ਜਗਦੀਸ਼ ਸ਼ੇਰਪੁਰੀ ਜ਼ਿਲ੍ਹਾ ਪ੍ਰਧਾਨ ਬਸਪਾ ਜਲੰਧਰ, ਮੰਗਤ ਸਿੰਘ ਮੈਂਟੀ ਇੰਚਾਰਜ ਵਿਧਾਨ ਸਭਾ ਨਕੋਦਰ, ਕੋਆਰਡੀਨੇਟਰ ਜਲੰਧਰ, ਦੇਵਰਾਜ ਸੁਮਨ ਪ੍ਰਧਾਨ ਵਿਧਾਨ ਸਭਾ ਨਕੋਦਰ ਨੇ ਕਹੇ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਬਿਲਕੁਲ ਫੇਲ੍ਹ ਹੋ ਚੁੱਕੀ ਹੈ, ਨਸ਼ਾ ਘਰਾਂ ਤੋਂ ਬਾਅਦ ਛੋਟੇ ਛੋਟੇ ਬੱਚਿਆਂ ਤੱਕ ਸਕੂਲਾਂ ਵਿੱਚ ਸ਼ਰੇਆਮ ਜਬਰੀ ਸੇਵਨ ਕਰਵਾਇਆ ਜਾ ਰਿਹਾ ਹੈ। ਸੂਬੇ ਅੰਦਰ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਨੂੰ ਸੜਕਾਂ ਤੋਂ ਜਬਰੀ ਚੁੱਕ ਕੇ ਗ੍ਰਾਮ ਦੇ ਗ੍ਰਾਮ ਚਿੱਟਾ ਜਾਂ ਕੁਝ ਗੋਲੀਆਂ ਕੈਪਸੂਲ ਪਾ ਕੇ ਜੇਲ੍ਹਾਂ 'ਚ ਡੱਕਿਆ ਜਾ ਰਿਹਾ ਹੈ, ਜਿਸ ਨੂੰ ਯੁੱਧ ਨਸ਼ਿਆਂ ਵਿਰੁੱਧ ਅਭਿਆਨ ਨੂੰ ਸਫਲ ਦੱਸਿਆ ਜਾ ਰਿਹਾ ਹੈ। ਨਸ਼ੇ ਦੇ ਸੌਦਾਗਰ ਸ਼ਰੇਆਮ ਦਨਦਨਾਓਂਦੇ ਫਿਰਦੇ ਹਨ। ਅੱਜ ਤੱਕ ਸਰਕਾਰ ਜਾਂ ਸਰਕਾਰ ਦਾ ਖੁਫੀਆ ਤੰਤਰ ਅਤੇ ਪੁਲਸ ਉਨ੍ਹਾਂ ਤੱਕ ਪਹੁੰਚ ਨਹੀਂ ਕਰ ਸਕੀ। ਪੰਜਾਬ ਵਿੱਚ ਹਰ ਰੋਜ਼ ਸ਼ਰੇਆਮ ਗੈਂਗਵਾਰ, ਕਤਲੋਗਾਰਤ, ਰਾਹਗੀਰਾਂ ਦੀਆਂ ਚੈਨੀ, ਵਾਲੀਆਂ ਤੇ ਪਰਸ ਖੋਹੇ ਜਾ ਰਹੇ ਹਨ। ਸਰਕਾਰ ਨੂੰ ਪਤਾ ਹੈ ਕਿ ਅਸੀਂ ਹੁਣ ਦੁਬਾਰਾ ਸੱਤਾ ਵਿਚ ਨਹੀਂ ਆ ਸਕਦੇ। ਇਸ ਬੁਖਲਾਹਟ ਕਰਕੇ ਹੀ ਬਾਹਰੀ ਸੂਬੇ ਤੋਂ ਗੈਰਜ਼ਿੰਮੇਵਾਰ ਨੇਤਾ ਪੰਜਾਬ ਵਿਚ ਅਗਲੀਆਂ ਚੋਣਾਂ ਜਿੱਤਣ ਲਈ ਸ਼ਾਮ, ਦਾਮ, ਦੰਡ ਭੇਦ, ਝੂਠ-ਸੱਚ, ਮਾਰ-ਪੀਟ, ਲੜਾਈ-ਝਗੜਾ ਜੋ ਵੀ ਸੰਭਵ ਹੋਇਆ ਕਰਾਂਗੇ ਪਰ ਅਗਲੀ ਸਰਕਾਰ ਆਪਣੀ ਬਣਾਵਾਂਗੇ, ਦੇ ਵਿਚਾਰ ਪੇਸ਼ ਕਰ ਰਹੇ ਹਨ। ਅਸੀਂ ਚੋਣ ਕਮਿਸ਼ਨ ਕੋਲੋਂ ਇਹ ਵੀ ਗੁਹਾਰ ਲਗਾਉਂਦੇ ਹਾਂ ਕਿ



ਆਪ ਨੇਤਾਵਾਂ ਨੂੰ ਪੰਜਾਬ ਵਿਚ ਦਾਖਲ ਹੋਣ ਤੋਂ ਰੋਕ ਲਗਾਏ। ਆਉਣ ਵਾਲੇ ਸਮੇਂ ਵਿੱਚ ਬਸਪਾ ਇਸ ਨੇਤਾ ਵਿਰੁੱਧ ਤਿੱਖਾ ਸੰਘਰਸ਼ ਛੇੜਨ ਲਈ ਪੰਜਾਬ ਸੰਭਾਲੋ ਮੁਹਿੰਮ ਦੇ ਏਜੰਡੇ ਵਿਚ ਇਸ ਮੁੱਦੇ ਪਹਿਲ ਦੇ ਅਧਾਰ 'ਤੇ ਪੰਜਾਬ ਦੇ ਕੋਨੇ-ਕੋਨੇ ਤੱਕ ਲੈ ਕੇ ਜਾਵੇਗੀ। ਇਹ ਪ੍ਰਗਟਾਵਾ ਬਸਪਾ ਆਗੂ ਜਗਦੀਸ਼ ਸ਼ੇਰਪੁਰੀ ਜ਼ਿਲ੍ਹਾ ਪ੍ਰਧਾਨ ਬਸਪਾ ਜਲੰਧਰ, ਮੰਗਤ ਸਿੰਘ ਮੈਂਟੀ ਇੰਚਾਰਜ ਵਿਧਾਨ ਸਭਾ ਨਕੋਦਰ ਕੋਆਰਡੀਨੇਟਰ ਜਲੰਧਰ, ਦੇਵਰਾਜ ਸੁਮਨ ਪ੍ਰਧਾਨ ਵਿਧਾਨ ਸਭਾ ਨਕੋਦਰ ਬਸਪਾ ਆਗੂਆਂ ਨੇ ਸਮੂਹਕ ਤੌਰ 'ਤੇ ਕੀਤਾ।

# ਮੁਫ਼ਤ ਕੋਚਿੰਗ ਪ੍ਰਾਪਤ ਕਰਨ ਲਈ ਦੋ ਦਿਨਾਂ ਦੇ ਅੰਦਰ 500 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਦਾਖਲਾ : ਸੰਧਵਾਂ

**ਚੰਡੀਗੜ੍ਹ, (ਗੁਰਜੀਤ ਬਿੱਲਾ)** -ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੀ.ਸੀ.ਐਸ. ਪ੍ਰੀਖਿਆ ਦੇ ਚਾਹਵਾਨ ਉਮੀਦਵਾਰਾਂ ਨੂੰ ਮੁਫ਼ਤ ਸਿੱਖਿਆ ਅਤੇ ਕੋਚਿੰਗ ਪ੍ਰਦਾਨ ਕਰਨ ਦੇ ਉਦੇਸ਼ ਨਾਲ ਆਈ.ਏ.ਐਸ. ਸਟੱਡੀ ਗਰੁੱਪ ਦੇ ਰਾਜ ਮਲਟੋਤਰਾ ਨਾਲ ਸੰਪਰਕ ਕੀਤਾ ਅਤੇ ਉਨ੍ਹਾਂ ਨੂੰ ਪੀ.ਸੀ.ਐਸ. ਪ੍ਰੀਖਿਆ ਦੇ ਚਾਹਵਾਨ ਉਮੀਦਵਾਰਾਂ ਨੂੰ ਮੁਫ਼ਤ ਕੋਚਿੰਗ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ। ਇਸ ਸਬੰਧੀ, ਆਈ.ਏ.ਐਸ. ਸਟੱਡੀ ਗਰੁੱਪ ਚੰਡੀਗੜ੍ਹ ਦੇ ਰਾਜ ਮਲਟੋਤਰਾ ਨੇ ਪੰਜਾਬ ਵਿਧਾਨ ਸਭਾ ਸਪੀਕਰ ਦੇ ਪ੍ਰਸਤਾਵ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਉਹ ਪੀ.ਸੀ.ਐਸ. (ਕਾਰਜਕਾਰੀ) ਸ਼ੁਰੂਆਤੀ ਪ੍ਰੀਖਿਆ-2025 (ਜਨਰਲ ਸਟੱਡੀਜ਼ ਅਤੇ ਸੀ.ਐਸ.ਏ.ਟੀ.) ਦੀ ਤਿਆਰੀ ਲਈ ਪੰਜਾਬ ਦੇ ਸਾਰੇ ਚਾਹਵਾਨ ਉਮੀਦਵਾਰਾਂ ਨੂੰ ਮੁਫ਼ਤ ਕੋਚਿੰਗ ਪ੍ਰਦਾਨ ਕਰਨਗੇ।ਇਸ ਕੋਰਸ ਦੀ ਮਿਆਦ 45 ਦਿਨ ਹੋਵੇਗੀ।ਸਪੀਕਰ ਨੇ ਦੱਸਿਆ ਕਿ ਦੋ ਦਿਨਾਂ ਵਿੱਚ ਸੂਬੇ ਭਰ ਦੇ 500 ਤੋਂ ਵੱਧ ਵਿਦਿਆਰਥੀਆਂ ਨੇ ਪੀ.ਸੀ.ਐਸ. (ਕਾਰਜਕਾਰੀ) ਪ੍ਰੀਖਿਆ ਦੀ ਤਿਆਰੀ ਲਈ ਰਾਜ ਮਲਟੋਤਰਾ ਦੇ ਆਈ.ਏ.ਐਸ. ਸਟੱਡੀ ਗਰੁੱਪ, ਚੰਡੀਗੜ੍ਹ ਵਿੱਚ ਦਾਖਲਾ ਲਿਆ ਹੈ।ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਮੌਕਾ ਨਹੀਂ ਹੈ, ਸਗੋਂ ਚਾਹਵਾਨ ਉਮੀਦਵਾਰਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਇੱਕ ਅਜਿੱਤ ਯਾਤਰਾ ਦੀ ਸ਼ੁਰੂਆਤ ਹੈ।

# ਰਾਤ ਦੇ ਹਨੇਰੇ 'ਚ ਦੁੱਧ 'ਚ ਕੈਮੀਕਲ ਮਿਲਾ ਕੇ ਨਕਲੀ ਦੁੱਧ ਤਿਆਰ ਕਰਦਾ ਫੜਿਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਅੱਜ-ਕੱਲ੍ਹ ਦੁੱਧ ਦੀ ਸ਼ੁੱਧਤਾ ਲੋਕਾਂ ਲਈ ਵੱਡੀ ਚਿੰਤਾ ਬਣ ਗਈ ਹੈ। ਮੁਨਾਫਾ ਕਮਾਉਣ ਲਈ ਬਹੁਤ ਸਾਰੇ ਲੋਕ ਦੁੱਧ ਵਿੱਚ ਨੁਕਸਾਨਦੇਹ ਚੀਜ਼ਾਂ ਮਿਲਾ ਰਹੇ ਹਨ, ਜਿਸ ਕਾਰਨ ਲੋਕਾਂ ਦੀ ਸਿਹਤ 'ਤੇ ਬੁਰਾ ਅਸਰ ਪੈ ਰਿਹਾ ਹੈ।ਅਜਿਹਾ ਹੀ ਇਕ ਮਾਮਲਾ ਸੁਲਤਾਨਪੁਰ ਲੋਧੀ ਤੋਂ ਸਾਹਮਣੇ ਆਇਆ ਹੈ ਜਿੱਥੇ ਨਕਲੀ ਦੁੱਧ ਬਣਾ ਕੇ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਵਾਲੇ ਮਨੁੱਖੀ ਸਿਹਤ ਦੇ ਇੱਕ ਦੁਸ਼ਮਣ ਨੂੰ ਰਾਹਗੀਰਾਂ ਵੱਲੋਂ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਦੋਸ਼ ਇਹ ਹਨ ਕਿ ਸੁਲਤਾਨਪੁਰ ਲੋਧੀ ਤਲਵੰਡੀ ਚੌਧਰੀਆਂ ਮਾਰਗ 'ਤੇ ਪਿੰਡ ਮੇਵਾ ਸਿੰਘ ਵਾਲਾ ਵਿਖੇ ਇੱਕ ਵਿਅਕਤੀ ਰਾਤ ਦੇ ਹਨੇਰੇ ਦਾ ਫਾਇਦਾ ਚੁੱਕ ਕੇ ਦੁੱਧ ਵਿੱਚ ਕੋਈ ਕੈਮੀਕਲ ਮਿਲਾ ਕੇ ਨਕਲੀ ਦੁੱਧ ਤਿਆਰ ਕਰ ਰਿਹਾ ਸੀ। ਇਸ ਬਾਬਤ ਜਾਣਕਾਰੀ ਦਿੰਦੇ ਹੋਏ ਰਾਹਗੀਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮੈਂ ਤਲਵੰਡੀ ਚੌਧਰੀਆਂ ਵਲੋਂ ਆ ਰਿਹਾ ਸੀ ਇਸ ਦੌਰਾਨ ਇੱਕ ਵਾਹਨ ਰਸਤੇ ਵਿੱਚ ਹੀ ਰੁਕ ਗਿਆ।ਜਿੱਥੇ ਅਸੀਂ ਪਿੰਡ ਮੇਵਾ ਸਿੰਘ ਵਾਲਾ ਦੇ ਨਜ਼ਦੀਕ ਵੇਖਿਆ ਕਿ ਵਿਅਕਤੀ ਦੁੱਧ 'ਚ ਕੋਈ ਕੈਮੀਕਲ ਮਿਲਾ ਰਿਹਾ ਹੈ। ਜਿਸ ਨੂੰ ਅਸੀਂ ਸ਼ੱਕ ਦੇ ਅਧਾਰ 'ਤੇ ਪੁੱਛਿਆ ਤਾਂ ਉਸ ਨੇ ਕਿਹਾ ਕਿ ਮੈਂ ਇੱਥੇ ਸੈਂਪਲ ਚੈੱਕ ਕਰ ਰਿਹਾ ਹਾਂ। ਜਿਸ ਨੂੰ ਅਸੀਂ ਪੁੱਛਿਆ ਕਿ ਇੱਥੇ ਸੈਂਪਲ ਦਾ ਕੀ ਕੁਨੈਕਸ਼ਨ ਹੈ। ਜਦ ਕਿ ਤੂੰ ਦੁੱਧ ਕਿਤੋਂ ਹੋਰੋਂ ਲੈ ਕੇ ਆਇਆ ਤੇ ਇੱਥੇ ਸੈਂਪਲ ਚੈੱਕ ਕਰ ਰਿਹਾ ਹੈ। ਜਿਸ ਤੋਂ ਬਾਅਦ ਉਸ ਨੇ ਡਰਦੇ ਮਾਰਿਆ ਇੱਕ ਬੋਤਲ ਕਿਸੇ ਕੈਮੀਕਲ ਦੀ ਦੂਰ ਸੁੱਟ ਦਿੱਤੀ। ਚੈੱਕ ਕਰਨ 'ਤੇ ਸਾਨੂੰ ਉਸ ਵਾਹਨ ਵਿੱਚੋਂ ਇੱਕ ਪਾਣੀ ਦਾ ਡਰੱਮ, ਹੋਰ ਕੈਮੀਕਲ ਵੇਖੇ ਗਏ। ਜਦੋਂ ਅਸੀਂ ਕਿਹਾ ਕਿ ਇਹ ਸਭ ਕੀ ਹੈ ਤਾਂ ਇਹ ਸਾਨੂੰ ਕਹਿਣ ਲੱਗਾ ਕਿ ਤੁਸੀਂ ਕੌਣ ਹੁੰਦੇ ਹੋ ਮੈਨੂੰ ਪੁੱਛਣ ਵਾਲੇ ਅਤੇ ਸਾਨੂੰ ਧਮਕਾਉਣ ਲੱਗ ਪਿਆ। ਜਿਸ ਤੋਂ ਬਾਅਦ ਅਸੀਂ ਪੁਲਸ ਨੂੰ ਸੂਚਿਤ ਕਰ ਦਿੱਤਾ ਤੇ ਉਕਤ ਵਿਅਕਤੀ ਨੂੰ ਪੁਲਸ ਦੇ ਹਵਾਲੇ ਕਰ ਦਿੱਤਾ। ਜਦੋਂ ਇਸ ਬਾਬਤ ਉਕਤ ਵਿਅਕਤੀ ਦੇ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਨੇ ਕਿਹਾ ਮੈਂ ਸਿਰਫ ਗੱਡੀ ਰੋਕ ਕੇ ਇੱਥੇ ਪਾਣੀ ਭਰ ਰਿਹਾ ਸੀ। ਇਹ ਦੁੱਧ ਬਿਲਕੁਲ ਵੀ ਨਕਲੀ ਨਹੀਂ ਹੈ, ਇਸ ਨੂੰ ਜਿੱਥੇ ਮਰਜ਼ੀ ਚੈੱਕ ਕਰਵਾ ਲਓ। ਗੱਡੀ 'ਚ ਰੱਖੇ ਕੈਮੀਕਲ ਬਾਰੇ ਸਵਾਲ ਕਰਨ 'ਤੇ ਉਸ ਨੇ ਕਿਹਾ ਕਿ ਮੇਰੀ ਜ਼ਰੂਰਤ ਦਾ ਸਮਾਨ ਹੈ। ਇਸ ਤੋਂ ਇਲਾਵਾ ਕੁਝ ਵੀ ਨਹੀਂ। ਉਧਰ ਮੌਕੇ 'ਤੇ ਪਹੁੰਚੀ ਪੁਲਸ ਨੇ ਕਿਹਾ ਕਿ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਤੋਂ ਬਾਅਦ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਫਿਲਹਾਲ ਜਾਂਚ ਕੀਤੀ ਜਾ ਰਹੀ ਹੈ।

# ਸਰਹਾਲਾ ਕਲਾਂ ਵਿਖੇ ਸਲਾਨਾ ਛਿੰਝ ਮੇਲਾ ਧੂਮਧਾਮ ਨਾਲ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਸਰਹਾਲਾ ਕਲਾਂ ਵਿਖੇ 108 ਸੰਤ ਭਾਈ ਸ਼ੇਰ ਸਿੰਘ ਦੀ ਯਾਦ ਵਿੱਚ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ 108 ਸੰਤ ਭਾਈ ਸ਼ੇਰ ਸਿੰਘ ਜੀ ਮੈਮੋਰੀਅਲ ਸਪੋਰਟਸ ਕਲੱਬ ਰਜਿ. ਵੱਲੋਂ 108 ਸੰਤ ਭਾਈ ਸ਼ੇਰ ਸਿੰਘ ਦੀ ਯਾਦ ਵਿੱਚ ਸਲਾਨਾ ਛਿੰਝ ਮੇਲਾ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨ ਬਲਜਿੰਦਰ ਸਿੰਘ ਗਿੱਲ, ਜੋਗਾ ਸਿੰਘ ਮੀਤ ਪ੍ਰਧਾਨ, ਇੰਸਪੈਕਟਰ ਇਕਬਾਲ ਸਿੰਘ ਸੁਖਵਿੰਦਰ ਸਿੰਘ ਪੰਚ ਮੁੱਖ ਸਲਾਹਕਾਰ, ਰਣਜੀਤ ਸਿੰਘ ਵਾਇਸ ਪ੍ਰਧਾਨ, ਰੁਪਿੰਦਰ ਸਿੰਘ ਜਨਰਲ ਸਕੱਤਰ, ਹਰਪ੍ਰੀਤ ਸਿੰਘ ਹੈਪੀ ਨੇ ਦੱਸਿਆ ਕਿ ਇਸ ਸਲਾਨਾ ਛਿੰਝ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਪਹਿਲਵਾਨਾਂ ਨੇ ਕੁਸ਼ਤੀ ਲੜੀ ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ ਛਿੰਝ ਮੇਲੇ ਦੌਰਾਨ ਮੁੱਖ ਮਹਿਮਾਨ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਕੁਲਵੰਤ ਸਿੰਘ ਗੁਰੂ ਕੀ ਰਸੋਈ ਖੈਰੜ ਅੱਛਰਵਾਲ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰੀ। ਪਹਿਲੀ ਪਟਕੇ ਦੀ ਕੁਸ਼ਤੀ ਅਨੀਕੇਤ ਮਾਂਗਟ ਅਤੇ ਸਾਹਿਲ ਕੋਹਾਲੀ ਵਿਚਕਾਰ ਕਰਵਾਈ ਗਈ। ਜਿਸ ਵਿਚ ਸਾਹਿਲ ਕੋਹਾਲੀ ਪਹਿਲਵਾਨ ਜੇਤੂ ਰਿਹਾ। ਇਸੇ ਤਰ੍ਹਾਂ ਦੂਜੀ ਪਟਕੇ ਦੀ ਕੁਸ਼ਤੀ ਸਤਵੀਰ ਚੰਬਲਾ ਅਤੇ ਖਲੀ ਧਲੇਤਾ ਵਿਚਕਾਰ ਕਰਵਾਈ ਗਈ। ਜਿਸ ਵਿਚ ਖਲੀ ਧਲੇਤਾ ਪਹਿਲਵਾਨ ਜੇਤੂ ਰਿਹਾ।ਉਨ੍ਹਾਂ ਦੱਸਿਆ ਕਿ ਸਲਾਨਾ ਛਿੰਝ ਮੇਲੇ ਦੌਰਾਨ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਕੁਲਵੰਤ ਸਿੰਘ ਗੁਰੂ ਕੀ ਰਸੋਈ ਖੈਰੜ ਅੱਛਰਵਾਲ ਅਤੇ ਪ੍ਰਬੰਧਕਾਂ ਵੱਲੋਂ ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਕੁਲਵੰਤ ਸਿੰਘ ਗੁਰੂ ਕੀ ਰਸੋਈ ਖੈਰੜ ਅੱਛਰਵਾਲ, ਰਾਜਵੀਰ ਸਿੰਘ, ਸਿਮਰਨ ਜੋਤ ਸਿੰਘ, ਡਾਕਟਰ ਗਗਨਦੀਪ ਸਿੰਘ ਗੋਪਾਲੀਆਂ, ਤਰਸੇਮ ਸਿੰਘ, ਜੋਗਾ ਸਿੰਘ, ਇੰਸਪੈਕਟਰ ਇਕਬਾਲ ਸਿੰਘ, ਹਰਪ੍ਰੀਤ ਸਿੰਘ ਗਿੱਲ, ਜਸਪਾਲ ਸਿੰਘ ਪਾਲੀ, ਸੁਰਜੀਤ ਸਿੰਘ, ਅਜੇਪਾਲ ਸਿੰਘ, ਡਾਕਟਰ ਸੁਖਦੇਵ ਸਿੰਘ ਬੱਡੋ, ਗੁਰਚਰਨ ਸਿੰਘ ਬਿੱਟੂ, ਦਲਵੀਰ ਸਿੰਘ, ਚਰਨਜੀਤ ਸਿੰਘ, ਸੰਨੀ ਯੂਕੇ, ਮਨੀਸ਼ ਯੂਕੇ, ਸਰਪੰਚ ਮੋਹਣ ਸਿੰਘ, ਪ੍ਰਧਾਨ ਬਲਜਿੰਦਰ ਸਿੰਘ ਗਿੱਲ, ਵਾਈਸ ਪ੍ਰਧਾਨ ਜੋਗਾ ਸਿੰਘ, ਇੰਸਪੈਕਟਰ ਇਕਬਾਲ ਸਿੰਘ ਖਜਾਨਚੀ, ਸੁਖਵਿੰਦਰ ਸਿੰਘ ਪੰਚ ਮੁੱਖ ਸਲਾਹਕਾਰ, ਵਾਈਸ ਪ੍ਰਧਾਨ ਰਣਜੀਤ ਸਿੰਘ, ਗੁਰਪਿੰਦਰ ਸਿੰਘ ਜਨਰਲ ਸਕੱਤਰ, ਸਲਾਹਕਾਰ ਹਰਪ੍ਰੀਤ ਸਿੰਘ ਹੈਪੀ ਤੋ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ। ਇਸ ਪ੍ਰੋਗਰਾਮ ਦੀ ਜਾਣਕਾਰੀ ਡਾਕਟਰ ਗਗਨਦੀਪ ਸਿੰਘ ਗੋਪਾਲੀਆ ਨੇ ਪ੍ਰੈਸ ਨੂੰ ਦਿੱਤੀ।

# ਨਸ਼ਾ ਮੁਕਤ ਤੇ ਸਿਹਤਮੰਦ ਸਮਾਜ ਦੀ ਸਿਰਜਣਾ 'ਚ ਖੇਡਾਂ ਦਾ ਅਹਿਮ ਯੋਗਦਾਨ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਨਸ਼ਾ ਮੁਕਤ ਤੇ ਸਿਹਤਮੰਦ ਸਮਾਜ ਦੀ ਸਿਰਜਣਾ 'ਚ ਖੇਡਾਂ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਖੇਡ ਗਤੀਵਿਧੀਆਂ ਨਾ ਸਿਰਫ਼ ਨੌਜਵਾਨਾਂ ਨੂੰ ਊਰਜਾ ਨਾਲ ਭਰਦੀਆਂ ਹਨ ਸਗੋਂ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਇਕ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਅਪਣਾਉਣ ਲਈ ਵੀ ਪ੍ਰੇਰਿਤ ਕਰਦੀਆਂ ਹਨ। ਉਹ ਪਿੰਡ ਸ਼ੇਰਪੁਰ ਗੁਲਿੰਡ ਵਿਚ ਆਯੋਜਿਤ 13ਵੇਂ ਕ੍ਰਿਕਟ ਟੂਰਨਾਮੈਂਟ ਦੇ ਮੌਕੇ ਪਿੰਡ ਵਾਸੀਆਂ ਅਤੇ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਟੂਰਨਾਮੈਂਟ ਵਿਚ ਨੇੜਲੇ ਇਲਾਕਿਆਂ ਦੀਆਂ ਕਈ ਟੀਮਾਂ ਨੇ ਹਿੱਸਾ ਲਿਆ। ਗ੍ਰਾਮ ਪੰਚਾਇਤ, ਨੌਜਵਾਨਾਂ ਅਤੇ ਸਮੂਹ ਪਿੰਡ ਵਾਸੀਆਂ ਨੇ ਪੂਰੇ ਸਮਾਗਮ ਨੂੰ ਸਫਲ ਬਣਾਉਣ ਵਿਚ ਸ਼ਲਾਘਾਯੋਗ ਯੋਗਦਾਨ ਪਾਇਆ।ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਅੱਜ ਦੇ ਸਮੇਂ ਵਿਚ ਖੇਡਾਂ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਹਨ, ਸਗੋਂ ਇਹ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖ਼ਾਰਨ, ਉਨ੍ਹਾਂ ਦੇ ਆਤਮਵਿਸ਼ਵਾਸ ਨੂੰ ਵਧਾਉਣ ਅਤੇ ਸਮਾਜ ਵਿਚ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਇਕ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਊਰਜਾ ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵਿਚ ਲਗਾਉਣ, ਤਾਂ ਜੋ ਉਹ ਪੰਜਾਬ ਨੂੰ ਨਸ਼ਾ ਮੁਕਤ ਅਤੇ ਪ੍ਰਗਤੀਸ਼ੀਲ ਸੂਬਾ ਬਣਾਉਣ ਵਿਚ ਯੋਗਦਾਨ ਪਾ ਸਕਣ।ਡਾ. ਰਵਜੋਤ



ਸਿੰਘ ਨੇ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਖਿਡਾਰੀਆਂ ਨੂੰ ਸਖ਼ਤ ਮਿਹਨਤ, ਲਗਨ ਅਤੇ ਅਨੁਸ਼ਾਸਨ ਨੂੰ ਆਪਣਾ ਮੰਤਰ ਬਣਾ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਨਾਲ ਹੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਆਉਣ ਵਾਲੇ ਸਮੇਂ ਵਿਚ ਅਜਿਹੇ ਯਤਨ ਹੋਰ ਵੀ ਮਜ਼ਬੂਤ ਹੋਣਗੇ।

# ਝੁੱਗੀਆਂ ਵਿਖੇ ਜਾਗਰੂਕ ਕੈਂਪ ਲਗਾਇਆ



**ਮਹਿਤਪੁਰ (ਰਾਜਾ)**- ਸ਼ਾਹਕੋਟ ਹਲਕਾ ਕੈਂਪ ਇੰਚਾਰਜ ਰਾਣਾ ਹਰਦੀਪ ਸਿੰਘ ਦੀ ਅਗਵਾਈ ਹੇਠ ਪਿੰਡ ਝੁੱਗੀਆਂ, ਮਹਿਤਪੁਰ ਮੰਡਲ ਵਿਖੇ ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਦਾ ਲਾਹਾ ਲੈਣ ਲਈ ਅਤੇ ਲੋਕਾਂ ਨੂੰ ਯੋਜਨਾਵਾਂ ਬਾਰੇ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ, ਜਿਸ ਵਿੱਚ ਟੋਨੀ ਅਨੇਜਾ ਮੰਡਲ ਪ੍ਰਧਾਨ, ਸੁਖਵਿੰਦਰ ਸਿੰਘ ਸਮਰਾ ਵਾਰਡ ਨੰ. 1 ਨਿਰਮਲ ਸਿੰਘ ਅਤੇ ਜਸਵੀਰ ਸਿੰਘ ਝੁੱਗੀਆਂ, ਮੰਗਤ ਰਾਮ, ਮੰਗਾ ਪਹਿਲਵਾਨ, ਅਸ਼ਵਨੀ ਗਿੱਲ, ਗੁਰਦਿਆਲ ਸਿੰਘ ਤਲਵੰਡੀ ਸੰਘੇੜਾ, ਨਿਰਮਲ ਸਿੰਘ, ਬਲਦੇਵ ਸਿੰਘ, ਜਸਵੀਰ ਸਿੰਘ, ਲਖਵੀਰ ਸਿੰਘ, ਜਗਦੀਸ਼ ਸਿੰਘ, ਬੂਟਾ, ਬਲਵੀਰ ਸਿੰਘ, ਰਣਜੀਤ ਸਿੰਘ, ਦਿਲਜੀਤ ਸਿੰਘ, ਦਰਸ਼ਨ ਸਿੰਘ ਰਾਣਾ, ਸੁਖਵਿੰਦਰ ਸਿੰਘ, ਸਰਬਜੀਤ ਸਿੰਘ, ਕੁਲਦੀਸ਼ ਕੌਰ, ਭਜਨ ਕੌਰ, ਕਮਲਜੀਤ ਸਿੰਘ ਲਾਲੀ ਸਿਆਸੀ ਸਲਾਹਕਾਰ ਰਾਣਾ ਹਰਦੀਪ ਸਿੰਘ, ਜਰਨੈਲ ਸਿੰਘ ਕੋਹਾੜ, ਹਰਦੇਵ ਸਿੰਘ ਪੀਟਾ, ਕਮਲ ਕੁਮਾਰ ਨਾਹਰ ਦੋਵੇ ਸਾਬਕਾ ਐੱਮ ਸੀ ਸ਼ਾਹਕੋਟ, ਰਮਨ, ਸ਼ੈਰਿਫ ਘਈ, ਅਨਿਲ ਗੋਇਲ, ਅੰਮ੍ਰਿਤ ਲਾਲ ਕਾਕਾ, ਕੁਲਵਿੰਦਰ ਸਿੰਘ ਬਾਹਮਣੀਆਂ, ਅਮਰਜੀਤ ਸਿੰਘ ਅੰਬਾ, ਯਾਦਵਿੰਦਰ ਸਿੰਘ ਗਿੱਦੜਪਿੰਡੀ, ਮਨਜੀਤ ਸਿੰਘ ਐੱਲ ਆਈ ਸੀ, ਅਰਜਣ ਸਿੰਘ ਖਹਿਰਾ, ਸ਼ਰਨਜੀਤ ਸਿੰਘ ਭੂਰਾ, ਅਕਾਸਦੀਪ ਸਿੰਘ ਉੱਪਲ ਤੇ ਟੀਮ ਮੈਂਬਰ ਨੈਨਦੀਪ ਸਿੰਘ ਪੰਨੂ, ਨਰਿੰਦਰ ਸਿੰਘ, ਰਾਹੁਲ,ਅਜੈ ਆਦਿ ਹਾਜ਼ਰ ਸਨ।

## 'ਮਾਮਲਾ ਸ੍ਰੀ ਚਰਨਛੋਹ ਗੰਗਾ ਤੇ ਸਦਨ ਦੀ ਜ਼ਮੀਨ ਸੰਬੰਧੀ'

# ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਤੇ ਆਦਿ ਧਰਮ ਮਿਸ਼ਨ ਵੱਲੋ ਅੰਦੋਲਨ ਛੇੜਨ ਦਾ ਅਲਟੀਮੇਟਮ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਸ੍ਰੀ ਗੁਰੂ ਰਵਿਦਾਸ ਸਦਨ ਸ੍ਰੀ ਖੁਰਾਲਗੜ ਸਾਹਿਬ ਦੀ ਜ਼ਮੀਨ 'ਤੇ ਨਜਾਇਜ ਕਬਜੇ ਅਤੇ ਸ੍ਰੀ ਚਰਨਛੋਹ ਗੰਗਾ ਦੇ ਪ੍ਰਬੰਧਾਂ ਨੂੰ ਪਾਰਦਰਸ਼ੀ ਢੰਗ ਨਾਲ ਚਲਾਉਣ ਦਾ ਮਾਮਲਾ ਫਿਰ ਭਖ ਗਿਆ ਹੈ। ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਅਤੇ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਸੰਤ ਸਮਾਜ ਦੀ ਇੱਕ ਸਾਂਝੀ ਮੀਟਿੰਗ ਡੇਰਾ ਸੰਤ ਨਰਾਇਣ ਦਾਸ ਡੇਰਾ ਕੱਲਰਾਂ ਸ਼ੇਰਪੁਰ ਢਕੋਂ ਵਿਖੇ ਚੇਅਰਮੈਨ ਸੰਤ ਸਰਵਣ ਦਾਸ ਜੀ ਬੋਹਣ ਦੀ ਸਰਪ੍ਰਸਤੀ ਅਤੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ ਦੀ ਪ੍ਰਧਾਨਗੀ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੀ ਹਾਜਰੀ ਵਿੱਚ ਹੋਈ, ਜਿਸ ਵਿਚ ਸੁਸਾਇਟੀ ਦੇ ਸੰਤ ਮਹਾਂਪੁਰਸ਼ਾਂ, ਮੈਂਬਰਾਂ ਤੋਂ ਇਲਾਵਾ ਕੌਮ ਦੀਆਂ ਪ੍ਰਚਾਰਕ, ਬੁੱਧੀਜੀਵੀ ਸਖਸ਼ੀਅਤਾਂ ਵੀ ਹਾਜ਼ਰ ਸਨ।ਇਸ ਮੌਕੇ ਚੇਅਰਮੈਨ ਸੰਤ ਸਰਵਣ ਦਾਸ ਜੀ ਵੱਲੋਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਆਦਿ ਧਰਮ ਮਿਸ਼ਨ ਦੇ ਪੈਰੋਕਾਰਾਂ, ਮਿਸ਼ਨਰੀਆਂ, ਬੁੱਧੀਜੀਵੀਆਂ ਦੇ ਵਿਚਾਰ ਜਾਨਣ ਤੋਂ ਬਾਅਦ ਇਹ ਫੈਸਲਾ ਕੀਤਾ ਕਿ ਸ੍ਰੀ ਚਰਨਛੋਹ ਗੰਗਾ ਅਤੇ ਸ੍ਰੀ ਗੁਰੂ ਰਵਿਦਾਸ ਸਦਨ ਦੀ ਖ੍ਰੀਦ ਕੀਤੀ ਜ਼ਮੀਨ ਸਬੰਧੀ ਚੱਲ ਰਹੇ ਵਿਵਾਦ ਨੂੰ ਸ਼ਾਂਤੀ ਪੂਰਵਕ ਤਰੀਕੇ ਨਾਲ ਹੱਲ ਕਰਨ ਲਈ ਸ੍ਰੀ ਚਰਨਛੋਹ ਗੰਗਾ ਤੇ ਕਾਬਜ਼ ਪ੍ਰਬੰਧਕ, ਸੇਵਾਦਾਰ ਇਕ ਹਫਤੇ ਅੰਦਰ ਆਪਣਾ ਪੱਖ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਆਦਿ ਧਰਮ ਮਿਸ਼ਨ ਦੇ ਸਾਹਮਣੇ ਸਪਸ਼ਟ ਕਰਨ, ਜੇਕਰ



ਉਹ ਅਜਿਹਾ ਨਹੀਂ ਕਰਦੇ ਤਾਂ ਸਤਿਗੁਰੂ ਰਵਿਦਾਸ ਨਾਮਲੇਵਾ ਦੇਸ਼ ਵਿਦੇਸ਼ ਦੀਆਂ ਲੱਖਾਂ ਸੰਗਤਾਂ ਦੀ ਸਹਿਮਤੀ ਨਾਲ ਕੋਈ ਸਖਤ ਫੈਂਸਲਾ ਲਿਆ ਜਾ ਸਕਦਾ ਹੈ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਆਲ ਇੰਡੀਆ ਆਦਿ ਧਰਮ ਮਿਸ਼ਨ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ ਨੂੰ ਦੁਨੀਆਂ ਦੇ ਨਕਸ਼ੇ ਤੇ ਵਿਕਸਿਤ ਕਰਨ, ਨਵ-ਉਸਾਰੀ ਲਈ ਕੌਮ ਦੇ ਮਹਾਨ ਸੰਤਾਂ, ਮਹਾਂਪੁਰਸ਼ਾਂ, ਪ੍ਰਚਾਰਕਾਂ, ਬੁੱਧੀਜੀਵੀਆਂ ਨੇ ਵੱਡਾ ਯੋਗਦਾਨ ਪਾਇਆ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਰਵਿਦਾਸ ਸਦਨ ਦੀ ਜ਼ਮੀਨ ਸੰਬੰਧੀ ਵਿਵਾਦ ਨੂੰ ਹੱਲ ਕਰਨ ਲਈ ਅਤੇ ਸ੍ਰੀ ਚਰਨਛੋਹ ਗੰਗਾ ਨੂੰ ਪਾਰਦਰਸ਼ੀ ਪ੍ਰਬੰਧਾਂ ਹੇਠ ਚਲਾਉਣ ਲਈ ਸਹਿਯੋਗ ਕਰੇ। ਇਸ ਮੌਕੇ ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਨੇ ਕਿਹਾ ਸ੍ਰੀ ਚਰਨਛੋਹ ਗੰਗਾ ਅਤੇ ਸਦਨ ਦੀ ਜ਼ਮੀਨ ਸਬੰਧੀ ਸਰਕਾਰ ਆਪਣਾ ਪੱਖ ਸਪੱਸ਼ਟ ਕਰੇ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵਲੋਂ ਸੰਗਤ ਦੇ ਭਲੇ ਲਈ ਸਕੂਲ, ਟੈਕਨੀਕਲ ਕਾਲਿਜ ਤੇ ਚੈਰੀਟੇਬਲ ਹਸਪਤਾਲ ਬਣਾਉਣ ਲਈ ਖ੍ਰੀਦੀ ਜਮੀਨ ਪੂਰੀ ਕਰਵਾਏ। ਇਸ ਮੌਕੇ ਮੀਤ ਪ੍ਰਧਾਨ ਸੰਤ ਬਲਵੰਤ ਸਿੰਘ ਡੀਗਰੀਆਂ, ਮਹੰਤ ਪ੍ਰਸ਼ੋਤਮ ਲਾਲ ਚੱਕਹਕੀਮ ਸਹਾਇਕ ਕੈਸ਼ੀਅਰ, ਸੰਤ ਰਮੇਸ਼ ਦਾਸ ਕੱਲਰਾਂ ਸ਼ੇਰਪੁਰ, ਸੰਤ ਧਰਮਪਾਲ ਸ਼ੇਰਗੜ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਪ੍ਰੇਮ ਦਾਸ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ, ਸੰਤ ਪ੍ਰਮੇਸ਼ਵਰੀ ਦਾਸ ਸੇਖੈ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਨਿਰੰਜਣ ਦਾਸ, ਆਦਿ ਧਰਮ ਮਿਸ਼ਨ ਦੇ ਪ੍ਰਚਾਰਕ ਜਗਤਾਰ ਸਿੰਘ ਬਰਨਾਲਾ, ਮਾਸਟਰ ਸੁਖਵੀਰ ਦੁਗਾਲ ਮੈਨੇਜਰ ਆਦਿ ਧਰਮ ਸਤਿਸੰਗ ਅਸਥਾਨ, ਲਵਪ੍ਰੀਤ ਸੇਵਾਦਾਰ ਡੇਰਾ ਬੋਹਣ ਅਤੇ ਸੈਂਕੜੇ ਸ਼ਰਧਾਲੂ ਸੰਗਤਾਂ ਹਾਜਰ ਸਨ।

# ਲਾਇਲਪੁਰ ਖਾਲਸਾ ਕਾਲਜ 'ਚ ਵਿਸ਼ਵ ਫ਼ੋਟੋਗ੍ਰਾਫੀ ਦਿਵਸ 'ਤੇ ਫ਼ੋਟੋਗ੍ਰਾਫੀ ਮੁਕਾਬਲੇ

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਕੰਪਿਊਟਰ ਸਾਇੰਸ ਅਤੇ ਆਈ.ਟੀ. ਦੇ ਪੀ ਜੀ ਵਿਭਾਗ ਵੱਲੋਂ ਵਿਸ਼ਵ ਫ਼ੋਟੋਗ੍ਰਾਫੀ ਦਿਵਸ ਦੇ ਮੌਕੇ ਫ਼ੋਟੋਗ੍ਰਾਫੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਨੇ ਵਿਦਿਆਰਥੀਆਂ ਨੂੰ ਕੈਮਰੇ ਦੇ ਲੈਂਸ ਰਾਹੀਂ ਆਪਣੀ ਰਚਨਾਤਮਕਤਾ ਅਤੇ ਤਕਨੀਕੀ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਦਾ ਮੌਕਾ ਦਿੱਤਾ। ਇਸ ਮੁਕਾਬਲੇ ਦਾ ਥੀਮ ਕਾਲਜ ਕੈਂਪਸ ਦੇ ਵਾਤਾਵਰਣ ਅਤੇ ਆਰਕੀਟੈਕਚਰ 'ਤੇ ਅਧਾਰਤ ਸੀ।ਇਸ ਮੁਕਾਬਲੇ ਵਿੱਚ ਪੱਤਰਕਾਰੀ ਅਤੇ ਮਲਟੀਮੀਡੀਆ ਦੇ ਵਿਦਿਆਰਥੀਆਂ ਨੇ ਕਾਲਜ ਦੀ ਕੁਦਰਤੀ ਸੁੰਦਰਤਾ ਅਤੇ ਆਰਕੀਟੈਕਚਰਲ ਸ਼ਾਨ ਨੂੰ ਉਜਾਗਰ ਕਰਨ ਵਾਲੀਆਂ ਦਿਲਚਸਪ ਤਸਵੀਰਾਂ ਖਿੱਚੀਆਂ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ।ਉਨ੍ਹਾਂ ਦੇ ਨਾਲ ਕਾਲਜ ਦੇ ਰਜਿਸਟਰਾਰ ਡਾ. ਗਗਨਦੀਪ ਕੌਰ ਵੀ ਮੌਜੂਦ ਸਨ। ਵਿਭਾਗ ਦੇ ਸਮੂਹ ਸਟਾਫ਼ ਨੇ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ। ਸੰਬੋਧਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਨੇ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕੀਤੀ ।

ਉਨ੍ਹਾਂ ਨੇ ਵਿਜ਼ੂਅਲ ਆਰਟਸ ਅਤੇ ਫ਼ੋਟੋਗ੍ਰਾਫੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਇਸ



ਮੁਕਾਬਲੇ ਵਿੱਚ ਪਲਕ (ਬੀ ਜੇ ਐਮ ਸੀ, ਸਮੈਸਟਰ ਪੰਜਵਾਂ) ਨੇ ਪਹਿਲਾ ਇਨਾਮ ਪ੍ਰਾਪਤ ਕੀਤਾ, ਰਾਜਦੀਪ (ਬੀ ਡੀ ਐਮ ਐਮ, ਸਮੈਸਟਰ ਤੀਜਾ) ਨੇ ਦੂਜਾ ਇਨਾਮ ਪ੍ਰਾਪਤ ਕੀਤਾ, ਅਤੇ ਦੀਪਾਲੀ (ਬੀ ਡੀ ਐਮ ਐਮ, ਸਮੈਸਟਰ ਪਹਿਲਾ) ਨੂੰ ਤੀਜਾ ਇਨਾਮ ਦਿੱਤਾ ਗਿਆ।ਇਹ ਸਮਾਗਮ ਵਿਭਾਗ ਦੇ ਮੁਖੀ ਪ੍ਰੋ. ਸੰਜੀਵ ਕੁਮਾਰ ਆਨੰਦ, ਦੁਆਰਾ ਦਿੱਤੇ ਗਏ ਧੰਨਵਾਦ ਮਤੇ ਨਾਲ ਸਮਾਪਤ ਹੋਇਆ।

# 73 ਸਾਲਾਂ ਦੀ ਜ਼ਿੰਦਗੀ 'ਚ ਮੁੜੀ ਰੌਸ਼ਨੀ, ਅੱਖਾਂ 'ਚ ਫਿਰ ਚਮਕੀ ਉਮੀਦ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਅਤੇ ਪਲੈਨੋ ਮੈਟਰੋ ਰੋਟਰੀ ਕਲੱਬ ਟੈਕਸਾਸ (ਯੂ.ਐਸ.ਏ) ਵੱਲੋਂ ਪ੍ਰੋਜੈਕਟ ਗਿਫਟ ਆਫ ਸਾਈਟ ਦੇ ਅਧੀਨ ਇੱਕ ਹੋਰ ਨੇਕੀ ਦਾ ਕੰਮ ਕੀਤਾ ਗਿਆ। ਇਸ ਪ੍ਰੋਜੈਕਟ ਅੰਦਰ ਲੁਧਿਆਣਾ ਵਾਸੀ 73 ਸਾਲਾ ਮੱਖਣ ਸਿੰਘ ਦਾ ਸਫਲਤਾਪੂਰਵਕ ਨੇਤ੍ਰ ਪ੍ਰਤਿਆਰੋਪਣ (ਕੌਰਨੀਅਲ ਟਰਾਂਸਪਲਾਂਟ) ਕੀਤਾ ਗਿਆ। ਇਹ ਆਪ੍ਰੇਸ਼ਨ ਡਾ. ਅਮਨਦੀਪ ਸਿੰਘ ਅਰੋੜਾ (ਅਰੋੜਾ ਆਈ ਐਂਡ ਰੇਟੀਨਾ ਹਸਪਤਾਲ, ਜਲੰਧਰ) ਵੱਲੋਂ ਕੀਤਾ ਗਿਆ। ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਪਿਛਲੇ ਕਈ ਸਾਲਾਂ ਤੋਂ ਇਹ ਸੇਵਾ ਲਗਾਤਾਰ ਜਾਰੀ ਹੈ ਅਤੇ ਹੁਣ ਤੱਕ 1090 ਤੋਂ ਵੱਧ ਕੌਰਨੀਅਲ ਟਰਾਂਸਪਲਾਂਟ ਕਰਵਾਏ ਜਾ ਚੁੱਕੇ ਹਨ। ਇਸ ਮਾਨਵਤਾ-ਭਰੇ ਯਤਨ ਨਾਲ ਸੈਂਕੜੇ ਅੰਨ੍ਹੇਪਣ ਦੇ ਸ਼ਿਕਾਰ ਲੋਕਾਂ ਨੂੰ ਨਵੀਂ ਰੌਸ਼ਨੀ ਮਿਲੀ ਹੈ ਅਤੇ ਉਨ੍ਹਾਂ ਦੀ ਜ਼ਿੰਦਗੀ 'ਚ ਖੁਸ਼ੀਆਂ ਮੁੜ ਆਈਆਂ ਹਨ। ਹੁਸ਼ਿਆਰਪੁਰ ਵਿੱਚ ਆਯੋਜਿਤ ਇੱਕ ਸਮਾਰੋਹ ਦੌਰਾਨ ਕਲੱਬ ਦੇ ਸਾਬਕਾ ਪ੍ਰਧਾਨ ਜਗਮੀਤ ਸਿੰਘ ਸੇਠੀ ਨੂੰ ਕਲੱਬ ਲਈ ਉਨ੍ਹਾਂ ਦੀਆਂ ਬੇਹਤਰੀਨ ਸੇਵਾਵਾਂ ਲਈ ਖ਼ਾਸ ਤੌਰ 'ਤੇ ਸਨਮਾਨਿਤ ਕੀਤਾ ਗਿਆ।ਕਾਰਜਕ੍ਰਮ ਵਿੱਚ ਕਲੱਬ ਦੇ ਮੌਜੂਦਾ ਪ੍ਰਧਾਨ ਅਵਤਾਰ ਸਿੰਘ ਨੇ ਵੀ ਹਾਜ਼ਰ ਜਨਸਮੂਹ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ ਕਿ ਜਦੋਂ ਕਿਸੇ ਅੰਨ੍ਹੇ ਵਿਅਕਤੀ ਨੂੰ ਮੁੜ ਵੇਖਣ ਦੀ ਸਮਰੱਥਾ ਮਿਲਦੀ ਹੈ ਤਾਂ ਇਹ ਸਿਰਫ ਉਸ ਦੀ ਹੀ ਨਹੀਂ, ਸਗੋਂ ਉਸਦੇ ਪੂਰੇ ਪਰਵਾਰ ਦੀ ਜ਼ਿੰਦਗੀ ਬਦਲ ਦਿੰਦਾ ਹੈ। ਇਸ ਮੌਕੇ ਕਲੱਬ ਦੇ ਹੋਰ ਮੈਂਬਰ ਰੋਟੇਰੀਅਨ ਅਵਤਾਰ ਸਿੰਘ, ਪ੍ਰਵੀਨ ਪਲਿਆਲ, ਜਸਵੰਤ ਸਿੰਘ ਭੋਗਲ, ਸੰਜੀਵ ਸ਼ਰਮਾ, ਕੁਲਜੀਤ ਸਿੰਘ ਸੈਣੀ, ਰਜਨੀਸ਼ ਕੁਮਾਰ ਗੁਲਿਆਨੀ, ਜਗਮੀਤ ਸਿੰਘ ਸੇਠੀ ਦੇ ਪਰਵਾਰਕ ਮੈਂਬਰ ਵੀ ਮੌਜੂਦ ਸਨ। ਉਨ੍ਹਾਂ ਨੇ ਸੰਕਲਪ ਕੀਤਾ ਕਿ ਆਉਣ ਵਾਲੇ ਸਮੇਂ 'ਚ ਹੋਰ ਵੱਧ ਲੋਕਾਂ ਤੱਕ ਇਹ ਸੇਵਾ ਪਹੁੰਚਾਈ ਜਾਵੇਗੀ।

# ਪ੍ਰਵਾਸੀ ਪੰਜਾਬੀ ਵੱਲੋਂ ਕ੍ਰਿਕਟ ਖਿਡਾਰੀਆਂ ਨੂੰ ਜਰਸੀਆਂ ਭੇਟ

**ਅੱਡਾ ਸਰਾਂ /ਟਾਂਡਾ ਉੜਮੁੜ**

(ਜਸਵੀਰ ਕਾਜਲ , ਓਂਕਾਰ ਸਿੰਘ)-ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੀ ਗਿੱਲ ਬਾਕਸ ਕ੍ਰਿਕਟ ਅਕੈਡਮੀ ਵਿਚ ਹੋਏ ਸਮਾਗਮ ਦੌਰਾਨ ਪ੍ਰਵਾਸੀ ਪੰਜਾਬੀ ਖੇਡ ਪ੍ਰਮੋਟਰ ਮਦਨ ਲਾਲ ਸ਼ੀਹ (ਇੰਗਲੈਂਡ) ਕ੍ਰਿਕਟ ਖਿਡਾਰੀਆਂ ਨੂੰ ਜਰਸੀਆਂ ਭੇਟ ਕੀਤੀਆਂ।



ਅਕੈਡਮੀ ਦੇ ਸੰਚਾਲਕ ਗਗਨ ਵੈਦ ਅਤੇ ਕੁਲਦੀਪ ਸਿੰਘ ਗਿੱਲ ਦੀ ਅਗਵਾਈ ਵਿਚ ਹੋਏ ਸਮਾਗਮ ਦੌਰਾਨ ਸਮਾਜ ਸੇਵਕ ਰਾਕੇਸ਼ ਬਿੱਟੂ, ਪ੍ਰਿੰਸੀਪਲ ਮੀਤਾ ਆਨੰਦ, ਕੋਚ ਸੰਦੀਪ ਕੁਮਾਰ ਅਤੇ ਅਧਿਆਪਕਾਂ ਦੀ ਮੌਜੂਦਗੀ ਵਿਚ ਖਿਡਾਰੀਆਂ ਨੂੰ ਜਰਸੀਆਂ ਭੇਟ ਕਰਦੇ ਹੋਏ ਮੁੱਖ ਮਹਿਮਾਨ ਮਦਨ ਲਾਲ ਸ਼ੀਹ ਨੇ ਇਲਾਕੇ ਵਿਚ ਕੌਮਾਂਤਰੀ ਪੱਧਰ ਦੀਆਂ ਸਹੂਲਤਾਂ ਵਾਲੀ ਅਕੈਡਮੀ ਖੋਲ੍ਹਣ ਲਈ ਪ੍ਰਬੰਧਕਾਂ ਦੀ ਸ਼ਲਾਘਾ ਕਰਦੇ ਹੋਏ ਆਖਿਆ ਕਿ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਿਹਤਮੰਦ ਭਵਿੱਖ ਦੇਣ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਸਮੇ ਦੀ ਮੁੱਖ ਲੋੜ ਹੈ । ਉਨ੍ਹਾਂ ਭਵਿੱਖ ਵਿਚ ਵੀ ਖਿਡਾਰੀਆਂ ਦੀ ਮਦਦ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਬੰਧਕ ਗਗਨ ਵੈਦ ਨੇ ਖਿਡਾਰੀਆਂ ਦੀ ਮਦਦ ਲਈ ਮਦਨ ਲਾਲ ਦਾ ਸਨਮਾਨ ਕਰਦੇ ਹੋਏ ਅਕੈਡਮੀ ਵਿਚ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ।ਇਸ ਮੌਕੇ ਸਮਾਜ ਸੇਵਕ ਰਾਕੇਸ਼ ਬਿੱਟੂ ਨੇ ਵੀ ਖਿਡਾਰੀਆਂ ਨੂੰ ਸੇਧ ਭਰੀਆਂ ਗੱਲਾਂ ਨਾਲ ਨਿਵਾਜਿਆ । ਇਸ ਮੌਕੇ ਪ੍ਰਦਰਸ਼ਨ ਕ੍ਰਿਕਟ ਮੁਕਾਬਲਾ ਕਰਵਾਇਆ ਗਿਆ । ਇਸ ਮੌਕੇ ਇਸ ਮੌਕੇ ਵਾਈਸ ਪ੍ਰਿੰਸੀਪਲ ਸੂਰਜ ਸਹੋਤਾ, ਗਗਨਦੀਪ ਕੌਰ, ਨੇਕਤਾ ਸ਼ਰਮਾ, ਨੀਨਾ ਵਾਲੀਆ, ਰਿਤੂ ਲਾਂਬਾ, ਰਜਨੀ ਸ਼ਰਮਾ, ਮੀਨੂੰ ਕਤਿਆਲ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ, ਸੁਖਜਿੰਦਰ ਕੌਰ, ਅਰਮਾਨ ਕੌਰ, ਲਖਵੀਰ ਸਿੰਘ, ਸੁਰਭੀ, ਸਿਮਰਨ ਕੌਰ ਅਤੇ ਹਰਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

# ਗੁਰਦੁਆਰਾ ਗੁਰੂ ਨਾਨਕ ਮਿਸ਼ਨ ਮਾਰਕੇ ਇੰਟਲੀ ਦਾ ਸਾਲਾਨਾ ਮੇਲਾ ਯਾਦਗਾਰੀ ਹੋ ਨਿੱਬੜਿਆ



**ਕਾਲਾ ਸੰਘਿਆਂ (ਮਨਜੀਤ ਮਾਨ)**- ਗੁਰਦੁਆਰਾ ਗੁਰੂ ਨਾਨਕ ਮਿਸ਼ਨ ਮਾਰਕੇ ਇੰਟਲੀ ਵੱਲੋਂ ਕੁਝ ਦਿਨ ਪਹਿਲਾਂ ਖੇਡ ਮੇਲਾ ਕਰਵਾਇਆ ਗਿਆ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੁਲਦੀਪ ਸਿੰਘ ਢਿੱਲੋਂ ਤਾਜਪੁਰ ਵਾਲਿਆਂ ਨੇ ਦੱਸਿਆ ਕਿ ਇਸ ਖੇਡ ਮੇਲੇ ਵਿੱਚ ਕਬੱਡੀ ਤੋਂ ਇਲਾਵਾ ਵਾਲੀਬਾਲ, ਰੱਸਾਕਸ਼ੀ, ਕੁਰਸੀ ਰੇਸ ਤੋਂ ਇਲਾਵਾ ਬੀਬੀਆਂ ਦੀਆਂ ਹੋਰ ਵੀ ਰਵਾਇਤੀ ਖੇਡਾਂ ਕਰਵਾਈਆਂ ਗਈਆਂ. ਇਸ ਮੌਕੇ ਰੈਫਰੀ ਦੀ ਜ਼ਿੰਮੇਵਾਰੀ ਸੁਖਦੇਵ ਸਿੰਘ, ਸੁਖਵਿੰਦਰ ਸਿੰਘ, ਸੁਖਪ੍ਰੀਤ ਸਿੰਘ ਸੰਧੂ ਨੇ ਨਿਭਾਈ। ਲੰਗਰ ਦੀ ਸੇਵਾ ਗੁਰਪ੍ਰੀਤ ਸਿੰਘ ਤੂਰ ਵੱਲੋਂ ਨਿਭਾਈ ਗਈ। ਇਨਾਮਾਂ ਦੀ ਵੰਡ ਰਵਜੀਤ ਸਿੰਘ ਯੂਕੇ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਕੁਮੈਂਟਰੀ ਦੀ ਜ਼ਿੰਮੇਵਾਰੀ ਕੁਲਦੀਪ ਸਿੰਘ ਤਾਸ਼ਪੁਰ, ਪਰਮਜੀਤ ਸਿੰਘ ਹੁੰਦਲ, ਸੁਖਵਿੰਦਰ ਸਿੰਘ ਸੰਘਾ, ਜਰਮਨ ਸਿੰਘ ਸਿੱਧੂ ਨੇ ਨਿਭਾਈ। ਸੁਰਿੰਦਰ ਸਿੰਘ ਦੱਲਣ ਨੇ ਦੱਸਿਆ ਕਿ ਇਹ ਮਾਰਕ ਦਾ ਮੇਲਾ ਯਾਦਗਾਰੀ ਹੋ ਨਿੱਬੜਿਆ।

# ਦਿਹਾਣਾ ਦਾ ਹੋਵੇਗਾ ਕਾਇਆ-ਕਲਪ : ਡਾ. ਈਸ਼ਾਂਕ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵਿਕਾਸ ਕਾਰਜਾਂ ਨੂੰ ਤਰਜੀਹ ਦਿੰਦਿਆਂ ਆਪਣੇ ਹਲਕੇ 'ਚ ਵਿਕਾਸ ਕਾਰਜ ਕਰਵਾਉਣ ਲਈ ਹਮੇਸ਼ਾ ਤਤਪਰ ਹਾਂ, ਇਹ ਵਿਚਾਰ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਪਿੰਡ ਦਿਹਾਣਾ ਵਿੱਚ 13 ਗਲੀਆਂ ਦੇ ਨਿਰਮਾਣ ਕਾਰਜ ਦਾ ਉਦਘਾਟਨ ਕਰਦੇ ਹੋਏ ਪ੍ਰਗਟ ਕੀਤੇ।ਇਸ ਪ੍ਰੋਜੈਕਟ ਤੇ ਲਗਭਗ 30 ਲੱਖ ਰੁਪਏ ਦੀ ਲਾਗਤ ਆਈ ਹੈ ਪਿੰਡ ਦਿਹਾਣਾ ਦੀਆਂ ਜਿਨ੍ਹਾਂ ਗਲੀਆਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਡਾ. ਈਸ਼ਾਂਕ ਨੇ ਕਿਹਾ ਕਿ ਉਹ ਪਿੰਡ-ਪਿੰਡ ਤੱਕ ਵਿਕਾਸ ਕਾਰਜ ਪਹੁੰਚਾਉਣ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਜਨਤਾ ਨੇ ਜੋ ਪਿਆਰ ਅਤੇ ਭਰੋਸਾ ਦਿੱਤਾ ਹੈ, ਉਸ ਦਾ ਕਰਜ਼ ਉਤਾਰਨ ਲਈ ਉਹ ਦਿਨ-ਰਾਤ ਕੰਮ ਕਰ ਰਹੇ ਹਨ। ਵਿਕਾਸ ਕਾਰਜ ਕਿਸੇ ਇੱਕ ਪਿੰਡ ਜਾਂ ਵਿਅਕਤੀ ਵਿਸ਼ੇਸ਼ ਤੱਕ ਸੀਮਿਤ ਨਹੀਂ ਰਹਿਣਗੇ, ਸਗੋਂ ਹਰ ਵਾਰਡ ਅਤੇ ਹਰ ਗਲੀ ਵਿੱਚ ਸਮਾਨ ਤੌਰ 'ਤੇ ਕੀਤੇ ਜਾਣਗੇ।ਇਸ ਮੌਕੇ ਪਿੰਡ ਦਿਹਾਣਾ ਦੇ ਸਰਪੰਚ ਗੁਰਵਿੰਦਰ ਸਿੰਘ ਬਾਵਾ, ਪੰਚ ਸੁਰਿੰਦਰ ਮੋਹਨ, ਪ੍ਰਦੀਪ



ਸਿੰਘ, ਗੁਰਦੀਪ ਸਿੰਘ, ਸਰਤਾਜ ਪਾਲ, ਲੰਬਰਦਾਰ ਮਨਿੰਦਰ ਸਿੰਘ, ਹਰਿੰਦਰ ਸਿੰਘ, ਬੱਬੂ ਦਿਹਾਣਾ, ਪਰਸ਼ੋਤਮ ਬਾਬਾ ਸਮੇਤ ਪਿੰਡ ਦੇ ਪਤਵੰਤੇ ਲੋਕ ਹਾਜ਼ਰ ਸਨ।ਪਿੰਡ ਵਾਸੀਆਂ ਨੇ ਵਿਧਾਇਕ ਡਾ. ਈਸ਼ਾਂਕ ਦਾ ਧੰਨਵਾਦ ਕੀਤਾ।

# ਪ੍ਰਸ਼ਾਸਨ ਦੀ ਸੁਸਤ ਕਰਗੁਜ਼ਾਰੀ ਖਿਲਾਫ ਬੇਬੇ ਨਾਨਕੀ ਅਰਬਨ ਸਟੇਟ ਭਲਾਈ ਸਭਾ ਨੇ ਖੋਲ੍ਹਿਆ ਮੋਰਚਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਬੇਬੇ ਨਾਨਕੀ ਅਰਬਨ ਅਸਟੇਟ ਭਲਾਈ ਸਭਾ ਸੁਲਤਾਨਪੁਰ ਲੋਧੀ ਨੇ ਸਥਾਨਕ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਜਨਤਕ ਪਾਰਕ ਵਿੱਚ ਵਾਰ-ਵਾਰ ਹੁੰਦੇ ਨਜਾਇਜ਼ ਕਬਜ਼ਿਆਂ ਅਤੇ ਉਸਾਰੀਆਂ ਨਾਲ ਨਜਿੱਠਣ ਵਿੱਚ ਢਿੱਲੀ ਕਾਰਗੁਜ਼ਾਰੀ ਜਾਰੀ ਰਹੀ ਤਾਂ ਉਹ ਅਦਾਲਤੀ ਮਾਨਹਾਨੀ ਦੀ ਕਾਰਵਾਈ ਸ਼ੁਰੂ ਕਰਨਗੇ। ਇਕ ਲਿਖਤੀ ਬਿਆਨ ਰਾਹੀਂ ਸਭਾ ਦੇ ਪ੍ਰਧਾਨ ਕੰਵਰਜੀਤ ਸਿੰਘ ਢਿੱਲੋਂ ਨੇ ਜਲੰਧਰ ਵਿਕਾਸ ਅਥਾਰਟੀ (ਪੁੱਡਾ ਵਿਭਾਗ) ਦੇ ਅਧਿਕਾਰੀਆਂ 'ਤੇ ਕਥਿਤ ਦੋਸ਼ ਲਗਾਇਆ ਕਿ ਉਹ ਜ਼ਮੀਨੀ ਹਕੀਕਤ ਨੂੰ ਨਜ਼ਰਅੰਦਾਜ਼ ਕਰਕੇ ਸਿਰਫ ਕਾਗਜ਼ੀ ਕਾਰਵਾਈ ਕਰਦੇ ਹੋਏ ਆਪਣੀ



ਜ਼ਿੰਮੇਵਾਰੀ ਤੋਂ ਪੱਲਾ ਝਾੜ ਰਹੇ ਹਨ ਜਿਸ ਕਾਰਨ ਇਥੋਂ ਦੇ ਪੁੱਡਾ ਕਲੋਨੀ ਵਾਸੀਆਂ ਵਿੱਚ ਭਾਰੀ ਰੋਸ ਹੈ। ਉਹਨਾਂ ਦੱਸਿਆ ਕਿ ਸਭਾ ਨੂੰ ਇਸੇ ਪਾਰਕ ਨੂੰ ਖਾਲੀ ਕਰਵਾਉਣ ਲਈ ਪਹਿਲਾਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੱਕ ਪਹੁੰਚ ਕਰਨੀ ਪਈ ਸੀ ਜਿਸ ਤੋਂ ਬਾਅਦ ਜੇਡੀਏ ਨੇ ਇਕ ਹਲਫਨਾਮਾ ਦਾਇਰ ਕਰਕੇ ਕਬਜ਼ੇ ਹਟਾਉਣ ਦਾ ਦਾਅਵਾ ਕੀਤਾ ਸੀ। ਉਹਨਾਂ ਕਿਹਾ ਕਿ ਅਫਸੋਸ ਦੀ ਗੱਲ ਹੈ ਕਿ ਪ੍ਰਸ਼ਾਸਨ ਦੀ ਲਾਪਰਵਾਹੀ ਕਾਰਨ ਇਹ ਸਮੱਸਿਆ ਨਵੇਂ ਰੂਪਾਂ ਵਿੱਚ ਮੁੜ ਸਿਰ ਚੁੱਕ ਰਹੀ ਹੈ ਜਿਸ ਨਾਲ ਅਦਾਲਤੀ ਹੁਕਮਾਂ ਦੀ ਭਾਵਨਾ ਨੂੰ ਢਾਹ ਲੱਗ ਰਹੀ ਹੈ। ਪ੍ਰਸ਼ਾਸਨਿਕ ਅਣਗਹਿਲੀ ਦੀਆਂ ਉਦਾਹਰਨਾਂ ਦਿੰਦੇ ਹੋਏ ਢਿੱਲੋ ਨੇ ਦੱਸਿਆ ਕਿ 13 ਅਗਸਤ ਦੇ ਜੇਡੀਏ ਨੇ ਇੱਕ ਪੱਤਰ ਵਿੱਚ ਖੁਦ ਮੰਨਿਆ ਗਿਆ ਸੀ ਕਿ ਪਾਰਕ ਦੇ ਨਜ਼ਦੀਕ ਇੱਕ ਖਤਰਨਾਕ ਸੰਘਣੀ ਝਾੜੀ ਹੈ ਅਤੇ ਇਸ ਨੂੰ ਤਿੰਨ ਦਿਨਾਂ ਵਿੱਚ ਹਟਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਜਦਕਿ ਚਾਰ ਦਿਨ ਬਾਅਦ ਵੀ ਇਹ ਖਤਰਾ ਬਰਕਰਾਰ ਹੈ। ਕੁਝ ਲੋਕਾਂ ਨੇ ਨਜਾਇਜ਼ ਉਸਾਰੀ ਕੀਤੀ ਹੋਈ ਹੈ ।ਪ੍ਰਧਾਨ ਢਿੱਲੋ ਨੇ ਮੰਗ ਕੀਤੀ ਕਿ ਉਸ ਮੁਨਿਆਦ ਨੂੰ ਪੁੱਗਿਆਂ ਲਗਭਗ ਦੋ ਮਹੀਨੇ ਹੋ ਚੁੱਕੇ ਹਨ, ਇਸ ਲਈ ਪ੍ਰਸ਼ਾਸਨ ਨੂੰ ਸਪਸ਼ਟ ਕਰਨਾ ਚਾਹੀਦਾ ਹੈ ਕਿ ਇਸ ਮਾਮਲੇ ਵਿੱਚ ਕੀ ਕਾਰਵਾਈ ਹੋਈ ਹੈ। ਉਹਨਾਂ ਕਿਹਾ ਕਿ ਪਾਰਕ ਨੂੰ ਵਸਨੀਕਾਂ ਦੀ ਸਾਂਝੀ ਜਾਇਦਾਦ ਹੋਣ ਦੀ ਪੁਸ਼ਟੀ ਵੀ ਕੀਤੀ। ਪ੍ਰਧਾਨ ਢਿੱਲੋਂ ਅਤੇ ਉਸ ਦੇ ਸਾਥੀਆਂ ਨੇ ਕਿਹਾ ਕਿ ਮਾਨਯੋਗ ਅਦਾਲਤ ਅਤੇ ਸੰਸਦ ਮੈਂਬਰ ਦੀ ਭਾਵਨਾ ਦਾ ਸਤਿਕਾਰ ਕਰਦੇ ਹੋਏ ਅਸੀਂ ਮੰਗ ਕਰਦੇ ਹਾਂ ਕਿ ਪਾਰਕ ਵਿੱਚ ਬੱਚਿਆਂ ਲਈ ਝੂਲੇ ਅਤੇ ਬਜ਼ੁਰਗਾਂ ਲਈ ਬੈਂਚ ਤੁਰੰਤ ਲਗਾਏ ਜਾਣ ਅਤੇ ਇਸ ਦੀ ਸਹੀ ਸਾਂਭ ਸੰਭਾਲ ਨੂੰ ਯਕੀਨੀ ਬਣਾਇਆ ਜਾਵੇ। ਉਹਨਾਂ ਚਿਤਾਵਨੀ ਵੀ ਦਿੱਤੀ ਕਿ ਜੇਕਰ ਇਹਨਾਂ ਜਾਇਜ਼ ਮੰਗਾਂ ਤੇ ਠੋਸ ਕਾਰਵਾਈ ਨਾ ਕੀਤੀ ਗਈ ਤਾਂ ਉਹ ਅਧਿਕਾਰੀਆਂ ਵਿਰੁੱਧ ਅਦਾਲਤੀ ਮਾਨਹਾਨੀ ਦੀ ਪਟੀਸ਼ਨ ਦਾਇਰ ਕਰਨ ਲਈ ਮਜਬੂਰ ਹੋਣਗੇ । ਇਸ ਮੌਕੇ ਪ੍ਰਧਾਨ ਕੰਵਰਜੀਤ ਸਿੰਘ ਢਿੱਲੋ ਦੇ ਨਾਲ ਪ੍ਰੋਫੈਸਰ ਬਲਦੇਵ ਸਿੰਘ ਟੀਟਾ, ਨਵਦੀਪ ਸਿੰਘ ਸੰਧੂ, ਦੀਪ ਇੰਦਰ ਸਿੰਘ ਗਿੱਲ, ਗੁਰਸ਼ਰਨ ਸਿੰਘ, ਡਾਕਟਰ ਹਰਜੀਤ ਸਿੰਘ, ਡਾਕਟਰ ਅਨੂਪ ਸਿੰਘ, ਡਾਕਟਰ ਬਲਵਿੰਦਰ ਸਿੰਘ, ਵਿਨੋਦ ਕੁਮਾਰ ਹਰੀਸ਼, ਸ਼ਰਨਜੀਤ ਸਿੰਘ, ਖੁਸ਼ਵਿੰਦਰ ਸਿੰਘ ਹਾਂਡਾ, ਜਗਦੇਵ ਸਿੰਘ ਸੰਧੂ, ਨਿਰਮਲ ਸਿੰਘ ਨੰਡਾ ਆਦਿ ਸ਼ਾਮਲ ਸਨ।ਇਸ ਸੰਬੰਧ ਵਿੱਚ ਐਸ ਡੀ ਐਮ ਸੁਲਤਾਨਪੁਰ ਲੋਧੀ-ਕਮ ਪੁੱਡਾ ਅਧਿਕਾਰੀ ਮੈਡਮ ਅਲਕਾ ਕਾਲੀਆ ਨੇ ਦੱਸਿਆ ਕਿ ਮਾਮਲਾ ਉਹਨਾਂ ਦੇ ਧਿਆਨ ਵਿੱਚ ਹੈ। ਉਹਨਾਂ ਸਪਸ਼ਟ ਕੀਤਾ ਕਿ ਇਹ ਪਾਰਕ ਪੁੱਡਾ ਵਿਭਾਗ ਦੀ ਪ੍ਰੋਪਰਟੀ ਹੈ ਅਤੇ ਕਿਸੇ ਦੀ ਨਿੱਜੀ ਜਾਇਦਾਦ ਨਹੀਂ ਹੈ।

# ਜਨਮਾਸ਼ਟਮੀ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਦਿ ਇੰਪੀਰੀਅਲ ਸਕੂਲ, ਗ੍ਰੀਨ ਕੈਂਪਸ ਵਿਖੇ ਜਨਮਾਸ਼ਟਮੀ ਦਾ ਤਿਉਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਪਾਲਨਾ ਸਮਾਰੋਹ ਨਾਲ ਹੋਈ, ਜਿਸ ਵਿੱਚ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜਨਮ ਦੀਆਂ ਝਲਕਾਂ ਸੁੰਦਰ ਸਜਾਵਟ ਅਤੇ ਭਜਨਾਂ ਨਾਲ ਪੇਸ਼ ਕੀਤੀਆਂ ਗਈਆਂ।ਪਹਿਲੀ ਅਤੇ ਦੂਜੀ ਜਮਾਤ ਦੇ ਛੋਟੇ ਬੱਚੇ ਰਾਧਾ ਅਤੇ ਕ੍ਰਿਸ਼ਨ ਦੇ ਰੂਪ ਵਿੱਚ ਸਜੇ ਹੋਏ ਸਟੇਜ 'ਤੇ ਆਏ, ਜਿਸਨੇ ਪੂਰਾ ਮਾਹੌਲ ਭਗਤੀ ਅਤੇ ਮਨਮੋਹਕ ਬਣਾ ਦਿੱਤਾ।ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਜਨਮ ਅਸ਼ਟਮੀ ਦੇ ਵਿਸ਼ੇ 'ਤੇ ਇੱਕ ਸੁੰਦਰ ਨਾਚ ਪੇਸ਼ ਕੀਤਾ, ਜਦੋਂ ਕਿ ਬੱਚਿਆਂ



ਦੁਆਰਾ ਗਾਏ ਗਏ ਸਮੂਹ ਗੀਤ ਨੇ ਸਾਰਿਆਂ ਨੂੰ ਕ੍ਰਿਸ਼ਨ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਸਕੂਲ ਦੇ ਚੇਅਰਮੈਨ ਜਗਦੀਸ਼ ਪਸਰੀਚਾ, ਸ਼੍ਰੀਮਤੀ ਮੀਨਾ ਪਸਰੀਚਾ, ਡਾਇਰੈਕਟਰ ਸ਼੍ਰੀ ਜਗਮੋਹਨ ਅਰੋੜਾ, ਸ਼੍ਰੀਮਤੀ ਦਿਸ਼ਾ ਅਰੋੜਾ, ਨਿਖਿਲ ਪਸਰੀਚਾ, ਸੁਖਦੇਵ ਅਰੋੜਾ, ਡਾ. ਨਿਹਾਰਿਕਾ, ਪ੍ਰਿੰਸੀਪਲ ਸ਼੍ਰੀਮਤੀ ਸਵਿੰਦਰਕੌਰ ਮੱਲ੍ਹੀ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਠਾਕੁਰ ਅਤੇ ਸੀਏਏ ਇੰਚਾਰਜ ਸ਼੍ਰੀਮਤੀ ਸੁਸ਼ਮਾ ਵਰਮਾ ਮੌਜੂਦ ਸਨ। ਇਸ ਜਸ਼ਨ ਨੇ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ, ਪਰੰਪਰਾਵਾਂ ਅਤੇ ਸ਼ਰਧਾ ਦੀ ਮਹਿਮਾ ਤੋਂ ਜਾਣੂ ਕਰਵਾਇਆ।

# ਪਾਠਕ ਸੱਥ ਵੱਲੋਂ ਨਾਵਲ 'ਮੱਛੀ ਤੇ ਪਾਣੀ' 'ਤੇ ਵਿਚਾਰ-ਚਰਚਾ



**ਬੰਗਾ (ਅਵਤਾਰ ਕਲੇਰ)**

ਅਦਾਰਾ ਪਾਠਕ ਸੱਥ ਨਵਾਂਸ਼ਹਿਰ ਵੱਲੋਂ ਨਾਵਲ 'ਮੱਛੀ ਤੇ ਪਾਣੀ' 'ਤੇ ਬਾਰਾਦਰੀ ਬਾਗ਼ ਨਵਾਂਸ਼ਹਿਰ ਵਿਖੇ ਵਿਚਾਰ ਚਰਚਾ ਕਾਰਵਾਈ ਗਈ। ਜਰਨੈਲ ਸਿੰਘ ਜ਼ਾਫ਼ਰਪੁਰ ਵੱਲੋਂ ਚਰਚਾ ਦਾ ਆਗਾਜ਼ ਕਰਦਿਆਂ ਕਿਹਾ ਕਿ ਇਸ ਨਾਵਲ ਦੀ ਪੁਰਾਣੇ ਸਮਿਆਂ ਵਿਚ ਅਗਾਂਹਵਧੂ ਹਲਕਿਆਂ ਵਿਚ ਕਾਫੀ ਚਰਚਾ ਹੁੰਦੀ ਰਹੀ ਸੀ। ਇਹ ਨਾਵਲ ਲੋਕਾਂ ਦੀ ਜਥੇਬੰਦਕ ਤਾਕਤ 'ਤੇ ਅਧਾਰਤ ਹੈ। ਇਸ ਦੀ ਕਹਾਣੀ ਵਿੱਚ ਇੱਕ ਪਾਸੇ ਜਗੀਰਦਾਰਾਂ ਦੀ ਪਾਰਟੀ ਕੁਓਮਿਨਤਾਂਗ ਹੈ, ਦੂਜੇ ਪਾਸੇ ਕਿਸਾਨਾਂ ਤੇ ਮਜ਼ਦੂਰਾਂ ਦੀ ਜਥੇਬੰਦੀ ਲੋਕ ਮੁਕਤੀ ਸੈਨਾ ਹੈ। ਸੰਦੀਪ ਨਈਅਰ ਨੇ ਆਪਣੀ ਗੱਲ ਰੱਖਦਿਆਂ ਕਿਹਾ ਕਿ ਇਹ ਨਾਵਲ ਦੀ ਕਹਾਣੀ ਚੀਨ ਦੇ ਖਾਨਾਜੰਗੀ ਦੇ ਦੌਰ ਦੀ ਕਹਾਣੀ ਹੈ। ਜਦੋਂ ਕਿਸਾਨੀ ਦਸਤੇ ਜਗੀਰਦਾਰਾਂ ਦੀ ਪਾਰਟੀ ਕੁਓਮਿਨਤਾਂਗ ਦੇ ਖਿਲਾਫ ਲੜ ਰਹੇ ਸਨ। ਨਾਵਲ ਦੀ ਪਾਤਰ ਚੀ ਜੂਹੀ ਆਪਣੀ ਮਰ ਰਹੀ ਕੁੜੀ ਦੀ ਪਰਵਾਹ ਕੀਤੇ ਬਗੈਰ ਕਿਸਾਨੀ ਦਸਤੇ ਦੇ ਨਾਲ ਜੁੜੇ ਸਾਥੀ ਨੂੰ ਬਚਾਉਣ ਲਈ ਪੂਰੀ ਵਾਹ ਲਾਉਂਦੀ ਹੈ। ਸਾਥੀ ਰਾਜਿੰਦਰ ਸੈਣੀ ਨੇ ਕਿਹਾ ਕਿ ਇਸ ਨਾਵਲ ਦਾ ਬਿਰਤਾਂਤ ਗੁੰਝਲਦਾਰ ਮਹਿਸੂਸ ਹੁੰਦਾ ਹੈ। ਬਹਿਸ ਵਿੱਚ ਸਰਪੰਚ ਨਿੰਦਰ ਮਾਇਦਿੱਤਾ ਤੇ ਹਰਜਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਲਾਇਬਰੇਰੀ ਇੰਚਾਰਜ ਮੈਡਮ ਅਨੂਪ ਰਾਣਾ ਵਲੋਂ ਵੀ ਵਿਚਾਰ ਚਰਚਾ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ ਤੇ ਪਾਠਕਾਂ ਨੂੰ ਵੱਧ ਤੋਂ ਵੱਧ ਸਾਹਿਤ ਨਾਲ ਜੁੜਨ ਦਾ ਸੁਨੇਹਾ ਦਿੱਤਾ। ਉਨ੍ਹਾਂ ਨੇ ਪਾਠਕ ਸੱਥ ਨਵਾਂਸ਼ਹਿਰ ਵਲੋਂ ਕਿਤਾਬਾਂ ਤੇ ਲੜੀਵਾਰ ਚਰਚਾ ਕਰਵਾਉਣ ਦੇ ਕਾਰਜ ਦੀ ਸ਼ਲਾਘਾ ਕੀਤੀ।

22-AUG-PAGE-10.qxd 8/21/2025 9:20 PM Page 1



# ਐੱਸ ਕੇ ਐੱਮ ਦੀ ਸਮਰਾਲਾ ਰੈਲੀ ਵਾਸਤੇ ਮੋਗਾ ਜ਼ਿਲ੍ਹੇ ਨੇ ਖਿੱਚੀ ਤਿਆਰੀ

- ਨਰਮੇ 'ਤੇ ਦਰਾਮਦ ਟੈਕਸ ਘਟਾਉਣ ਤੇ ਹੋਰ ਸੂਬਿਆਂ 'ਚ ਜ਼ਮੀਨਾਂ ਖੋਹਣ ਦਾ ਕਰਾਂਗੇ ਸਖ਼ਤ ਵਿਰੋਧ : ਮਨਜੀਤ ਧਨੇਰ
- ਸਹਿਕਾਰੀ ਅਦਾਰਿਆਂ ਦਾ ਕੇਂਦਰੀਕਰਨ, ਸੂਬਿਆਂ ਦੇ ਅਧਿਕਾਰਾਂ 'ਤੇ ਡਾਕਾ : ਸੁਖਚੈਨ ਸਿੰਘ

**ਬੱਧਨੀ ਕਲਾਂ (ਲਵਲੀ ਕੁਮਾਰ)**

ਮੋਗਾ ਜ਼ਿਲ੍ਹੇ ਦੇ ਕਿਸਾਨਾਂ ਦੀ ਵਧਵੀਂ ਮੀਟਿੰਗ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਹੇਠ ਬੱਧਨੀ ਦੇ ਨੇੜੇ ਮੱਲੇਆਣਾ ਵਿਖੇ ਹੋਈ।ਇਸ ਮੀਟਿੰਗ ਵਿੱਚ ਜ਼ਿਲ੍ਹੇ ਭਰ 'ਚੋਂ ਕਿਸਾਨ ਆਗੂ ਸ਼ਾਮਲ ਹੋਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੀ ਸੁਚੱਜੀ ਅਗਵਾਈ ਅਧੀਨ ਕਿਸਾਨਾਂ, ਮਜ਼ਦੂਰਾਂ, ਔਰਤਾਂ ਤੇ ਸਮੂਹ ਕਿਰਤੀ ਲੋਕਾਂ ਦੇ ਵਿਰੋਧ ਕਾਰਨ ਪੰਜਾਬ ਸਰਕਾਰ ਨੂੰ ਲੈਂਡ ਪੂਲਿੰਗ ਨੀਤੀ ਵਾਪਸ ਲੈਣ ਲਈ ਮਜਬੂਰ ਹੋਣਾ ਪਿਆ ਹੈ। ਉਨ੍ਹਾਂ ਦੱਸਿਆ ਕਿ ਜਿਹੜੀਆਂ ਸਿਆਸੀ ਪਾਰਟੀਆਂ ਇੱਥੇ ਲੈਂਡ ਪੂਲਿੰਗ ਨੀਤੀ ਖਿਲਾਫ ਕਿਸਾਨਾਂ ਦੀ ਬਾਂਹ ਫੜਨ ਦੇ ਡਰਾਮੇ ਕਰਦੀਆਂ ਹਨ, ਉਹ ਸਾਰੀਆਂ ਇਨ੍ਹਾਂ ਨੀਤੀਆਂ ਲਈ ਜ਼ਿੰਮੇਵਾਰ ਹਨ।ਭਾਜਪਾ ਦੀ ਅਗਵਾਈ ਵਾਲੀਆਂ ਸਰਕਾਰਾਂ ਹਰਿਆਣਾ, ਮੱਧ ਪ੍ਰਦੇਸ਼ ਤੇ ਅਸਾਮ ਵਿੱਚ ਇਨ੍ਹਾਂ ਨੀਤੀਆਂ ਤਹਿਤ ਹੀ ਲੋਕਾਂ ਦੀਆਂ ਜ਼ਮੀਨਾਂ ਖੋਹ ਰਹੀਆਂ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਪਾਰਟੀਆਂ ਦਾ ਦੰਭ ਪਛਾਣ ਲੈਣਾ ਚਾਹੀਦਾ ਹੈ ਅਤੇ ਆਪਣੀਆਂ ਜਥੇਬੰਦੀਆਂ 'ਤੇ ਟੇਕ ਰੱਖਣੀ ਚਾਹੀਦੀ ਹੈ।



ਸੂਬਾ ਪ੍ਰਧਾਨ ਨੇ ਬਾਹਰਲੇ ਦੇਸ਼ਾਂ ਤੋਂ ਆਉਣ ਵਾਲੇ ਨਰਮੇ ਤੋਂ ਦਰਾਮਦ ਟੈਕਸ ਖਤਮ ਕਰਨ ਦਾ ਸਖ਼ਤ ਨੋਟਿਸ ਲਿਆ ਤੇ ਕਿਹਾ ਕਿ ਮੋਦੀ ਸਰਕਾਰ, ਅਮਰੀਕਾ ਤੇ ਹੋਰ ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਲਈ ਕਿਸਾਨਾਂ ਮਜ਼ਦੂਰਾਂ ਦੀ ਬਲੀ ਦੇਣ ਲਈ ਪੱਬਾਂ ਭਾਰ ਹੈ।ਉਨ੍ਹਾਂ ਕਿਹਾ ਕਿ ਹੁਣ ਕੱਪੜਾ ਮਿੱਲਾਂ ਵਾਲੇ, ਅਮਰੀਕਾ ਤੇ ਹੋਰ ਦੇਸ਼ਾਂ ਦਾ ਸਸਤਾ ਨਰਮਾ ਖਰੀਦਣਗੇ, ਜਿਸ ਕਾਰਨ ਭਾਰਤ ਦੇ ਕਿਸਾਨਾਂ ਦਾ ਨਰਮਾ ਕੌਡੀਆਂ ਦੇ ਭਾਅ ਵਿਕੇਗਾ।ਪਹਿਲਾਂ ਹੀ ਖ਼ੁਦਕੁਸ਼ੀਆਂ ਕਰ ਰਹੇ ਕਿਸਾਨਾਂ ਦਾ ਜਿਉਣਾ ਹੋਰ ਮੁਹਾਲ ਹੋਵੇਗਾ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਟੈਕਸ ਮੁਕਤ ਵਪਾਰ ਸਮਝੌਤਾ ਟੁਕੜਿਆਂ ਵਿੱਚ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਹੈ।ਭਾਕਿਯੂ ਏਕਤਾ ਡਕੌਂਦਾ, ਸੰਯੁਕਤ ਕਿਸਾਨ ਮੋਰਚੇ ਦੇ ਸਹਿਯੋਗ ਨਾਲ ਇਸ ਦਾ ਡੱਟਵਾਂ ਵਿਰੋਧ ਕਰੇਗੀ।

ਮੋਗਾ ਜ਼ਿਲ੍ਹੇ ਦੇ ਪ੍ਰਧਾਨ ਸੁਖਚੈਨ ਸਿੰਘ ਰਾਜੂ ਨੇ ਕੇਂਦਰ ਸਰਕਾਰ ਵੱਲੋਂ ਸਹਿਕਾਰਤਾ ਨਾਲ ਸਬੰਧਤ ਕਾਨੂੰਨ ਬਣਾ ਕੇ ਸੂਬਿਆਂ ਦੇ ਅਧਿਕਾਰਾਂ ਤੇ ਡਾਕਾ ਮਾਰਨ ਦੀ ਕਾਰਵਾਈ ਦੀ ਨਿਖੇਧੀ ਕਰਦਿਆਂ ਕਿਹਾ ਕਿ ਅਸਲ ਵਿੱਚ ਇਹ ਸਹਿਕਾਰੀ ਅਦਾਰਿਆਂ ਨੂੰ ਹੜੱਪ ਕਰ ਜਾਣ ਦੀ ਸਾਜ਼ਿਸ਼ ਹੈ।ਮੀਟਿੰਗ ਵਿੱਚ ਹਾਜ਼ਰ ਕਿਸਾਨਾਂ ਨੇ 24 ਅਗਸਤ ਨੂੰ ਸਮਰਾਲਾ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੀ ਜਾ ਰਹੀ ਜੇਤੂ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਐਲਾਨ ਕੀਤਾ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਗਸੀਰ ਸਿੰਘ ਮੱਲੇਆਣਾ, ਅਮਰਪਾਲ ਸਿੰਘ ਮੱਲੇਆਣਾ, ਸਰਪੰਚ ਮਨਜੀਤ ਸਿੰਘ ਮੱਲੇਆਣਾ, ਕਰਮਜੀਤ ਸਿੰਘ ਰਾਮਾ, ਸੁਖਦੇਵ ਸਿੰਘ ਰਾਮਾ, ਠਾਣਾ ਸਿੰਘ ਦੀਨਾ ਸਾਹਿਬ, ਸਾਹਿਬ ਸਿੰਘ ਰੋਡੇ, ਜਸਪ੍ਰੀਤ ਸਿੰਘ ਸਮਾਧ ਭਾਈ ਤੇ ਹੋਰ ਕਿਸਾਨ ਆਗੂ ਹਾਜ਼ਰ ਸਨ।

## ਗੁਰਪ੍ਰੀਤ ਸਿੰਘ ਇਟਾਂਵਾਲੀ ਨੇ ਮੁੱਖ ਸਕੱਤਰ ਨਾਲ ਕੀਤੀ ਮੁਲਾਕਾਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਪੰਜਾਬ ਚੰਡੀਗੜ੍ਹ ਦੇ ਮੈਂਬਰ ਗੁਰਪ੍ਰੀਤ ਸਿੰਘ ਇਟਾਂਵਾਲੀ ਨੇ ਪੰਜਾਬ ਦੇ ਮੁੱਖ ਸਕੱਤਰ ਕੇਏਪੀ ਸਿਨਹਾ ਨਾਲ ਮੁਲਾਕਾਤ ਕੀਤੀ।ਉਨ੍ਹਾਂ ਪੰਜਾਬ ਵਿੱਚ ਅਨੁਸੂਚਿਤ ਜਾਤੀ ਦੇ ਲੋਕਾਂ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਮੌਕੇ ਗੁਰਪ੍ਰੀਤ ਸਿੰਘ ਇਟਾਂਵਾਲੀ ਨੇ ਮੁੱਖ ਸਕੱਤਰ ਦੇ ਧਿਆਨ ਵਿੱਚ ਲਿਆਂਦਾ ਕਿ ਅਨੁਸੂਚਿਤ ਜਾਤੀਆਂ ਦੇ ਲੋਕਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੀਮਾਂ ਬਾਰੇ ਹੋਰ ਜਾਗਰੂਕ ਕਰਨ ਦੀ ਲੋੜ ਹੈ ਤਾਂ ਜੋ ਉਹ ਇਨ੍ਹਾਂ ਸਕੀਮਾਂ ਅਤੇ ਸਹੂਲਤਾਂ ਦਾ ਪੂਰਾ ਲਾਭ ਲੈ ਸਕਣ। ਇਸ ਮੁਲਾਕਾਤ ਦੌਰਾਨ ਉਨ੍ਹਾਂ ਨੇ ਇਹ ਵੀ ਦਰਸਾਇਆ ਕਿ ਕਈ ਅਨੁਸੂਚਿਤ ਜਾਤੀਆਂ ਦੇ ਪਰਵਾਰ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਦੇ ਨਿਵਾਰਣ ਲਈ ਸਰਕਾਰੀ ਪੱਧਰ 'ਤੇ ਖ਼ਾਸ ਧਿਆਨ ਦੇਣ ਦੀ ਲੋੜ ਹੈ। ਮੁੱਖ ਸਕੱਤਰ ਨੇ ਪੂਰਾ ਭਰੋਸਾ ਦਿੱਤਾ ਕਿ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਗੰਭੀਰਤਾ ਨਾਲ ਨਿਵਾਰਣ ਕੀਤਾ ਜਾਵੇਗਾ ਤੇ ਜ਼ਮੀਨੀ ਪੱਧਰ ਤੱਕ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਪਹੁੰਚਾਇਆ ਜਾਵੇਗਾ।

## ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਕੀਤੀ ਅਹਿਮ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਕਨਵੀਨਰ ਅਤਿੰਦਰ ਪਾਲ ਸਿੰਘ ਦੀ ਅਗਵਾਈ ਵਿੱਚ ਸੂਬਾ ਕਮੇਟੀ ਮੀਟਿੰਗ ਕੀਤੀ ਗਈ, ਜਿਸ ਵਿੱਚ ਪੁਰਾਣੀ ਪੈਨਸ਼ਨ ਪ੍ਰਤੀ ਸਰਕਾਰ ਦੇ ਪੂਰਨ ਨਕਾਰਾਤਮਕ ਰਵੱਈਏ, ਪੈਨਸ਼ਨ ਦੇ ਦੇਸ਼ ਵਿਆਪੀ ਸੰਘਰਸ਼ ਦੀ ਸਥਿਤੀ ਤੇ ਸਾਂਝਾ ਸੰਘਰਸ਼ ਉਸਾਰਨ ਲਈ ਫਰੰਟ ਵੱਲੋਂ ਜਾਰੀ ਯਤਨਾਂ 'ਤੇ ਗੰਭੀਰ ਵਿਸਥਾਰੀ ਵਿਚਾਰ ਚਰਚਾ ਕੀਤੀ ਗਈ ਅਤੇ ਪੈਨਸ਼ਨ ਦੇ ਸੰਘਰਸ਼ ਨੂੰ ਤੇਜ਼ ਕਰਨ ਲਈ ਅਹਿਮ ਫੈਸਲੇ ਲਏ ਗਏ।ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਮਾਲਵਾ ਜ਼ੋਨ ਤੇ ਜ਼ਿਲ੍ਹਾ ਆਗੂ ਦਲਜੀਤ ਸਫੀਪੁਰ, ਕੋ-ਕਨਵੀਨਰ ਖੁਸ਼ਦੀਪ ਸਿੰਘ ਤੇ ਮਨਜੀਤ ਸਿੰਘ ਨੇ ਦੱਸਿਆ ਕਿ ਆਪ ਸਰਕਾਰ ਦੀ ਪੈਨਸ਼ਨ ਲਾਗੂ ਕਰਨ ਦੀ ਨਕਲੀ ਖ਼ਿਲਾਫ਼ ਲਏ ਗਏ ਸੂਬਾ ਪੱਧਰੀ ਫੈਸਲਿਆਂ ਦੀ ਲਗਾਤਾਰਤਾ ਵਿੱਚ ਜ਼ਿਲ੍ਹਾ ਪਟਿਆਲਾ ਵੱਲੋਂ 1 ਤੋਂ 15 ਅਕਤੂਬਰ ਦਰਮਿਆਨ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ।ਇਸ ਤੋਂ ਇਲਾਵਾ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਐੱਨ ਐੱਮ ਓ ਪੀ ਐੱਸ ਦੀ 25 ਨਵੰਬਰ ਨੂੰ ਦਿੱਲੀ ਵਿੱਚ ਕੀਤੀ ਜਾਣ ਵਾਲੀ ਦੇਸ਼ ਪੱਧਰੀ ਰੈਲੀ ਦਾ ਸਮਰਥਨ ਕਰਦਿਆਂ ਇਸ ਰੈਲੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ਤੇ ਪੰਜਾਬ ਪੇ ਸਕੇਲ ਬਚਾਓ ਸਾਂਝਾ ਫਰੰਟ ਵੱਲੋਂ 28 ਸਤੰਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ ਹੈ।ਇਸ ਮੌਕੇ ਪ੍ਰਦੀਪ ਸਿੰਘ ਨੀਟ, ਗੁਰਸ਼ੇਰ ਸਿੰਘ ਕਿਹਾ ਕਿ ਕੇਂਦਰੀ ਮੋਦੀ ਸਰਕਾਰ ਨੇ ਸੰਸਦ ਦੇ ਮਾਨਸੂਨ ਸੈਸ਼ਨ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਤੋਂ ਕੋਰਾ ਇਨਕਾਰ ਕਰਕੇ ਦੇਸ਼ ਦੇ ਲੱਖਾਂ ਐੱਨ.ਪੀ.ਐੱਸ. ਮੁਲਾਜ਼ਮਾਂ ਦੀ ਸੰਵਿਧਾਨਕ ਤੇ ਹੱਕੀ ਮੰਗ ਦਾ ਮੁੜ ਨਿਰਾਦਰ ਕੀਤਾ ਹੈ, ਜਿਸ ਖ਼ਿਲਾਫ਼ ਮੁਲਾਜ਼ਮਾਂ ਵਿੱਚ ਤਿੱਖਾ ਰੋਸ ਹੈ।ਇਸ ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸੁਰਜੀਤ ਸਿੰਘ ਤੇ ਦੀਪ ਬਨਾਰਸੀ ਆਦਿ ਹਾਜ਼ਰ ਰਹੇ।

## 24 ਦੀ ਜੇਤੂ ਰੈਲੀ ਲਈ ਕਿਸਾਨਾਂ 'ਚ ਭਾਰੀ ਉਤਸ਼ਾਹ : ਸੁਖਵਿੰਦਰ ਢਿੱਲੋਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਲੈਂਡ ਪੂਲਿੰਗ ਪਾਲਿਸੀ ਸਰਕਾਰ ਵੱਲੋਂ ਰੱਦ ਕੀਤੇ ਜਾਣ ਦੀ ਖੁਸ਼ੀ ਵਿੱਚ ਸਮਰਾਲਾ ਵਿਖੇ 24 ਅਗਸਤ ਨੂੰ ਰੱਖੀ ਗਈ ਜੇਤੂ ਰੈਲੀ ਲਈ ਕਿਸਾਨਾਂ ਤੇ ਆਮ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਢਿੱਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨਾਂ ਦੇ ਭਾਰੀ ਰੋਹ ਨੂੰ ਦੇਖਦਿਆਂ ਸਰਕਾਰ ਨੇ ਇਹ ਲੈਂਡ ਪੂਲਿੰਗ ਪਾਲਿਸੀ ਵਾਪਸ ਲਈ, ਨਹੀਂ ਤਾਂ ਐਸ ਹਜ਼ਾਰਾਂ ਕਿਸਾਨ ਬੇਜ਼ਮੀਨੇ ਹੋ ਜਾਣੇ ਸਨ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਦੇ ਏਕੇ ਅੱਗੇ ਸਰਕਾਰ ਨੂੰ ਮਜਬੂਰ ਕੀਤਾ ਕਿ ਇਹ ਪਾਲਿਸੀ ਵਾਪਸ ਲਈ ਜਾਵੇ। ਕਿਸਾਨ ਆਗੂ ਸੁਖਵਿੰਦਰ ਢਿੱਲੋਂ ਨੇ ਕਿਹਾ ਕਿ ਮਾਛੀਵਾੜਾ ਇਲਾਕੇ ਦੇ ਕਿਸਾਨ ਇਸ ਜੇਤੂ ਰੈਲੀ ਵਿੱਚ ਭਾਰੀ ਗਿਣਤੀ 'ਚ ਹਿੱਸਾ ਲੈਣਗੇ। ਉਨ੍ਹਾਂ ਦੱਸਿਆ ਕਿ ਰੈਲੀ ਨੂੰ ਸਫਲ ਬਣਾਉਣ ਲਈ ਇਲਾਕੇ ਦੇ ਪਿੰਡਾਂ ਵਿੱਚ ਵੱਖ-ਵੱਖ ਪਿੰਡਾਂ, ਜਿਸ ਵਿੱਚ ਨੂਰਪੁਰ, ਸ਼ੇਰੀਆਂ, ਸਲਾਣਾ, ਚੌਂਤਾ, ਹੇਡੋਂ, ਸ਼ੇਰਗੜ੍ਹ ਵਿਖੇ ਕਿਸਾਨਾਂ ਨਾਲ ਮੀਟਿੰਗਾਂ ਵੀ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਕਿਸਾਨ ਪੱਖੀ ਹੋਰ ਮੁੱਦਿਆਂ 'ਤੇ ਵੀ ਅਹਿਮ ਵਿਚਾਰਾਂ ਕਰੇਗਾ। ਇਸ ਮੌਕੇ ਅਵਤਾਰ ਸਿੰਘ ਸ਼ੇਰੀਆਂ, ਪਰਮਜੀਤ ਸਿੰਘ, ਕਰਮਜੀਤ ਸਿੰਘ ਮਾਂਗਟ, ਯਾਦਵਿੰਦਰ ਸਿੰਘ, ਅਮਰਿੰਦਰ ਸਿੰਘ ਲਾਲਾ, ਕੁਲਦੀਪ ਸਿੰਘ ਪਵਾਤ, ਹਰਬੰਤ ਸਿੰਘ, ਮਨਜੀਤ ਸਿੰਘ, ਸੁਖਦੇਵ ਸਿੰਘ, ਗੁਰਨੇਕ ਸਿੰਘ, ਰਾਜਵਿੰਦਰ ਸਿੰਘ, ਜਸਪਾਲ ਸਿੰਘ, ਬੇਅੰਤ ਸਿੰਘ ਆਦਿ ਮੌਜੂਦ ਸਨ।

## ਮੁਹੱਲਾ ਵਾਸੀਆਂ ਨੇ ਟਾਵਰ ਲਾਉਣ ਦਾ ਕੀਤਾ ਵਿਰੋਧ




**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਦਿਆਲਪੁਰਾ ਰੋਡ 'ਤੇ ਇੱਕ ਨਿੱਜੀ ਕੰਪਨੀ ਦੇ ਲਾਏ ਜਾ ਰਹੇ ਟਾਵਰ ਦੇ ਵਿਰੋਧ ਵਿੱਚ ਮੁਹੱਲਾ ਵਾਸੀਆਂ ਵੱਲੋਂ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਮੌਕੇ ਮੁਹੱਲਾ ਵਾਸੀਆਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਬਾਰੇ ਮੁਹੱਲਾ ਵਾਸੀ ਅਨਿਲ ਸ਼ਰਮਾ ਤੇ ਗੋਰਾ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਮੁਹੱਲੇ ਵਿੱਚ ਇੱਕ ਨਿੱਜੀ ਕੰਪਨੀ ਦੇ ਟਾਵਰ ਦਾ ਕਾਰਜ ਸ਼ੁਰੂ ਕੀਤਾ ਜਾ ਰਿਹਾ ਹੈ।ਜਦੋਂ ਮੁਹੱਲਾ ਵਾਸੀਆਂ ਨੂੰ ਇਸ ਗੱਲ ਦੀ ਭਿਣਕ ਲੱਗੀ ਤੇ ਮੁਹੱਲਾ ਵਾਸੀਆਂ ਵੱਲੋਂ ਇਸ ਦਾ ਵਿਰੋਧ ਕਰਦੇ ਹੋਏ ਨਾਅਰੇਬਾਜ਼ੀ ਕੀਤੀ ਗਈ।ਮੁਹੱਲਾ ਵਾਸੀਆਂ ਨੇ ਕਿਹਾ ਕਿ ਜੋ ਟਾਵਰ ਲਾਇਆ ਜਾ ਰਿਹਾ ਹੈ, ਉਸ ਵਿੱਚੋਂ ਨਿਕਲਣ ਵਾਲੀਆਂ ਕਿਰਨਾਂ ਉਨ੍ਹਾਂ ਦੀ ਸਿਹਤ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਜਿੱਥੇ ਇਹ ਟਾਵਰ ਲੱਗਣਾ ਹੈ, ਉਸ ਦੇ ਨਜ਼ਦੀਕ ਸੰਘਣੀ ਆਬਾਦੀ ਵਾਲਾ ਖੇਤਰ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀ ਪਹਿਲਾਂ ਹੀ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੀ ਗ੍ਰਿਫਤ ਵਿੱਚ ਹਨ, ਹੁਣ ਇਸ ਦੀਆਂ ਹਾਨੀਕਾਰਕ ਕਿਰਨਾਂ ਹੋਰ ਵੀ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਨੂੰ ਜਨਮ ਦੇਣਗੀਆਂ।ਉਨ੍ਹਾਂ ਕਿਹਾ ਕਿ ਜੇਕਰ ਟਾਵਰ ਦਾ ਕੰਮ ਬੰਦ ਨਾ ਕੀਤਾ ਤਾਂ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਵੱਡੀ ਗਿਣਤੀ 'ਚ ਮੁਹੱਲਾ ਵਾਸੀ ਹਾਜ਼ਰ ਸਨ।

## ਮੁਸਲਿਮ ਬਲੱਡ ਬੈਂਕ ਐਂਡ ਵੈੱਲਫੇਅਰ ਸੁਸਾਇਟੀ ਮਾਲੇਰਕੋਟਲਾ ਦੀ ਰੀਵਿਊ ਮੀਟਿੰਗ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸੁਤੰਤਰਤਾ ਦਿਵਸ ਮੌਕੇ ਮੁਸਲਿਮ ਬਲੱਡ ਬੈਂਕ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਮਾਲੇਰਕੋਟਲਾ ਵੱਲੋਂ ਇੱਕ ਅਹਿਮ ਮੀਟਿੰਗ ਰੱਖੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੰਸਥਾ ਪ੍ਰਧਾਨ ਡਾ. ਰਮਜ਼ਾਨ ਚੌਧਰੀ ਨੇ ਚੱਲ ਰਹੇ ਉਪਰਾਲਿਆਂ ਬਾਰੇ ਵਿਚਾਰ ਵਟਾਂਦਰਾ ਕੀਤਾ।ਇਸ 'ਚ ਸਭ ਤੋਂ ਪਹਿਲਾਂ ਸੁਤੰਤਰਤਾ ਸੈਨਾਨੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਬਲੱਡ ਡੋਨੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਪਰਾਲੇ ਦੇ ਇੰਚਾਰਜ ਮੁਹੰਮਦ ਇਰਫਾਨ ਨੇ ਦੱਸਿਆ ਕਿ ਬਲੱਡ ਦੀ ਡਿਮਾਂਡ ਪਹਿਲਾਂ ਨਾਲੋਂ ਵਧ ਰਹੀ ਹੈ ਤੇ ਸੰਸਥਾ ਇਸ ਨੂੰ ਪੂਰਾ ਕਰਨ 'ਚ ਸਮਰਥ ਹੈ, ਪ੍ਰੰਤੂ ਆਉਣ ਵਾਲੇ ਸਮੇਂ ਵਿੱਚ ਸਾਨੂੰ ਹੋਰ ਡੋਨਰ ਸਾਥੀਆਂ ਦੀ ਲੋੜ ਹੈ।ਇਸ ਲਈ ਨੌਜਵਾਨਾਂ ਨੂੰ ਖੂਨ ਦਾਨ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਰੇ ਜ਼ਰੂਰਤ ਪੈਣ 'ਤੇ ਖੂਨ ਦਾਨ ਜ਼ਰੂਰ ਕਰਨ, ਖੂਨ ਦਾਨ ਕਰਨ ਨਾਲ ਸਰੀਰ ਅੰਦਰ ਨਵੇਂ ਸੈੱਲ ਬਣਦੇ ਹਨ ਅਤੇ ਸਰੀਰ ਤੰਦਰੁਸਤ ਤੇ ਨਿਰੋਗ ਰਹਿੰਦਾ ਹੈ।ਬਲੱਡ ਬੈਂਕ ਕਨਵੀਨਰ ਮੁਹੰਮਦ ਸ਼ਫੀਕ ਵੱਲੋਂ ਆਉਣ ਵਾਲੇ ਕੁੱਝ ਦਿਨਾਂ 'ਚ ਇਸ ਉਪਰਾਲੇ ਰਾਹੀਂ ਵਿਦਿਆਰਥੀਆਂ ਲਈ ਕਾਊਂਸਲਿੰਗ ਤੇ ਅਵੇਅਰਨੈੱਸ ਪ੍ਰੋਗਰਾਮ ਚਲਾਉਣ ਦੀ ਗੱਲ ਕਹੀ।ਮੌਕੇ 'ਤੇ ਮੌਜੂਦ ਸੰਸਥਾ ਦੇ ਹੈੱਡ ਬਾਡੀ ਮੈਂਬਰ ਇੰਸਪੈਕਟਰ ਮੁਹੰਮਦ ਬਸ਼ੀਰ, ਮਾਸਟਰ ਮੁਹੰਮਦ ਮੁਸ਼ਤਾਕ, ਜ਼ਹੂਰ ਅਹਿਮਦ, ਖਜ਼ਾਨਚੀ ਮੁਹੰਮਦ ਅਸ਼ਰਫ ਨੇ ਆਪਣੇ ਵਿਚਾਰ ਸਾਂਝੇ ਕੀਤੇ।ਐਗਜ਼ੀਕਿਊਟਿਵ ਮੈਂਬਰ ਹੈੱਡਮਾਸਟਰ ਜਾਵੇਦ ਨਜ਼ੀਰ, ਮੁਹੰਮਦ ਸਿੱਦੀਕ, ਉਸਮਾਨ ਅਹਿਮਦ, ਮੁਹੰਮਦ ਆਸਿਫ, ਹੈੱਡਮਾਸਟਰ ਮੰਜ਼ੂਰ ਆਲਮ, ਕੋਚ ਹਬੀਬ ਸਿੰਦ ਦੇ ਨਾਲ ਮੁਹੰਮਦ ਕਾਸਿਮ, ਮੁਹੰਮਦ ਆਮਿਰ, ਮੁਹੰਮਦ ਸ਼ਹਿਬਾਜ਼ ਮੌਜੂਦ ਸਨ।

## ਮਾਡਲ ਸਕੂਲ ਚੁਨਾਗਰਾ 'ਚ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਚੁਨਾਗਰਾ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਪ੍ਰਿੰਸੀਪਲ ਹਰੀਸ਼ ਕੁਮਾਰ ਦੀ ਅਗਵਾਈ ਵਿੱਚ 'ਨਸ਼ਾ ਮੁਕਤ ਭਾਰਤ ਅਭਿਆਨ' ਵਿਸ਼ੇ ਤਹਿਤ ਡਿਬੇਟ, ਪੇਂਟਿੰਗ/ਸਲੋਗਨ, ਲੇਖ ਰਚਨਾ ਤੇ ਗਰੁੱਪ ਡਿਸਕਸ਼ਨ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦੁਆਰਾ ਪੂਰੇ ਉਤਸ਼ਾਹ ਨਾਲ ਭਾਗ ਲਿਆ ਗਿਆ।ਇਸ ਮੌਕੇ ਸਮੂਹ ਭਾਗੀਦਾਰਾਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਪ੍ਰੋਗਰਾਮ ਅਫ਼ਸਰ ਸ੍ਰੀ ਲਵਕੇਸ਼ ਕੁਮਾਰ ਵੱਲੋਂ ਇਸ ਕੰਪੀਟੀਸ਼ਨ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਯੋਗੇਸ਼ ਕੁਮਾਰ, ਵਿਸ਼ਵਜੀਤ ਸ਼ਰਮਾ, ਮੈਡਮ ਰਜਿੰਦਰਪਾਲ ਕੌਰ, ਮੈਡਮ ਪਰਮਿੰਦਰ ਕੁਮਾਰੀ ਤੇ ਸਮੂਹ ਵਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ।

## ਇੰਸ. ਬਿਕਰਮਜੀਤ ਸਿੰਘ ਬਰਾੜ ਨੇ ਥਾਣਾ ਸਦਰ ਦੇ ਮੁਖੀ ਵਜੋਂ ਅਹੁਦਾ ਸੰਭਾਲਿਆ

**ਸਮਾਣਾ (ਇਕਬਾਲ ਸਿੰਘ ਬੱਲ)**-ਸਦਰ ਥਾਣਾ ਸਮਾਣਾ ਵਿਖੇ ਇੰਸਪੈਕਟਰ ਬਿਕਰਮਜੀਤ ਸਿੰਘ ਬਰਾੜ ਨੇ ਬਤੌਰ ਥਾਣਾ ਮੁਖੀ ਵਜੋਂ ਅਹੁਦਾ ਸੰਭਾਲ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ. ਬਰਾੜ ਨੇ ਕਿਹਾ ਕਿ ਐੱਸ.ਐੱਸ.ਪੀ. ਪਟਿਆਲਾ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਨਸ਼ਾ ਵੇਚਣ ਤੇ ਖ਼ਰੀਦਣ ਵਾਲਿਆਂ 'ਤੇ ਸਖ਼ਤੀ ਨਾਲ ਪੇਸ਼ ਆਇਆ ਜਾਵੇਗਾ ਅਤੇ ਕਿਸੇ ਨੂੰ ਵੀ ਮੁਆਫ਼ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਹਰੇਕ ਫਰਿਆਦੀ ਨੂੰ ਇਨਸਾਫ਼ ਦਿਵਾਉਣ ਦੇ ਨਾਲ-ਨਾਲ ਥਾਣਾ ਸਦਰ ਅਧੀਨ ਪੈਂਦੇ ਪਿੰਡਾਂ ਅੰਦਰ ਅਮਨ-ਸ਼ਾਂਤੀ ਬਣਾਏ ਰੱਖਣ ਤੇ ਗਲਤ ਅਨਸਰਾਂ ਖ਼ਿਲਾਫ਼ ਕਾਨੂੰਨੀ ਸ਼ਿਕੰਜਾ ਕੱਸਣ ਪ੍ਰਤੀ ਵਚਨਬੱਧ ਹੈ।ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਲਾਕੇ ਦਾ ਕੋਈ ਵੀ ਵਿਅਕਤੀ ਸਦਰ ਥਾਣੇ ਵਿੱਚ ਬੇਝਿਜਕ ਆ ਕੇ ਆਪਣੀ ਸਮੱਸਿਆ ਦੱਸ ਸਕਦਾ ਹੈ ਤੇ ਉਸ ਦੀ ਹੱਲ ਹੋਣ ਵਾਲੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਲਕੇ ਵਿੱਚ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਉਣ ਲਈ ਪੂਰਾ ਸਹਿਯੋਗ ਕੀਤਾ ਜਾਵੇ।



## ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸਮਰਾਲਾ ਦੇ ਨਿੱਕਾ ਸਿੰਘ ਖੇੜਾ ਤੀਜੀ ਵਾਰ ਪ੍ਰਧਾਨ ਬਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸਮਰਾਲਾ ਦਾ ਅਜਲਾਸ ਬੁਲਾਇਆ ਗਿਆ, ਜਿਸ ਦੀ ਪ੍ਰਧਾਨਗੀ ਮੰਡਲ ਵਿੱਚ ਨਿੱਕਾ ਸਿੰਘ ਖੇੜਾ, ਪ੍ਰਕਾਸ਼ ਸਿੰਘ ਉਧੋਵਾਲ, ਹਰਦੇਵ ਸਿੰਘ ਬਾਗ ਤੇ ਸਰਪੰਚ ਰਾਜਿੰਦਰ ਸਿੰਘ ਖੇੜਾ ਨੇ ਸੰਯੁਕਤ ਰੂਪ ਵਿੱਚ ਕੀਤੀ। ਝੰਡਾ ਚੜ੍ਹਾਉਣ ਦੀ ਰਸਮ ਚੰਦਨ ਮੋਹਨ ਮਾਛੀਵਾੜਾ ਨੇ ਅਦਾ ਕੀਤੀ। ਇਸ ਮੌਕੇ ਜਨਰਲ ਸਕੱਤਰ ਪੰਜਾਬ ਬਲਜੀਤ ਸਿੰਘ ਗਰੇਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ, ਜਿਨ੍ਹਾਂ ਪਿਛਲੇ ਕੰਮਾਂ ਦੀ ਰਿਪੋਰਟ ਪੇਸ਼ ਕੀਤੀ। ਕਾਮਰੇਡ ਬਲਜੀਤ ਸਿੰਘ ਗਰੇਵਾਲ ਨੇ ਕਿਸਾਨਾਂ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਆਉਣ ਵਾਲੀ 24 ਅਗਸਤ ਨੂੰ ਸਮਰਾਲਾ ਦੀ ਦਾਣਾ ਮੰਡੀ ਵਿੱਚ ਹੋਣ ਵਾਲੀ ਮਹਾਂ ਕਿਸਾਨ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਅਜਲਾਸ ਦੇ ਡੈਲੀਗੇਟਾਂ ਨੇ ਅਗਲੀ ਕਮੇਟੀ, ਜੋ ਕਿ ਤਹਿਸੀਲ ਸਮਰਾਲਾ ਦਾ ਕੰਮ ਕਰੇਗੀ, ਦੀ ਚੋਣ ਕੀਤੀ, ਜਿਸ ਵਿੱਚ ਨਿੱਕਾ ਸਿੰਘ ਖੇੜਾ ਨੂੰ ਤੀਜੀ ਵਾਰ ਪ੍ਰਧਾਨ ਚੁਣ ਲਿਆ ਗਿਆ, ਜਦਕਿ ਪ੍ਰਕਾਸ਼ ਸਿੰਘ ਉਧੋਵਾਲ ਸਕੱਤਰ, ਹਰਦੇਵ ਸਿੰਘ ਬਾਗ ਖਜ਼ਾਨਚੀ, ਹਰਪਾਲ ਸਿੰਘ ਪੂਰਬਾ ਮੀਤ ਪ੍ਰਧਾਨ ਤੇ ਰਮਨਦੀਪ ਕੌਰ ਉਧੋਵਾਲ, ਗੁਰਪ੍ਰੀਤ ਕੌਰ ਖੇੜਾ, ਗੁਰਵਿੰਦਰ ਕੌਰ, ਸ਼ਾਮ ਸਿੰਘ ਰੁੜੇਵਾਲ, ਹਰਜੀਤ ਸਿੰਘ ਬੁੱਲੇਵਾਲ, ਅਸ਼ੋਕ ਖੇੜਾ ਤੇ ਨਵਨੀਤ ਸਿੰਘ ਖਾਨਪੁਰ ਮੈਂਬਰ ਚੁਣੇ ਗਏ। ਇਸ ਚੁਣੀ ਗਈ 17 ਮੈਂਬਰੀ ਕਮੇਟੀ ਵਿੱਚ 3 ਥਾਵਾਂ ਖਾਲੀ ਰੱਖੀਆਂ ਗਈਆਂ। ਨਵ-ਨਿਯੁਕਤ ਪ੍ਰਧਾਨ ਨਿੱਕਾ ਸਿੰਘ ਖੇੜਾ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਕਿਸਾਨਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਹਮੇਸ਼ਾ ਯਤਨਸ਼ੀਲ ਰਹੇਗੀ ਤੇ ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਡਟੀ ਰਹੇਗੀ। ਇਸ ਮੌਕੇ ਚਰਨਜੀਤ ਕੌਰ, ਗੁਰਮੀਤ ਕੌਰ, ਪਰਮਜੀਤ ਕੌਰ, ਅਵਤਾਰ ਕੌਰ, ਗੁਰਦੀਪ ਕੌਰ, ਪ੍ਰੀਤਮ ਕੌਰ, ਰਵਿੰਦਰ ਕੌਰ, ਪਿੰਕੀ ਰਾਣੀ, ਬਲਕਾਰ ਸਿੰਘ, ਅਨਮੋਲ ਸਿੰਘ, ਰਣਜੀਤ ਸਿੰਘ, ਸੁੱਚਾ ਸਿੰਘ, ਬਖਸੀਸ ਸਿੰਘ, ਮੋਹਨ ਲਾਲ, ਸੁਰਿੰਦਰ ਸਿੰਘ, ਜਗਜੀਤ ਸਿੰਘ, ਬਲਵਿੰਦਰ ਸਿੰਘ, ਕਰਨ ਕੁਮਾਰ, ਵਿੱਕੀ ਖੇੜਾ, ਛਿੰਦਰਪਾਲ ਸਿੰਘ, ਬਚਨੀ ਦੇਵੀ, ਸ਼ਰਨਦੀਪ ਸਿੰਘ ਖੇੜਾ ਆਦਿ ਹਾਜ਼ਰ ਸਨ।

# ਬਾਬਾ ਫ਼ਰੀਦ ਯੂਨੀਵਰਸਿਟੀ ਨੇ ਰਿਜ਼ਰਵੇਸ਼ਨ ਪਾਲਿਸੀ ਦੀਆਂ ਉਡਾਈਆਂ ਧੱਜੀਆਂ : ਹਾਂਡਾ, ਖੱਤਰੀਵਾਲਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸਜ਼ ਵੱਲੋਂ ਮਲਟੀਪਰਪਜ਼ ਹੈਲਥ ਵਰਕਰ (ਮੇਲ) ਪੋਸਟਾਂ ਲਈ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਪੰਜਾਬ ਦੇ ਪੱਛੜੇ ਵਰਗ ਨੂੰ ਬਣਦੀਆਂ ਰਿਜ਼ਰਵ ਪੋਸਟਾਂ ਦੇਣ ਸਮੇਂ ਪੰਜਾਬ ਦੇ ਪੱਛੜੇ ਵਰਗ ਨਾਲ ਵੱਡਾ ਧੱਕਾ ਕੀਤਾ ਗਿਆ ਹੈ। ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਹਰਜਿੰਦਰ ਹਾਂਡਾ ਤੇ ਸੂਬਾ ਸਰਪ੍ਰਸਤ ਰਾਜਵਿੰਦਰ ਸਿੰਘ ਖੱਤਰੀ ਵਾਲਾ ਨੇ ਦੱਸਿਆ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸਜ਼ (ਭਰਤੀ ਸੈੱਲ) ਵੱਲੋਂ ਮਲਟੀਪਰਪਜ਼ ਹੈਲਥ ਵਰਕਰ ਮੇਲ ਦੀਆਂ 270 ਅਸਾਮੀਆਂ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ 91 ਪੋਸਟਾਂ ਬੈਕਲਾਗ ਅਤੇ 179 ਪੋਸਟਾਂ ਨਵੇਂ ਸਿਰਿਓਂ ਭਰਨ ਸਬੰਧੀ ਦਰਸਾਇਆ ਗਿਆ ਹੈ। ਇਨ੍ਹਾਂ ਅਸਾਮੀਆਂ ਦੀ ਵੰਡ ਕਰਨ ਸਮੇਂ 91 ਪੋਸਟਾਂ ਵਿਚ 14 ਅਸਾਮੀਆਂ ਪੰਜਾਬ ਦੇ ਪਛੜੇ ਵਰਗ ਦੀਆਂ ਬਣਦੀਆਂ ਬੈਕਲਾਗ ਦੀਆਂ ਪੋਸਟਾਂ ਦਿੱਤੀਆਂ ਗਈਆਂ ਹਨ, ਜੋ ਬਹੁਤ ਵਧੀਆ ਗੱਲ ਹੈ, ਪਰ ਨਵੇਂ ਸਿਰਿਓਂ ਭਰੀਆਂ ਜਾ ਰਹੀਆਂ 179 ਪੋਸਟਾਂ ਵਿਚ ਪੰਜਾਬ ਦੇ ਪੱਛੜੇ ਵਰਗ (ਬੀ.ਸੀ.) ਨੂੰ ਪੰਜਾਬ ਦੀ ਰਿਜ਼ਰਵੇਸ਼ਨ ਪਾਲਸੀ ਦੀਆਂ ਹਦਾਇਤਾਂ ਅਨੁਸਾਰ 12 ਪ੍ਰਤੀਸ਼ਤ ਰਿਜ਼ਰਵੇਸ਼ਨ ਕੋਟਾ ਦੇਣ ਦੀ ਬਜਾਏ 10 ਪ੍ਰਤੀਸ਼ਤ ਰਿਜਰਵੇਸ਼ਨ ਦਿੱਤੀ ਗਈ ਹੈ, ਜਦੋਂ ਕਿ 12 ਪ੍ਰਤੀਸ਼ਤ ਦੇ ਹਿਸਾਬ ਨਾਲ ਕੁੱਲ ਪੋਸਟਾਂ 22 ਬਣਦੀਆਂ ਹਨ ਪਰ ਕੁੱਲ 18 ਪੋਸਟਾਂ ਗਈਆਂ ਹਨ, ਜਿਸ ਕਾਰਨ ਪੰਜਾਬ ਦੇ ਬੀ.ਸੀ. ਵਰਗ ਦੀਆਂ ਰਿਜ਼ਰਵ ਪੋਸਟਾਂ ਦਾ ਨੁਕਸਾਨ ਹੋ ਰਿਹਾ ਹੈ। ਓ ਬੀ ਸੀ ਵੈਲਫੇਅਰ ਫਰੰਟ ਪੰਜਾਬ ਦੇ ਆਗੂਆਂ ਹਰਜਿੰਦਰ ਹਾਂਡਾ ਤੇ ਰਾਜਵਿੰਦਰ ਖੱਤਰੀਵਾਲਾ ਨੇ ਮੰਗ ਕੀਤੀ ਕਿ ਉਪਰੋਕਤ ਮਲਟੀਪਰਪਜ਼ ਹੈਲਥ ਵਰਕਰ ਦੀਆਂ ਅਸਾਮੀਆਂ ਵਿਚ ਬੀ.ਸੀ. ਵਰਗ ਨੂੰ ਪੰਜਾਬ ਸਰਕਾਰ ਦੀ ਰਿਜ਼ਰਵੇਸ਼ਨ ਪਾਲਸੀ ਦੇ ਅਨੁਸਾਰ ਅਸਾਮੀਆਂ ਦੀ ਮੁੜ ਵੰਡ ਕਰਕੇ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਬਣਦੀਆਂ ਅਸਾਮੀਆਂ ਦਿੱਤੀਆਂ ਜਾਣ ਤੇ ਇਸ਼ਤਿਹਾਰ ਨੂੰ ਮੁੜ ਸੋਧ ਕੇ ਦੁਬਾਰਾ ਨਵੇਂ ਸਿਰਿਉਂ ਜਾਰੀ ਕੀਤਾ ਜਾਵੇ। ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਵਿਭਾਗਾਂ ਤੇ ਸਮੂਹ ਵਿੱਦਿਅਕ ਅਦਾਰਿਆਂ ਵਿਚ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ ਅਤੇ ਰਿਜ਼ਰਵੇਸ਼ਨ ਪਾਲਸੀ ਨੂੰ ਤੁਰੰਤ ਪੂਰੀ ਤਰ੍ਹਾਂ ਨਾਲ ਲਾਗੂ ਕੀਤਾ ਜਾਵੇ, ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਪੰਜਾਬ ਦਾ ਸਮੁੱਚਾ ਓਬੀਸੀ ਵਰਗ ਸੜਕਾਂ ਤੇ ਉਤਰਨ ਲਈ ਮਜਬੂਰ ਹੋਵੇਗਾ।

## ਦੁਕਾਨ 'ਚੋਂ ਪੈਸੇ ਚੋਰੀ ਕਰਨ ਦੇ ਦੋਸ਼ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਅੰਬੇਮਾਜਰਾ ਵਿਖੇ ਸਥਿਤ ਇੱਕ ਭਾਂਡਿਆਂ ਦੀ ਦੁਕਾਨ ਦੇ ਗੱਲੇ 'ਚੋਂ ਨਕਦੀ ਚੋਰੀ ਕਰਕੇ ਦੌੜ ਜਾਣ ਦੇ ਕਥਿਤ ਮਾਮਲੇ 'ਚ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਸਨੀ ਨਾਮਕ ਦੁਕਾਨਦਾਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਕਿ ਬੀਤੇ ਦਿਨ ਉਹ ਜਦੋਂ ਪਿੰਡ ਅੰਬੇਮਾਜਰਾ ਵਿਖੇ ਸਥਿਤ ਆਪਣੀ ਭਾਂਡਿਆਂ ਦੀ ਦੁਕਾਨ 'ਚ ਮੌਜੂਦ ਸੀ ਤਾਂ ਵਿਜੈ ਵਾਸੀ ਬਾਜ਼ੀਗਰ ਬਸਤੀ ਖੰਨਾ ਨੇ ਉਸ ਦੀ ਦੁਕਾਨ ਦੇ ਗੱਲੇ 'ਚੋਂ ਪੈਸੇ ਕੱਢੇ ਤੇ ਦੌੜ ਗਿਆ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਵਿਜੈ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਸਵੈ-ਰੋਜ਼ਗਾਰ ਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹੇ ਦੇ ਪ੍ਰਾਰਥੀਆਂ ਨੂੰ ਰੋਜ਼ਗਾਰ ਦੇ ਵਧੀਆ ਮੌਕੇ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨਿਰੰਤਰ ਯਤਨਸ਼ੀਲ ਹੈ। ਜ਼ਿਲ੍ਹਾ ਰੋਜ਼ਗਾਰ ਅਫਸਰ ਹਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਬਿਊਰੋ ਵੱਲੋਂ ਮੇਹਰ ਬਾਬਾ ਚੈਰੀਟੇਬਲ ਟਰੱਸਟ ਬਸੀ ਪਠਾਣਾ ਦੇ ਸੈਂਟਰ ਵਿਖੇ ਸਵੈ-ਰੋਜ਼ਗਾਰ ਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਕੈਰੀਅਰ ਕਾਊਂਸਲਰ ਹਰਮਨਦੀਪ ਸਿੰਘ ਨੇ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ 65 ਪ੍ਰਾਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 50 ਪ੍ਰਾਰਥੀਆਂ ਦੀ ਮੌਕੇ 'ਤੇ ਹੀ ਰਜਿਸਟ੍ਰੇਸ਼ਨ ਕੀਤੀ ਗਈ ਤੇ ਪੀ.ਐੱਸ.ਡੀ.ਐੱਮ. ਦੇ ਨੁਮਾਇੰਦੇ ਅਮਰਿੰਦਰ ਸਿੰਘ ਨੇ ਮੁਫ਼ਤ ਹੁਨਰ ਵਿਕਾਸ ਕੋਰਸਾਂ ਬਾਰੇ ਜਾਣਕਾਰੀ ਦਿੱਤੀ।

# ਰੰਧਾਵਾ ਦੀ ਅਗਵਾਈ ਹੇਠ ਮਹਿਲਾ ਕਾਂਗਰਸ 'ਚ ਨਵੀਆਂ ਨਿਯੁਕਤੀਆਂ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਕਾਂਗਰਸ ਪਾਰਟੀ ਦੇ ਐੱਮ ਸੀ ਟਿੰਕਾ ਸਿੰਗਲਾ ਗਾਜੇਵਾਸੀਆ ਦੇ ਦਫਤਰ ਵਿੱਚ ਬਲਾਕ ਮਹਿਲਾ ਕਾਂਗਰਸ ਸਮਾਣਾ ਸ਼ਹਿਰੀ ਦੇ ਪ੍ਰਧਾਨ ਪੂਜਾ ਗਰਗ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਮਹਿਲਾ ਕਾਂਗਰਸ ਦੇ ਪ੍ਰਧਾਨ ਰੁਪਿੰਦਰ ਕੌਰ ਕੌਰਜੀਵਾਲਾ ਵੀ ਹਾਜ਼ਰ ਰਹੇ।ਇਸ ਮੀਟਿੰਗ ਵਿੱਚ ਜਿੱਥੇ ਬੀਬੀ ਰੰਧਾਵਾ ਦੀ ਅਗਵਾਈ ਹੇਠ ਭਾਰਤ ਰਤਨ ਸਵ: ਰਾਜੀਵ ਗਾਂਧੀ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ, ਉੱਥੇ ਹੀ ਮਹਿਲਾ ਕਾਂਗਰਸ ਵਿੱਚ ਨਵੀਂ ਟੀਮ ਨੂੰ ਨਿਯੁਕਤੀ ਪੱਤਰ ਵੀ ਦਿੱਤੇ ਗਏ। ਨਿਯੁਕਤੀ ਪੱਤਰ ਲੈਣ ਵਾਲਿਆਂ ਵਿੱਚ ਸੁਨੀਤਾ ਰਾਣੀ ਮੀਤ ਪ੍ਰਧਾਨ, ਪੂਜਾ ਰਾਣੀ, ਕਿਰਨ ਦੇਵੀ, ਸਿਕੰਦਰ ਕੌਰ, ਵੰਦਨਾ ਦੇਵੀ (ਜਨਰਲ ਸੱਕਤਰ) ਤੇਜਿੰਦਰ ਕੌਰ ਤੇ ਸਿਕੰਦਰ ਕੌਰ (ਦੋਨੋਂ ਸੈਕਟਰੀ) ਮੌਜੂਦ ਰਹੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬੀਬੀ ਰੰਧਾਵਾ ਨੇ ਕਿਹਾ ਕਿ ਰਾਜੀਵ ਗਾਂਧੀ ਜੀ ਨੇ ਜਿੱਥੇ ਭਾਰਤ ਦੇ ਵਿਕਾਸ ਵਿੱਚ ਆਧੁਨਿਕ ਯੁੱਗ ਦੀ ਕ੍ਰਾਂਤੀ ਲਿਆਂਦੀ ਸੀ, ਉੱਥੇ ਹੀ ਉਨ੍ਹਾਂ ਵੱਲੋਂ ਦੇਸ਼ ਦੀਆਂ ਮਹਿਲਾਵਾਂ ਨੂੰ ਪੰਚਾਇਤੀ ਰਾਜ ਤੇ ਸ਼ਹਿਰੀ ਸੰਸਥਾਵਾਂ ਵਿੱਚ 33% ਰਿਜ਼ਰਵੇਸ਼ਨ ਵੀ ਦਿੱਤੀ ਗਈ।

ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਜੀ ਦੀ ਸੋਚ ਨੂੰ ਅੱਗੇ ਲਿਜਾਂਦੇ ਹੋਏ ਸ੍ਰੀਮਤੀ ਸੋਨੀਆ ਗਾਂਧੀ ਜੀ ਵੱਲੋਂ ਵਿਧਾਨ ਸਭਾ ਤੇ ਲੋਕ ਸਭਾ ਚੋਣਾਂ ਵਿੱਚ ਔਰਤਾਂ ਨੂੰ 33% ਰਿਜ਼ਰਵੇਸ਼ਨ ਦਿਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਬਲਾਕ ਕਾਂਗਰਸ ਪ੍ਰਧਾਨ ਮੰਗਤ ਮਵੀ, ਬਿੱਟੂ ਧਨੌਰੀ ਪ੍ਰਧਾਨ ਜ਼ਿਲ੍ਹਾ ਕਿਸਾਨ ਕਾਂਗਰਸ, ਸੀਨੀਅਰ ਕਾਂਗਰਸੀ ਆਗੂ ਵਿਜੇ ਅਗਰਵਾਲ, ਸੁਭਾਸ਼ ਬਾਂਸਲ, ਕਰਮਜੀਤ ਕਰਮਾ, ਨਰਿੰਦਰ ਕੌਰ ਕੰਗ, ਹਰਮੀਤ ਕੌਰ ਖਹਿਰਾ, ਗੁਰਮੀਤ ਮੀਤਾ, ਸ਼ਿਵਜੀ ਸ਼ਰਮਾ, ਨਵੀਨ ਸਿੰਗਲਾ, ਬੱਬੀ ਚਿਕਨ ਸੈਂਟਰ, ਹਰਿੰਦਰਜੀਤ ਸਿੰਘ, ਲਵਲੀ ਸੰਦਰ, ਧਰਮਪਾਲ ਭਾਗੋਮਾਜਰੀ ਆਦਿ ਹਾਜ਼ਰ ਸਨ।

# ਪ੍ਰਧਾਨ ਰਾਣਾ ਵੱਲੋਂ ਮੁੜ ਨਵੇਂ ਲਗਾਏ 11.55 ਕਰੋੜ ਦੇ ਕੰਮਾਂ ਨੂੰ ਈ ਓ ਨੇ ਕੀਤਾ ਕੈਂਸਲ

**ਈ ਓ ਨੇ ਸਿਆਸੀ ਦਬਾਅ ਹੇਠ ਤਕਨੀਕੀ ਕਾਰਨਾਂ ਦਾ ਵੇਰਵਾ ਦਿੰਦੇ ਹੋਏ ਸਾਰੇ ਟੈਂਡਰ ਕੈਂਸਲ ਕੀਤੇ : ਪ੍ਰਧਾਨ ਰਾਣਾ**



**ਜਗਰਾਉਂ (ਸੰਜੀਵ ਅਰੋੜਾ)**-ਸਥਾਨਕ ਨਗਰ ਕੌਂਸਲ ਵੱਲੋਂ ਸ਼ਹਿਰ ਦੇ ਵਿਕਾਸ ਦੇ ਕੰਮ ਕਰਵਾਉਣ ਲਈ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਸਾਲ 2021 ਵਿੱਚ ਜਤਿੰਦਰਪਾਲ ਰਾਣਾ ਦੇ ਪ੍ਰਧਾਨ ਬਣਨ ਉਪਰੰਤ ਥੋੜ੍ਹੇ ਸਮੇਂ ਅੰਦਰ ਹੀ ਸ਼ਹਿਰ ਅੰਦਰ ਕਰੋੜਾਂ ਰੁਪਏ ਦੇ ਵਿਕਾਸ ਦੇ ਕੰਮ ਸ਼ੁਰੂ ਕਰਵਾਏ ਗਏ ਤੇ ਜ਼ਿਆਦਾਤਰ ਕੰਮ ਬਿਨਾਂ ਕਿਸੇ ਭੇਦਭਾਵ ਤੋਂ ਮੁਕੰਮਲ ਵੀ ਕਰਵਾਏ ਗਏ, ਪ੍ਰੰਤੂ ਹੁਣ ਪਿਛਲੇ ਲੰਬੇ ਸਮੇਂ ਤੋਂ ਕੁਝ ਵਿਰੋਧੀਆਂ ਵੱਲੋਂ ਰਾਜਨੀਤੀ ਤੋਂ ਪ੍ਰੇਰਿਤ ਹੋ ਕੇ ਸ਼ਹਿਰ ਦੇ ਵਿਕਾਸ ਕੰਮਾਂ ਵਿੱਚ ਬੇਵਜ੍ਹਾ ਰੁਕਾਵਟਾਂ ਪੈਦਾ ਕੀਤੀਆਂ ਜਾ ਰਹੀਆਂ ਹਨ, ਜਿਸ ਦੀ ਸਭ ਤੋਂ ਵੱਡੀ ਉਦਾਹਰਨ ਹੈ ਕਿ ਜਤਿੰਦਰਪਾਲ ਪ੍ਰਧਾਨ ਵੱਲੋਂ ਮਤਾ ਨੰਬਰ 65 ਰਾਹੀਂ ਜਗਰਾਉਂ ਸ਼ਹਿਰ ਦੇ ਸਾਰੇ ਵਾਰਡਾਂ ਦੇ 9.10 ਕਰੋੜ ਰੁਪਏ ਦੇ ਕੁੱਲ 73 ਵਿਕਾਸ ਦੇ ਕੰਮ ਪ੍ਰਵਾਨ ਕੀਤੇ ਗਏ ਸਨ, ਪ੍ਰੰਤੂ ਕੁਝ ਵਿਰੋਧੀ ਕੌਂਸਲਰਾਂ ਵੱਲੋਂ ਜਾਣਬੁਝ ਕੇ ਝੂਠੀ ਸ਼ਿਕਾਇਤ ਕਰਕੇ ਇਨ੍ਹਾਂ ਸਾਰੇ ਕੰਮਾਂ 'ਤੇ ਰੋਕ ਲਗਵਾ ਦਿੱਤੀ ਗਈ, ਜਿਸ ਰੋਕ ਨੂੰ ਹਟਾਉਣ ਤੇ ਸ਼ਹਿਰ ਦੇ ਵਿਕਾਸ ਕੰਮ ਚਲਵਾਉਣ ਲਈ ਜਤਿੰਦਰਪਾਲ ਪ੍ਰਧਾਨ ਵੱਲੋਂ ਮੰਤਰੀ ਸਥਾਨਕ ਸਰਕਾਰ, ਮੁੱਖ ਸਕੱਤਰ ਸਥਾਨਕ ਸਰਕਾਰ, ਡਾਇਰੈਕਟਰ ਸਥਾਨਕ ਸਰਕਾਰ ਨੂੰ ਕਈ ਵਾਰ ਪੱਤਰ ਲਿਖ ਕੇ ਲਿਖਤੀ ਬੇਨਤੀਆਂ ਕੀਤੀਆਂ ਤੇ ਸੁਣਵਾਈ ਨਾ ਹੋਣ 'ਤੇ ਮਾਨਯੋਗ ਅਦਾਲਤ ਵਿੱਚ ਕੇਸ ਦਾਇਰ ਕਰਨਾ ਪਿਆ। ਇਸ ਉਪਰੰਤ ਜਤਿੰਦਰਪਾਲ ਪ੍ਰਧਾਨ ਤੇ ਸਾਥੀ ਕੌਂਸਲਰਾਂ ਵੱਲੋਂ ਹੋਰ ਵੀ ਕਰੋੜਾਂ ਰੁਪਏ ਦੇ ਕੰਮ ਪਾਸ ਕੀਤੇ ਗਏ। ਸਰਕਾਰ ਵੱਲੋਂ ਗਲਤ ਤੱਥਾਂ ਦੇ ਆਧਾਰ 'ਤੇ ਜਤਿੰਦਰਪਾਲ ਨੂੰ ਪ੍ਰਧਾਨਗੀ ਦੇ ਅਹੁਦੇ ਤੋਂ ਫਾਰਗ ਕਰਨ ਉਪਰੰਤ ਨਗਰ ਕੌਂਸਲ ਵੱਲੋਂ ਲਗਭਗ 7 ਕਰੋੜ ਰੁਪਏ ਦੇ 64 ਵਿਕਾਸ ਦੇ ਕੰਮਾਂ ਦੇ ਟੈਂਡਰ ਲਗਾਏ ਗਏ ਸਨ, ਜੋ ਕਿ ਨਗਰ ਕੌਂਸਲ ਵੱਲੋਂ ਸਿਆਸੀ ਦਬਾਅ ਹੇਠ ਸਿਰਫ ਤਕਨੀਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਕੈਂਸਲ ਕਰ ਦਿੱਤੇ ਗਏ। ਮਾਨਯੋਗ ਅਦਾਲਤ ਵੱਲੋਂ ਜਤਿੰਦਰਪਾਲ ਨੂੰ ਪ੍ਰਧਾਨ ਦੇ ਅਹੁਦੇ 'ਤੇ ਬਹਾਲ ਕਰਨ ਤੋਂ ਬਾਅਦ ਲਗਾਤਾਰ ਸ਼ਹਿਰ ਦੇ ਵਿਕਾਸ ਕੰਮਾਂ ਨੂੰ ਸ਼ੁਰੂ ਕਰਵਾਉਣ ਲਈ ਯਤਨ ਕੀਤੇ ਜਾਂਦੇ ਰਹੇ ਹਨ ਤੇ ਸਰਕਾਰ ਨੂੰ ਬੇਨਤੀਆਂ ਵੀ ਕੀਤੀਆਂ ਜਾਂਦੀਆਂ ਰਹੀਆਂ, ਜਿਸ 'ਤੇ ਸਰਕਾਰ ਵੱਲੋਂ ਸ਼ਹਿਰ ਦੇ ਵਿਕਾਸ ਕੰਮ ਕਰਵਾਉਣ ਲਈ ਨਗਰ ਕੌਂਸਲ ਦੇ ਅਧਿਕਾਰੀਆਂ ਪਾਸੋਂ ਤਖਮੀਨੇ ਮੰਗੇ ਗਏ ਸਨ, ਜੋ ਕਿ ਲਗਭਗ 6.27 ਕਰੋੜ ਰੁਪਏ ਦੇ 34 ਕੰਮ ਦੇ ਟੈਂਡਰ 7 ਅਗਸਤ ਨੂੰ ਲਗਾਏ ਗਏ ਸਨ ਅਤੇ ਇਸ ਤੋਂ ਇਲਾਵਾ 5.28 ਕਰੋੜ ਰੁਪਏ ਦੇ 9 ਹੋਰ ਵੱਖ-ਵੱਖ ਕੰਮਾਂ ਦੇ ਟੈਂਡਰ ਵੀ ਲਗਾਏ ਗਏ ਸਨ, ਪ੍ਰੰਤੂ 18 ਅਗਸਤ ਨੂੰ ਕਾਰਜ ਸਾਧਕ ਅਫਸਰ ਨਗਰ ਕੌਂਸਲ ਵੱਲੋਂ ਸਿਆਸੀ ਦਬਾਅ ਹੇਠ ਇਨ੍ਹਾਂ ਸਾਰੇ ਟੈਂਡਰਾਂ ਨੂੰ ਬਿਨ੍ਹਾਂ ਕੋਈ ਠੋਸ ਵਜ੍ਹਾ ਦਰਸਾਉਂਦੇ ਹੋਏ ਸਿਰਫ ਤਕਨੀਕੀ ਕਾਰਨਾਂ ਦਾ ਵੇਰਵਾ ਦਿੰਦੇ ਹੋਏ ਸਾਰੇ ਵਿਕਾਸ ਦੇ ਕੰਮਾਂ ਦੇ ਟੈਂਡਰਾਂ ਨੂੰ ਕੈਂਸਲ ਕਰ ਦਿੱਤਾ ਗਿਆ, ਜੋ ਕਿ ਬਹੁਤ ਹੀ ਮੰਦਭਾਗਾ ਤੇ ਨਿੰਦਣਯੋਗ ਹੈ। ਇਸ ਤੋਂ ਸਾਫ ਜ਼ਾਹਰ ਹੁੰਦਾ ਹੈ ਕਿ ਕੁਝ ਵਿਰੋਧੀਆਂ ਵੱਲੋਂ ਜਾਣਬੁਝ ਕੇ ਸ਼ਹਿਰ ਦੇ ਵਿਕਾਸ ਕੰਮਾਂ ਵਿੱਚ ਰੁਕਾਵਟ ਪੈਦਾ ਕੀਤੀ ਜਾ ਰਹੀ ਹੈ ਤੇ ਸਾਜ਼ਿਸ਼ ਤਹਿਤ ਸਰਕਾਰ ਤੇ ਨਗਰ ਕੌਂਸਲ ਦੇ ਅਕਸ ਨੂੰ ਖਰਾਬ ਕੀਤਾ ਜਾ ਰਿਹਾ ਹੈ। ਪ੍ਰਧਾਨ ਜਤਿੰਦਰਪਾਲ ਵੱਲੋਂ ਕਾਰਜ ਸਾਧਕ ਅਫਸਰ ਨੂੰ ਪੱਤਰ ਲਿਖ ਕੇ ਟੈਂਡਰਾਂ ਨੂੰ ਵਾਰ-ਵਾਰ ਕੈਂਸਲ ਕਰਨ ਬਾਰੇ ਪੁੱਛਿਆ ਗਿਆ ਹੈ ਤੇ ਇਸ ਮਸਲੇ ਬਾਰੇ ਮੰਤਰੀ ਸਥਾਨਕ ਸਰਕਾਰ, ਮੁੱਖ ਸਕੱਤਰ ਸਥਾਨਕ ਸਰਕਾਰ, ਡਾਇਰੈਕਟਰ ਸਥਾਨਕ ਸਰਕਾਰ ਨੂੰ ਪੱਤਰ ਲਿਖ ਕੇ ਸਾਰਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਹੋਏ ਇਨ੍ਹਾਂ ਕੰਮਾਂ ਨੂੰ ਜਲਦ ਤੋਂ ਜਲਦ ਸ਼ੁਰੂ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ। ਜੇਕਰ ਫਿਰ ਵੀ ਕੋਈ ਤਸੱਲੀਬਖਸ਼ ਜਵਾਬ ਪ੍ਰਾਪਤ ਨਹੀਂ ਹੁੰਦਾ ਜਾਂ ਇਹ ਕੰਮ ਸ਼ੁਰੂ ਨਹੀਂ ਕਰਵਾਏ ਜਾਂਦੇ ਤਾਂ ਪ੍ਰਧਾਨ ਜਤਿੰਦਰਪਾਲ ਵੱਲੋਂ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਇਆ ਜਾਵੇਗਾ। ਇਸ ਮੌਕੇ ਕੌਂਸਲਰ ਰਵਿੰਦਰਪਾਲ ਰਾਜੂ ਕਾਮਰੇਡ, ਦਵਿੰਦਰਜੀਤ ਸਿੰਘ ਸਿੱਧੂ, ਕੌਂਸਲਰ ਵਿਕਰਮ ਜੱਸੀ, ਅਸ਼ਵਨੀ ਧੀਰ ਤੇ ਕੌਂਸਲਰ ਜਰਨੈਲ ਸਿੰਘ ਲੋਹਟ ਆਦਿ ਹਾਜ਼ਰ ਸਨ।

## ਕ੍ਰਾਂਤੀਕਾਰੀ ਈ-ਰਿਕਸ਼ਾ ਯੂਨੀਅਨ ਵੱਲੋਂ ਮਾਰਚ 25 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਕ੍ਰਾਂਤੀਕਾਰੀ ਈ ਰਿਕਸ਼ਾ ਯੂਨੀਅਨ ਦੇ ਜ਼ਿਲ੍ਹਾ ਚੇਅਰਮੈਨ ਮੇਜਰ ਸਿੰਘ ਖੋਸਾਪਾਂਡੋ ਨੇ ਦੱਸਿਆ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਰਬਨ ਸਿੰਘ ਬਰਾੜ ਦੀ ਪ੍ਰਧਾਨਗੀ ਵਿੱਚ ਹੋਈ।ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਵੀ ਇਸ ਮੀਟਿੰਗ ਵਿੱਚ ਹਾਜ਼ਰ ਹੋਏ।ਇਸ ਮੀਟਿੰਗ ਵਿੱਚ ਹਰਜਿੰਦਰ ਸਿੰਘ ਖੋਸਾ, ਸੇਵਕ ਸਿੰਘ, ਕਮਲਜੀਤ ਸਿੰਘ ਘੋਲੀਆ, ਹਰਜਿੰਦਰ ਸਿੰਘ, ਜਗਜੀਤ ਸਿੰਘ ਚੜਿੱਕ, ਗੁਰਸੇਵਕ ਸਿੰਘ, ਵਿੰਦਰ ਸਿੰਘ ਖੋਸਾ ਪਾਂਡੋ, ਇੰਦਰਜੀਤ ਸਿੰਘ ਖੋਸਾ ਕੋਟਲਾ, ਜੱਸਾ ਸਿੰਘ ਆਦਿ ਆਗੂ ਹਾਜ਼ਰ ਸਨ। ਤਰਸੇਮ ਸਿੰਘ ਸੋਨਾ ਜ਼ਿਲ੍ਹਾ ਮੀਤ ਪ੍ਰਧਾਨ ਨੇ ਦੱਸਿਆ ਕਿ ਕ੍ਰਾਂਤੀਕਾਰੀ ਈ ਰਿਕਸ਼ਾ ਯੂਨੀਅਨ ਕਈ ਵਾਰ ਪ੍ਰਸ਼ਾਸਨ ਤੱਕ ਪਹੁੰਚ ਕਰ ਚੁੱਕੀ ਹੈ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ, ਪਰ ਅਜੇ ਤੱਕ ਕੋਈ ਹੱਲ ਨਹੀਂ ਹੋਇਆ।ਇਨ੍ਹਾਂ ਮੰਗਾਂ ਦੇ ਸਬੰਧ 'ਚ ਕ੍ਰਾਂਤੀਕਾਰੀ ਈ-ਰਿਕਸ਼ਾ ਯੂਨੀਅਨ ਨੇ ਆਪਣੀਆਂ ਮੰਗਾਂ ਮਨਵਾਉਣ ਦੇ ਲਈ 25 ਅਗਸਤ ਨੂੰ ਈ ਰਿਕਸ਼ਿਆਂ 'ਤੇ ਸਵਾਰ ਹੋ ਕੇ ਮੋਗਾ ਸ਼ਹਿਰ ਵਿੱਚ ਮਾਰਚ ਕੱਢਿਆ ਜਾਵੇਗਾ।ਡੀਸੀ ਸਾਹਿਬ ਨੂੰ ਮੰਗ ਪੱਤਰ ਦੇ ਕੇ ਇਹਨਾਂ ਮੰਗਾਂ ਦਾ ਹੱਲ ਕਰਨ ਲਈ ਬੇਨਤੀ ਕੀਤੀ ਜਾਵੇਗੀ।

## ਸਨਮਤੀ ਵਿਮਲ ਜੈਨ ਸਕੂਲ ਦੀਆਂ ਵਿਦਿਆਰਥਣਾਂ ਸਨਮਾਨਤ



**ਜਗਰਾਉਂ (ਅਮਿਤ ਖੰਨਾ)**-ਸਰਕਾਰੀ ਸਕੂਲ ਆਫ ਐਮੀਨੈਂਸ ਜਗਰਾਉਂ ਵਿਖੇ ਮਨਾਏ ਗਏ 79ਵੇਂ ਸੁਤੰਤਰਤਾ ਦਿਵਸ ਮੌਕੇ ਕਰਵਾਏ ਗਏ ਸੱਭਿਆਚਾਰ ਪ੍ਰੋਗਰਾਮ ਵਿੱਚ ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦੀਆਂ ਵਿਦਿਆਰਥਾਣਾਂ ਨੇ ਭਾਗ ਲਿਆ। ਇਸ ਮੌਕੇ ਪਹੁੰਚੇ ਮੁੱਖ ਮਹਿਮਾਨ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ, ਏ.ਡੀ.ਸੀ. ਕੁਲਪ੍ਰੀਤ ਸਿੰਘ ਐੱਸ.ਡੀ.ਐੱਮ. ਕਰਨਦੀਪ ਸਿੰਘ, ਤਹਿਸੀਲਦਾਰ ਵਰਿੰਦਰ ਭਾਟੀਆਂ ਵੱਲੋਂ ਵਿਦਿਆਰਥਣਾਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਅੱਗੇ ਤੋਂ ਵੀ ਵਿਦਿਆਰਥੀਆਂ ਨੂੰ ਸੱਭਿਆਚਾਰਕ ਪ੍ਰੋਗਰਾਮ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਤਾਂ ਜੋ ਆਪਣੇ ਸੱਭਿਆਚਾਰ ਨਾਲ ਜੁੜ ਸਕਣ। ਸਕੂਲ ਪਹੁੰਚਣ 'ਤੇ ਇਨ੍ਹਾਂ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਦੇ ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਵੀਰ ਜੈਨ ਤੇ ਪ੍ਰਿੰਸੀਪਲ ਸੁਪ੍ਰੀਆ ਖੁਰਾਣਾ ਨੇ ਵਧਾਈ ਦਿੱਤੀ।ਇਸ ਮੌਕੇ ਮਿਊਜ਼ਿਕ ਅਧਿਆਪਕਾਂ ਨੇਹਾ ਰਾਣੀ ਵੀ ਹਾਜ਼ਰ ਸਨ।

## ਕਾਂਗਰਸ ਕਮੇਟੀ ਨੇ ਰਾਜੀਵ ਗਾਂਧੀ ਦਾ ਮਨਾਇਆ ਜਨਮ ਦਿਹਾੜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦੇਸ਼ ਦੇ ਮਰਹੂਮ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦਾ ਜਨਮ ਦਿਹਾੜਾ ਬਲਾਕ ਕਾਂਗਰਸ ਕਮੇਟੀ ਮਾਛੀਵਾੜਾ ਸਾਹਿਬ ਤੇ ਸ੍ਰੀ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਵੱਲੋਂ ਸੰਯੁਕਤ ਰੂਪ ਵਿੱਚ ਮਨਾਇਆ ਗਿਆ। ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੀ ਅਗਵਾਈ ਹੇਠ ਕਰਵਾਏ ਗਏ ਸਮਾਰੋਹ ਦੌਰਾਨ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਸਵ. ਰਾਜੀਵ ਗਾਂਧੀ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਤੇ ਉਨ੍ਹਾਂ ਦੀਆਂ ਪਾਰਟੀ ਤੇ ਦੇਸ਼ ਪ੍ਰਤੀ ਦਿੱਤੀਆਂ ਕੁਰਬਾਨੀਆਂ ਨੂੰ ਸਿਜਦਾ ਕੀਤਾ ਗਿਆ। ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਕਿਹਾ ਕਿ ਸਵ. ਰਾਜੀਵ ਗਾਂਧੀ ਹਮੇਸ਼ਾ ਕਾਂਗਰਸੀ ਵਰਕਰਾਂ ਦੇ ਮਾਰਗ ਦਰਸ਼ਨ ਰਹਿਣਗੇ। ਇਸ ਮੌਕੇ ਵਿਨੀਤ ਕੁਮਾਰ, ਸੁਰਿੰਦਰ ਕੌਰ, ਯੁਵਰਾਜਜੀਤ ਰਾਏ, ਜਗਦੇਵ ਸਿੰਘ ਜੱਗੂ, ਰਕੇਸ਼ ਕੁਮਾਰ, ਪਰਮਜੀਤ ਕੌਰ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

## ਸਾਬਕਾ ਪ੍ਰਧਾਨ ਮੰਤਰੀ ਮਰਹੂਮ ਰਾਜੀਵ ਗਾਂਧੀ ਦਾ ਜਨਮ ਦਿਨ ਮਨਾਇਆ



**ਪਟਿਆਲਾ (ਰਜਿੰਦਰ ਥਿੰਦ)**-ਪ੍ਰਦੇਸ਼ ਕਾਂਗਰਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਸਵਰਗੀ ਸ਼੍ਰੀ ਰਾਜੀਵ ਗਾਂਧੀ ਦਾ ਜਨਮ ਦਿਹਾੜਾ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹਿਰੀ ਦੇ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਦੀ ਅਗਵਾਈ ਹੇਠ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਫ਼ਤਰ ਵਿਖੇ ਮਨਾਇਆ ਗਿਆ। ਇਸ ਮੌਕੇ ਨਰੇਸ਼ ਕੁਮਾਰ ਦੁੱਗਲ ਤੇ ਹੋਰਨਾਂ ਬੁਲਾਰਿਆਂ ਨੇ ਸਵਰਗੀ ਸ਼੍ਰੀ ਰਾਜੀਵ ਗਾਂਧੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਮਤਦਾਨ ਦੀ ਉਮਰ 21 ਸਾਲ ਤੋਂ ਘਟਾ ਕੇ 18 ਸਾਲ ਕਰਕੇ ਦੇਸ਼ ਦੇ ਨੌਜਵਾਨਾਂ ਨੂੰ ਵੋਟਿੰਗ ਦਾ ਅਧਿਕਾਰ ਦਿਵਾਇਆ।ਪੰਚਾਇਤੀ ਰਾਜ ਵਿਸਤਾਰ ਉਨ੍ਹਾਂ ਦੇ ਸ਼ਾਸਨ ਕਾਲ ਦੌਰਾਨ ਹੋਇਆ।ਭਾਰਤ ਵਿੱਚ ਡਿਜੀਟਲ ਕ੍ਰਾਂਤੀ ਦਾ ਸਿਹਰਾ ਵੀ ਉਨ੍ਹਾਂ ਦੇ ਸਿਰ ਜਾਂਦਾ ਹੈ।ਉਨ੍ਹਾਂ ਦੀ ਬਦੌਲਤ ਅੱਜ ਭਾਰਤ ਡਿਜੀਟਲ ਦੇਸ਼ਾਂ ਦੀ ਮੂਹਰਲੀ ਕਤਾਰ ਵਿੱਚ ਸ਼ਾਮਲ ਹੈ।ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਭਾਰਤ ਨੂੰ ਨਵੀਆਂ ਬੁਲੰਦੀਆਂ 'ਤੇ ਪੁਹੰਚਾਇਆ।ਸ਼੍ਰੀ ਦੁੱਗਲ ਨੇ ਕਾਂਗਰਸ ਪਾਰਟੀ ਦੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਨਾਲ ਸਵਰਗੀ ਸ਼੍ਰੀ ਰਾਜੀਵ ਗਾਂਧੀ ਜੀ ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਹਰਵਿੰਦਰ ਸਿੰਘ ਨਿੱਪੀ ਮੈਂਬਰ ਪੀ.ਪੀ.ਸੀ.ਸੀ., ਰਾਜੇਸ਼ ਮੰਡੋਰਾ ਬਲਾਕ ਪ੍ਰਧਾਨ ਕਿੱਲਾ ਮੁਬਾਰਕ, ਮਦਨ ਲਾਲ ਭਾਂਬਰੀ ਸਾਬਕਾ ਕੌਂਸਲਰ, ਵਿਨੋਦ ਭਟਨਾਗਰ ਪ੍ਰਧਾਨ ਸੇਵਾ ਦਲ, ਮਹਿੰਦਰ ਸਿੰਘ ਬਡੂੰਗਰ ਆਫ਼ਿਸ ਇੰਚਾਰਜ, ਦੀਪਸ਼ੂ ਟੰਡਨ ਇੰਚਾਰਜ ਸੋਸ਼ਲ ਮੀਡੀਆ, ਰਾਕੇਸ਼ ਕੁਮਾਰ (ਕੇਸ਼ੀ ਪੰਡਿਤ), ਬਲਵਿੰਦਰ ਸਿੰਘ ਗਰੇਵਾਲ, ਸੰਜੇ ਹੰਸ, ਜਤਿੰਦਰ ਪਾਲ ਸਿੰਘ, ਸੁਮੀਤ ਠਾਕੁਰ, ਮੋਹਨ ਕੁਮਾਰ, ਰਾਕੇਸ਼ ਕੁਮਾਰ, ਅਭਿਸ਼ੇਕ ਸ਼ਰਮਾ, ਹੇਮਰਾਜ ਸਿੰਘ, ਸੁਭਾਸ਼ ਚੰਦ, ਅਸ਼ੋਕ ਕੁਮਾਰ, ਸੁਭਾਸ਼ ਅਰੋੜਾ, ਹੰਸਾ ਸਿੰਘ ਆਦਿ ਹਾਜ਼ਰ ਸਨ।

## ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਵੱਲੋਂ ਮੋਹਾਲੀ 'ਚ ਰੋਸ ਮੁਜ਼ਾਹਰਾ 24 ਨੂੰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਜਾਬ ਸਰਕਾਰ ਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਵੱਲੋਂ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਜੋਂ 24 ਅਗਸਤ ਨੂੰ ਡਾਇਰੈਕਟਰ ਲਾਈਵ ਸਟਾਕ ਕੰਪਲੈਕਸ ਅੱਗੇ ਸੂਬਾ ਪੱਧਰੀ ਰੋਸ ਮੁਜ਼ਾਹਰਾ ਕਰਦਿਆਂ ਪੰਜਾਬ ਸਿਵਲ ਸਕੱਤਰੇਤ ਵੱਲ ਮਾਰਚ ਕਰਨ ਦਾ ਫੈਸਲਾ ਲਿਆ ਹੈ।ਇਸ ਸਬੰਧੀ ਫਿਰੋਜ਼ਪੁਰ ਵਿਖੇ ਜ਼ਿਲ੍ਹਾ ਪੱਧਰੀ ਹੋਈ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਸਟੇਟ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਕੁਮਾਰ ਤੇ ਸੂਬਾ ਕਮੇਟੀ ਮੈਂਬਰ ਧਰਮਵੀਰ ਸਿੰਘ, ਜ਼ਿਲ੍ਹਾ ਖਜ਼ਾਨਚੀ ਲਵਪ੍ਰੀਤ ਹਾਂਡਾ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਵਿੰਦਰ ਕੰਬੋਜ, ਮੀਤ ਪ੍ਰਧਾਨ ਰਾਜ ਕੁਮਾਰ ਜਰਨਲ ਸਕੱਤਰ ਨਾਇਬ ਸਿੰਘ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਦਾ ਮੰਤਰੀ ਤੇ ਅਫਸਰਸ਼ਾਹੀ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਤੇ ਮਸਲਿਆਂ ਸੰਬੰਧੀ ਸੁਹਿਰਦ ਨਹੀਂ ਹੈ, ਸਗੋਂ ਲਾਰੇ-ਲੱਪੇ ਨਾਲ ਸਮਾਂ ਲੰਘਾਇਆ ਜਾ ਰਿਹਾ ਹੈ।ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਇਨ੍ਹਾਂ ਮੰਗਾਂ ਸੰਬੰਧੀ ਪਸ਼ੂ ਪਾਲਣ ਮੰਤਰੀ ਤੇ ਅਫਸਰਸ਼ਾਹੀ ਨਾਲ ਕੀਤੀਆਂ ਵਿਭਾਗੀ ਮੀਟਿੰਗਾਂ ਬੇਸਿੱਟਾ ਰਹਿਣ ਦੇ ਰੋਸ ਵਜੋਂ ਪੰਜਾਬ ਸਟੇਟ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਸੰਘਰਸ਼ ਦਾ ਰਾਹ ਅਖਤਿਆਰ ਕਰਨ ਦਾ ਫੈਸਲਾ ਲਿਆ ਹੈ।ਇਸ ਸੂਬਾ ਪੱਧਰੀ ਰੋਸ ਰੈਲੀਆਂ ਦੀ ਲੜੀ ਵਜੋਂ ਲਾਈਵ ਸਟਾਕ ਕੰਪਲੈਕਸ ਮੋਹਾਲੀ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਸਿਵਲ ਸਕੱਤਰੇਤ ਵੱਲ ਮਾਰਚ ਕਰਨਗੇ।ਇਸ ਰੋਸ ਮਾਰਚ 'ਚ ਸੂਬਾ ਪੱਧਰੀ ਵੈਟਨਰੀ ਵਿਭਾਗ ਦੇ ਮੁਲਾਜ਼ਮ ਸ਼ਾਮਲ ਹੋਣਗੇ। ਇਸ ਮੌਕੇ ਤਹਿਸੀਲ ਪ੍ਰਧਾਨ ਹੁਸ਼ਿਆਰ ਸਿੰਘ, ਵਿਸ਼ਾਲਜੋਤ ਸਿੰਘ, ਗੁਰਚਰਨ ਸਿੰਘ, ਵੈਟਨਰੀ ਇੰਸਪੈਕਟਰ ਅਰਵਿੰਦਰ ਸਿੰਘ, ਕੁਲਵਿੰਦਰ ਸਿੰਘ, ਸੁਮਿਤ, ਵਿੰਕਲ ਕੁਮਾਰ, ਹਰਪ੍ਰੀਤ ਸਿੰਘ, ਗਗਨਦੀਪ ਸਿੰਘ, ਅਕਾਸ਼ਦੀਪ ਸਮੇਤ ਸਮੂਹ ਜ਼ਿਲ੍ਹਾ ਵੈਟਨਰੀ ਇੰਸਪੈਕਟਰ ਹਾਜ਼ਰ ਸਨ।

## ਰੂਪ ਵਾਟਿਕਾ ਸਕੂਲ ਨੇ ਸ਼ਤਰੰਜ ਮੁਕਾਬਲੇ 'ਚ ਜਿੱਤਿਆ ਤੀਜਾ ਸਥਾਨ




**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸਕੂਲ ਜਗਰਾਉਂ ਦੀ ਅੰਡਰ-19 ਕੁੜੀਆਂ ਦੀ ਟੀਮ ਨੇ ਆਈ.ਪੀ.ਐੱਸ. ਸਕੂਲ ਚੂੜਪੁਰ ਲੁਧਿਆਣਾ ਵਿੱਚ ਕਰਵਾਏ ਗਏ ਸ਼ਤਰੰਜ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੁਕਾਬਲੇ ਵਿੱਚ ਸਕੂਲ ਦੀਆਂ ਕੁੜੀਆਂ ਦੀ ਟੀਮ ਵਿੱਚ ਅਕਸ਼ਰਾ ਤੇ ਭਗਤੀ ਨੇ ਆਪਣੀ ਕਲਾ ਤੇ ਮਿਹਨਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਵਿੰਮੀ ਠਾਕੁਰ ਨੇ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੀਆਂ ਕੁੜੀਆਂ ਨੇ ਸਿੱਧ ਕਰ ਦਿੱਤਾ ਹੈ ਕਿ ਲਗਨ ਤੇ ਮਿਹਨਤ ਨਾਲ ਹਰ ਮੰਜ਼ਿਲ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ।ਇਹ ਜਿੱਤ ਸਿਰਫ ਸਕੂਲ ਲਈ ਹੀ ਮਾਨ ਦੀ ਗੱਲ ਨਹੀਂ, ਸਗੋਂ ਬੱਚਿਆਂ ਲਈ ਵੀ ਪ੍ਰੇਰਣਾਦਾਇਕ ਹੈ।ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਵੀ ਦੋਨਾਂ ਬੱਚਿਆਂ ਤੇ ਅਧਿਆਪਕਾਂ ਨੂੰ ਦਿੱਤੀ।

## ਮੋਦੀ ਸਰਕਾਰ ਵੱਲੋਂ ਪਾਸ ਕੀਤਾ ਗਿਆ 130ਵਾਂ ਸੋਧ ਬਿੱਲ ਸੰਵਿਧਾਨ ਵਿਰੋਧੀ: ਬਖਤਪੁਰਾ

ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਸੀਪੀਆਈ ਐੱਮਐੱਲ ਲਿਬਰੇਸ਼ਨ ਵੱਲੋਂ ਪਿੰਡ ਭਾਮ ਵਿਖੇ ਰਾਜਨੀਤਿਕ ਰੈਲੀ ਕੀਤੀ ਗਈ। ਇਸ ਸਮੇਂ ਬੋਲਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਦੇਸ ਅੰਦਰ ਭਾਰਤੀ ਸਤਾ ਦਾ ਪੂਰੀ ਤਰ੍ਹਾਂ ਫਾਸ਼ੀਕਰਨ ਕਰਨ ਦੇ ਰਸਤੇ ਤੇ ਬੜੀ ਤੇਜ਼ੀ ਨਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਚੱਲ ਰਹੇ ਲੋਕ ਸਭਾ ਸੈਸ਼ਨ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਗੌਰਮਿੰਟ ਆਫ ਜੂਨੀਅਨ ਟੈਰੀਟੋਰੀਜ਼ ਸੋਧ ਬਿੱਲ 2025 ਦੀ ਧਾਰਾ 45 ਵਿੱਚ ਲਿਆਂਦਾ ਜਾ ਰਿਹਾ 130ਵਾਂ ਸੋਧ ਬਿੱਲ ਵਿਰੋਧੀਆਂ ਦੇ ਸਿਆਸੀ ਕਤਲ ਕਰਨ ਲਈ ਲਿਆਂਦਾ ਗਿਆ ਹੈ। ਸਾਂਝੀ ਸੰਸਦੀ ਕਮੇਟੀ ਦੀ ਰਿਪੋਰਟ ਆਉਣ ਤੋਂ ਬਾਅਦ ਇਹ ਕਾਨੂੰਨੀ ਰੂਪ ਅਖਤਿਆਰ ਕਰ ਜਾਵੇਗਾ, ਕਾਨੂੰਨ ਬਣਨ ਤੋਂ ਬਾਅਦ ਰਾਜਾਂ ਦਾ ਕੌਣ ਮੁੱਖ ਮੰਤਰੀ ਜਾਂ ਮੰਤਰੀ ਬਣੇ ਇਹ ਪ੍ਰਧਾਨ ਮੰਤਰੀ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਤਹਿ ਕਰਨਗੇ, ਕਿਉਂਕਿ ਬੀਤੇ ਸਮੇਂ ਤੋਂ ਇਹ ਪ੍ਰਤੱਖ ਹੋ ਚੁੱਕਾ ਹੈ ਕਿ ਈਡੀ ਅਤੇ ਸੀਬੀਆਈ ਨੂੰ ਮੋਦੀ ਸਰਕਾਰ ਵੱਲੋਂ ਖੁਲਮਖੁੱਲ੍ਹਾ ਆਪਣੇ ਸਿਆਸੀ ਹਿੱਤਾਂ ਲਈ ਵਰਤਿਆ ਜਾ ਰਿਹਾ ਹੈ। ਇਸ ਤਰ੍ਹਾਂ ਦਾ ਕਾਨੂੰਨ ਬਣਨ ਤੋਂ ਬਾਅਦ ਭਾਜਪਾ ਸਰਕਾਰ ਕਿਸੇ ਵੀ ਸੰਭਾਵਿਤ ਵਿਰੋਧੀ ਨੂੰ ਈਡੀ ਅਤੇ ਸੀਬੀਆਈ ਰਾਹੀਂ 30 ਦਿਨ ਲਈ ਗ੍ਰਿਫਤਾਰ ਕਰ ਸਕਦੀ ਹੈ ਅਤੇ 31ਵੇਂ ਦਿਨ ਗ੍ਰਿਫਤਾਰ ਕੀਤਾ ਵਿਅਕਤੀ ਉਸਦੇ ਅਹੁਦੇ ਤੋਂ ਕਾਨੂੰਨੀ ਤੌਰ ਤੇ ਪਾਸੇ ਕੀਤਾ ਜਾ ਸਕਦਾ ਹੈ। ਇਹ ਕਨੂੰਨ ਨਿਆਂਪਾਲਕਾ ਅਤੇ ਸੰਘੀ ਢਾਂਚੇ ਤਹਿਤ ਪ੍ਰਾਪਤ ਰਾਜਾਂ ਦੇ ਅਧਿਕਾਰਾਂ ਦਾ ਘਾਣ ਕਰੇਗਾ, ਜਿਸ ਨਾਲ ਨਿਆਂਪਾਲਿਕਾ ਅਤੇ ਸੰਘੀ ਢਾਂਚਾ ਹੋਰ ਕਮਜ਼ੋਰ ਹੋਵੇਗਾ। ਲਿਬਰੇਸ਼ਨ ਨੇ ਸੰਵਿਧਾਨ ਵਿਰੋਧੀ ਇਸ ਕਨੂੰਨ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ। ਰੈਲੀ ਵਿੱਚ ਪ੍ਰੇਮ ਮਸੀਹ ਸੋਨਾ, ਫੂਲ ਚੰਦ, ਬਚਨ ਸਿੰਘ ਬੋਪਾਰਾਏ, ਬੰਟੀ ਰੋੜਾ ਪਿੰਡੀ, ਸੋਨੀ ਭਾਮ ਅਤੇ ਤਰਲੋਕ ਸਿੰਘ ਆਦਿ ਹਾਜ਼ਰ ਸਨ।



## ਪੰਜਾਬ ਸਰਕਾਰ ਵੱਲੋਂ ਸੂਬੇ 'ਚ 13,000 ਅਤਿ ਆਧੁਨਿਕ ਖੇਡ ਮੈਦਾਨ ਬਣਾਉਣ ਦੀ ਤਜਵੀਜ਼: ਸ਼ੈਰੀ ਕਲਸੀ

### ਕਿਹਾ-ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਵਿੱਚ ਖੇਡਾਂ ਨਿਭਾ ਰਹੀਆਂ ਨੇ ਸਾਰਥਿਕ ਭੂਮਿਕਾ



ਬਟਾਲਾ (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਣ ਦਾ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾ ਰਹੀ ਹੈ, ਜਿਸ ਦੇ ਚੱਲਦਿਆਂ ਉਭਰਦੇ ਖਿਡਾਰੀਆਂ ਨੂੰ ਓਲੰਪਿਕ ਅਤੇ ਹੋਰ ਵਿਸ਼ਵ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਯੋਗ ਬਣਾਉਣ ਲਈ 13,000 ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਪਹਿਲੇ ਪੜਾਅ ਤਹਿਤ ਸੂਬਾ ਸਰਕਾਰ ਵਲੋਂ ਪਿੰਡਾਂ ਵਿੱਚ 3073 ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਉਨ੍ਹਾਂ ਨੇ ਕਿਹਾ ਕਿ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਚਹੁੰਪੱਖੀ ਵਿਕਾਸ ਲਈ ਇਸ ਤੋਂ ਪਹਿਲਾਂ ਕੋਈ ਸਾਰਥਕ ਕਦਮ ਨਹੀਂ ਚੁੱਕੇ ਗਏ ਸਨ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪੇਂਡੂ ਖੇਤਰਾਂ ਵਿਚ ਖੇਡ ਮੈਦਾਨ ਬਣਾਉਣ ਨਾਲ ਖੇਡ ਸੱਭਿਆਚਾਰ ਪ੍ਰਫੁੱਲਤ ਹੋਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਵਿਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸਦਕਾ ਸੂਬੇ ਦੇ ਹਾਲਾਤ ਹੁਣ ਦਿਨ-ਬ-ਦਿਨ ਬਦਲ ਰਹੇ ਹਨ ਅਤੇ ਖੇਡ ਮੈਦਾਨਾਂ ਦੇ ਕਾਰਜਸ਼ੀਲ ਹੋਣ ਤੋਂ ਬਾਅਦ ਨੌਜਵਾਨ ਨਸ਼ਿਆਂ ਦੀ ਲਾਹਨਤ ਦਾ ਸਦਾ ਲਈ ਤਿਆਗ ਕਰ ਦੇਣਗੇ।ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਸਦਕਾ ਨੌਜਵਾਨੀ ਦੀ ਦਿਲਚਸਪੀ ਖੇਡਾਂ ਵਿੱਚ ਜਾਗੇਗੀ ਅਤੇ ਉਹ ਬੁਰੀਆਂ ਅਲਾਮਤਾਂ ਤੋਂ ਖੁਦ ਕੋਹਾਂ ਦੂਰ ਹੋ ਜਾਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਖੇਡਾਂ ਵਤਨ ਪੰਜਾਬ' ਦੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਇਸ ਸਾਲ ਇਹ ਖੇਡਾਂ 3 ਸਤੰਬਰ ਤੋਂ 23 ਨਵੰਬਰ, 2025 ਤੱਕ ਸੂਬੇ ਦੇ ਵੱਖ ਵੱਖ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਖੇਡ ਸਟੇਡੀਅਮਾਂ ਵਿੱਚ ਕਰਵਾਈਆਂ ਜਾਣੀਆਂ।

## ਮੰਗਾਂ ਨੂੰ ਲੈ ਕੇ ਮਨਰੇਗਾ ਵਰਕਰਾਂ ਦਾ ਵਫਦ ਏ ਡੀ ਸੀ ਵਿਕਾਸ ਨੂੰ ਮਿਲਿਆ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦਾ ਵਫਦ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਤਰਨ ਤਾਰਨ ਨੂੰ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ, ਜ਼ਿਲ੍ਹਾ ਪ੍ਰਧਾਨ ਮੀਨਾ ਕੌਰ ਸਰਪੰਚ ਸ਼ੁਕਰ ਚੱਕ, ਨਰਿੰਦਰ ਸਿੰਘ ਰਟੌਂਲ, ਜਰਨੈਲ ਸਿੰਘ ਰਸੂਲਪੁਰ, ਜਸਬੀਰ ਕੌਰ ਕਰੋਵਾਲ, ਕਰਮ ਸਿੰਘ ਪੰਡੋਰੀ ਆਦਿ ਦੀ ਅਗਵਾਈ 'ਚ ਮਿਲਿਆ। ਵਫਦ ਨੇ ਮਨਰੇਗਾ ਵਰਕਰਾਂ ਦੇ ਸਬੰਧ ਵਿੱਚ ਏਡੀਸੀ ਵਿਕਾਸ ਨੂੰ ਦੱਸਿਆ ਕਿ ਸਾਰੇ ਜ਼ਿਲੇ ਅੰਦਰ ਮਨਰੇਗਾ ਵਰਕਰਾਂ ਦਾ ਕੰਮ ਬੰਦ ਪਿਆ ਹੈ।ਅਸੀਂ ਲਗਭਗ 10 ਪਿੰਡਾਂ ਦੇ ਵਰਕਰਾਂ ਦੀਆਂ ਡਿਮਾਂਡਾਂ ਦੇ ਕੇ ਕੰਮ ਦੀ ਮੰਗ ਕੀਤੀ ਗਈ ਅਤੇ ਕੰਮ ਨਾ ਦੇਣ ਦੀ ਸੂਰਤ ਬੇਰੁਜ਼ਗਾਰੀ ਭੱਤੇ ਦੀ ਜ਼ੋਰਦਾਰ ਮੰਗ ਕੀਤੀ ਗਈ।ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲਾ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਦੱਸਿਆ ਕਿ ਕਿਹਾ ਕਿ ਕੇਂਦਰ ਅਤੇ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਮਨਰੇਗਾ ਕਾਮਿਆਂ ਨੂੰ 100 ਦਿਨ ਦੀ ਗਰੰਟੀ ਵਾਲਾ ਕਾਨੂੰਨ ਲਾਗੂ ਕਰਨ ਬੁਰੀ ਤਰ੍ਹਾ ਫੇਰ ਹੋ ਚੁੱਕੀ ਹੈ।ਪੰਜਾਬ ਅੰਦਰ ਮਨਰੇਗਾ ਕਾਮਿਆਂ ਦਾ ਕੰਮ ਬਿਲਕੁਲ ਬੰਦ ਪਿਆ ਹੈ, ਮਨਰੇਗਾ ਵਰਕਰ ਕੰਮ ਤੋਂ ਵਿਹਲੇ ਫਿਰ ਰਹੇ ਹਨ।



ਕੇਂਦਰ ਅਤੇ ਪੰਜਾਬ ਸਰਕਾਰ ਆਪਣੇ ਕੀਤੇ ਹੋਏ ਵਾਅਦਿਆਂ ਨੂੰ ਪੂਰਾ ਕਰੇ ਅਤੇ ਕੰਮ ਨਾਂ ਦੇਣ ਦੀ ਸੂਰਤ ਮਨਰੇਗਾ ਕਾਮਿਆ ਨੂੰ ਬੇਰੁਜ਼ਗਾਰੀ ਭੱਤਾ ਤੁਰੰਤ ਲਾਗੂ ਕਰੇ।ਕੇਂਦਰ ਦੀ ਮੋਦੀ ਸਰਕਾਰ ਮਨਰੇਗਾ ਬਜਟ ਵਿੱਚ ਵਾਧਾ ਕਰਕੇ ਕੰਮ ਮੰਗਦੇ ਮਨਰੇਗਾ ਕਾਮਿਆਂ ਨੂੰ ਬਿਨਾਂ ਕਿਸੇ ਭੇਦ ਭਾਵ ਕੰਮ ਦਿੱਤਾ ਜਾਵੇ ਅਤੇ ਮਿਹਨਤਆਨਾ ਸਮੇਂ ਸਿਰ ਗੁਜ਼ਾਰੇ ਯੋਗ ਘੱਟੋ-ਘੱਟ 700 ਰੁਪਏ ਪ੍ਰਤੀ ਦਿਨ ਦਿੱਤਾ ਜਾਵੇ।ਮਨਰੇਗਾ ਵਰਕਰਾਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਮੈਡੀਕਲ ਕਿੱਟ, ਫਰੀ ਬੀਮਾ ਯੋਜਨਾ ਘੱਟੋ ਘੱਟ 20 ਲੱਖ ਰੁਪਏ ਅਤੇ ਵਰਤੋਂ ਦਾ ਸਾਰਾ ਸਾਮਾਨ ਫੌਰੀ ਮੁਹੱਈਆ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਚਹੇਤਿਆਂ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਪ੍ਰੈਸ਼ਰ ਪਾ ਕੇ ਕੰਮ ਦੇ ਰਹੀ ਹੈ ਅਤੇ ਕੰਮ ਮੰਗਦੇ ਵਰਕਰਾਂ ਨੂੰ ਨਾ ਤਾਂ ਸਮੇਂ ਸਿਰ ਜੌਬ ਕਾਰਡ ਬਣਾ ਕੇ ਦਿੱਤੇ ਜਾ ਰਹੇ ਹਨ ਅਤੇ ਨਾ ਹੀ ਉਹਨਾਂ ਨੂੰ ਕੰਮ ਦਿੱਤਾ ਜਾ ਰਿਹਾ ਹੈ। ਪੰਡੋਰੀ ਨੇ ਦੱਸਿਆ ਕਿ ਕੰਮ ਬੰਦ ਕਰਨ ਅਤੇ ਮਨਰੇਗਾ ਕੰਮ ਨੂੰ ਪਾਰਦਰਸ਼ੀ ਢੰਗ ਨਾ ਚੱਲਣ ਦੇਣ ਵਿਰੁੱਧ 28-29 ਅਗਸਤ ਨੂੰ ਕੇਂਦਰ ਅਤੇ ਪੰਜਾਬ ਸਰਕਾਰ ਦੇ ਪੁੱਤਲੇ ਸਾੜੇ ਜਾਣਗੇ।

ਮਨਰੇਗਾ ਵਰਕਰਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਪੰਜਾਬ ਦੇ ਉੱਚ ਅਧਿਕਾਰੀਆਂ ਨੂੰ ਮਨਰੇਗਾ ਵਰਕਰਜ਼ ਯੂਨੀਅਨ ਵੱਲੋਂ ਸੂਬਾ ਪੱਧਰੀ ਵਫਦ ਮਿਲ ਕੇ ਜਾਣੂ ਕਰਾਇਆ ਜਾਵੇਗਾ। ਇਸ ਮੌਕੇ ਕਮਲਜੀਤ ਸਿੰਘ ਨਾਗੋਕੇ, ਕੁਲਦੀਪ ਸਿੰਘ ਸਾਬਕਾ ਸਰਪੰਚ ਭੁੱਲਰ, ਕੁਲਦੀਪ ਸਿੰਘ,ਮੰਗਲ ਸਿੰਘ ਰਟੌਲ,ਕਰਮ ਸਿੰਘ ਸੋਹਲ, ਸੁਖਰਾਜ ਸਿੰਘ ਨੁਸ਼ਹਿਰਾ ਢਾਲਾ ਤੋਂ ਤੂੰ ਇਲਾਵਾ ਹੋਰ ਵਰਕਰ ਦੀ ਹਾਜ਼ਰ ਸਨ।

## ਤਰਨਤਾਰਨ ਜ਼ਿਮਨੀ ਚੋਣ ਨੂੰ ਲੈ ਕੇ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਵੱਲੋਂ ਕੋਟ ਦੋਸੰਧੀ ਮੱਲ 'ਚ ਮੀਟਿੰਗ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਹਲਕਾ ਤਰਨਤਾਰਨ ਵਿੱਚ ਹੋਣ ਵਾਲੀ ਜ਼ਿਮਨੀ ਚੋਣ ਨੂੰ ਮੱਦੇਨਜ਼ਰ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਹਲਕਾ ਤਰਨਤਾਰਨ ਤੋਂ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੇ ਹਲਕਾ ਤਰਨਤਾਰਨ ਦੇ ਪਿੰਡਾਂ ਵਿਚ ਵਰਕਰਾਂ ਨੂੰ ਲਾਮਬੰਦ ਕਰਨ ਲਈ ਪਿੰਡ ਕੋਟ ਦੋਸੰਧੀ ਮੱਲ ਵਿਖੇ ਮਨਪ੍ਰੀਤ ਸਿੰਘ ਮੰਨੂ ਦੇ ਗ੍ਰਹਿ ਵਿਖੇ ਸਾਬਕਾ ਸਰਪੰਚ ਊਧਮ ਸਿੰਘ, ਗੁਰਜੰਟ ਸਿੰਘ, ਬਗੀਚਾ ਸਿੰਘ, ਅਵਤਾਰ ਸਿੰਘ, ਗੁਰਬੀਰ ਸਿੰਘ, ਜਗਰੂਪ ਸਿੰਘ, ਮੈਂਬਰ ਧਰਮ ਸਿੰਘ, ਜੋਗਾ ਸਿੰਘ, ਬਾਬਾ ਗੁਰਬੀਰ ਸਿੰਘ, ਨਿਰਮਲ ਸਿੰਘ, ਜੱਸਾ ਸਿੰਘ, ਤਰਲੋਚਨ ਸਿੰਘ, ਸ਼ਿੰਗਾਰਾ ਸਿੰਘ, ਰਾਜੂ ਪਹਿਲਵਾਨ, ਸੁਖਵਿੰਦਰ ਸਿੰਘ, ਨੱਛਤਰ ਸਿੰਘ, ਪ੍ਰਕਾਸ਼ ਸਿੰਘ ਆਦਿ ਪਿੰਡ ਵਾਸੀਆਂ ਦੀ ਵੱਡੀ ਮੀਟਿੰਗ ਹੋਈ ਤੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਸਨਮਾਨਿਤ ਕਰਦਿਆਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਸਮੇਂ ਹਲਕਾ ਕੋਆਰਡੀਨੇਟਰ ਗੁਲਜ਼ਾਰ ਸਿੰਘ ਰਣੀਕੇ, ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ, ਅਲਵਿੰਦਰਪਾਲ ਸਿੰਘ ਪੱਖੋਕੇ, ਸਿਕੰਦਰ ਸਿੰਘ ਪੰਡੋਰੀ, ਸਾਬਕ ਸਰਪੰਚ ਪਰਮਜੀਤ ਸਿੰਘ ਗੱਗੋਬੂਆ, ਚੇਅਰਮੈਨ ਹਰਵੰਤ ਸਿੰਘ ਸਰਪੰਚ ਸੋਨੂ ਬਰਾੜ ਦੋਦੇ, ਸਰਪੰਚ ਮਨਜਿੰਦਰ ਸਿੰਘ ਐਮਾ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਡਾਇਰੈਕਟਰ ਦਲਜੀਤ ਸਿੰਘ ਐਮਾ, ਪੂਰਨ ਸਿੰਘ ਅੱਡਾ ਝਬਾਲ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਸਾਬਕਾ ਸਰਪੰਚ ਗੁਰਿੰਦਰ ਸਿੰਘ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ ਆਦਿ ਹਾਜ਼ਰ ਸਨ।



### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

## ਗੁ. ਧੋਬੜੀ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ ਨਾਲ ਸ਼ਹੀਦੀ ਨਗਰ ਕੀਰਤਨ ਆਰੰਭ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਤੋਂ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਆਰੰਭ ਹੋਇਆ। ਨੌਵੇਂ ਪਾਤਸ਼ਾਹ ਆਪਣੀ ਆਸਾਮ ਫੇਰੀ ਦੌਰਾਨ ਇਸ ਪਾਵਨ ਅਸਥਾਨ ਤੇ ਪੁੱਜੇ ਸਨ ਜਿਥੇ ਉਨ੍ਹਾਂ ਨੇ ਦੋ ਰਾਜਿਆਂ ਦੀ ਲੜਾਈ ਖ਼ਤਮ ਕਰਵਾਈ ਅਤੇ ਸੰਗਤਾਂ ਨੂੰ ਭਰਮਾਂ ਤੋਂ ਦੂਰ ਰਹਿਣ ਦਾ ਉਪਦੇਸ਼ ਦਿੱਤਾ।ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ।ਇਸ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖਾਲਸਾ, ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਜਗਸੀਰ ਸਿੰਘ ਮਾਂਗੇਆਣਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਮੇਜਰ ਸਿੰਘ ਸੋਢੀ ਸਮੇਤ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ।ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨੇ ਕਥਾ ਵਿਚਾਰਾਂ ਕੀਤੀਆਂ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੇ ਧੋਬੜੀ ਸਾਹਿਬ ਆਉਣ ਦੇ ਇਤਿਹਾਸ ਦੀ ਸੰਗਤਾਂ ਨਾਲ ਸਾਂਝ ਪਾਈ।ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ ਪਹੁੰਚ ਕੇ ਰਾਤ ਦਾ ਵਿਸ਼ਰਾਮ ਕਰੇਗਾ, ਜਿਥੋਂ ਭਲਕੇ ਮਾਲਦਾ ਲਈ ਰਵਾਨਾ ਹੋਵੇਗਾ। ਨਗਰ ਕੀਰਤਨ ਦੀ ਆਰੰਭਤਾ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਜ਼ਿਲ੍ਹਾ ਧੋਬੜੀ ਦੇ ਡਿਪਟੀ ਕਮਿਸ਼ਨਰ ਸ੍ਰੀ ਦੀਵਾਕਰ ਨਾਥ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਮੀਤ ਸਕੱਤਰ ਬਲਵਿੰਦਰ ਸਿੰਘ ਖੈਰਾਬਾਦ, ਹਰਭਜਨ ਸਿੰਘ ਵਕਤਾ, ਰਾਮ ਸਿੰਘ ਰਾਠੌਰ ਮੁੰਬਈ, ਸਥਾਨਕ ਸਿੱਖ ਆਗੂ ਹਰਚਰਨ ਸਿੰਘ ਬਾਵਾ, ਚਰਨਜੀਤ ਸਿੰਘ ਗਾਂਧੀ, ਰਵਿੰਦਰ ਸਿੰਘ ਉਬਰਾਏ, ਤੇਜਪਾਲ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਧੋਬੜੀ ਸਾਹਿਬ ਦੇ ਪ੍ਰਧਾਨ ਦਲਜੀਤ ਸਿੰਘ ਸੇਠੀ, ਸਕੱਤਰ ਭੁਪਿੰਦਰ ਸਿੰਘ, ਰਵਿੰਦਰਪਾਲ ਸਿੰਘ, ਭੁਪਿੰਦਰਪਾਲ ਸਿੰਘ, ਇੰਚਾਰਜ ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸਤਿੰਦਰ ਸਿੰਘ, ਬਾਬਾ ਸੁਖਜੀਤ ਸਿੰਘ ਘਨੱਈਆ, ਜਸਕਰਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਆਦਿ ਹਾਜ਼ਰ ਸਨ।



## ਅਣਅਧਿਕਾਰਤ ਵਿਅਕਤੀਆਂ ਨਾਲ ਆਪਣੀ ਨਿੱਜੀ ਜਾਣਕਾਰੀ ਸਾਂਝੀ ਨਾ ਕਰਨ ਦੀ ਅਪੀਲ



ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਸਰਕਾਰ ਨੂੰ ਕੁਝ ਨਿੱਜੀ ਆਪਰੇਟਰਾਂ ਵੱਲੋਂ ਕਥਿਤ ਤੌਰ 'ਤੇ ਗੈਰ-ਕਾਨੂੰਨੀ ਢੰਗ ਨਾਲ ਸਥਾਨਕ ਨਿਵਾਸੀਆਂ ਦੀ ਨਿੱਜੀ ਜਾਣਕਾਰੀ ਇਕੱਤਰ ਕਰਨ ਬਾਰੇ ਭਰੋਸੇਯੋਗ ਰਿਪੋਰਟਾਂ ਮਿਲੀਆਂ ਹਨ। ਇਸ ਸਬੰਧੀ ਚੇਤਾਵਨੀ ਦਿੰਦਿਆਂ ਡਿਪਟੀ ਕਮਿਸਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਡਿਜੀਟਲ ਪਰਸਨਲ ਡੇਟਾ ਪ੍ਰੋਟੈਕਸ਼ਨ ਐਕਟ, 2023 (ਡੀਪੀਡੀਪੀ ਐਕਟ) ਤਹਿਤ ਸਹਿਮਤੀ ਤੋਂ ਬਿਨਾਂ ਨਿੱਜੀ ਜਾਣਕਾਰੀ ਇਕੱਤਰ ਕਰਨਾ ਜਾਂ ਵਰਤੋਂ ਕਰਨਾ ਸਜ਼ਾਯੋਗ ਅਪਰਾਧ ਹੈ। ਇਸ ਲਈ ਸਥਾਨਕ ਪੁਲਸ ਨੂੰ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖਤ ਸਜ਼ਾਯੋਗ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਆਪਣੀ ਜਾਣਕਾਰੀ ਸਾਂਝੀ ਕਰਨ ਵਾਲੇ ਕਈ ਵਿਅਕਤੀਆਂ ਨੂੰ ਪੈਸਿਆਂ ਦੀ ਹੇਰਫੇਰ ਲਈ ਫੋਨ ਨੰਬਰਾਂ ਅਤੇ ਓਟੀਪੀ ਦੀ ਦੁਰਵਰਤੋਂ ਵਰਗੇ ਮਾਮਲਿਆਂ ਸਮੇਤ ਘੁਟਾਲਿਆਂ ਅਤੇ ਬੈਂਕਿੰਗ ਧੋਖਾਧੜੀਆਂ ਦਾ ਸ਼ਿਕਾਰ ਬਣਾਇਆ ਗਿਆ ਹੈ। ਇਸ ਲਈ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੀ ਨਿੱਜੀ ਜਾਣਕਾਰੀ ਅਣਅਧਿਕਾਰਤ ਵਿਅਕਤੀਆਂ ਜਾਂ ਏਜੰਸੀਆਂ ਨਾਲ ਸਾਂਝੀ ਨਾ ਕਰਨ ਦੀ ਅਪੀਲ ਕੀਤੀ ਹੈ। ਨਾਗਰਿਕਾਂ ਨੂੰ ਸੁਚੇਤ ਰਹਿਣ ਅਤੇ ਕਿਸੇ ਵੀ ਅਜਿਹੀ ਗੈਰ-ਕਾਨੂੰਨੀ ਗਤੀਵਿਧੀ ਬਾਰੇ ਤੁਰੰਤ ਅਧਿਕਾਰੀਆਂ ਨੂੰ ਰਿਪੋਰਟ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

## ਧਾਲੀਵਾਲ ਤਿੰਨ ਵੱਖ-ਵੱਖ ਉੱਚ ਤਾਕਤੀ ਕਮੇਟੀਆਂ 'ਚ ਬਤੌਰ ਮੈਂਬਰ ਨਾਮਜ਼ਦ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ: ਕੁਲਦੀਪ ਸਿੰਘ ਧਾਲੀਵਾਲ ਜੋ ਕਰੀਬ ਡੇਢ ਮਹੀਨਾ ਪਹਿਲਾਂ ਬਤੌਰ ਕੈਬਨਿਟ ਮੰਤਰੀ ਵਜੋਂ ਆਹੁਦੇ ਤੋਂ ਵਾਂਝੇ ਹੋ ਗਏ ਸਨ, ਨੂੰ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਨੇ ਪੰਜਾਬ ਵਿਧਾਨ ਸਭਾ ਦੀਆਂ 3 ਵੱਖ-ਵੱਖ ਉੱਚ ਤਾਕਤੀ ਕਮੇਟੀਆਂ 'ਚ ਬਤੌਰ ਸਾਲ 2025-26 ਲਈ ਨਿਯੁਕਤ ਕਰਦਿਆਂ ਵੱਖ-ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੀ ਸਰਕਾਰੀ ਕਾਰਜਸ਼ੈਲੀ ਨੂੰ ਹੋਰ ਚੁਸਤ ਦਰੁਸਤ ਬਣਾਉਣ ਲਈ ਅਤੇ ਵਿਭਾਗਾਂ 'ਚ ਵਿੱਤੀ ਜਾਂ ਹੋਰ ਪ੍ਰਬੰਧਕੀ ਕਥਿਤ ਗੜਬੜੀਆਂ ਪਾਏ ਜਾਣ ਸਮੇਤ ਲੋਕ ਸ਼ਿਕਾਇਤਾਂ ਦਾ ਨਰੀਖਣ ਤੇ ਨਿਪਟਾਰਾ ਕਰਨ ਲਈ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰਕੇ ਅਧਿਕਾਰਤ ਕੀਤਾ ਹੈ।



ਸ: ਧਾਲੀਵਾਲ ਨੂੰ ਵੱਖ-ਵੱਖ ਵਿਭਾਗਾਂ ਦੀਆਂ ਵਿਧਾਨ ਸਭਾ ਕਮੇਟੀਆਂ 'ਚ ਬਤੌਰ ਮੈਂਬਰ ਨਾਮਜ਼ਦ ਕੀਤੇ ਜਾਣ ਤੇ ਸ: ਧਾਲੀਵਾਲ ਦੇ ਪੰਜਾਬ ਭਰ 'ਚ ਸਮਰਥਕਾਂ, ਹਮਦਰਦਾਂ, ਸ਼ੁੱਭਚਿੰਤਕਾਂ ਸਣੇ ਹਲਕਾ ਅਜਨਾਲਾ 'ਚ ਆਮ ਆਦਮੀ ਪਾਰਟੀ ਹਲਕਿਆਂ 'ਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਸ :ਧਾਲੀਵਾਲ ਨੇ ਆਪਣੀ ਇਸ ਨਵੀਂ ਵਕਾਰੀ ਜ਼ਿੰਮੇਵਾਰੀ ਲਈ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ: ਕੁਲਤਾਰ ਸਿੰਘ ਸੰਧਵਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸੌਂਪੀ ਗਈ ਆਪਣੀ ਇਸ ਨਵੀਂ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਅ ਕੇ ਆਪਣੇ ਫਰਜ਼ਾਂ ਦੀ ਪੂਰਤੀ ਕਰਦਿਆਂ ਸਰਕਾਰ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ। ਪੰਜਾਬ ਸਰਕਾਰ ਸਥਾਨਕ ਸਰਕਾਰਾਂ ਕਮੇਟੀ, ਪੰਜਾਬ ਸਰਕਾਰ ਲੋਕ ਲੇਖਾ ਕਮੇਟੀ ਤੇ ਪੰਜਾਬ ਸਰਕਾਰ ਪਬਲਿਕ ਅੰਡਰਟੇਕਿੰਗ ਕਮੇਟੀ (ਸਰਕਾਰੀ ਜਨਤਕ ਖੇਤਰ ਦੀਆਂ ਸੰਸਥਾਵਾਂ ਦੀ ਦੇਖ ਰੇਖ ਕਮੇਟੀ) 'ਚ ਬਤੌਰ ਮੈਂਬਰ ਵਜੋਂ ਹੋਈਆਂ ਨਿਯੁਕਤੀਆਂ ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਜਾਰੀ ਕਰਦਿਆ ਸ੍ਰੀ ਧਾਲੀਵਾਲ ਨੇ ਇਨ੍ਹਾਂ ਉਚ ਤਾਕਤੀ ਕਮੇਟੀਆਂ 'ਚ ਬਤੌਰ ਮੈਂਬਰ ਵਜੋਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਦੀ ਵਿਸਥਾਰ 'ਚ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸਥਾਨਕ ਸਰਕਾਰਾਂ (ਲੋਕਲ ਬਾਡੀ) ਵਿਭਾਗ ਦੇ ਵਿੱਤੀ ਖਾਤਿਆਂ, ਆਡਿਟ ਰਿਪੋਰਟਾਂ, ਸਰਕਾਰੀ ਕੰਮਕਾਜ ਦੇ ਹਰੇਕ ਪਹਿਲੂਆਂ, ਤਕਨੀਕੀ ਨਰੀਖਣ, ਸਥਾਨਕ ਸੰਸਥਾਵਾਂ ਦੇ ਰੋਜ਼ਾਨਾਂ ਕੰਮਕਾਜ ਤੇ ਪ੍ਰਸ਼ਾਸ਼ਨ ਨਾਲ ਸੰਬੰਧਤ ਮਾਮਲੇ ਅਤੇ ਕੈਗ ਵਲੋਂ ਵਿਭਾਗ ਦੀਆਂ ਜਾਰੀ ਕੀਤੀਆਂ ਆਡਿਟ ਜਨਰਲ ਰਿਪੋਰਟਾਂ ਦਾ ਨਰੀਖਣ ਕਰਕੇ ਤਿਆਰ ਕੀਤੀ ਗਈ ਰਿਪੋਰਟ ਨੂੰ ਅਗਲੀ ਕਾਰਵਾਈ ਲਈ ਪੰਜਾਬ ਸਰਕਾਰ ਨੂੰ ਭੇਜੇ ਜਾਣਾ, ਇਸੇ ਤਰਾਂ ਪੰਜਾਬ ਲੋਕ ਲੇਖਾ ਕਮੇਟੀ ਦੀਆਂ ਮਿਲੀਆਂ ਤਾਕਤਾਂ ਅਨੁਸਾਰ ਪੰਜਾਬ ਸਰਕਾਰ ਦੇ ਸਮੂਹ ਵਿਭਾਗਾਂ 'ਚ ਸਰਕਾਰੀ ਫੰਡਾਂ, ਗ੍ਰਾਂਟਾ ਦੀ ਵਰਤੋਂ 'ਚ ਕਾਰਜਕੁਸ਼ਲਤਾ ਨਾਲ ਹੋਈ ਸਰਕਾਰੀ ਕਾਨੂੰਨ ਅਨੁਸਾਰ ਵਰਤੋਂ ਜਾਂ ਫਿਰ ਲੇਖਾ ਜੋਖਾ 'ਚ ਇਨ੍ਹਾਂ ਫੰਡਾਂ ਦੀ ਹੁੰਦੀ ਗੈਰਨਿਯਮੀ ਵਰਤੋਂ ਸਣੇ ਕਿਸੇ ਕਿਸਮ ਦੀ ਕਿਸੇ ਵੀ ਸਰੋਤ ਤੋਂ ਕਥਿਤ ਗੜਬੜੀ ਸੰਬੰਧੀ ਪ੍ਰਾਪਤ ਹੋਈ ਤੱਥਾਂ ਅਧਾਰਿਤ ਸ਼ਿਕਾਇਤਾਂ ਦੀ ਵੀ ਜਾਂਚ ਕਰਕੇ ਰਿਪੋਰਟ ਤਿਆਰ ਕਰਕੇ ਪੰਜਾਬ ਸਰਕਾਰ ਨੂੰ ਭੇਜਣਾ ਅਤੇ ਇੰਝ ਹੀ ਪੰਜਾਬ ਸਰਕਾਰ ਦੀ ਪਬਲਿਕ ਅੰਡਰਟੇਕਿੰਗ ਕਮੇਟੀ 'ਚ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੰਜਾਬ ਸਰਕਾਰ ਦੇ ਸਮੂਹ ਵੱਖ ਵੱਖ ਵਿਭਾਗਾਂ ਦੇ ਵਿੱਤੀ ਸੰਚਾਲਣ ਸਮੇਤ ਸਮੁੱਚੇ ਕੰਮਕਾਜ ਦੀਆਂ ਰਿਪੋਰਟਾਂ ਦਾ ਨਰੀਖਣ ਕਰਨ ਸਮੇਤ ਵਿਭਾਗਾਂ ਦੇ ਸਰਕਾਰੀ ਨਿਯਮਾਂ ਅਨੁਸਾਰ ਹੋ ਰਹੇ ਕੰਮਕਾਜ/ਡਿਊਟੀਆਂ ਦੀ ਸਥਿਤੀ ਤੋਂ ਜਾਣੂੰ ਹੋਣ ਲਈ ਵਿਭਾਗੀ ਦਫਤਰਾਂ ਦੇ ਲੋੜ ਪੈਣ ਤੇ ਦੌਰੇ ਕਰਕੇ ਸਮੁੱਚੀ ਰਿਪੋਰਟ ਪੰਜਾਬ ਸਰਕਾਰ ਨੂੰ ਪੇਸ਼ ਕੀਤੇ ਜਾਣਾ ਆਦਿ ਪ੍ਰਮੁੱਖ ਜ਼ਿੰਮੇਵਾਰੀਆਂ ਹਨ।

## ਬਾਬਾ ਗੁਲਾਬ ਸ਼ਾਹ ਦਾ ਸਾਲਾਨਾ ਜੋੜ ਮੇਲਾ 24 ਨੂੰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪਿੰਡ ਚੂੰਗ ਵਿਖੇ ਦਰਗਾਹ ਬਾਬਾ ਗੁਲਾਬ ਸ਼ਾਹ 'ਤੇ ਸਾਲਾਨਾ ਜੋੜ ਮੇਲਾ ਇਸ ਵਾਰ 24 ਅਗਸਤ ਨੂੰ ਮਨਾਇਆ ਜਾ ਰਿਹਾ ਹੈ।ਐਨਆਰਆਈ ਵੀਰਾਂ ਤੇ ਨਗਰ ਨਿਵਾਸੀਆਂ ਦੇ ਵੱਡੇ ਸਹਿਯੋਗ ਨਾਲ ਹੋ ਰਹੇ ਇਸ ਮੇਲੇ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਮੁੱਖ ਪ੍ਰਬੰਧਕ ਅਮਨ ਵੜੈਚ, ਇੰਦਰਜੀਤ ਸਿੰਘ ਕਾਕੂ, ਬਲਜਿੰਦਰ ਸਿੰਘ ਬੱਲੀ ਰੰਧਾਵਾ ਤੇ ਕੁਲਬੀਰ ਸਿੰਘ ਤੋਂ ਇਲਾਵਾ ਕਮੇਟੀ ਵੱਲੋਂ ਪ੍ਰਧਾਨ ਕੁਲਬੀਰ ਸਿੰਘ ਉਦੋਨੰਗਲ, ਸਰਪੰਚ ਤਰਸੇਮ ਸਿੰਘ, ਸਾਬਕਾ ਸਰਪੰਚ ਮਹਿੰਗਾ ਸਿੰਘ, ਸਰਤਾਜ ਸਿੰਘ, ਮਨਪ੍ਰੀਤ ਸਿੰਘ ਬੌਬੀ, ਕੰਵਲਜੀਤ ਸਿੰਘ ਵੜੈਚ ਤੇ ਚੇਅਰਮੈਨ ਸਤਨਾਮ ਸਿੰਘ ਨੇ ਦੱਸਿਆ ਕਿ 24 ਅਗਸਤ ਦਿਨ ਐਤਵਾਰ ਨੂੰ ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਵੱਲੋਂ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਪੂਰੀ ਕੀਤੇ ਜਾਣ ਉਪਰੰਤ ਸੱਭਿਆਚਾਰਕ ਮੇਲਾ ਸ਼ੁਰੂ ਹੋਵੇਗਾ, ਜਿਸ ਦੌਰਾਨ ਪੰਜਾਬ ਦੀ ਨਾਮਵਰ ਦੋਗਾਣਾ ਜੋੜੀ ਸੁਰਜੀਤ ਭੁੱਲਰ ਤੇ ਜੰਨਤ ਕੌਰ ਦੀ ਦਿਲਕਸ਼ ਗਾਇਕੀ ਦਾ ਖੁੱਲ੍ਹਾ ਅਖਾੜਾ ਲੱਗੇਗਾ ਤੇ ਇਸਦੇ ਨਾਲ ਹੀ ਗਾਇਕ ਜੋੜੀ ਦਲਜੀਤ ਧਲੇਰੀਆਂ ਤੇ ਬੀਬਾ ਹਰਦੀਪ ਬੱਬੂ ਵੀ ਆਪਣੀ ਗਾਇਕੀ ਦੇ ਜੌਹਰ ਦਿਖਾਉਣਗੇ।ਪ੍ਰਬੰਧਕਾਂ ਨੇ ਕਿਹਾ ਕਿ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਤੇ ਦਰਸ਼ਕਾਂ ਦੀ ਵੱਡੀ ਆਮਦ ਨੂੰ ਦੇਖਦੇ ਹੋਏ ਖੁੱਲ੍ਹੇ ਪੰਡਾਲ ਲਗਾਏ ਜਾ ਰਹੇ ਹਨ ਤੇ ਸੰਗਤਾਂ ਲਈ ਲੰਗਰਾਂ ਤੇ ਛਬੀਲਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮੇਲੇ 'ਚ ਪੁੱਜ ਰਹੀਆਂ ਪ੍ਰਮੁੱਖ ਸਖਸ਼ੀਅਤਾਂ ਦਾ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨਿਤ ਕੀਤਾ ਜਾਵੇਗਾ।

## ਹੜ੍ਹ ਪੀੜਤਾਂ ਦੀ ਪ੍ਰਸ਼ਾਸਨ ਤੁਰੰਤ ਸਾਰ ਲਵੇ:ਕਿਸਾਨ ਸਭਾ

ਝਬਾਲ,(ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਕਿਸਾਨ ਸਭਾ ਦਾ ਇੱਕ ਵਫ਼ਦ ਹਰੀਕੇ ਪੱਤਣ ਹੇਠਲੇ ਪੀੜਤ ਕਿਸਾਨਾਂ ਨੂੰ ਲੈ ਕੇ ਡੀ ਸੀ ਦਫ਼ਤਰ ਵਿਖੇ ਏਡੀਸੀ ਬਰਾੜ ਨੂੰ ਮਹਾਂਬੀਰ ਸਿੰਘ ਗਿੱਲ ਅਤੇ ਮੋਹਨ ਸਿੰਘ ਸਰਪੰਚ ਮੁੱਠਿਆਂ ਵਾਲਾ ਦੀ ਅਗਵਾਈ ਵਿੱਚ ਮਿਲਿਆ। ਵਫ਼ਦ ਨੇ ਲਿਖਤੀ ਪੱਤਰ ਦਿੰਦਿਆਂ ਮੰਗ ਕੀਤੀ ਕਿ ਹੜ੍ਹ ਪੀੜਤ ਪਿੰਡਾਂ ਦੇ ਪਸ਼ੂਆਂ ਨੂੰ ਬਿਮਾਰੀ ਤੇ ਚਾਰੇ ਦੀ ਘਾਟ ਵੱਡੀ ਪ੍ਰੇਸ਼ਾਨੀ ਬਣ ਗਈ ਹੈ।ਇਸ ਕਰਕੇ ਪ੍ਰਸ਼ਾਸਨ ਤੁਰੰਤ ਪਸ਼ੂ ਡਾਕਟਰਾਂ ਤੇ ਹੋਰ ਅਮਲੇ ਫੈਲੇ ਦੀ ਡਿਊਟੀ ਲਾਵੇ।ਪਸ਼ੂਆਂ ਦੇ ਚਾਰੇ ਦੀ ਸਮੱਸਿਆ ਦੂਰ ਕਰਨ ਲਈ ਤੁਰੰਤ ਚਾਰੇ ਦੀ ਸਪਲਾਈ ਯਕੀਨੀ ਬਣਾਈ ਜਾਵੇ।ਪੀੜਤ ਤੇ ਸੰਭਾਵਿਤ ਪੀੜਤ ਲੋਕ ਆਪਣੇ ਟਰੈਕਟਰ ਲਗਾ ਕੇ ਬੰਨ੍ਹ ਮਜ਼ਬੂਤ ਕਰ ਰਹੇ ਹਨ।ਇਸ ਲਈ ਇਨ੍ਹਾਂ ਲੋਕਾਂ ਲਈ ਡੀਜ਼ਲ ਦਾ ਪ੍ਰਬੰਧ ਕੀਤਾ ਜਾਵੇ।ਲੋੜ ਅਨੁਸਾਰ ਜੇਸੀਬੀ ਮਸ਼ੀਨਾਂ ਲਾਈਆਂ ਜਾਣ।ਮਨੁੱਖੀ ਬਿਮਾਰੀਆਂ ਤੋਂ ਬਚਾਅ ਦਾ ਵੀ ਤੁਰੰਤ ਪ੍ਰਬੰਧ ਕੀਤਾ ਜਾਵੇ।ਪੀੜਤ ਪਰਿਵਾਰਾਂ ਨੂੰ ਪੂਰਾ ਮੁਆਵਜ਼ਾ ਸਮੇਂ ਸਿਰ ਦਿੱਤਾ ਜਾਵੇ। ਇਸ ਮੌਕੇ ਕਿਸਾਨ ਸਭਾ ਵੱਲੋਂ ਹੜ੍ਹਾਂ ਦੀ ਪੱਕੀ ਰੋਕਥਾਮ ਲਈ ਸੁਝਾਅ ਪੇਸ਼ ਕਰਦਾ ਪੱਤਰ ਸੌਂਪਿਆ ਗਿਆ।ਇਸ ਮੌਕੇ ਪੀੜਤ ਪਿੰਡਾਂ ਤੋਂ ਪ੍ਰਤਾਪ ਸਿੰਘ ਤੇ ਸੁਖਦੇਵ ਸਿੰਘ ਰਸੂਲਪੁਰ, ਗੁਰਪ੍ਰੀਤ ਸਿੰਘ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਤੇ ਸਕੱਤਰ ਬਲਕਾਰ ਸਿੰਘ ਵਲਟੋਹਾ ਵੀ ਹਾਜ਼ਰ ਸਨ।



## ਗੁਰਦਾਸਪੁਰ ਸ਼ਹਿਰ 'ਚ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਜ਼ੋਰਾਂ 'ਤੇ, ਵਿਭਾਗ ਹੁਣ ਤੱਕ ਸੁੱਤਾ ਪਿਐ

ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਫੂਡ ਸਿਵਲ ਸਪਲਾਈ ਕੰਟਰੋਲ ਦੀਆਂ ਹਦਾਇਤਾਂ ਦੇ ਬਾਵਜੂਦ ਅਤੇ ਸੰਬੰਧਿਤ ਵਿਭਾਗ ਦੀ ਅਣਗਹਿਲੀ ਕਾਰਨ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਜ਼ੋਰਾਂ 'ਤੇ ਕੀਤੀ ਜਾ ਰਹੀ ਹੈ ਜਿਸ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਫਾਸਟ ਫੂਡ ਦੀਆਂ ਰੇਹੜੀਆਂ ਵਾਲੇ ਅਤੇ ਹੋਰ ਛੋਟੇ-ਮੋਟੇ ਦੁਕਾਨਦਾਰ ਸ਼ਰੇਆਮ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਜਗ੍ਹਾ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਕਰ ਰਹੇ ਹਨ। ਇਸ ਨਾਲ ਜਿੱਥੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਚੂਨਾ ਲੱਗ ਰਿਹਾ ਹੈ ਉਤੇ ਘਰੇਲੂ ਖਪਤਕਾਰਾਂ ਨਾਲ ਧੱਕਾ ਹੋ ਰਿਹਾ ਹੈ। ਲੋਕਾਂ ਨੇ ਦੱਸਿਆ ਕਿ ਇਹ ਫਾਸਟ ਫੂਡ ਦੀਆਂ ਰੇਹੜੀਆਂ ਅਤੇ ਛੋਟੇ ਮੋਟੇ ਦੁਕਾਨਦਾਰ ਸ਼ਰੇਆਮ ਸੜਕ ਕੰਢੇ ਰੇਹੜੀਆਂ 'ਤੇ ਫਾਸਟ ਫੂਡ ਆਦਿ ਬਣਾ ਕੇ ਸਰਕਾਰ ਦਾ ਮੂੰਹ ਚਿੜਾ ਰਹੇ ਹਨ। ਇਸੇ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਵਿਭਾਗ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ। ਜਾਣਕਾਰੀ ਅਨੁਸਾਰ ਸਿਵਲ ਸਪਲਾਈ ਵਿਭਾਗ ਅਤੇ ਹੋਰ ਰੋਜ਼ਾਨਾਂ ਜ਼ਰੂਰੀ ਵਸਤੂਆਂ ਵਰਤਣ ਵਾਲੇ ਸਾਮਾਨ 'ਤੇ ਨਜ਼ਰ ਰੱਖਣ ਵਾਲੇ ਵਿਭਾਗ ਵੀ ਸੁੱਤੇ ਹੋਏ ਹਨ। ਲੋਕਾਂ ਦਾ ਕਹਿਣਾ ਹੈ ਕਿ ਸਬੰਧਤ ਵਿਭਾਗ ਵੱਲੋਂ ਘਰੇਲੂ ਗੈਸ ਦੀ ਵਰਤੋਂ ਨੂੰ ਰੋਕਣ ਲਈ ਇਨ੍ਹਾਂ ਰੇਹੜੀ ਵਾਲਿਆਂ ਖਿਲਾਫ ਕਦੇ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਵਿਭਾਗ ਨੂੰ ਚਾਹੀਦਾ ਹੈ ਕਿ ਘਰੇਲੂ ਗੈਸ ਸਿਲੰਡਰ ਵਰਤਣ ਵਾਲੇ ਰੇਹੜੀ ਫੜ੍ਹੀ ਵਾਲਿਆਂ 'ਤੇ ਨਕੇਲ ਕੱਸੀ ਜਾਵੇ ਤਾਂ ਜੋ ਸਰਕਾਰ ਨੂੰ ਕਰੋੜਾਂ ਰੁਪਏ ਦੇ ਲੱਗ ਰਹੇ ਚੂਨੇ ਤੋਂ ਬਚਾਅ ਹੋ ਸਕੇ।

## ਵਾਤਾਵਰਣ ਦੀ ਸਾਂਭ-ਸੰਭਾਲ ਸਬੰਧੀ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਬਾਬਾ ਬਕਾਲਾ (ਜਸਦੇਵ ਮਾਨ)-ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਿਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਵਿਖੇ ਪ੍ਰਿੰਸੀਪਲ/ਇੰਚਾਰਜ ਅਮਨਦੀਪ ਕੌਰ ਦੀ ਅਗਵਾਈ ਵਿਚ ਵਾਤਾਵਰਣ ਦੀ ਸਾਂਭ-ਸੰਭਾਲ ਸਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਮਾਨਸੂਨ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਕਾਲਜ ਕੈਂਪਸ ਵਿਖੇ ਪੌਦੇ ਲਗਾਏ ਗਏ ਜਿਸ ਵਿਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

ਹਰੇਕ ਵਿਦਿਆਰਥੀ ਨੇ ਆਪਣਾ-ਆਪਣਾ ਪੌਦਾ ਲਗਾਇਆ ਅਤੇ ਉਸ ਦੀ ਦੇਖ-ਰੇਖ ਦਾ ਜ਼ਿੰਮਾ ਚੁੱਕਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਨੂੰ ਸੁਨੇਹਾ ਦਿੱਤਾ ਕਿ ਰੁੱਖਾਂ ਤੋਂ ਬਿਨਾਂ ਮਨੁੱਖਾਂ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਇਸ ਕਰਕੇ ਮਨੁੱਖੀ ਹੋਂਦ ਨੂੰ ਬਚਾਈ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।ਉਨ੍ਹਾਂ ਨੇ ਵੀ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਅਤੇ ਪੌਦੇ ਲਗਾਉਣ ਲਈ ਉਤਸ਼ਾਹਿਤ ਕੀਤਾ।

## ਕੈਂਪ ਲਗਾ ਰਹੇ ਭਾਜਪਾ ਆਗੂਆਂ ਨੂੰ ਪੁਲਸ ਨੇ ਹਿਰਾਸਤ 'ਚ ਲਿਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਹਲਕਾ ਦੀਨਾ ਨਗਰ ਦੇ ਵੱਖ-ਵੱਖ ਪਿੰਡਾਂ ਵਿੱਚ ਮੋਦੀ ਸਰਕਾਰ ਦੀਆਂ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਭਾਜਪਾ ਆਗੂਆਂ ਵੱਲੋਂ ਲਗਾਏ ਜਾ ਰਹੇ ਕੈਂਪ 'ਚ ਉਸ ਵੇਲੇ ਭਗਦੜ ਮੱਚ ਗਈ ਜਦ ਹਲਕਾ ਦੀਨਾ ਨਗਰ ਦੇ ਅਧੀਨ ਪੈਂਦੇ ਚਾਰ ਠਾਣਿਆਂ ਦੀ ਪੁਲਸ ਨੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਘੇਰ ਸਿੰਘ, ਦੀਨਾ ਨਗਰ ਤੋਂ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ, ਭਾਜਪਾ ਦੇ ਹਲਕਾ ਇੰਚਾਰਜ ਰੇਨੂ ਕਸ਼ਿਅਪ ਅਤੇ ਜਨਰਲ ਸਕੱਤਰ ਯਸ਼ਪਾਲ ਕੁੰਡਲ ਸਣੇ ਵੱਡੀ ਗਿਣਤੀ ਵਿੱਚ ਭਾਜਪਾ ਆਗੂਆਂ ਨੂੰ ਬਿਨਾਂ ਕਿਸੇ ਕਾਰਨ ਅਤੇ ਸੂਚਨਾ ਦਿੱਤੇ ਹਿਰਾਸਤ ਵਿੱਚ ਲੈ ਲਿਆ। ਇਸ ਪ੍ਰਤੀ ਜਾਣਕਾਰੀ ਦਿੰਦੇ ਹੋਏ ਭਾਜਪਾ ਦੇ ਆਗੂਆਂ ਨੇ ਦੱਸਿਆ ਕਿ ਮੋਦੀ ਸਰਕਾਰ ਵੱਲੋਂ ਪੂਰੇ ਭਾਰਤ ਵਿੱਚ ਜ਼ਰੂਰਤਮੰਦ ਲੋਕਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਘਰ-ਘਰ ਪਹੁੰਚਾਉਣ ਲਈ ਭਾਜਪਾ ਵੱਲੋਂ ਹਲਕਾ ਦੀਨਾ ਨਗਰ ਦੇ ਵੱਖ-ਵੱਖ ਪਿੰਡਾਂ 'ਚ ਲੋਕਾਂ ਦੀ ਸਹੂਲਤਾਂ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਵਿੱਚ ਭਾਰੀ ਗਿਣਤੀ ਵਿੱਚ ਜ਼ਰੂਰਤਮੰਦ ਲੋਕ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਉਠਾਉਣ ਲਈ ਪਹੁੰਚੇ ਸਨ ਜਿਸ ਨੂੰ ਲੈ ਕੇ ਮੌਜੂਦਾ ਸਰਕਾਰ ਦੇ ਆਗੂਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਦੂਜੇ ਪਾਸੇ ਪੰਜਾਬ ਵਿੱਚ ਭਾਜਪਾ ਦੇ ਵੱਧ ਰਹੇ ਗ੍ਰਾਫ ਕਾਰਨ ਮੌਜੂਦਾ ਸਰਕਾਰ ਦੇ ਆਗੂ ਬੁਖਲਾਹਟ 'ਚ ਹਨ ਜਿਸ ਦੇ ਚੱਲਦਿਆਂ ਮੌਜੂਦਾ ਸਰਕਾਰ ਦੇ ਆਗੂਆਂ ਦੇ ਇਸ਼ਾਰਿਆਂ ਤੇ ਪੁਲਸ ਨੇ ਕੈਂਪ ਲਗਾ ਰਹੇ ਭਾਜਪਾ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਹੈ। ਭਾਜਪਾ ਆਗੂਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਜਲਦ ਤੋਂ ਜਲਦ ਹਿਰਾਸਤ ਵਿੱਚ ਲੇਖ ਭਾਜਪਾ ਆਗੂ ਰਿਹਾਅ ਕੀਤੇ ਜਾਣ ਤਾਂ ਜੋ ਲੋਕਤੰਤਰ ਦੇ ਭਰੋਸਾ ਬਣਿਆ ਰਹੇ।

## ਖ਼ਾਲਸਾ ਕਾਲਜ 'ਚ ਐੱਨ ਸੀ ਸੀ ਏਅਰ ਵਿੰਗ ਨੇ ਕਰੀਅਰ ਪ੍ਰਚਾਰ ਸਮਾਗਮ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਖ਼ਾਲਸਾ ਕਾਲਜ ਦੇ ਐੱਨ. ਸੀ. ਸੀ. ਏਅਰ ਵਿੰਗ ਵੱਲੋਂ ਜ਼ਿਲ੍ਹੇ ਦੇ ਏਅਰ ਫੋਰਸ ਸਟੇਸ਼ਨ ਦੇ ਸਹਿਯੋਗ ਨਾਲ ਭਾਰਤੀ ਹਵਾਈ ਸੈਨਾ ਦੇ ਦਿਸ਼ਾ ਉਪਰਾਲੇ ਤਹਿਤ ਕਰੀਅਰ ਪ੍ਰਚਾਰ ਸਮਾਗਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਕਰਵਾਏ ਉਕਤ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਹਵਾਈ ਸੈਨਾ 'ਚ ਕਰੀਅਰ ਦੇ ਮੌਕਿਆਂ ਬਾਰੇ ਪ੍ਰੇਰਿਤ ਕਰਨਾ ਸੀ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੌਰਾਨ ਵਿੰਗ ਕਮਾਂਡਰ ਦੱਖਿਣਾ ਦਸਮਾਨਾ (ਮਨੋਵਿਗਿਆਨੀ, ਏਐੱਫਐੱਸਬੀ), ਸਕੁਆਡਰਨ ਲੀਡਰ ਕਾਦਿਆਨ (ਇੰਜੀਨੀਅਰਿੰਗ ਅਫਸਰ), ਫਲਾਈਟ ਲਿਫ਼ਟੈਨੈਂਟ ਗੁਰਸ਼ਰਨ (ਟਰਾਂਸਪੋਰਟ ਪਾਇਲਟ) ਅਤੇ ਸਕੁਆਡਰਨ ਲੀਡਰ ਸਮੀਨ ਆਲਮ (ਨੋਡਲ ਅਫਸਰ) ਨੇ ਭਾਰਤੀ ਹਵਾਈ ਸੈਨਾ 'ਚ ਕਰੀਅਰ ਦੇ ਮੌਕੇ ਵਿਸ਼ੇ 'ਤੇ ਇੰਟਰਐਕਟਿਵ ਲੈਕਚਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਹਵਾਈ ਸੈਨਾ ਦੀਆਂ ਵੱਖ-ਵੱਖ ਸ਼ਾਖਾਵਾਂ, ਐੱਨ. ਡੀ. ਏ. ਅਤੇ ਏ. ਐੱਫ. ਸੀ. ਏ. ਟੀ. ਵਰਗੇ ਦਾਖਲਾ ਪ੍ਰੀਕ੍ਰਿਆਵਾਂ ਅਤੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਆਏ ਹੋਏ ਸਮੂਹ ਹਵਾਈ ਸੈਨਾ ਦੇ ਅਧਿਕਾਰੀਆਂ ਦਾ ਸਨਮਾਨ ਕੀਤਾ।ਇਸ ਤੋਂ ਪਹਿਲਾਂ ਸਮਾਗਮ ਦੀ ਸ਼ੁਰੂਆਤ ਡਾ. ਕਿਰਨਦੀਪ ਕੌਰ, ਸੀਟੀਓ., ਐੱਨਸੀਸੀ ਏਅਰ ਵਿੰਗ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ।ਸਮਾਗਮ ਦੀ ਖ਼ਾਸ ਆਕਰਸ਼ਣ ਇੰਡਕਸ਼ਨ ਪਬਲੀਸਿਟੀ ਐਗਜ਼ੀਬੀਸ਼ਨ ਵਾਹਨ (ਆਈਪੀਈਵੀ) ਰਿਹਾ ਜੋ ਕਾਲਜ ਲਾਇਬ੍ਰੇਰੀ ਦੇ ਸਾਹਮਣੇ ਸਥਾਪਿਤ ਕੀਤਾ ਗਿਆ।ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ 15 ਹਵਾਈ ਸੈਨਾ ਦੇ ਕਰਮਚਾਰੀਆਂ ਵੱਲੋਂ ਚਲਾਇਆ ਗਿਆ ਇਹ ਪ੍ਰਦਰਸ਼ਨ ਵਿਦਿਆਰਥੀਆਂ ਲਈ ਵਿਲੱਖਣ ਅਨੁਭਵ ਬਣਿਆ।ਉਨ੍ਹਾਂ ਕਿਹਾ ਕਿ ਸਮਾਗਮ 'ਚ ਵਿਦਿਆਰਥੀਆਂ ਨੇ ਫਲਾਈਟ ਸਿਮੂਲੇਟਰ, ਵੀ. ਆਰ. ਸੈੱਟ, ਜਹਾਜ਼ਾਂ ਦੇ ਮਾਡਲ ਅਤੇ ਆਧੁਨਿਕ ਉਪਕਰਣਾਂ ਨਾਲ ਜਾਣ-ਪਛਾਣ ਕੀਤੀ।ਇਸ ਮੌਕੇ ਕਾਲਜ ਦੇ ਐੱਨਸੀਸੀ ਕੈਡਿਟਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਉਂਦਿਆਂ ਮੰਚ ਦੀਆਂ ਤਿਆਰੀਆਂ, ਮਹਿਮਾਨਾਂ ਦਾ ਸਵਾਗਤ, ਪ੍ਰਦਰਸ਼ਨੀ 'ਚ ਆਏ ਵਿਦਿਆਰਥੀਆਂ ਨੂੰ ਰਹਿਨੁਮਾ ਕਰਨ ਅਤੇ ਕੈਂਪਸ 'ਚ ਅਨੁਸ਼ਾਸਨ ਬਣਾਈ ਰੱਖਣ 'ਚ ਅਹਿਮ ਯੋਗਦਾਨ ਪਾਇਆ।ਸਮਾਗਮ ਦੇ ਅੰਤ 'ਚ ਡਾ. ਕਿਰਨਦੀਪ ਕੌਰ ਨੇ ਏਅਰ ਫੋਰਸ ਟੀਮ, ਕਾਲਜ ਪ੍ਰਬੰਧਕੀ, ਕੈਡਿਟਾਂ ਅਤੇ ਆਯੋਜਕ ਕਮੇਟੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਲਈ ਨਵੀਆਂ ਰਾਹਾਂ ਖੋਲ੍ਹਦੇ ਹਨ।ਇਸ ਮੌਕੇ ਏਅਰ ਫੋਰਸ ਟੀਮ ਵੱਲੋਂ ਪ੍ਰਿੰ: ਡਾ. ਰੰਧਾਵਾ ਨੂੰ ਯਾਦਗਾਰੀ ਮੋਮੈਂਟੋ ਭੇਟ ਕੀਤਾ ਗਿਆ।ਇਸ ਦੌਰਾਨ ਹਵਾਈ ਸੈਨਾ ਹੈੱਡਕੁਆਰਟਰ ਅਤੇ ਏਅਰ ਫੋਰਸ ਸਟੇਸ਼ਨ ਦੇ ਅਧਿਕਾਰੀ ਵੀ ਮੌਜੂਦ



## ਮੇਲਾ ਠਾਣੇਵਾਲ ਦਾ ਅਮਿੱਟ ਪੈੜਾਂ ਛੱਡਦਾ ਸੰਪੰਨ

**ਬੁਤਾਲਾ (ਨਿਰਮਲ ਸਿੰਘ ਸੰਘਾ)**-ਬਾਬਾ ਜੋਗੀ ਪੀਰ ਜੀ ਚਾਹਲ ਦੀ ਯਾਦ ਵਿੱਚ ਮਨਾਏ ਜਾਂਦੇ ਮਾਝੇ ਦੇ ਨਾਮੀ ਮੇਲਿਆਂ ਵਿੱਚ ਸ਼ੁਮਾਰ ਮੇਲਾ ਠਾਣੇਵਾਲ ਦਾ ਅਮਿੱਟ ਪੈੜਾਂ ਛੱਡਦਾ ਹੋਇਆ ਸੰਪੰਨ ਹੋ ਗਿਆ।ਇਸ ਦੌਰਾਨ ਬਾਬਾ ਜੋਗੀ ਪੀਰ ਜੀ ਚਾਹਲ ਸਟੇਡੀਅਮ ਵਿੱਚ ਲਗਾਏ ਗਏ ਖੁੱਲ੍ਹੇ ਅਖਾੜੇ ਵਿੱਚ ਗਾਇਕ ਸੂਰਜ ਝੰਡੇਰ, ਗਾਇਕ ਸਰਬ ਰੰਧਾਵਾ, ਗਾਇਕ ਮਨਜੀਤ ਪੱਪੂ ਅਤੇ ਗਾਇਕ ਦੋਗਾਣਾ ਜੋੜੀ ਬਲਕਾਰ ਅਣਖੀਲਾ ਅਤੇ ਮਨਜਿੰਦਰ ਗੁਲਸ਼ਨ ਨੇ ਖੂਬ ਰੰਗ ਬੰਨ੍ਹਿਆ। ਉਥੇ ਹੀ ਪੁਲਸ ਪ੍ਰਸ਼ਾਸਨ ਵੱਲੋਂ ਸਕਿਉਰਟੀ ਕਾਰਨਾਂ ਕਰਕੇ ਗਾਇਕ ਬਾਗੀ ਨੂੰ ਨਹੀਂ ਗਾਉਣ ਦੀ ਇਜਾਜ਼ਤ ਮਿਲੀ ਜੋ ਕੁਝ ਸਮੇਂ ਲਈ ਚਰਚਾ ਦਾ ਵਿਸ਼ਾ ਬਣੀ ਰਹੀ।ਮੇਲੇ ਦੇ ਮੁੱਖ ਪ੍ਰਬੰਧਕ ਬਖਸ਼ੀ ਠਾਣੇਵਾਲ ਨੇ ਆਪਣੇ ਭਾਸ਼ਣ ਵਿੱਚ ਬੋਲਦਿਆਂ ਪੁਲਸ ਪ੍ਰਸ਼ਾਸਨ ਤੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ, ਇੱਥੇ ਮੇਲੇ ਹਮੇਸ਼ਾ ਲੱਗਦੇ ਰਹਿਣੇ ਚਾਹੀਦੇ ਹਨ ਅਤੇ ਅਸੀਂ ਵੀ ਚਾਹੁੰਦੇ ਹਾਂ ਕਿ ਹਰ ਹੀਲੇ ਅਮਨ ਸ਼ਾਂਤੀ ਬਣੀ ਰਹੇ।



## ਮਹਾਂਕਾਲੀ ਮੰਦਰ ਵਿਖੇ ਮਾਤਾ ਰਾਣੀ ਦਾ ਕੀਰਤਨ ਕਰਵਾਇਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ):ਧਰਮਸ਼ਾਲਾ ਸ਼੍ਰੀ ਕਾਲੀ ਦੁਆਰਾ ਵੈੱਲਫੇਅਰ ਸੁਸਾਇਟੀ ਮੇਨ ਬਜ਼ਾਰ ਕਾਦੀਆਂ ਵਲੋਂ ਮੰਦਰ ਵਿਖੇ ਮਾਤਾ ਰਾਣੀ ਦੇ ਕੀਰਤਨ ਦਾ ਅਯੋਜਨ ਪ੍ਰਧਾਨ ਪਵਨ ਕੁਮਾਰ ਭਾਟੀਆ ਦੀ ਅਗਵਾਈ ਵਿੱਚ ਕੀਤਾ ਗਿਆ। ਇਸ ਮੌਕੇ ਮਾਤਾ ਰਾਣੀ ਦੀਆਂ ਭੇਟਾਂ ਦਾ ਗੁਣਗਾਨ ਮਹਾਂ ਕਾਲੀ ਮੰਦਰ ਦੇ ਮਸ਼ਹੂਰ ਧਾਰਮਿਕ ਗਾਇਕ ਲਲਿਤ (ਬਿੱਟਾ ਭਨੋਟ), ਭਗਤ ਮੋਤੀ ਲਾਲ, ਸੂਰਜ, ਗੌਰਵ ਭਨੋਟ ਆਦਿ ਵੱਲੋਂ ਕੀਤਾ ਗਿਆ। ਇਸ ਮੌਕੇ ਵਿਸ਼ੇਸ ਤੌਰ ਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਕਾਦੀਆਂ ਦੇ ਇੰਚਾਰਜ ਸ. ਗੁਰਇਕਬਾਲ ਸਿੰਘ ਮਾਹਲ ਹਾਜ਼ਰ ਹੋਏ। ਇਸ ਮੌਕੇ ਸਭ ਤੋਂ ਪਹਿਲਾਂ ਮਾਤਾ ਰਾਣੀ ਦੀ ਜੋਤ ਦੀ ਰਸਮ ਮੰਦਰ ਕਮੇਟੀ ਦੇ ਪ੍ਰਧਾਨ ਪਵਨ ਕੁਮਾਰ ਭਾਟੀਆ ਨੇ ਅਦਾ ਕੀਤੀ । ਉਪਰੰਤ ਮਾਤਾ ਰਾਣੀ ਦੀਆਂ ਭੇਟਾ ਦਾ ਗੁਣਗਾਨ ਸ਼ੁਰੂ ਹੋਈਆਂ। ਮਾਤਾ ਰਾਣੀ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਗੁਰਇਕਬਾਲ ਸਿੰਘ ਮਾਹਲ ਨੇ ਮਾਤਾ ਰਾਣੀ ਦੇ ਚਰਨਾਂ ਵਿੱਚ ਹਾਜ਼ਰੀ ਭਰਦਿਆਂ ਕਿਹਾ ਕਿ ਮੈਂ ਬਹੁਤ ਭਾਗਾਂ ਵਾਲਾ ਇਨਸਾਨ ਹਾਂ ਜਿਸਨੂੰ ਮਾਤਾ ਰਾਣੀ ਦੇ ਗੁਣਗਾਣ ਮਹਿਮਾ ਅਤੇ ਸੰਗਤਾਂ ਦੇ ਦਰਸ਼ਨਾਂ ਦਾ ਮੌਕਾ ਮਿਲਿਆ ਹੈ ਅਤੇ ਮੈਂ ਆਸ ਕਰਦਾ ਹਾਂ ਕਿ ਮਾਤਾ ਰਾਣੀ ਸੱਭ ਦੀਆਂ ਮਨੋਕਾਮਨਾਵਾਂ ਪੂਰੀਆਂ ਕਰੇ। ਇਸ ਮੌਕੇ ਗੁਰਇਕਬਾਲ ਸਿੰਘ ਮਾਹਲ ਨੇ ਭੈਰੋਂ ਮੰਦਰ ਦੇ ਚੱਲ ਰਹੇ ਨਿਰਮਾਣ ਵਿੱਚ ਹਿੱਸਾ ਪਾਉਂਦੇ ਹੋਏ ਭੈਰੋ ਮੰਦਿਰ ਕਮੇਟੀ ਦੇ ਪ੍ਰਧਾਨ ਵਿੱਕੀ ਭਾਮੜੀ ਨੂੰ 21 ਹਜ਼ਾਰ ਰੁਪਏ ਨਗਦ ਵੀ ਦਿੱਤੇ। ਸ. ਗੁਰਇਕਬਾਲ ਸਿੰਘ ਮਾਹਲ ਅਤੇ ਉਨ੍ਹਾਂ ਦੇ ਨਾਲ ਆਏ ਸਾਬਕਾ ਐੱਮ ਸੀ. ਰਾਜੇਸ਼ ਮਹਾਜਨ ਦਾ ਸਵਾਗਤ ਵੀ ਕੀਤਾ। ਮੰਦਰ ਕਮੇਟੀ ਵੱਲੋਂ ਅਸ਼ੋਕ ਨਈਅਰ, ਸਵਰਨ ਸਿੰਘ, ਬੱਬਲ ਮਹਾਜਨ, ਵੀਰੂ ਸੇਠ, ਡਾਕਟਰ ਤਿਲਕ ਰਾਜ ਗੁਮਣ, ਡਿੰਪਲ ਵਰਮਾ, ਅਮਿਤ ਗੁਪਤਾ, ਪੂਰਣ ਚੰਦ ਪੁਰੀ, ਰੱਜਤ ਮਹਾਜਨ, ਗਗਨ, ਅਮਿਤ, ਰਜੀਵ ਭਾਟੀਆ, ਗੁਲਸ਼ਨ, ਵਿਸ਼ਾਲ, ਰੋਹਿਤ ਭਨੋਟ, ਵਿਜੇ ਕੁਮਾਰ, ਮੰਗਾ ਭਾਟੀਆ, ਅਨਿਲ ਗੁਪਤਾ, ਅਨੀਸ਼ ਬਲੱਗਣ, ਅਮਿਤ ਸ਼ਰਮਾ, ਰਾਜ ਕੁਮਾਰ ਰਾਜੂ ਢੋਲਕੀ, ਸਤਨਾਮ ਸਿੰਘ ਆਦ ਹਾਜ਼ਰ ਸਨ।




## 69ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਨੇ ਮਾਰੀਆਂ ਮੱਲਾਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀ ਵਿੱਦਿਅਕ ਖੇਤਰ ਦੇ ਨਾਲ- ਨਾਲ ਖੇਡਾਂ ਵਿੱਚ ਵੀ ਆਪਣਾ ਪੂਰਾ ਨਾਮਣਾ ਖੱਟਦੇ ਹਨ।69ਵੀਆਂ ਪੰਜਾਬ ਸਕੂਲ ਗੇਮਜ਼ ਜ਼ਿਲਾ ਪੱਧਰੀ ਗਤਕਾ ਚੈਂਪੀਅਨਸ਼ਿਪ ਜੋ ਕਿ ਤਰਨ ਤਾਰਨ ਸੇਵਾ ਦੇਵੀ ਕਾਲਜ ਵਿੱਚ ਕਰਵਾਈਆਂ ਗਈਆਂ ਸਨ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਖੇਡਾਂ ਵਿੱਚ ਚੰਗਾ ਪ੍ਰਦਰਸ਼ਨ ਕਰਦਿਆਂ ਹੋਇਆਂ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਸਫਲਤਾ ਦੀ ਵਧਾਈ ਦਿੰਦਿਆਂ ਅੱਗੇ ਤੋਂ ਹੋਰ ਮਿਹਨਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕਰਦਿਆਂ ਇਸੇ ਤਰ੍ਹਾਂ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਉਤਸ਼ਾਹਿਤ ਕੀਤਾ।



## ਟੈਗੋਰ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਦਾ ਬੀ.ਐੱਡ. ਦਾ ਨਤੀਜਾ ਰਿਹਾ ਸ਼ਾਨਦਾਰ

ਗੁਰਦਾਸਪੁਰ (ਦਿਨੇਸ਼ ਕੁਮਾਰ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ. ਐੱਡ. ਸਮੈਸਟਰ ਚੌਥਾ ਦਾ ਨਤੀਜਾ ਐਲਾਨ ਕੀਤਾ ਗਿਆ ਜਿਸ ਵਿੱਚ ਟੈਗੋਰ ਕਾਲਜ ਆਫ ਐਜੂਕੇਸ਼ਨ ਦੀਆਂ ਵਿਦਿਆਰਥਣਾਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਦੱਸਿਆ ਕਿ ਨਤੀਜੇ ਵਿਚ ਪਰਵੀਨ ਤੇ ਹਿਨਾ ਨੇ 84 ਫੀਸਦੀ ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਅਮੀਸ਼ਾ ਤੇ ਗੁਰਲੀਨ ਕੌਰ ਨੇ 82 ਫੀਸਦੀ ਨੰਬਰ ਲੈ ਕੇ ਦੂਜਾ ਸਥਾਨ ਹਾਸਲ ਕੀਤਾ। ਸਿਮਰਨਜੀਤ ਅਤੇ ਮਾਨਸੀ ਨੇ 81 ਫੀਸਦੀ ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਗੁਰਲੀਨ ਕੌਰ, ਮਾਨਸੀ ਅਤੇ ਅੰਕਿਤਾ ਸਲਹੋਤਰਾ ਨੇ 80 ਫੀਸਦੀ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸ ਤੋਂ ਇਲਾਵਾ 75 ਵਿਦਿਆਰਥਣਾਂ ਨੇ 70 ਫੀਸਦੀ ਤੋਂ ਉਪਰ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ । ਚੇਅਰਮੈਨ ਨੇ ਕਿਹਾ ਕਿ ਇਸ ਵਿੱਚ ਸਭ ਤੋਂ ਮਾਣ ਵਾਲੀ ਗੱਲ ਇਹ ਹੈ ਕਿ ਕਾਲਜ ਦੀਆਂ ਦੋ ਵਿਦਿਆਰਥਣਾਂ ਪਰਵੀਨ ਅਤੇ ਹਿਨਾ ਨੇ 84 ਫੀਸਦੀ ਨੰਬਰ ਲੈ ਕੇ ਯੂਨੀਵਰਸਿਟੀ ਦੀ ਮੈਰਿਟ ਲਿਸਟ ਵਿਚ 8ਵਾਂ ਸਥਾਨ ਪ੍ਰਾਪਤ ਕੀਤਾ ਅਤੇ ਕਾਲਜ ਦਾ ਨਾਮ ਰੁਸ਼ਨਾਇਆ ।



22 Aug Page 12.qxd 8/21/2025 10:47 PM Page 1



# ਮੱਲ੍ਹਾ ਸੋਢੀਆਂ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਮੱਲ੍ਹਾ ਸੋਢੀਆਂ ਵਿਖੇ ਗੁੱਗਾ ਜਾਹਰ ਪੀਰ ਦੀ ਯਾਦ 'ਚ ਦਰਬਾਰ ਬਰਮੀ ਵਾਲੀ ਸਰਕਾਰ ਵਿਖੇ ਸਾਲਾਨਾ ਮੇਲਾ ਮੁੱਖ ਸੇਵਾਦਾਰ ਬੀਬੀ ਕਮਲਾ ਦੇਵੀ ਦੀ ਰਹਿਨੁਮਾਈ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬੀਬੀ ਤਾਰੋ ਸਾਬਰ ਦਰਬਾਰ ਗੁਣਾਚੌਰ ਤੋਂ ਇਲਾਵਾ ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਧਰਮਵੀਰ ਪ੍ਰਦੇਸ਼ੀ ਵੱਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮੁੱਖ ਸੇਵਾਦਾਰ ਬੀਬੀ ਕਮਲਾ ਦੇਵੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬੀਬੀ ਕਮਲਾ ਦੇਵੀ, ਗੁਰਮਿੰਦਰ ਸਿੰਘ ਸਰਪੰਚ, ਲਖਵੀਰ ਸਿੰਘ ਨੰਬਰਦਾਰ, ਸੁਖਦੇਵ ਸਿੰਘ ਸੰਮਤੀ ਮੈਂਬਰ, ਸੰਤੋਖ ਰਾਮ ਪੰਚ, ਜਗਜੀਤ ਸਿੰਘ, ਕੁਲਦੀਪ ਸਿੰਘ ਨੰਬਰਦਾਰ ਚੱਕ ਬਿਲਗਾ, ਸੁਸਮਾ ਦੇਵੀ ਸਾਬਕਾ ਸਰਪੰਚ, ਅਮਰਨਾਥ, ਰਾਜ ਕੁਮਾਰ, ਵਿਪਨ ਕੁਮਾਰ, ਸਨੀ ਕੁਮਾਰ, ਨਰਿੰਦਰ ਕੁਮਾਰ, ਸਤਨਾਮ, ਸਿਕੰਦਰ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਰੇਲ ਗੱਡੀ ਹੇਠਾਂ ਆਉਣ ਨਾਲ ਅਣਪਛਾਤੇ ਦੀ ਮੌਤ

**ਫਿਲੌਰ (ਨਿਰਮਲ)** ਨਜ਼ਦੀਕੀ ਨੂਰਮਹਿਲ ਤੋਂ ਉੱਪਲਾ ਵਿਖੇ ਰੇਲ ਗੱਡੀ ਦੇ ਹੇਠਾਂ ਆਉਣ ਕਾਰਨ ਅਣਪਛਾਤੇ ਵਿਅਕਤੀ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੀ ਆਰ ਪੀ ਚੌਂਕੀ ਇੰਚਾਰਜ ਫਿਲੌਰ ਪ੍ਰੇਮ ਨਾਥ ਨੇ ਦੱਸਿਆ ਕਿ ਲੁਧਿਆਣਾ ਤੋਂ ਲੋਹੀਆਂ ਜਾਣ ਵਾਲੀ ਰੇਲ ਗੱਡੀ ਹੇਠਾਂ ਆਉਣ ਨਾਲ ਇੱਕ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ। ਜਿਸ ਦੀ ਪਹਿਚਾਣ ਨਹੀਂ ਹੋ ਸਕੀ ਮ੍ਰਿਤਕ ਵਿਅਕਤੀ ਦੀ ਉਮਰ 35-40 ਸਾਲ, ਜਾਮਨੀ ਰੰਗ ਦੀ ਟੀ ਸ਼ਰਟ, ਗਰੇਅ ਰੰਗ ਦਾ ਪਜਾਮਾ ਅਤੇ ਦਾੜੀ ਮੁੱਛਾਂ ਕੁਤਰਵੀਆ ਹਨ। ਜਿਸ ਦੀ ਲਾਸ਼ 72 ਘੰਟੇ ਸ਼ਨਾਖਤ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖੀ ਗਈ ਹੈ ਅਤੇ ਵਾਰਸਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ 'ਚ ਹੋਇਆ ਸਟੂਡੈਂਟ ਕੌਂਸਲ ਦਾ ਸਨਮਾਨ

**ਅੱਡਾ ਸਰਾਂ/ ਟਾਂਡਾ ਉੜਮੁੜ (ਓਂਕਾਰ ਸਿੰਘ)**- ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਉੜਮੁੜ ਵਿਚ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਸਕੂਲ ਪ੍ਰੈਜ਼ੀਡੈਂਟ ਗਗਨ ਵੈਦ ਦੇ ਨਿਰਦੇਸ਼ਾਂ ਹੇਠ, ਪ੍ਰਿੰਸੀਪਲ ਮੀਤਾ ਆਨੰਦ ਦੀ ਅਗਵਾਈ ਹੇਠ, ਸਾਰੇ ਹਾਊਸਾਂ ਦੀ ਵਿਦਿਆਰਥੀ ਕੌਂਸਲ ਦੀ ਚੋਣ ਕਰਨ ਤੋਂ ਬਾਅਦ, ਚੁਣੇ ਗਏ ਕਪਤਾਨਾਂ ਅਤੇ ਉਪ-ਕਪਤਾਨਾਂ ਦਾ ਸਨਮਾਨ ਕੀਤਾ ਗਿਆ।ਇਸ ਦੌਰਾਨ, ਯੁਵਰਾਜ ਵੈਦ ਨੂੰ ਹੈੱਡ ਬੁਆਏ ਅਤੇ ਸਾਨਿਕਾ ਪੁਰੀ ਨੂੰ ਹੈੱਡ ਗਰਲ ਬਣਾਇਆ ਗਿਆ। ਇਸੇ ਤਰ੍ਹਾਂ, ਅਗਨੀ ਹਾਊਸ ਵਿਚ ਮਿਤਾਂਸ਼ ਜੈਨ ਨੂੰ ਕਪਤਾਨ, ਜਸ਼ਨਪ੍ਰੀਤ ਸਿੰਘ ਨੂੰ ਉਪ-ਕਪਤਾਨ, ਜਵੀਨ ਸਿੰਘ ਨੂੰ ਅਨੁਸ਼ਾਸਨ ਇੰਚਾਰਜ ਬਣਾਇਆ ਗਿਆ। ਪਲਕ ਸ਼ਰਮਾ ਨੂੰ ਆਕਾਸ਼ ਹਾਊਸ ਵਿਚ ਕਪਤਾਨ, ਮੀਰ ਹਸਨ ਨੂੰ ਉਪ-ਕਪਤਾਨ, ਕੀਰਤਜੋਤ ਕੌਰ ਨੂੰ ਅਨੁਸ਼ਾਸਨ ਇੰਚਾਰਜ, ਨਿਹਾਰਿਕਾ ਨੂੰ ਜਲ ਹਾਊਸ ਵਿਚ ਕਪਤਾਨ, ਰਾਜਵੀਰ ਸਿੰਘ ਨੂੰ ਉਪ-ਕਪਤਾਨ, ਕੁਸ਼ਲ ਸ਼ਰਮਾ ਨੂੰ ਅਨੁਸ਼ਾਸਨ ਇੰਚਾਰਜ ਬਣਾਇਆ ਗਿਆ। ਪ੍ਰਿਥਵੀ ਹਾਊਸ ਵਿਚ ਦੀਆ ਕੌਰ ਨੂੰ ਕਪਤਾਨ, ਗੁਰਜੀਤ ਸਿੰਘ ਨੂੰ ਉਪ-ਕਪਤਾਨ, ਹਰਮਨਦੀਪ ਸਿੰਘ ਨੂੰ ਅਨੁਸ਼ਾਸਨ ਇੰਚਾਰਜ ਬਣਾਇਆ ਗਿਆ।ਇਸ ਦੌਰਾਨ ਪ੍ਰਿੰਸੀਪਲ ਮੀਤਾ ਆਨੰਦ ਨੇ ਸਹੁੰ ਚੁਕਾਈ ਅਤੇ ਉਨ੍ਹਾਂ ਨੂੰ ਆਪਣੇ ਫਰਜ਼ਾਂ ਦੀ ਪਾਲਣਾ ਕਰਨ ਅਤੇ ਸਕੂਲ ਵਿਚ ਅਨੁਸ਼ਾਸਨ ਨੂੰ ਸਹੀ ਢੰਗ ਨਾਲ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਪ੍ਰੈਜ਼ੀਡੈਂਟ ਗਗਨ ਵੈਦ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਕਿਹਾ ਕਿ ਵਿਦਿਆਰਥੀ ਪ੍ਰੀਸ਼ਦ ਦੇ ਗਠਨ ਨਾਲ ਬੱਚਿਆਂ ਵਿੱਚ ਲੀਡਰਸ਼ਿਪ ਦੇ ਗੁਣ ਪੈਦਾ ਹੁੰਦੇ ਹਨ। ਸਾਰੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ ਅਤੇ ਵੱਡੀਆਂ ਉਚਾਈਆਂ ਪ੍ਰਾਪਤ ਕਰਨੀਆਂ ਚਾਹੀਦੀਆਂ ਹਨ। ਇਸ ਮੌਕੇ ਵਾਈਸ ਚੇਅਰਪਰਸਨ ਨੇਹਾ ਵੈਦ, ਵਾਈਸ ਪ੍ਰਿੰਸੀਪਲ ਸੂਰਜ ਸਹੋਤਾ, ਗਗਨਦੀਪ ਕੌਰ, ਨੇਕਤਾ ਸ਼ਰਮਾ, ਨੀਨਾ ਵਾਲੀਆ, ਰਿਤੂ ਲਾਂਬਾ, ਰਜਨੀ ਸ਼ਰਮਾ, ਮੀਨੂੰ ਕਤਿਆਲ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ, ਸੁਖਜਿੰਦਰ ਕੌਰ, ਅਰਮਾਨ ਕੌਰ, ਲਖਵੀਰ ਸਿੰਘ, ਸੁਰਭੀ, ਸਿਮਰਨ ਕੌਰ ਅਤੇ ਹਰਪ੍ਰੀਤ ਸਿੰਘ ਕਮਾਂਡਰ ਮੌਜੂਦ ਸਨ।




# ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਦੇ 'ਭਵਿੱਖ ਦੇ ਅਧਿਆਪਕਾਂ' ਨੇ ਫ਼ੈਲਾਈ ਉੱਤਮਤਾ ਦੀ ਚਮਕ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਨੇ ਜੀ ਐਨ ਡੀ ਯੂ ਬੀ.ਐੱਡ. ਸਮੈਸਟਰ ਚੌਥਾ ਪ੍ਰੀਖਿਆ (ਮਈ 2025) ਦੇ ਨਤੀਜਿਆਂ ਵਿੱਚ 100% ਪਹਿਲਾ ਦਰਜਾ ਪ੍ਰਾਪਤ ਕੀਤਾ। 65 ਪ੍ਰਤੀਸ਼ਤ ਵਿਦਿਆਰਥੀ-ਅਧਿਆਪਕਾਂ ਨੇ ਡਿਸਟਿੰਕਸ਼ਨ ਪ੍ਰਾਪਤ ਕੀਤਾ ਅਤੇ ਬਾਕੀ ਵਿਦਿਆਰਥੀ-ਅਧਿਆਪਕਾਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ। ਕੋਮਲ ਵਰਮਾ ਨੇ 8.60 ਐਸਜੀਪੀਏ ਨਾਲ ਕਾਲਜ ਵਿੱਚ ਪਹਿਲਾ, ਖੁਸ਼ੀ ਸ਼ਰਮਾ ਨੇ 8.50 ਐਸਜੀਪੀਏ ਨਾਲ ਦੂਜਾ, ਸਲਮਾ ਖਾਨਮ ਅਤੇ ਗੋਲਡਾ ਖੁੱਲਰ ਨੇ 8.20 ਐਸਜੀਪੀਏ ਨਾਲ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮਾਣਮੱਤੇ ਮੌਕੇ ਕਾਰਜਕਾਰੀ ਨਿਰਦੇਸ਼ਕ (ਕਾਲਜ) ਸ਼੍ਰੀਮਤੀ ਅਰਾਧਨਾ ਬੌਰੀ ਨੇ ਸਾਰੇ ਸਫ਼ਲ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਫੈਕਲਟੀ ਦੇ ਸਮਰਪਣ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਭਵਿੱਖ ਦੇ ਅਧਿਆਪਕਾਂ ਨੂੰ ਉਨ੍ਹਾਂ ਸਕੂਲਾਂ ਵਿੱਚ ਵੀ ਆਪਣੇ ਅਧਿਆਪਨ ਹੁਨਰ ਨੂੰ ਨਿਖਾਰਨ ਲਈ ਲਈ ਉਤਸ਼ਾਹਿਤ ਕੀਤਾ। ਮੈਨੇਜਮੈਂਟ ਦੇ ਮੈਂਬਰਾਂ, ਪ੍ਰਿੰਸੀਪਲ ਅਤੇ ਸਾਰੇ ਫੈਕਲਟੀ ਮੈਂਬਰਾਂ ਨੇ ਸਾਰੇ ਵਿਦਿਆਰਥੀ-ਅਧਿਆਪਕਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।



# ਮਾਨ ਸਰਕਾਰ ਦੀਆਂ ਨੀਤੀਆਂ ਕਾਰਨ ਸੂਬੇ 'ਚ ਬਣਿਆ ਖੇਡਾਂ ਲਈ ਸਾਜ਼ਗਾਰ ਮਾਹੌਲ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)** ਵਿਧਾਇਕ ਕੁਲਵੰਤ ਸਿੰਘ ਨੇ ਇੱਥੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਖਿਡਾਰੀਆਂ ਲਈ ਪੂਰੀ ਤਰ੍ਹਾਂ ਸਾਜਗਾਰ ਮਾਹੌਲ ਤਿਆਰ ਕੀਤਾ ਗਿਆ ਹੈ।ਖਿਡਾਰੀਆਂ ਨੂੰ ਹੁਣ ਸਾਰੇ ਲੋੜੀਂਦੇ ਸਾਧਨ ਅਤੇ ਮਾਰਗਦਰਸ਼ਨ ਇੱਕ ਹੀ ਛੱਤ ਹੇਠ ਉਪਲਬਧ ਹੋਣ ਕਾਰਨ ਉਹ ਖੇਡ ਮੈਦਾਨਾਂ ਵੱਲ ਵਧੇਰੇ



ਦਿਲਚਸਪੀ ਲੈ ਰਹੇ ਹਨ।ਉਹ ਸੈਕਟਰ-79 ਵਿਖੇ ਆਮ ਆਦਮੀ ਪਾਰਟੀ ਦਫਤਰ 'ਚ ਪ੍ਰੈੱਸ ਨਾਲ ਗੱਲ ਕਰ ਰਹੇ ਸਨ, ਜਿੱਥੇ ਉਹਨਾਂ ਨੇ ਪਿੰਡ ਗੀਗੇਮਾਜਰਾ ਵਿਖੇ 25 ਅਗਸਤ (ਸੋਮਵਾਰ) ਨੂੰ ਮੇਲਾ ਬਾਬਾ ਗੋਸਾਈ ਵਾਲਾ ਸਮਾਗਮ ਦੇ ਹਿੱਸੇ ਵਜੋਂ ਹੋਣ ਵਾਲੇ ਕੁਸ਼ਤੀ ਦੰਗਲ ਦਾ ਪੋਸਟਰ ਰਿਲੀਜ਼ ਕੀਤਾ।ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਖਿਡਾਰੀਆਂ ਨੂੰ ਸਰਕਾਰ ਵੱਲੋਂ ਨਾ ਸਿਰਫ਼ ਨਗਦ ਇਨਾਮ ਦਿੱਤੇ ਜਾ ਰਹੇ ਹਨ, ਸਗੋਂ ਉਨ੍ਹਾਂ ਨੂੰ ਪੱਕੇ ਰੁਜ਼ਗਾਰ ਦੇਣ ਦੇ ਉਪਰਾਲੇ ਵੀ ਹੋ ਰਹੇ ਹਨ, ਤਾਂ ਜੋ ਉਹ ਵਧੇਰੇ ਸਮਾਂ ਖੇਡ ਮੈਦਾਨਾਂ ਵਿੱਚ ਲਗਾ ਸਕਣ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਸਕਣ।ਇਸ ਮੌਕੇ ਸਰਪੰਚ ਸਤਨਾਮ ਸਿੰਘ ਨੇ ਕਿਹਾ ਕਿ ਮੇਲਾ ਬਾਬਾ ਗੋਸਾਈ ਵਾਲਾ ਅਤੇ ਦੰਗਲ ਪਿੰਡ ਵਾਸੀਆਂ ਵੱਲੋਂ ਆਪਸੀ ਭਾਈਚਾਰਕ ਸਾਂਝ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

# ਇਨਵੈਸਚਰ ਸਮਾਰੋਹ ਰਾਹੀਂ ਵਿਦਿਆਰਥੀ ਨੇਤਾਵਾਂ ਦੀ ਕੀਤੀ ਨਿਯੁਕਤੀ



**ਡੇਰਾਬੱਸੀ (ਵਿਨੈ ਕੁਮਾਰ ਜੈਨ)** ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਵਿਖੇ ਸਾਲਾਨਾ ਇਨਵੈਸਚਰ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਨਵੇਂ ਚੁਣੇ ਗਏ ਹੈੱਡ ਬੋਆਏ, ਹੈਡ ਗਰਲ, ਕੈਪਟਨ, ਵਾਇਸ ਕੈਪਟਨ ਅਤੇ ਸਟੇਜ ਸੈਕਟਰੀ ਨੇ ਆਪਣੇ ਸਹਿਯੋਗੀ ਵਿਦਿਆਰਥੀਆਂ ਦੀ ਭਲਾਈ ਲਈ ਸਮਰਪਿਤ ਰਹਿਣ ਦੀ ਸਹੁੰ ਚੁੱਕੀ।ਹੈੱਡ ਬੁਆਏ ਦੇ ਰੂਪ ਵਿੱਚ ਤੁਸ਼ਾਰ ਸ਼ਰਮਾ (ਬਾਰ੍ਹਵੀਂ ਸਾਇੰਸ) ਅਤੇ ਹੈੱਡ ਗਰਲ ਦੇ ਰੂਪ ਵਿੱਚ ਅਰਸ਼ਪ੍ਰੀਤ ਕੌਰ (ਬਾਰ੍ਹਵੀਂ ਕਾਮਰਸ) ਚੁਣੇ ਗਏ। ਸਕੂਲ ਦੀ ਪ੍ਰਿੰਸੀਪਲ ਕਵਿਤਾ ਔਜ਼ਰੀ ਨੇ ਨਵੇਂ ਨੇਤਾਵਾਂ ਨੂੰ ਬੈਜ ਲਗਾ ਕੇ ਸਨਮਾਨਿਤ ਕੀਤਾ। ਸਕੂਲ ਦੀ ਮੈਨੇਜਿੰਗ ਕਮੇਟੀ ਅਤੇ ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਸਕੂਲ ਦੇ ਵਿਦਿਆਰਥੀ ਨੇਤਾਵਾਂ ਨੂੰ ਮੁਬਾਰਕਬਾਦ ਦਿੱਤੀ। ਸਮਾਰੋਹ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਸਹੁੰ ਚੁੱਕੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਹਮੇਸ਼ਾਂ ਤਿਆਰ ਰਹਿਣਗੇ ਅਤੇ ਸਕੂਲ ਦੀ ਸ਼ਾਨ ਵਧਾਉਣਗੇ।

# ਚੱਬੇਵਾਲ 'ਚ ਹੋ ਰਹੀ 'ਪੰਜਾਬ ਸੰਭਾਲੋ ਰੈਲ਼ੀ' ਨਵਾਂ ਇਤਿਹਾਸ ਰਚੇਗੀ : ਠੇਕੇਦਾਰ ਭਗਵਾਨ ਸਿੱਧੂ, ਐਡਵੋਕੇਟ ਮਾਨਾ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਪਿੰਡ ਰਕੂਮਤਪੁਰ, ਪੰਡੋਰੀ ਗੰਗਾ ਸਿੰਘ ਅਤੇ ਕਾਲੋਵਾਲ ਫੱਤੂ ਵਿਖੇ ਮੀਟਿੰਗਾਂ ਕੀਤੀਆਂ ਗਈਆਂ, ਇਨ੍ਹਾਂ ਮੀਟਿੰਗਾਂ ਵਿਚ ਮੁੱਖ ਮਹਿਮਾਨ ਮਾਨਯੋਗ ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਬਸਪਾ ਪੰਜਾਬ ਅਤੇ ਵਿਸ਼ੇਸ਼ ਮਹਿਮਾਨ ਐਡਵੋਕੇਟ ਪਲਵਿੰਦਰ ਮਾਨਾ ਜ਼ਿਲ੍ਹਾ ਇੰਚਾਰਜ ਅਤੇ ਇੰਚਾਰਜ ਹਲਕਾ ਚੱਬੇਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੀਟਿੰਗ ਵਿੱਚ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਜੋ ਰੈਲੀ ਹਲਕਾ ਚੱਬੇਵਾਲ ਵਿਖੇ 23 ਅਗਸਤ ਨੂੰ ਰੱਖੀ ਗਈ ਹੈ ਉਸ ਦੇ ਸੰਬੰਧ ਵਿਚ ਠੇਕੇਦਾਰ ਭਗਵਾਨ ਦਾਸ ਸਿੱਧੂ ਅਤੇ ਐਡਵੋਕੇਟ ਮਾਨਾ ਨੇ ਪਿੰਡਾਂ ਦੇ ਵਰਕਰਾਂ ਨੂੰ ਲਾਮਬੰਦ ਕੀਤਾ ਤੇ ਵਰਕਰਾਂ ਤੇ ਪਿੰਡ ਵਾਸੀਆਂ ਨੂੰ ਕਿਹਾ ਕੀ ਆਪਣੇ ਆਪਣੇ ਪਿੰਡ ਵਿੱਚੋ ਬੱਡੀ ਗੱਡੀ ਦਾ ਪਰਵੰਦ ਕਰਕੇ ਵੱਧ ਤੋਂ ਵੱਧ ਸਾਥੀਆਂ ਨੂੰ ਰੈਲ਼ੀ ਵਿਚ ਲੈ ਕੇ ਆਉਣ ਦੀ ਅਪੀਲ ਕੀਤੀ, ਪਿੰਡ ਵਾਸੀਆਂ ਨੇ ਭਰੋਸਾ ਦੁਵਾਇਆ ਕੀ ਉਹ ਬੱਡੀ ਗਿਣਤੀ ਵਿਚ ਰੈਲ਼ੀ ਵਿਚ ਸ਼ਮੂਲੀਅਤ ਕਰਨਗੇ। ਆਏ ਹੋਏ ਆਗੂ ਸਹਿਬਾਨਾਂ ਨੇ ਇਹ ਰੈਲ਼ੀ ਬਸਪਾ ਵਲੋਂ ਕਰਨ ਦਾ ਕਾਰਨ ਦੱਸਿਆ ਕਿ ਜੋ ਹਲਕਾ ਚੱਬੇਵਾਲ ਦੇ ਪਿੰਡਾਂ ਵਿਚ ਸਰਕਾਰ ਵਲੋਂ ਦਲਿਤਾਂ ਅਤੇ ਪੱਛੜਿਆ ਤੇ ਕੀਤੇ ਜਾਂ ਰਹੇ ਜਬਰ ਜ਼ੁਲਮ ਤੇ ਅਤਿਆਚਾਰ ਹੋ ਰਹੇ ਹਨ ਅਤੇ ਸਰਕਾਰ ਦੇ ਜਬਰ ਜ਼ੁਲਮ ਤੇ ਅਤਿਆਚਾਰ ਦੇ ਵਿਰੋਧ ਵਿਚ ਇਹ ਰੈਲੀ ਰੱਖੀ ਗਈ ਹੈ। ਆਏ ਹੋਏ ਆਗੂ ਸਹਿਬਾਨਾਂ ਨੇ ਕਿਹਾ ਕਿ ਚੱਬੇਵਾਲ ਵਿਖ਼ੇ ਹੋਣ ਵਾਲੀ 'ਪੰਜਾਬ ਸੰਭਾਲੋ ਰੈਲ਼ੀ' ਦੋਆਬਾ ਦੀ ਰਾਜਨੀਤੀ ਵਿਚ ਨਵਾਂ ਇਤਿਹਾਸ ਰਚੇਗੀ। ਇਸ ਮੌਕੇ ਆਏ ਹੋਏ ਆਗੂ ਠੇਕੇਦਾਰ ਭਗਵਾਨ ਦਾਸ ਸਿੱਧੂ ਜੀ ਅਤੇ ਐਡਵੋਕੇਟ ਮਾਨਾ ਨੇ ਲੋਕਾਂ ਦੀਆ ਮੁਸ਼ਕਲਾਂ ਵੀ ਸੁਣਿਆ ਤੇ ਇਨ੍ਹਾਂ ਆ ਰਹੀਆਂ ਮੁਸ਼ਕਲਾਂ ਦਾ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।



# ਅਦਾਲਤ ਦੇ ਹੁਕਮਾਂ ਨੂੰ ਟਿੱਚ ਸਮਝਦੇ ਹੋਏ ਕੀਤੀ ਉਸਾਰੀ

**ਨੰਗਲ (ਸੁਰਜੀਤ ਸਿੰਘ)** ਰਜਿੰਦਰ ਪਾਲ ਪੁੱਤਰ ਸਵ. ਜਗਦੀਸ਼ ਰਾਮ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਸ ਨੇ ਇਕ ਜ਼ਮੀਨੀ ਦੀਵਾਨੀ ਦਾਵਾ ਮਾਣਯੋਗ ਅਦਾਲਤ ਨੰਗਲ ਵਿਖੇ ਅਪਣੇ ਤਿੰਨ ਭਰਾਵਾਂ ਸ਼ਾਦੀ ਲਾਲ, ਹਰਬਿਲਾਸ, ਧਨੀ ਰਾਮ, ਜਗਤ ਰਾਮ ਪੁੱਤਰ ਮੰਗਲ ਸਿੰਘ ਦੇ ਖਿਲਾਫ ਕੀਤਾ ਸੀ।ਮਾਣਯੋਗ ਦੀਵਾਨੀ ਅਦਾਲਤ ਨੇ ਮਿਤੀ 1-8-2025 ਨੂੰ ਇਨਾ ਵਿਅਕਤੀਆ ਦੇ ਖਿਲਾਫ ਸਟੇਅ ਦਾ ਹੁਕਮ ਫਰਮਾਇਆ ਸੀ ਅਤੇ ਕਿਹਾ ਸੀ ਕਿ ਇਹ ਸਾਡੇ ਮਸਤਰਕੇ ਖਾਤੇ ਵਿੱਚ ਕੋਈ ਉਸਾਰੀ ਨਹੀ ਕਰਨਗੇ ਹੁਕਮਾ ਦੇ ਵਾਬਯੂਦ ਇਨਾ ਵਿਅਕਤੀਆ ਨੇ ਸਾਡੇ ਰਕਬੇ ਨੂੰ ਦੱਬਣ ਦੀ ਨੀਅਤ ਨਾਲ ਉਸਾਰੀ ਸ਼ੁਰੂ ਕੀਤੀ ਜਿਸ ਦੀ ਸ਼ਿਕਾਇਤ ਅਸੀ ਥਾਨਾ ਨੰਗਲ ਵਿਖੇ ਪੇਸ ਕੀਤੀ ਜਿਸ ਤੇ ਪੁਲਸ ਨੇ ਮੌਕਾ ਦੇਖ ਕੇ ਉਸਾਰੀ ਨੂੰ ਰੋਕ ਦਿਤਾ ਗਿਆ।ਪਰ ਇਨਾ ਵਿਅਕਤੀਆ ਵੱਲੋ ਮਿਤੀ 19-8-2025 ਦੀ ਰਾਤ ਨੂੰ ਸਾਡੇ ਰਕਬੇ ਵਿੱਚ ਮੁੜ ਉਸਾਰੀ ਸ਼ੁਰੂ ਕਰ ਦਿਤੀ ਗਈ ਜਿਸ ਬਾਰੇ ਅਸੀ ਥਾਨਾ ਮੁਖੀ ਨੂੰ ਹੋ ਰਹੀ ਉਸਾਰੀ ਬਾਰੇ ਦੱਸਿਆ ਪਰ ਪੁਲਸ ਵੱਲੋ ਉਸਾਰੀ ਨੂੰ ਰੋਕਣ ਲਈ ਕੋਈ ਕਾਰਵਾਈ ਨਹੀ ਕੀਤੀ ਗਈ।

# ਵੱਖ-ਵੱਖ ਪਾਰਟੀਆਂ ਛੱਡ ਕੇ 20 ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ

**ਮਹਿਤਪੁਰ (ਰਾਜਾ)** ਪਿੰਡ ਪਸਾੜੀਆਂ ਵਿਖੇ ਬਲਾਕ ਪ੍ਰਧਾਨ ਕ੍ਰਿਸ਼ਨ ਕੁਮਾਰ ਬਿੱਟੂ ਦੀ ਰਹਿਨੁਮਾਈ ਹੇਠ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਤੇ ਸੰਗਠਨ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਸੀਚੇਵਾਲ ਦੀ ਅਗਵਾਈ ਹੇਠ ਵੱਖ ਵੱਖ ਪਾਰਟੀਆਂ ਛੱਡ ਕੇ 20 ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਜਿਸ ਵਿੱਚ ਡੀ ਐਸ ਪੀ ਭਜਨ ਸਿੰਘ, ਸੁਖਬੀਰ ਸਿੰਘ ਸੁੱਖੂ, ਗੁਰਮੇਲ ਸਿੰਘ, ਗੁਰਦੀਪ ਸਿੰਘ, ਸੁਖਦੀਪ ਸਿੰਘ, ਪਾਲਾ ਸਿੰਘ, ਅਮਰਜੀਤ ਸਿੰਘ, ਗੁਰਭੇਜ ਸਿੰਘ ਭੇਜਾ, ਹੈਪੀ ਸਿੰਘ, ਇਕਬਾਲ ਸਿੰਘ, ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ ਬੱਗਾ ਸ਼ਾਮਲ ਸੀ।ਇਸ ਮੌਕੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਤੇ ਸੀਚੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਪਰਿਵਾਰਾਂ ਦਾ ਅਸੀਂ ਤਹਿ ਦਿਲੋਂ ਧੰਨਵਾਦ ਕਰਦੇ ਹਾਂ ਤੇ ਸ਼ਾਮਲ ਹੋਏ ਪਰਿਵਾਰਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਤੇ ਸਨਮਾਨ ਜ਼ਰੂਰ ਮਿਲੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਦੁਗਲ, ਜ਼ਿਲਾ ਸੈਕਟਰੀ ਮਦਨ ਲਾਲ, ਮੰਡੀ ਬੋਰਡ ਦੇ ਚੇਅਰਮੈਨ ਬਲਵੀਰ ਸਿੰਘ, ਬਲਾਕ ਪ੍ਰਧਾਨ ਕ੍ਰਿਸ਼ਨ ਕੁਮਾਰ ਬਿੱਟੂ, ਬਲਾਕ ਪ੍ਰਧਾਨ ਬਲਵੀਰ ਮਹੇੜੂ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਲੱਖਾ, ਕੇਵਲ ਕ੍ਰਿਸ਼ਨ ਬਿੱਟੂ, ਕਮਲਜੀਤ ਕੌਰ, ਸਰਪੰਚ ਜਸਵਿੰਦਰ ਸਿੰਘ, ਸਰਪੰਚ ਧੁੱਗੜ ਆਦਿ ਹਾਜ਼ਰ ਸਨ।



# ਟਰੱਕ ਨੇ ਮੋਟਰਸਾਈਕਲ ਸਵਾਰ ਨੂੰ ਮਾਰੀ ਟੱਕਰ



**ਫਿਲੌਰ (ਨਿਰਮਲ)**- ਨੈਸ਼ਨਲ ਹਾਈਵੇ ਫਿਲੌਰ 'ਤੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ।ਲੁਧਿਆਣਾ ਵਾਸੀ ਵਿਜੇ ਨਾਮ ਦਾ ਵਿਅਕਤੀ ਮੋਟਰਸਾਈਕਲ 'ਤੇ ਸਫ਼ਰ ਸੀ, ਜਦੋਂ ਅਚਾਨਕ ਇੱਕ ਟਰੱਕ ਚਾਲਕ ਨੇ ਉਸਨੂੰ ਸਾਈਡ ਮਾਰ ਦਿੱਤੀ।ਟੱਕਰ ਕਾਰਨ ਮੋਟਰਸਾਈਕਲ ਸਵਾਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ, ਉਸ ਦਾ ਜਵਾੜਾ ਅਤੇ ਸੱਜੇ ਪੈਰ ਵਿੱਚ ਫਰੈਕਚਰ ਆ ਗਿਆ। ਮੌਕੇ 'ਤੇ ਪਹੁੰਚੇ ਸੜਕ ਸੁਰੱਖਿਆ ਫੋਰਸ ਦੇ ਡਿਊਟੀ ਅਫ਼ਸਰ ਸਰਬਜੀਤ ਸਿੰਘ ਨੇ ਦੱਸਿਆ ਕਿ ਇੱਕ ਰਾਹਗੀਰ ਨੇ ਜ਼ਖਮੀ ਨੂੰ ਫ਼ੌਰੀ ਮਦਦ ਦਿੰਦੇ ਹੋਏ ਸਿਵਲ ਹਸਪਤਾਲ ਫਿਲੌਰ ਪਹੁੰਚਾਇਆ, ਜਿਸ ਨਾਲ ਉਸ ਦੀ ਜਾਨ ਬਚ ਗਈ। ਉਨ੍ਹਾਂ ਦੱਸਿਆ ਕਿ ਟਰੱਕ ਚਾਲਕ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ ਹੈ।ਇਸ ਮਾਮਲੇ ਵਿੱਚ ਥਾਣਾ ਫਿਲੌਰ ਦੇ ਡਿਊਟੀ ਅਫ਼ਸਰ ਜਸਵਿੰਦਰ ਸਿੰਘ ਵਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਐਡੋਲਸੈਂਸ ਐਜੂਕੇਸ਼ਨ ਪ੍ਰੋਗਰਾਮ ਅਧੀਨ ਨੈਸ਼ਨਲ ਰੋਲ ਪਲੇਅ ਮੁਕਾਬਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਐਡੋਲਸੈਂਸ ਐਜੂਕੇਸ਼ਨ ਪ੍ਰੋਗਰਾਮ ਦੇ ਤਹਿਤ ਬਲਾਕ ਪੱਧਰ 'ਤੇ ਨੈਸ਼ਨਲ ਰੋਲ ਪਲੇ ਮੁਕਾਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ, ਹੁਸ਼ਿਆਰਪੁਰ-1 ਵਿੱਚ ਕਰਵਾਇਆ ਗਿਆ।ਇਸ ਮੌਕੇ ਨੈਸ਼ਨਲ ਰੋਲ ਪਲੇ ਅਤੇ ਡਾਂਸ ਮੁਕਾਬਲੇ ਦੇ ਪ੍ਰੋਗਰਾਮ ਹੋਏ, ਜਿਨ੍ਹਾਂ ਵਿੱਚ ਇਲਾਕੇ ਦੇ ਕਈ ਸਰਕਾਰੀ ਸਕੂਲਾਂ ਨੇ ਵੱਧ-ਚੜ੍ਹ ਕੇ ਭਾਗ ਲਿਆ।ਇਹ ਮੁਕਾਬਲਾ ਬਲਾਕ ਨੋਡਲ ਅਫਸਰ ਹੁਸ਼ਿਆਰਪੁਰ-11 ਪ੍ਰਿੰਸਿਪਲ ਚੰਦਰ ਮੋਹਨ ਵਰਮਾ ਅਤੇ ਬਲਾਕ ਨੋਡਲ ਅਫਸਰ ਹੁਸ਼ਿਆਰਪੁਰ-12 ਪ੍ਰਿੰਸਿਪਲ ਰਾਜਨ ਅਰੋੜਾ ਦੀ ਦੇਖ-ਰੇਖ ਹੇਠ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਇਸ ਦੌਰਾਨ ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਫੈਸਲਾ ਕਰਨ ਵਾਲੇ ਜੱਜਾਂ ਦੇ ਪੈਨਲ ਵਿੱਚ ਅੰਕੁਰ ਸੂਦ ਮੈਂਟਰ, ਜਸਪਾਲ ਸਿੰਘ, ਪ੍ਰਵੀਨ ਸ਼ਰਮਾ ਅਤੇ ਗਗਨ ਸ਼ਾਮਲ ਰਹੇ।ਜੱਜਾਂ ਨੇ ਬੱਚਿਆਂ ਦੇ ਉਤਸ਼ਾਹ ਅਤੇ ਰਚਨਾਤਮਕਤਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸੰਚਾਰ ਕੁਸ਼ਲਤਾ ਅਤੇ ਟੀਮ ਭਾਵਨਾ ਨੂੰ ਮਜ਼ਬੂਤ ਬਣਾਉਂਦੇ ਹਨ।ਇਸ ਮੌਕੇ ਪ੍ਰਿੰਸਿਪਲ ਚੰਦਰ ਮੋਹਨ ਵਰਮਾ ਨੇ ਕਿਹਾ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਰੋਲ ਪਲੇ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ ਹੁਸ਼ਿਆਰਪੁਰ-1 ਨੇ ਪਹਿਲਾ ਸਥਾਨ, ਸਰਕਾਰੀ ਹਾਈ ਸਕੂਲ ਕਮਾਲਪੁਰ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਖੁਣ ਖੁਣ ਕਲਾਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਡਾਂਸ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਨੇ ਪਹਿਲਾ, ਸਰਕਾਰੀ ਹਾਈ ਸਕੂਲ ਨਵੀਂ ਆਬਾਦੀ ਨੇ ਦੂਜਾ ਅਤੇ ਸਰਕਾਰੀ ਮਿਡਲ ਸਕੂਲ ਨੂਰਪੁਰ ਨੇ ਤੀਜਾ ਸਥਾਨ ਹਾਸਲ ਕੀਤਾ।ਕਾਰਜਕ੍ਰਮ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ।



# ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 1 ਨਵੰਬਰ ਨੂੰ ਪੈਦਲ ਰੋਸ ਮਾਰਚ ਕੱਢਣ ਦਾ ਐਲਾਨ



**ਚੰਡੀਗੜ੍ਹ (ਗੁਰਜੀਤ ਬਿੱਲਾ)** ਚੰਡੀਗੜ੍ਹ ਪੰਜਾਬੀ ਮੰਚ ਦੀ ਇੱਕ ਮੀਟਿੰਗ ਸੈਕਟਰ 38 ਸਥਿਤ ਗੁਰਦੁਆਰਾ ਸ਼ਾਹਪੁਰ ਵਿਖੇ ਸੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 1 ਨਵੰਬਰ ਨੂੰ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਖਿਲਾਫ਼ ਪੈਦਲ ਰੋਸ ਮਾਰਚ ਕੱਢਣ ਦਾ ਫ਼ੈਸਲਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਹੱਲੋਮਾਜਰਾ, ਕਾਮਰੇਡ ਦੇਵੀ ਦਿਆਲ ਸ਼ਰਮਾ, ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਗੁਰਮੁਖ ਸਿੰਘ ਸਕੇਤੜੀ, ਮਨਜੀਤ ਕੌਰ ਮੀਤ ਆਦਿ ਨੇ ਕਿਹਾ ਕਿ ਯੂ.ਟੀ. ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਰਜਾ ਦਿਵਾਉਣ ਲਈ ਮੰਚ ਵੱਲੋਂ ਪਿਛਲੇ ਕਾਫ਼ੀ ਲੰਬੇ ਸਮੇਂ ਤੋਂ ਲਗਾਤਾਰ ਸੰਘਰਸ਼ ਕੀਤੇ ਜਾ ਰਹੇ ਹਨ। ਵਾਰ-ਵਾਰ ਰੋਸ ਮਾਰਚ ਕੱਢ ਕੇ ਜਾਂ ਧਰਨੇ ਆਦਿ ਦੇ ਕੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਸਮੇਤ ਪੰਜਾਬ ਦੇ ਰਾਜਪਾਲ ਜਿਹੜੇ ਕਿ ਚੰਡੀਗੜ੍ਹ ਦੇ ਪ੍ਰਸ਼ਾਸਕ ਵੀ ਹਨ, ਤੱਕ ਪੰਜਾਬੀ ਭਾਸ਼ਾ ਲਾਗੂ ਕਰਵਾਉਣ ਦੀ ਅਵਾਜ਼ ਪਹੁੰਚਾਈ ਜਾਂਦੀ ਹੈ ਪ੍ਰੰਤੂ ਪ੍ਰਸ਼ਾਸਨ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਚੰਡੀਗੜ੍ਹ ਪ੍ਰਸ਼ਾਸਨ ਦੇ ਪੰਜਾਬੀ ਭਾਸ਼ਾ ਪ੍ਰਤੀ ਇਸ ਅੜੀਅਲ ਰਵੱਈਏ ਨੂੰ ਖ਼ਤਮ ਕਰਨ ਵਾਸਤੇ ਮੰਚ ਵੱਲੋਂ ਆਪਣੇ ਸੰਘਰਸ਼ ਨੂੰ ਲਗਾਤਾਰ ਅੱਗੇ ਤੋਰਿਆ ਜਾ ਰਿਹਾ ਹੈ ਜਿਸ ਦੇ ਚਲਦਿਆਂ ਹੁਣ 1 ਨਵੰਬਰ ਨੂੰ ਪੈਦਲ ਰੋਸ ਮਾਰਚ ਕੱਢਣ ਦੀ ਤਿਆਰੀ ਸ਼ੁਰੂ ਕਰ ਦਿੱਤੀ ਗਈ ਹੈ। ਰੋਸ ਮਾਰਚ ਵਿੱਚ ਲੋਕਾਂ ਦੀ ਲਾਮਬੰਦੀ ਵਾਸਤੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ।

# ਕਿਸਾਨ ਸਭਾ ਜ਼ਿਲ੍ਹਾ ਰੋਪੜ ਦੀ ਹੋਈ ਮੀਟਿੰਗ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਜ਼ਿਲ੍ਹਾ ਕਮੇਟੀ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਰੋਪੜ ਦੀ ਭਰਵੀਂ ਮੀਟਿੰਗ ਸੁਖਵੀਰ ਸਿੰਘ ਮਾਹਲਾਂ ਦੀ ਪ੍ਰਧਾਨਗੀ ਹੇਠ ਅਨਾਜ ਮੰਡੀ ਰੋਪੜ ਵਿਖੇ ਹੋਈ ਜਿਸ ਵਿੱਚ ਬਲਦੇਵ ਸਿੰਘ ਨਿਹਾਲਗੜ ਸੂਬਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਪੰਜਾਬ ਉਚੇਚੇ ਤੌਰ 'ਤੇ ਸ਼ਾਮਲ ਹੋਏ।ਗੁਰਨਾਮ ਸਿੰਘ ਔਲਖ ਨੇ ਜ਼ਿਲ੍ਹਾ ਕਮੇਟੀ ਦੀ ਕਾਰਗੁਜਾਰੀ ਦੀ ਸੰਖੇਪ ਰਿਪੋਰਟਿੰਗ 'ਤੇ ਬਾਅਦ ਬਲਦੇਵ ਸਿੰਘ ਨਿਹਾਲਗੜ ਨੇ ਮੀਟਿੰਗ ਨੂੰ ਸੰਬੋਧਨ ਕੀਤਾ।ਉਹਨਾਂ ਨੇ ਕੁੱਲ ਹਿੰਦ ਕਿਸਾਨ ਸਭਾ ਦੇ 1936 (ਕਿਸਾਨ ਸਭਾ ਦੀ ਸਥਾਪਨਾ ਦਾ ਸਾਲ) ਤੋਂ ਲੈ ਕੇ ਹੁਣ ਤੱਕ ਕਿਸਾਨ ਸਭਾ ਦੇ ਸ਼ਾਨਾਂਮੱਤੀ ਇਤਿਹਾਸ 'ਤੇ ਚਾਨਣਾ ਪਾਇਆ।ਉਹਨਾਂ ਨੇ 24 ਅਗਸਤ ਨੂੰ ਹੋ ਰਹੀ ਸੰਯੁਕਤ ਕਿਸਾਨ ਮੋਰਚੇ ਦੀ ਸਮਰਾਲਾ ਰੈਲੀ ਸੰਬੰਧੀ ਦੱਸਿਆ ਇਹ ਇਕ ਇਤਿਹਾਸਕ ਰੈਲੀ ਹੋਏਗੀ। ਮੀਟਿੰਗ ਨੂੰ ਦਵਿੰਦਰ ਕੁਮਾਰ ਨੰਗਲੀ, ਸੁਖਵੀਰ ਸਿੰਘ ਸੁੱਖਾ, ਜਗਦੀਸ਼ ਲਾਲ ਐਸ ਡੀ ਓ, ਕਾਕਾ ਰਾਮ , ਰਾਮ ਪਾਲ ਤਾਰਾਪੁਰ ਆਦਿ ਨੇ ਵੀ ਸੰਬੋਧਨ ਕੀਤਾ। ਸਾਰੇ ਸਾਥੀਆਂ ਨੇ ਕਾਮਰੇਡ ਨਿਹਾਲਗੜ ਜੀ ਦਾ ਮੀਟਿੰਗ ਵਿੱਚ ਆਉਣ ਲਈ ਬਹੁਤ ਬਹੁਤ ਧੰਨਵਾਦ ਕੀਤਾ ਅਤੇ ਉਹਨਾ ਨੂੰ ਯਕੀਨ ਦੁਆਇਆ ਕਿ 24 ਅਗਸਤ ਦੀ ਸਮਰਾਲਾ ਰੈਲੀ ਵਿੱਚ ਜਿਲਾ ਰੋਪੜ ਦੇ ਸਾਥੀ ਵੱਧ ਚੜ ਕੇ ਹਿੱਸਾ ਲੈਣਗੇ।



# ਜਨਵਾਦੀ ਇਸਤਰੀ ਸਭਾ ਦਾ 13ਵਾਂ ਸੂਬਾਈ ਅਜਲਾਸ ਸ਼ਾਨੋ-ਸ਼ੌਕਤ ਨਾਲ ਸੰਪੰਨ




**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਕੁਲ ਹਿੰਦ ਜਨਵਾਦੀ ਇਸਤਰੀ ਸਭਾ ਦਾ ਗੜ੍ਹਸ਼ੰਕਰ ਵਿਖੇ ਗ਼ਦਰੀ ਬੀਬੀ ਗੁਲਾਬ ਕੌਰ ਹਾਲ ਵਿਚ ਚੱਲ ਰਿਹਾ 13ਵਾਂ ਸੂਬਾਈ ਇਜਲਾਸ ਸ਼ਾਨੋ-ਸ਼ੌਕਤ ਸੰਪੰਨ ਹੋ ਗਿਆ।ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਿੱਸਾ ਲਿਆ। ਕਾਨਫਰੰਸ ਦੇ ਦੂਜੇ ਦਿਨ ਪ੍ਰਧਾਨਗੀ ਮੰਡਲ ਬੀਬੀ ਆਸ਼ਾ ਰਾਣਾ, ਸੁਭਾਸ਼ ਮੱਟੂ, ਡਾ. ਕੰਵਲਜੀਤ ਕੌਰ, ਸਰਵਜੀਤ ਕੌਰ ਅਤੇ ਕ੍ਰਿਸ਼ਨਾ ਕੁਮਾਰੀ ਦੀ ਮੌਜੂਦਗੀ ਵਿੱਚ ਕੁਲ ਹਿੰਦ ਜਨਵਾਦੀ ਇਸਤਰੀ ਸਭਾ ਦੀ ਰਾਸ਼ਟਰੀ ਜਨਰਲ ਸਕੱਤਰ ਮਰੀਅਮ ਧਾਵਲੇ ਨੇ ਔਰਤਾਂ ਨਾਲ ਅਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਔਰਤਾਂ ਨੂੰ ਅਪਣੇ ਹੱਕਾਂ ਲਈ ਇੱਕਜੁੱਟ ਹੋ ਕੇ ਆਵਾਜ਼ ਉਠਾਉਣੀ ਪਵੇਗੀ। ਤਾਂ ਹੀ ਔਰਤਾਂ ਨੂੰ ਉਨ੍ਹਾਂ ਦੇ ਬਣਦੇ ਸੰਵਿਧਾਨਕ ਹੱਕ ਮਿਲਣਗੇ।ਇਸ ਮੌਕੇ ਮਰੀਅਮ ਧਾਵਲੇ ਦੀ ਮੌਜੂਦਗੀ ਵਿੱਚ ਜਨਵਾਦੀ ਇਸਤਰੀ ਸਭਾ ਪੰਜਾਬ ਦੀ ਨਵੀਂ ਕਮੇਟੀ ਦੀ ਚੋਣ ਕੀਤੀ ਗਈ। ਜਿਸ ਵਿੱਚ ਬੀਬੀ ਸੁਭਾਸ਼ ਮੱਟੂ ਨੂੰ ਜਨਵਾਦੀ ਇਸਤਰੀ ਸਭਾ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਡਾਕਟਰ ਕੰਵਲਜੀਤ ਕੌਰ ਨੂੰ ਜਨਰਲ ਸਕੱਤਰ ਅਤੇ ਸਰਵਜੀਤ ਕੌਰ ਨੂੰ ਖ਼ਜ਼ਾਨਚੀ ਚੁਣਿਆ ਗਿਆ। ਇਸ ਤੋਂ ਇਲਾਵਾ ਪੰਜਾਬ ਦੀ 31 ਮੈਂਬਰੀ ਕੋਰ ਕਮੇਟੀ ਬਣਾਈ ਗਈ। ਇਸ ਮੌਕੇ ਪ੍ਰਧਾਨਗੀ ਮੰਡਲ ਵੱਲੋਂ ਮਰੀਅਮ ਧਾਵਲੇ ਸਮੇਤ ਪ੍ਰਮੁੱਖ ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

# ਦਾਊਂ ਦੀ ਜ਼ਮੀਨ ਬਿਲਡਰ ਨੂੰ ਦੇਣ ਦੇ ਮਾਮਲੇ ਨੇ ਲਿਆ ਨਵਾਂ ਮੋੜ

**ਮੋਹਾਲੀ (ਗੁਰਜੀਤ ਬਿੱਲਾ)** ਪਿੰਡ ਦਾਊਂ ਦੀ ਮਹਿੰਗੀ ਜ਼ਮੀਨ ਨੂੰ ਨਗਰ ਕੌਂਸਲ ਖਰੜ ਰਾਹੀਂ ਸ਼ਿਆਮ ਬਿਲਡਰ ਨੂੰ ਦੇਣ ਦੇ ਮਾਮਲੇ ਨੇ ਇੱਕ ਵਾਰ ਫਿਰ ਹੰਗਾਮਾ ਖੜ੍ਹਾ ਕਰ ਦਿੱਤਾ ਹੈ।ਮਾਮਲੇ ਦਾ ਰੌਲਾ ਪੈਣ ਤੋਂ ਬਾਅਦ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ ਵੱਲੋਂ ਆਪਣੀਆਂ ਸਿਫ਼ਾਰਸ਼ਾਂ ਵਾਪਸ ਲੈਣ ਅਤੇ ਐਡੀਸ਼ਨਲ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਵੱਲੋਂ ਸਾਰੀ ਪ੍ਰਕਿਰਿਆ ਰੋਕਣ ਦੇ ਹੁਕਮਾਂ ਦੇ ਬਾਵਜੂਦ ਨਗਰ ਕੌਂਸਲ ਖਰੜ ਨੇ ਮਤਾ ਨੰਬਰ 16 ਪਾਸ ਕਰਕੇ ਇਹ ਜ਼ਮੀਨ ਸ਼ਿਆਮ ਬਿਲਡਰ ਦੇ ਹੱਕ ਵਿੱਚ ਪਾਸ ਕਰ ਦਿੱਤੀ।ਇਸ ਪੂਰੇ ਮਾਮਲੇ ਨੇ ਰਾਜਨੀਤਕ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ।ਸਾਬਕਾ ਕੈਬਨਿਟ ਮੰਤਰੀ ਅਤੇ ਮੋਹਾਲੀ ਤੋਂ ਵਿਧਾਇਕ ਰਹਿ ਚੁੱਕੇ ਬਲਬੀਰ ਸਿੰਘ ਸਿੱਧੂ ਨੇ ਇਸ ਨੂੰ ਗੰਭੀਰ ਭ੍ਰਿਸ਼ਟਾਚਾਰ ਦਾ ਮਾਮਲਾ ਕਰਾਰ ਦਿੰਦਿਆਂ ਵਿਜੀਲੈਂਸ ਜਾਂਚ ਦੀ ਮੰਗ ਕੀਤੀ ਹੈ।ਸਿੱਧੂ ਨੇ ਕਿਹਾ ਕਿ, ਭਾਵੇਂ ਸਰਕਾਰ ਨੇ ਹੁਣ ਇਸ ਮਤੇ ਨੂੰ ਰੱਦ ਕਰ ਦਿੱਤਾ ਹੈ, ਪਰ ਇਹ ਗੱਲ ਸਪੱਸ਼ਟ ਕਰਦੀ ਹੈ ਕਿ ਮਾਮਲੇ ਵਿੱਚ ਸ਼ੁਰੂ ਤੋਂ ਹੀ ਕੁਝ ਗ਼ਲਤ ਹੋ ਰਿਹਾ ਸੀ।ਪਹਿਲਾਂ ਗ੍ਰਾਮ ਪੰਚਾਇਤ ਵੱਲੋਂ ਅਤੇ ਫਿਰ ਤੁਰੰਤ ਨਗਰ ਕੌਂਸਲ ਵੱਲੋਂ ਇਹ ਮਤਾ ਪਾਸ ਕੀਤਾ ਜਾਣਾ, ਆਪਣੇ ਆਪ ਵਿੱਚ ਸਵਾਲ ਖੜ੍ਹਾ ਕਰਦਾ ਹੈ। ਸਾਬਕਾ ਸਿਹਤ ਮੰਤਰੀ ਨੇ ਕਿਹਾ ਕਿ ਵੱਡੀ ਗੱਲ ਇਹ ਹੈ ਕਿ ਉਹਨਾਂ ਦੀ ਸਰਕਾਰ ਦੇ ਸਮੇਂ 2021 ਵਿੱਚ ਸਮੁੱਚੀ ਗ੍ਰਾਮ ਸਭਾ ਵੱਲੋਂ ਇਹ ਸਪੱਸ਼ਟ ਮਤਾ ਪਾਸ ਕੀਤਾ ਗਿਆ ਸੀ ਕਿ ਦਾਊਂ ਦੀ ਜ਼ਮੀਨ ਕਿਸੇ ਨੂੰ ਨਹੀਂ ਦਿੱਤੀ ਜਾਵੇਗੀ ਤਾਂ ਫਿਰ ਹੁਣ ਕਿਉਂ ਅਜਿਹੀ ਕਾਹਲੀ ਵਿੱਚ ਕਦਮ ਚੁੱਕੇ ਗਏ। ਉਹਨਾਂ ਕਿਹਾ ਕਿ ਇਸ ਮਤੇ ਰਾਹੀਂ ਕਰੋੜਾਂ ਰੁਪਏ ਦਾ ਭ੍ਰਿਸ਼ਟਾਚਾਰ ਹੋਇਆ।ਉਹਨਾਂ ਕਿਹਾ ਕਿ ਜੇ ਸਰਕਾਰ ਪਾਰਦਰਸ਼ਤਾ ਵਿੱਚ ਵਿਸ਼ਵਾਸ ਕਰਦੀ ਹੈ ਤਾਂ ਇਸ ਮਾਮਲੇ ਦੀ ਜਾਂਚ ਸਿਰਫ਼ ਵਿਜੀਲੈਂਸ ਵਿਭਾਗ ਹੀ ਨਹੀਂ ਬਲਕਿ ਕਿਸੇ ਸੁਤੰਤਰ ਏਜੰਸੀ ਤੋਂ ਵੀ ਕਰਵਾਈ ਜਾਵੇ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਜ਼ਿੰਮੇਵਾਰ ਲੋਕਾਂ ਨੂੰ ਸਜ਼ਾ ਮਿਲ ਸਕੇ।




# ਪੁਲਸ ਵੱਲੋਂ ਅਣਅਧਿਕਾਰਤ ਕੈਂਪ ਲਗਾ ਕੇ ਨਿੱਜੀ ਡੇਟਾ ਇਕੱਠਾ ਕਰਨ ਸੰਬੰਧੀ ਦੋਸ਼ਾਂ ਦੀ ਜਾਂਚ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਪੁਲਸ ਵੱਲੋਂ ਉਨ੍ਹਾਂ ਕੈਂਪਾਂ ਦੀ ਜਾਂਚ ਲਈ ਕਈ ਟੀਮਾਂ ਬਣਾਈਆਂ ਗਈਆਂ ਹਨ ਜੋ ਕਥਿਤ ਤੌਰ 'ਤੇ ਸਰਕਾਰੀ ਯੋਜਨਾਵਾਂ ਦੇ ਨਾਮ 'ਤੇ ਵਿਅਕਤੀਆਂ ਦੀ ਨਿੱਜੀ ਜਾਣਕਾਰੀ ਇਕੱਠੀ ਕਰ ਰਹੇ ਹਨ।ਇਹ ਜਾਂਚ ਅਣਅਧਿਕਾਰਤ ਵਿਅਕਤੀਆਂ ਵੱਲੋਂ ਕੈਂਪ ਲਗਾ ਕੇ ਨਾਗਰਿਕਾਂ ਦੀ ਨਿੱਜੀ ਜਾਣਕਾਰੀ ਇਕੱਠੀ ਕਰਨ ਸੰਬੰਧੀ ਮਿਲੀਆਂ ਸ਼ਿਕਾਇਤਾਂ ਉਪਰੰਤ ਸ਼ੁਰੂ ਕੀਤੀ ਗਈ ਹੈ, ਜਿਸ ਨਾਲ ਵਿਅਕਤੀਆਂ ਦੇ ਨਿੱਜੀ ਡੇਟਾ ਚੋਰੀ ਕੀਤਾ ਜਾ ਸਕਦਾ ਹੈ ਅਤੇ ਉਨ੍ਹਾਂ ਨੂੰ ਬੈਂਕ ਧੋਖਾਧੜੀ ਦਾ ਸ਼ਿਕਾਰ ਬਣਾਇਆ ਜਾ ਸਕਦਾ ਹੈ।ਇਹ ਵੀ ਦੱਸਿਆ ਗਿਆ ਹੈ ਕਿ ਇਨ੍ਹਾਂ ਕੈਂਪਾਂ ਵਿੱਚ ਫਾਰਮ ਭਰੇ ਜਾ ਰਹੇ ਹਨ।ਜ਼ਿਲ੍ਹਾ ਪੁਲਸ ਅਧਿਕਾਰੀਆਂ ਵੱਲੋਂ ਜਾਂਚ ਟੀਮਾਂ ਨੂੰ ਸੰਬੰਧਤ ਵਿਅਕਤੀਆਂ ਤੋਂ ਪੁੱਛਗਿੱਛ ਕਰਨ, ਕੈਂਪ ਲਗਾਉਣ ਵਾਲੀਆਂ ਕਥਿਤ ਥਾਵਾਂ ਦਾ ਦੌਰਾ ਕਰਨ ਅਤੇ ਕਾਨੂੰਨ ਅਨੁਸਾਰ ਜਾਂਚ ਕਰਨ ਦੀ ਹਦਾਇਤ ਕੀਤੀ ਗਈ ਹੈ।ਪੰਜਾਬ ਪੁਲਸ ਦੇ ਬੁਲਾਰੇ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਨਿੱਜੀ ਡਾਟਾ, ਜਿਸ ਵਿੱਚ ਆਧਾਰ ਕਾਰਡ ਆਦਿ ਸ਼ਾਮਲ ਹਨ, ਅਣਅਧਿਕਾਰਤ ਵਿਅਕਤੀਆਂ ਨਾਲ ਸਾਂਝਾ ਨਾ ਕਰਨ ਅਤੇ ਸਰਕਾਰੀ ਯੋਜਨਾਵਾਂ ਤੱਕ ਸਿੱਧੇ ਆਨਲਾਈਨ ਜਾਂ ਅਧਿਕਾਰਤ ਵਿਧੀਆਂ ਰਾਹੀਂ ਪਹੁੰਚ ਕਰਨ।ਬੁਲਾਰੇ ਨੇ ਅੱਗੇ ਦੱਸਿਆ ਕਿ ਸਰਕਾਰੀ ਸੁਵਿਧਾ ਕੇਂਦਰ ਉਨ੍ਹਾਂ ਨਾਗਰਿਕਾਂ ਨੂੰ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਜੋ ਸਰਕਾਰੀ ਯੋਜਨਾਵਾਂ ਵਿੱਚ ਆਪਣਾ ਨਾਮ ਦਰਜ ਕਰਵਾਉਣਾ ਚਾਹੁੰਦੇ ਹਨ ਜਾਂ ਲਾਭਪਾਤਰੀ ਕਾਰਡ ਡਾਊਨਲੋਡ ਕਰਨਾ ਚਾਹੁੰਦੇ ਹਨ ਜੋ ਡੇਟਾਬੇਸ ਤੋਂ ਬਿਨੈਕਾਰ ਦੀ ਪਛਾਣ ਦੀ ਪ੍ਰਮਾਣਿਕਤਾ ਤੋਂ ਬਾਅਦ ਉਪਲਬਧ ਹੁੰਦੇ ਹਨ।

# ਸਿਹਤ ਵਿਭਾਗ ਦੀ ਟੀਮ ਨੇ ਬਲਾਕ ਮਹਿਤਪੁਰ 'ਚ ਕੀਤਾ ਬੱਚਿਆਂ ਦਾ ਟੀਕਾਕਰਨ

**ਮਹਿਤਪੁਰ (ਰਾਜਾ)**- ਨਵਜਾਤ ਬੱਚਿਆਂ ਨੂੰ ਬਿਮਾਰੀਆਂ ਤੋਂ ਬਚਾਉਣ ਅਤੇ 100 ਫੀਸਦੀ ਟੀਕਾਕਰਨ ਦਾ ਲਕਸ਼ ਪੂਰਾ ਕਰਨ ਲਈ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਟੀਕਾਕਰਨ ਹਫ਼ਤੇ ਦੀ ਸ਼ੁਰੂਆਤ ਕੀਤੀ ਗਈ। ਸਿਵਲ ਸਰਜਨ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੀ ਦੇਖ-ਰੇਖ ਹੇਠ ਬਲਾਕ ਮਹਿਤਪੁਰ ਦੇ ਵੱਖ-ਵੱਖ ਇਲਾਕਿਆਂ ਵਿਚ ਟੀਕਾਕਰਨ ਕੈਂਪ ਲਗਾਏ ਗਏ।ਇਸ ਦੌਰਾਨ ਬੀ.ਈ.ਈ. ਹਿਮਾਲਯ ਪ੍ਰਕਾਸ਼, ਐਲ.ਐਚ.ਵੀ. ਸਰੋਜ , ਏ.ਐਨ.ਐਮ. ਸੀਤਾ ਪਤੀ ਅਤੇ ਹੋਰ ਸਿਹਤ ਕਰਮਚਾਰੀਆਂ ਨੇ ਸਰਗਰਮ ਭਾਗ ਲਿਆ। ਕੈਂਪਾਂ ਵਿੱਚ ਬੱਚਿਆਂ ਨੂੰ ਟੀਕੇ ਲਗਾਏ ਗਏ। ਡਾ. ਮਹੇਸ਼ ਕੁਮਾਰ ਪ੍ਰਭਾਕਰ ਨੇ ਦੱਸਿਆ ਕਿ ਜਨਮ ਤੋਂ ਲੈ ਕੇ 16 ਸਾਲ ਦੀ ਉਮਰ ਤੱਕ ਬੱਚਿਆਂ ਨੂੰ ਵੱਖ-ਵੱਖ ਟੀਕੇ ਲਗਾਏ ਜਾਂਦੇ ਹਨ, ਪਰ ਕੁਝ ਬੱਚੇ ਅਜੇ ਵੀ ਟੀਕਾਕਰਨ ਤੋਂ ਵਾਂਝੇ ਹਨ। ਉਨ੍ਹਾਂ ਨੂੰ ਕਵਰ ਕਰਨ ਲਈ ਇਹ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਹ ਮੁਹਿੰਮ 18 ਅਗਸਤ ਤੋਂ 23 ਅਗਸਤ ਤੱਕ ਚੱਲੇਗੀ, ਜਿਸ ਵਿਚ ਨਵਜਾਤ ਬੱਚਿਆਂ ਤੋਂ ਲੈ ਕੇ 16 ਸਾਲ ਤੱਕ ਦੇ ਬੱਚੇ ਅਤੇ ਗਰਭਵਤੀ ਮਹਿਲਾਵਾਂ ਨੂੰ ਟੀਕਾਕਰਨ ਕੀਤਾ ਜਾਵੇਗਾ।



# ਉੱਭਰਦੇ ਖਿਡਾਰੀਆਂ ਦਾ ਓਲੰਪਿਕ ਦਾ ਸੁਪਨਾ ਸਾਕਾਰ ਕਰਨਗੇ ਪੇਂਡੂ ਖੇਡ ਮੈਦਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉੱਭਰਦੇ ਖਿਡਾਰੀਆਂ ਨੂੰ ਓਲੰਪਿਕ ਅਤੇ ਹੋਰ ਵਿਸ਼ਵ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਯੋਗ ਬਣਾਉਣ ਲਈ 13,000 ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ।ਇਸ ਬਾਬਤ ਜ਼ਿਆਦਾ ਜਾਣਕਾਰੀ ਦਿੰਦਿਆਂ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਪਹਿਲੇ ਪੜਾਅ ਤਹਿਤ ਪਿੰਡਾਂ ਵਿੱਚ 3073 ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਸੌਂਦ ਨੇ ਕਿਹਾ ਕਿ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਓਵਰਆਲ ਵਿਕਾਸ ਲਈ ਇਸ ਤੋਂ ਪਹਿਲਾਂ ਕੋਈ ਸਾਰਥਕ ਕਦਮ ਨਹੀਂ ਚੁੱਕੇ ਗਏ ਸਨ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪੇਂਡੂ ਖੇਤਰਾਂ ਵਿਚ ਖੇਡ ਮੈਦਾਨ ਬਣਾਉਣ ਨਾਲ ਖੇਡ ਸੱਭਿਆਚਾਰ ਪ੍ਰਫੁੱਲਤ ਹੋਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦਰ ਰੱਖਣ ਵਿਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸਦਕਾ ਸੂਬੇ ਦੇ ਹਾਲਾਤ ਹੁਣ ਦਿਨ-ਬ-ਦਿਨ ਬਦਲ ਰਹੇ ਹਨ ਅਤੇ ਖੇਡ ਮੈਦਾਨਾਂ ਦੇ ਕਾਰਜਸ਼ੀਲ ਹੋਣ ਤੋਂ ਬਾਅਦ ਨੌਜਵਾਨ ਨਸ਼ਿਆਂ ਦੀ ਲਾਹਨਤ ਦਾ ਸਦਾ ਲਈ ਤਿਆਗ ਕਰ ਦੇਣਗੇ।

# ਵਿਸ਼ਵ ਫੋਟੋਗ੍ਰਾਫੀ ਦਿਵਸ ਮੌਕੇ ਅਰਵਿੰਦਰ ਸਿੰਘ ਸਨਮਾਨਿਤ



**ਮੋਹਾਲੀ (ਗੁਰਜੀਤ ਬਿੱਲਾ)** ਵਿਸ਼ਵ ਫੋਟੋਗ੍ਰਾਫੀ ਦਿਵਸ ਮੌਕੇ ਚੰਡੀਗੜ੍ਹ ਫੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ ਸੋਨੀ ਕੰਪਨੀ ਦੇ ਸਹਿਯੋਗ ਨਾਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਸੋਨੀ ਦੇ ਕੈਮਰਾ ਫੀਚਰਜ਼ ਅਤੇ ਨਵੀਂ ਤਕਨਾਲੋਜੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਰਕਸ਼ਾਪ ਵਿੱਚ ਐਸੋਸੀਏਸ਼ਨ ਦੇ ਮੈਂਬਰਾਂ ਅਤੇ ਹੋਰ ਸੰਸਥਾਵਾਂ ਦੇ ਸੀਨੀਅਰ ਫੋਟੋਗ੍ਰਾਫਰਾਂ ਨੇ ਹਿੱਸਾ ਲਿਆ।ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲੀਆਂ ਸ਼ਖਸੀਅਤਾਂ ਵਿੱਚ ਪੰਜਾਬ ਮੰਡੀ ਬੋਰਡ ਦੇ ਸੀਨੀਅਰ ਫੋਟੋਗ੍ਰਾਫਰ ਅਰਵਿੰਦਰ ਸਿੰਘ ਵੀ ਸ਼ਾਮਿਲ ਹਨ। ਆਪਣੇ ਸਨਮਾਨ ਲਈ ਅਰਵਿੰਦਰ ਸਿੰਘ ਨੇ ਚੰਡੀਗੜ੍ਹ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦਾ ਧੰਨਵਾਦ ਕੀਤਾ।

# 96 ਲੱਖ ਦੀ ਲਾਗਤ ਨਾਲ ਬਣੀ ਭੇਡੂਆ-ਨਰੂਨੰਗਲ ਸੜਕ ਇਲਾਕਾ ਵਾਸੀਆਂ ਲਈ ਤੋਹ.ਫਾ : ਡਾ. ਈਸ਼ਾਂਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹਲਕੇ ਦੇ ਸਰਵਪੱਖੀ ਵਿਕਾਸ ਨੂੰ ਮੱਦੇਨਜ਼ਰ ਰੱਖਦਿਆਂ ਆਪਣੇ ਹਲਕੇ ਵਿੱਚ ਸੁਧਾਰ ਲਿਆਉਣ ਲਈ ਹਮੇਸ਼ਾਂ ਕਮਰਕੱਸ ਰਹਿਣ ਵਾਲੇ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਜਨਤਾ ਦਾ ਭਰੋਸਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਪੂੰਜੀ ਹੈ ਅਤੇ ਉਸ ਭਰੋਸੇ ਨੂੰ ਬਣਾਈ ਰੱਖਣ ਲਈ ਉਹ ਹਰ ਵੇਲੇ ਤਤਪਰ ਹਨ।ਇਹ ਵਿਚਾਰ ਉਨ੍ਹਾਂ ਨੇ ਪਿੰਡ ਭੇਡੂਆ ਵਿੱਚ ਆਯੋਜਿਤ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।ਇਸ ਮੌਕੇ ਉਨ੍ਹਾਂ ਨੇ ਭੇਡੂਆ ਤੋਂ ਨਰੂਨੰਗਲ ਤੱਕ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਕੀਤਾ। ਲਗਭਗ 1.66 ਕਿਲੋਮੀਟਰ ਲੰਬੀ ਇਹ ਸੜਕ 96 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਹੈ।ਇਸ ਨਾਲ ਇਲਾਕੇ ਦੇ ਲੋਕਾਂ ਨੂੰ ਵਧੀਆ ਆਵਾਜਾਈ ਸਹੂਲਤ ਮਿਲੇਗੀ ਅਤੇ ਪਿੰਡਾਂ ਦੇ ਵਿਕਾਸ ਵੱਲ ਇੱਕ ਪੱਕਾ ਕਦਮ ਚੁੱਕਿਆ ਜਾ ਸਕੇਗਾ।ਵਿਧਾਇਕ ਡਾ. ਈਸ਼ਾਂਕ ਨੇ ਕਿਹਾ ਕਿ ਸੜਕਾਂ, ਸਿੱਖਿਆ, ਸਿਹਤ ਅਤੇ ਸਫਾਈ ਵਰਗੀਆਂ ਬੁਨਿਆਦੀ ਸਹੂਲਤਾਂ ਹਰ ਨਾਗਰਿਕ ਦਾ ਅਧਿਕਾਰ ਹਨ ਅਤੇ ਇਨ੍ਹਾਂ 'ਤੇ ਖਾਸ ਧਿਆਨ ਦਿੰਦਿਆਂ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਨੇ ਭਰੋਸਾ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਗਤੀ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਦਘਾਟਨ ਸਮਾਰੋਹ ਵਿੱਚ ਪਿੰਡ ਦੇ ਸਰਪੰਚ ਰਜਿੰਦਰ ਸਿੰਘ, ਪੰਚ ਪ੍ਰਕਾਸ਼ ਚੰਦ, ਸੰਤੋਸ਼ ਲਾਲ, ਪੂਨਮ, ਮਹਿੰਦਰ ਸਿੰਘ, ਹੋਸ਼ਿਆਰ ਸਿੰਘ ਅਤੇ ਤਕਨੀਕੀ ਵਿਭਾਗ ਤੋਂ ਜੇ.ਈ. ਰੇਸ਼ਮ ਲਾਲ, ਜੇ.ਈ. ਰਾਜੀਵ ਕੁਮਾਰ ਸਮੇਤ ਹੋਰ ਗਣਮਾਨਯ ਸ਼ਖਸਿਅਤਾਂ ਹਾਜ਼ਰ ਸਨ। ਪ੍ਰੋਗਰਾਮ ਵਿੱਚ ਪਹੁੰਚੇ ਪਿੰਡ ਵਾਸੀਆਂ ਨੇ ਵਿਧਾਇਕ ਦਾ ਫੁੱਲਮਾਲਾਵਾਂ ਨਾਲ ਸਵਾਗਤ ਕੀਤਾ ਅਤੇ ਖੇਤਰ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਧੰਨਵਾਦ ਵੀ ਕੀਤਾ।



# ਆਦਮਪੁਰ ਜ਼ੋਨ ਦਾ ਐਥਲੈਟਿਕਸ ਟੂਰਨਾਮੈਂਟ ਸ਼ੁਰੂ



**ਆਦਮਪੁਰ (ਪਰਮਜੀਤ ਸਿੰਘ)**- ਜੋਨਲ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਪ੍ਰਿੰਸੀਪਲ ਰਾਮ ਆਸਰਾ ਸਟੇਟ ਐਵਾਰਡੀ ਦੀ ਅਗਵਾਈ ਵਿੱਚ ਵੱਖ ਵੱਖ ਸਕੂਲਾਂ ਦੀਆਂ ਟੀਮਾਂ ਦੇ ਐਥਲੈਟਿਕਸ ਮੁਕਾਬਲੇ ਡਰੋਲੀ ਕਲਾਂ ਪਿੰਡ ਦੀ ਗਰਾਊਂਡ ਵਿੱਚ ਸ਼ੁਰੂ ਹੋਏ।ਖੇਡਾਂ ਤੇ ਸਰੀਰਿਕ ਸਿੱਖਿਆ ਦੇ ਅਧਿਆਪਕਾਂ ਵਲੋਂ ਮੁੱਖ ਮਹਿਮਾਨ ਪ੍ਰਿੰਸੀਪਲ ਰਾਮ ਆਸਰਾ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ ਜਿਹਨਾਂ ਰਿਬਨ ਕੱਟ ਕੇ ਟੂਰਨਾਮੈਂਟ ਦਾ ਉਦਘਾਟਨ ਕਰਦਿਆਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਉਤਸਾਹਿਤ ਕੀਤਾ।ਇਸ ਮੌਕੇ ਜ਼ਿਲ੍ਹਾ ਕਮੇਟੀ ਜਨਰਲ ਸਕੱਤਰ ਬਲਜੀਤ ਸਿੰਘ ਢਿੱਲੋਂ, ਜੋਨਲ ਸੈਕਟਰੀ ਲੈਕਚਰਾਰ ਸੋਨੀਆ , ਪ੍ਰਿੰਸੀਪਲ ਸਤਿੰਦਰ ਕੌਰ ਕੰਦੋਲਾ, ਸਕੂਲ ਮੁਖੀ ਸੁਰਿੰਦਰ ਕੁਮਾਰ ਡਰੋਲੀ ਖੁਰਦ, ਰਿੰਪਲ ਬਸਰਾ ਮਾਣਕੋ, ਮੈਡਮ ਵਿਜੇ ਲਕਸ਼ਮੀ ਜਲਭੇ, ਮੈਡਮ ਜਸਬੀਰ ਕੌਰ ਘੁੜਿਆਲ, ਲੈਕਚਰਾਰ ਸੁਰੇਸ਼ ਕੁਮਾਰ ਪੰਡੋਰੀ ਨਿੱਝਰਾਂ, ਲੈਕਚਰਾਰ ਹਰਵਿੰਦਰ ਸਿੰਘ ਡਰੋਲੀ ਕਲਾਂ, ਸਮੂਹ ਖੇਡ ਅਧਿਆਪਕ ਤੇ ਵੱਖ ਵੱਖ ਸਕੂਲਾਂ ਦੇ ਅਧਿਆਪਕ ਸਾਹਿਬਾਨ ਹਾਜ਼ਰ ਸਨ।ਸਟੇਜ ਸਕੱਤਰ ਦੀ ਭੂਮਿਕਾ ਲੈਕਚਰਾਰ ਗੁਰਿੰਦਰ ਸਿੰਘ ਵਲੋਂ ਨਿਭਾਈ ਗਈ। ਸਮੂਹ ਅਧਿਆਪਕਾਂ ਵਲੋਂ ਆਪਣੀਆਂ ਡਿਊਟੀਆਂ ਜ਼ਿੰਮੇਵਾਰੀ ਨਾਲ ਨਿਭਾਈਆਂ ਗਈਆਂ।

# ਹਰਸ਼ਪ੍ਰੀਤ ਕੌਰ ਨੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਕੀਤਾ ਰੌਸ਼ਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਵਿਦਿਆਰਥਣ ਹਰਸ਼ਪ੍ਰੀਤ ਕੌਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਏ ਜਾਂਦੇ ਸਕਾਲਰਸ਼ਿਪ ਇਮਤਿਹਾਨ ਵਿੱਚ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ, ਅਧਿਆਪਕ ਸਾਹਿਬਾਨ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ।ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥਣ ਹਰਸ਼ਪ੍ਰੀਤ ਕੌਰ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਬਾਕੀ ਵਿਦਿਆਰਥੀਆਂ ਨੂੰ ਵੀ ਹਰਸ਼ਪ੍ਰੀਤ ਕੌਰ ਦੀ ਤਰਹਾਂ ਹੀ ਮਿਹਨਤ ਕਰਕੇ ਆਪਣੇ ਸਕੂਲ ਦਾ ਨਾਂ ਰੌਸ਼ਨ ਕਰਨਾ ਚਾਹੀਦਾ ਹੈ। ਉਹਨਾਂ ਵਿਦਿਆਰਥੀਆਂ ਨੂੰ ਪੜਾਈ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਆ। ਇਸ ਮੌਕੇ ਧਾਰਮਿਕ ਅਧਿਆਪਿਕਾ ਬਲਦੀਪ ਕੌਰ, ਰਣਜੋਧ ਸਿੰਘ ਡੀਪੀਈ, ਨਰਿੰਦਰ ਕੌਰ, ਰਜਿੰਦਰ ਕੌਰ, ਕਮਲਜੀਤ ਕੌਰ, ਸਪਨਾ ਰਾਣੀ, ਰਵੀਇੰਦਰ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ ਸਮੇਤ ਸਮੁੱਚਾ ਸਟਾਫ ਹਾਜ਼ਰ ਸੀ।

